ਲੋਕ ਹਿੱਤ ਵਿੱਚ ਪੱਤਰਕਾਰੀ
WORLD PUNJABI ਪੰਜਾਬੀ | ਪੰਜਾਬੀ NEWS
@worldpunjabinews
@worldpunjabinews
@wPunjabiNews
@worldpunjabinews
@worldpunjabinews
INDIA AUSTRALIA CANADA NEW-ZEALAND U.S.A. U.K. U.A.E. QATAR ITALY BELGIUM FRANCE GREECE GERMANY AFRICA MALAYSIA PHILIPPINES THAILAND INDONESIA MAURITIUS



# ਕੇਂਦਰ ਅਤੇ ਕਿਸਾਨ ਆਗੂਆਂ ਵਿਚਾਲੇ ਛੇਵੇਂ ਦੌਰ ਦੀ ਗੱਲਬਾਤ ਰਹੀ ਬੇਸਿੱਟਾ

## ਐੱਮ.ਐੱਸ.ਪੀ. ਦੀ ਕਾਨੂੰਨੀ ਗਾਰੰਟੀ ਸਣੇ ਹੋਰ ਮੰਗਾਂ ’ਤੇ ਹੋਈ ਚਰਚਾ, ਅਗਲੀ ਮੀਟਿੰਗ 19 ਮਾਰਚ ਨੂੰ ਹੋਵੇਗੀ

WORLD PUNJABI NEWS NETWORK

ਚੰਡੀਗੜ੍ਹ: ਕਿਸਾਨ ਆਗੂਆਂ ਤੇ ਕੇਂਦਰ ਸਰਕਾਰ ਵਿਚਾਲੇ ਛੇਵੇਂ ਦੌਰ ਦੀ ਗੱਲਬਾਤ ਵੀ ਬੇਸਿੱਟਾ ਰਹੀ ਹੈ। ਅਗਲੀ ਮੀਟਿੰਗ 19 ਮਾਰਚ ਨੂੰ ਹੋਵੇਗੀ। ਤਿੰਨ ਘੰਟੇ ਚੱਲੀ ਮੀਟਿੰਗ ’ਚ ਕੇਂਦਰ ਸਰਕਾਰ ਵੱਲੋਂ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ, ਖ਼ੁਰਾਕ ਤੇ ਸਪਲਾਈ ਮੰਤਰੀ ਪ੍ਰਹਲਾਦ ਜੋਸ਼ੀ ਤੇ ਪੀਯੂਸ਼ ਗੋਇਲ ਨੇ ਹਿੱਸਾ ਲਿਆ।ਮੀਟਿੰਗ ’ਚ ਐੱਸਕੇਐੱਮ (ਗ਼ੈਰ-ਸਿਆਸੀ) ਵੱਲੋਂ ਸ਼ੰਭੂ ਤੇ ਖਨੌਰੀ ਬਾਰਡਰ ’ਤੇ ਧਰਨਾ ਦੇ ਰਹੇ ਕਿਸਾਨ ਆਗੂਆਂ ਨੇ ਹਿੱਸਾ ਲਿਆ। ਮਹਾਤਮਾ ਗਾਂਧੀ ਨੈਸ਼ਨਲ ਇੰਸਟੀਚਿਊਟ ਵਿਚ ਹੋਈ ਮੀਟਿੰਗ ਵਿਚ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਵਿਸ਼ੇਸ਼ ਤੌਰ ’ਤੇ ਪਹੁੰਚੇ ਸਨ। ਇਸੇ ਤਰ੍ਹਾਂ ਪੰਜਾਬ ਸਰਕਾਰ ਵੱਲੋ ਖ਼ਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ, ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਤੇ ਖ਼ੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਹਾਜ਼ਰ ਸਨ। ਦੱਸਿਆ ਜਾਂਦਾ ਹੈ ਕਿ ਮੀਟਿੰਗ ਦੌਰਾਨ ਸ਼ਿਵਰਾਜ ਚੌਹਾਨ ਸਮੇਤ ਦੂਸਰੇ ਮੰਤਰੀਆਂ ਨੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਭੁੱਖ ਹੜਤਾਲ ਖ਼ਤਮ ਕਰਨ ਦੀ ਅਪੀਲ ਕੀਤੀ ਪਰ ਡੱਲੇਵਾਲ ਨੇ ਮੰਗਾਂ ਮੰਨਣ ਤੱਕ ਭੁੱਖ ਹੜਤਾਲ ਜਾਰੀ ਰੱਖਣ ਦੀ ਗੱਲ ਕਹੀ ।ਇਸ ਮੌਕੇ ਕੇਂਦਰੀ ਮੰਤਰੀ ਸ਼ਿਵਰਾਜ ਚੌਹਾਨ ਨੇ ਕਿਹਾ ਕਿ ਦੋਵੇਂ ਕਿਸਾਨ ਸੰਗਠਨਾਂ, ਸੰਯੁਕਤ ਕਿਸਾਨ ਮੋਰਚਾ (ਗ਼ੈਰ-ਸਿਆਸੀ) ਅਤੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਆਗੂਆਂ ਨਾਲ ਵਧੀਆ ਮਾਹੌਲ ਵਿਚ ਮੀਟਿੰਗ ਹੋਈ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਭਲਾਈ ਨਰਿੰਦਰ ਮੋਦੀ ਸਰਕਾਰ ਦੀ ਤਰਜੀਹ ਹੈ। ਉਨ੍ਹਾਂ ਨੇ ਕਿਹਾ ਕਿ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਅਤੇ ਸਰਵਣ ਸਿੰਘ ਪੰਧੇਰ ਸਮੇਤ ਹੋਰ ਕਿਸਾਨ ਆਗੂਆਂ ਨਾਲ ਬਹੁਤ ਧਿਆਨ ਨਾਲ ਸੰਜੀਦਾ ਢੰਗ ਨਾਲ ਗੱਲ ਹੋਈ ਹੈ। ਚੌਹਾਨ ਨੇ ਦੱਸਿਆ ਕਿ ਗੱਲਬਾਤ ਜਾਰੀ ਰਹੇਗੀ। ਉਨ੍ਹਾਂ ਅੱਗੇ ਕਿਹਾ ਕਿ ਅਗਲੀ ਮੀਟਿੰਗ 19 ਮਾਰਚ ਨੂੰ ਹੋਵੇਗੀ। ਪੰਜਾਬ ਦੇ ਖ਼ਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਕਰੀਬ ਤਿੰਨ ਘੰਟੇ ਮੀਟਿੰਗ ਵਿਚ ਮਹਾਰਾਸ਼ਟਰ, ਕਰਨਾਟਕਾ ਸਮੇਤ ਹੋਰ ਸੂਬਿਆਂ ਨੂੰ ਵੀ ਐੱਮਐੱਸਪੀ ਕਾਨੂੰਨੀ ਗਾਰੰਟੀ ਦੇਣ ਨੂੰ ਲੈ ਕੇ ਗੱਲਬਾਤ ਹੋਈ ਹੈ। ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਸਿਰਫ਼ ਇਕ ਹੀ ਏਜੰਡਾ ਫ਼ਸਲਾਂ ’ਤੇ ਐੱਮ.ਐੱਸ.ਪੀ. ਦੀ ਕਾਨੂੰਨੀ ਗਾਰੰਟੀ ਸੀ ਇਸ ਕਰਕੇ ਹੋਰ ਕੋਈ ਮੁੱਦਾ ਨਹੀਂ ਵਿਚਾਰਿਆ ਗਿਆ। ਉਨ੍ਹਾਂ ਇਹ ਵੀ ਦੱਸਿਆ ਕਿ ਕਿਸਾਨ ਆਗੂਆਂ ਨੇ ਕੁਝ ਡਾਟਾ ਪੇਸ਼ ਕੀਤਾ ਸੀ। ਭਾਰਤ ਸਰਕਾਰ ਦੀਆਂ ਵੱਖ-ਵੱਖ ਸੰਸਥਾਵਾਂ ਨੂੰ ਇਹ ਡਾਟਾ ਪ੍ਰਮਾਣਿਕਤਾ ਲਈ ਦਿੱਤਾ ਜਾਵੇਗਾ। ਚੀਮਾ ਨੇ ਕਿਹਾ ਕਿ ਐੱਮ.ਐੱਸ.ਪੀ. ਦੀ ਮੰਗ ਕੇਂਦਰ ਸਰਕਾਰ ਨਾਲ ਸੰਬੰਧਿਤ ਹੈ ਇਸ ਕਰਕੇ ਇਹ ਮਸਲਾ ਕੇਂਦਰ ਸਰਕਾਰ ਨੇ ਹੀ ਹੱਲ ਕਰਨਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਮੇਸ਼ਾ ਕਿਸਾਨਾਂ ਦੀ ਪਿੱਠ ’ਤੇ ਖੜ੍ਹੀ ਹੈ।



**ਮੀਟਿੰਗ ਤੋਂ ਬਾਅਦ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਮੀਟਿੰਗ ਚੰਗੇ ਮਾਹੌਲ ਵਿੱਚ ਹੋਈ। ਕਿਸਾਨਾਂ ਕੋਲ ਆਪਣਾ ਡਾਟਾ ਹੈ ਅਤੇ ਕੇਂਦਰ ਸਰਕਾਰ ਦੇ ਕੋਲ ਆਪਣਾ ਡਾਟਾ ਹੈ। ਦੋਵਾਂ ਦੇ ਅੰਕੜੇ ਇਕੱਠੇ ਕੀਤੇ ਜਾਣਗੇ।**

ਚੰਡੀਗੜ੍ਹ ਵਿੱਚ ਘੱਟੋ-ਘੱਟ ਸਮਰਥਨ ਮੁੱਲ (ਐਮਐਸਪੀ) ਅਤੇ ਹੋਰ ਮੰਗਾਂ ਲਈ ਅੰਦੋਲਨ ਕਰ ਰਹੇ ਕਿਸਾਨਾਂ ਦੇ ਵਫ਼ਦ ਅਤੇ ਕੇਂਦਰ ਸਰਕਾਰ ਵਿਚਕਾਰ ਛੇਵੇਂ ਦੌਰ ਦੀ ਗੱਲਬਾਤ ਵੀ ਬੇਸਿੱਟਾ ਰਹੀ। ਸੂਤਰਾਂ ਅਨੁਸਾਰ ਢਾਈ ਘੰਟੇ ਚੱਲੀ ਮੀਟਿੰਗ ਵਿੱਚ ਕੋਈ ਹੱਲ ਨਹੀਂ ਨਿਕਲਿਆ। ਹੁਣ ਅਗਲੀ ਮੀਟਿੰਗ 19 ਮਾਰਚ ਨੂੰ ਹੋਵੇਗੀ। ਮੀਟਿੰਗ ਤੋਂ ਬਾਅਦ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਮੀਟਿੰਗ ਚੰਗੇ ਮਾਹੌਲ ਵਿੱਚ ਹੋਈ। ਕੁਝ ਅੰਕੜੇ ਮੰਗੇ ਗਏ ਹਨ। ਕਿਸਾਨਾਂ ਕੋਲ ਆਪਣਾ ਡਾਟਾ ਹੈ ਅਤੇ ਕੇਂਦਰ ਸਰਕਾਰ ਕੋਲ ਆਪਣਾ ਡਾਟਾ ਹੈ। ਦੋਵੇਂ ਅੰਕੜੇ ਇਕੱਠੇ ਕੀਤੇ ਜਾਣਗੇ। ਸ਼ਿਵਰਾਜ ਸਿੰਘ ਚੌਹਾਨ, ਪ੍ਰਹਿਲਾਦ ਜੋਸ਼ੀ ਅਤੇ ਪੀਯੂਸ਼ ਗੋਇਲ ਨੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਵਰਤ ਖਤਮ ਕਰਨ ਦੀ ਅਪੀਲ ਕੀਤੀ। ਡੱਲੇਵਾਲ ਨੇ ਉਨ੍ਹਾਂ ਨੂੰ ਦੱਸਿਆ ਕਿ ਭੁੱਖ ਹੜਤਾਲ ਉਦੋਂ ਤੱਕ ਖਤਮ ਨਹੀਂ ਹੋਵੇਗੀ ਜਦੋਂ ਤੱਕ ਸਾਰੀਆਂ ਫਸਲਾਂ 'ਤੇ ਘੱਟੋ-ਘੱਟ ਸਮਰਥਨ ਮੁੱਲ ਦੀ ਗਰੰਟੀ ਨਹੀਂ ਦਿੱਤੀ ਜਾਂਦੀ। ਇਸ ਦੇ ਨਾਲ ਹੀ ਪੰਜਾਬ ਦੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੀਟਿੰਗ ਐਮਐਸਪੀ ਨੂੰ ਕਾਫੀ ਜ਼ਿਆਦਾ ਡਿਟੇਲ ਵਿੱਚ ਚਰਚਾ ਹੋਈ ਹੈ ਕਿ ਐਮਐਸਪੀ ਦੀ ਲੀਗ ਗਰੰਟੀ ਕੀਹੋਣੀ ਚਾਹੀਦੀ ਹੈ। ਉਸ ਨੂੰ ਲੈ ਕੇ ਕਿਸਾਨ ਜੱਥੇਬੰਦੀਆਂ ਵੱਲੋਂ ਇੱਕ ਡਾਟਾ ਪੇਸ਼ ਕੀਤਾ ਗਿਆ, ਜਿਸਨੂੰ ਅਧਾਰ ਬਣਾਕੇ ਇਸ ਉੱਤੇ ਗੱਲਬਾਤ ਕਰਨ ਦੀ ਮੰਗ ਕੀਤੀ ਗਈ। ਜਿਸ ਉੱਤੇ ਕੇਂਦਰੀ ਮੰਤਰੀਆਂ ਵੱਲੋਂ ਉਸ ਡਾਟੇ ਸਬੰਧੀ ਜਾਣਕਾਰੀ ਮੰਗ ਗਈ ਹੈ ਕਿ ਇਹ ਡਾਟਾ ਕਿਹੜੀਆਂ ਸੰਸਥਾਵਾਂ ਦੇ ਵੱਲੋਂ ਦਿੱਤਾ ਗਿਆ ਹੈ। ਉਹ ਸਾਰਾ ਡਾਟਾ ਕਿਸਾਨ ਆਉਣ ਵਾਲੇ ਦਿਨਾਂ ਵਿੱਚ ਕੇਂਦਰ ਦੇ ਨਾਲ ਸ਼ੇਅਰ ਕਰਨਗੇ। ਦੱਸ ਦਈਏ ਕਿ ਕੇਂਦਰ ਮੰਤਰੀ ਸ਼ਿਵਰਾਜ ਸਿੰਘ ਚੌਹਾਨ, ਪ੍ਰਹਿਲਾਦ ਜੋਸ਼ੀ ਅਤੇ ਪਿਊਸ਼ ਗੋਇਲ ਗੱਲਬਾਤ ਲਈ ਆਏ ਹਨ। ਪੰਜਾਬ ਸਰਕਾਰ ਵੱਲੋਂ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਵਿੱਤ ਮੰਤਰੀ ਹਰਪਾਲ ਚੀਮਾ ਅਤੇ ਲਾਲ ਚੰਦ ਕਟਾਰੂਚੱਕ ਮੌਜੂਦ ਹਨ। ਇਸ ਮੀਟਿੰਗ ਵਿੱਚ ਸੰਯੁਕਤ ਕਿਸਾਨ ਮੋਰਚਾ (ਗੈਰ-ਰਾਜਨੀਤਿਕ) ਦੇ ਮੁਖੀ ਜਗਜੀਤ ਸਿੰਘ ਡੱਲੇਵਾਲ ਅਤੇ ਕਿਸਾਨ ਮਜ਼ਦੂਰ ਮੋਰਚਾ ਦੇ ਆਗੂ ਸਰਵਣ ਸਿੰਘ ਪੰਧੇਰ ਦੀ ਅਗਵਾਈ ਵਿੱਚ 28 ਕਿਸਾਨ ਆਗੂ ਸ਼ਾਮਲ ਹੋਏ। ਡੱਲੇਵਾਲ ਨੂੰ ਐਂਬੂਲੈਂਸ ਰਾਹੀਂ ਖਨੌਰੀ ਸਰਹੱਦ ਤੋਂ ਚੰਡੀਗੜ੍ਹ ਲਿਆਂਦਾ ਗਿਆ ਹੈ। ਜਿਵੇਂ ਹੀ ਸ਼ਿਵਰਾਜ ਸਿੰਘ ਚੌਹਾਨ ਮੀਟਿੰਗ ਵਿੱਚ ਆਏ, ਉਹ ਜਗਜੀਤ ਸਿੰਘ ਡੱਲੇਵਾਲ ਕੋਲ ਪਹੁੰਚ ਗਏ। ਉਨ੍ਹਾਂ ਨੇ ਝੁਕ ਕੇ ਡੱਲੇਵਾਲ, ਜੋ ਕੁਰਸੀ 'ਤੇ ਬੈਠੇ ਸਨ, ਤੋਂ ਉਨ੍ਹਾਂ ਦੀ ਸਿਹਤ ਬਾਰੇ ਪੁੱਛਿਆ।

### 5 ਸਾਲਾਂ ਵਿੱਚ 1 ਲੱਖ ਕਰੋੜ ਤੋਂ ਵੱਧ ਦਾ ਫੰਡ ਅਣਵਰਤਿਆ ਰਿਹਾ: ਸਰਵਣ ਸਿੰਘ ਪੰਧੇਰ

ਸਰਵਣ ਸਿੰਘ ਪੰਧੇਰ ਨੇ ਕਿਹਾ ਕਿ ਕੇਂਦਰੀ ਮੰਤਰੀਆਂ ਵੱਲੋਂ ਉਨ੍ਹਾਂ ਸਕੀਮਾਂ ਦਾ ਵੇਰਵਾ ਕਿਸਾਨ ਲੀਡਰਾਂ ਨਾਲ ਸਾਂਝਾ ਕੀਤਾ ਗਿਆ ਜਿਹੜਾ ਮੌਜੂਦਾ ਸਮੇਂ ਵਿੱਚ ਦੇਸ਼ ਦੇ ਕਿਸਾਨਾਂ ਲਈ ਚਲਾਈਆਂ ਜਾ ਰਹੀਆਂ ਹਨ। ਪਰ ਉਨ੍ਹਾਂ ਇਹ ਸਪੱਸ਼ਟ ਕੀਤਾ ਕਿ ਕੇਂਦਰ ਦੀਆਂ ਮੌਜੂਦਾ ਸਕੀਮਾਂ ਦੇਸ਼ ਦੇ ਕਿਸਾਨਾਂ ਦੇ ਹੱਕਾਂ ਦੀ ਪੂਰਤੀ ਨਹੀਂ ਕਰਦੀਆਂ ਅਤੇ ਦੇਸ਼ ਦਾ ਕਿਸਾਨ ਚਾਹੁੰਦਾ ਹੈ ਕਿ ਪਾਰਲੀਮੈਂਟ ਉਨ੍ਹਾਂ ਦੀਆਂ ਫ਼ਸਲਾਂ ਦਾ ਵਾਜਿਬ ਭਾਅ ਦੇਵੇ ਅਤੇ MSP ਦਾ ਕਾਨੂੰਨ ਦੇਸ਼ ਵਿੱਚ ਲਾਗੂ ਕਰੇ। ਉਨ੍ਹਾਂ ਇਸ ਗੱਲ ਦਾ ਜ਼ਿਕਰ ਕੀਤਾ ਕਿ ਪਿਛਲੇ 5 ਸਾਲਾਂ ਦੌਰਾਨ ਕੇਂਦਰੀ ਵਿੱਤ ਮੰਤਰਾਲਾ ਵੱਲੋਂ ਕੇਂਦਰੀ ਖੇਤੀਬਾੜੀ ਮੰਤਰਾਲਾ ਨੂੰ 1 ਲੱਖ ਕਰੋੜ ਤੋਂ ਵੱਧ ਦਾ ਫੰਡ ਅਣਵਰਤਿਆ ਸੀ, ਅਤੇ ਇਸ ਗੱਲ ਉੱਤੇ ਕੇਂਦਰੀ ਮੰਤਰੀਆਂ ਨੇ ਕੋਈ ਜਵਾਬ ਨਹੀਂ ਦਿੱਤਾ। ਪੰਧੇਰ ਨੇ ਕਿਹਾ ਹੈ ਕਿ ਐਮਐਸਪੀ ਉੱਤੇ ਲੀਗਲ ਗਾਰੰਟੀ ਕਾਨੂੰਨ ਬਣਾਉਣ ਉੱਤੇ ਚਰਚਾ ਹੋਈ। ਉਨ੍ਹਾਂ ਨੇ ਕਿਹਾ ਹੈ ਕਿ ਅੱਜ ਦੀ ਮੀਟਿੰਗ ਨਾਲ ਫੈਸਲਾ ਨਹੀਂ ਕੀਤਾ ਜਾ ਸਕਦਾ ਸਗੋਂ ਅਗਲੀ ਮੀਟਿੰਗ ਵਿਸਥਾਰ ਨਾਲ ਹੋਰ ਗੱਲਬਾਤ ਹੋਵੇਗੀ। ਉਨ੍ਹਾਂ ਨੇ ਕਿਹਾ ਹੈ ਕਿ ਅਸੀਂ ਅੱਜ ਮੰਤਰੀਆਂ ਸਾਹਮਣੇ ਸੜਕਾਂ ਬੰਦ ਰੱਖਣ ਵਾਲੇ ਵਿਚਾਰ ਚਰਚਾ ਕੀਤੀ। ਉਨ੍ਹਾਂ ਨੇ ਕਿਹਾ ਹੈ ਕਿ ਅਸੀਂ ਪੰਜਾਬ ਸਰਕਾਰ ਦੇ ਮੰਤਰੀਆਂ ਸਾਹਮਣੇ ਵੀ ਕਈ ਤੱਥ ਪੇਸ਼ ਕੀਤੇ ਹਨ। ਉਨ੍ਹਾਂ ਨੇ ਕਿਹਾ ਹੈ ਕਿ ਨੈਤਿਕ ਤੌਰ ਉਤੇ MSP ਦੀ ਗਾਰੰਟੀ ਕਿਵੇ ਲੀਗਲ ਹੈ ਉਹ ਦੱਸਾਂਗੇ। ਉਨ੍ਹਾਂ ਨੇਕਿਹਾ ਹੈ ਕਿ ਪੰਜਾਬ ਸਰਕਾਰ ਖੇਤੀ ਬਾੜੀ ਖਰੜੇ ਨੂੰ ਰੱਦ ਕੀਤਾ ਜਾਵੇ ਅਤੇ ਸ਼ੁੱਭਕਰਨ ਨੂੰ ਸ਼ਹੀਦੀ ਦਰਜੇ ਦੀ ਮੰਗ ਕਰਦੇ ਹਾਂ।ਕਿਸਾਨ ਆਗੂਆਂ ਨੇ ਕਿਹਾ ਹੈ ਕਿ ਜਦੋਂ ਤੱਕ MSPਅਤੇ ਹੋਰ ਮੰਗਾਂ ਨਹੀਂ ਮੰਨੀਆਂ ਜਾਂਦੀਆਂ ਉਦੋਂ ਤੱਕ ਅੰਦੋਲਨ ਜਾਰੀ ਰਹੇਗਾ।

### 25 ਤੋਂ 30 ਹਜ਼ਾਰ ਕਰੋੜ ਵਿੱਚ ਬਣ ਸਕਦਾ ਹੈ MSP ਗਰੰਟੀ ਕਾਨੂੰਨ: ਅਭੀਮੰਨਿਊ ਕੋਹਾੜ

ਕੇਂਦਰੀ ਮੰਤਰੀਆਂ ਨਾਲ ਮੀਟਿੰਗ ਤੋਂ ਬਾਅਦ ਕਿਸਾਨ ਆਗੂ ਅਭੀਮੰਨਿਊ ਕੋਹਾੜ ਨੇ ਕਿਹਾ ਕਿ “ਉਨ੍ਹਾਂ ਨੇ ਸਾਰੇ ਦੇਸ਼ ਦੇ ਕਿਸਾਨਾਂ ਦੀਆਂ 23 ਫ਼ਸਲਾਂ ਦੀ MSP ਉੱਤੇ ਖਰੀਦ ਨੂੰ ਲੈ ਕੇ ਅੰਕੜੇ ਪੇਸ਼ ਕੀਤੇ। ਅਭੀਮੰਨਿਊ ਕੋਹਾੜ ਨੇ ਦੱਸਿਆ ਕਿ ਜਿਹੜੇ ਸੂਬਿਆਂ ਵਿੱਚ ਫ਼ਸਲਾਂ MSP ਤੋਂ ਵੀ ਘੱਟ ਭਾਅ ਉੱਤੇ ਵਿਕ ਰਹੀਆਂ ਹਨ, ਇਸ ਬਾਰੇ ਵੀ ਜਾਣਕਾਰੀ ਦਿੱਤੀ ਗਈ। ਅਭੀਮੰਨਿਊ ਕੋਹਾੜ ਨੇ ਕਿਹਾ ਕਿ ਜੇਕਰ ਕੇਂਦਰ ਸਰਕਾਰ ਸਾਰੀਆਂ ਫ਼ਸਲਾਂ ਨੂੰ MSP ਉੱਤੇ ਖਰੀਦਣਾ ਚਾਹੇ ਤਾਂ ਇਸ ਲਈ 25 ਤੋਂ 30 ਹਜ਼ਾਰ ਕਰੋੜ ਰੁਪਏ ਦਾ ਖਰਚਾ ਆਵੇਗਾ। ਅਗਲੇ ਹਫ਼ਤੇ ਦੇ ਅੰਦਰ ਅੰਦਰ ਕੇਂਦਰੀ ਮੰਤਰੀਆਂ ਵੱਲੋਂ MSP ਨੂੰ ਕਾਨੂੰਨੀ ਗਰੰਟੀ ਬਣਾਉਣ ਲਈ ਜਿਹੜੇ ਤੱਥ-ਅੰਕੜੇ ਮੰਗੇ ਗਏ ਹਨ ਉਹ ਮੁਹੱਈਆ ਕਰਵਾਏ ਜਾਣਗੇ।”

## ਕਦੇ ਹਕੀਕਤ ਨਹੀਂ ਬਣੇਗੀ SYL ਨਹਿਰ: ਭਗਵੰਤ ਮਾਨ

WORLD PUNJABI NEWS NETWORK

ਭਵਾਨੀਗੜ੍ਹ: ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਕੋਲ ਕਿਸੇ ਹੋਰ ਸੂਬੇ ਨਾਲ ਸਾਂਝਾ ਕਰਨ ਲਈ ਪਾਣੀ ਦੀ ਇਕ ਵੀ ਬੂੰਦ ਨਹੀਂ ਹੈ ਅਤੇ ਸਤਲੁਜ-ਯਮੁਨਾ ਲਿੰਕ ਨਹਿਰ ਕਦੇ ਵੀ ਹਕੀਕਤ ਵਿੱਚ ਨਹੀਂ ਬਦਲੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਹਿੱਤਾਂ ਦੀ ਰਾਖੀ ਲਈ ਪੂਰਨ ਤੌਰ ’ਤੇ ਵਚਨਬੱਧ ਹੈ। ਅੱਜ ਇੱਥੇ ਨਵੇਂ ਬਣੇ ਸਬ-ਡਿਵੀਜ਼ਨਲ ਕੰਪਲੈਕਸ ਨੂੰ ਸਮਰਪਿਤ ਕਰਨ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਕੌਮਾਂਤਰੀ ਨੇਮਾਂ ਅਨੁਸਾਰ ਸੂਬੇ ਵਿੱਚ ਪਾਣੀ ਦੀ ਉਪਲਬਧਤਾ ਦਾ ਮੁੜ ਮੁਲਾਂਕਣ ਕਰਨਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਹਾਲ ਹੀ ਵਿੱਚ ਰਾਵੀ ਬਿਆਸ ਟ੍ਰਿਬਿਊਨਲ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਨਵੇਂ ਸਿਰਿਓਂ ਮੁੜ ਮੁਲਾਂਕਣ ਕਰ ਕੇ ਸੂਬੇ ਦੇ ਲੋਕਾਂ ਨੂੰ ਇਨਸਾਫ਼ ਦਿਵਾਏ। ਉਨ੍ਹਾਂ ਕਿਹਾ ਕਿ ਸੂਬੇ ਦੇ ਜ਼ਿਆਦਾਤਰ ਬਲਾਕਾਂ ਦੇ ਪਾਣੀ ਦਾ ਪੱਧਰ ਬਹੁਤ ਹੇਠਾਂ ਚਲਾ ਗਿਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਦੇ ਜ਼ਿਆਦਾਤਰ ਦਰਿਆਈ ਸਰੋਤ ਸੁੱਕ ਗਏ ਹਨ, ਇਸ ਲਈ ਸਿੰਜਾਈ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਹੋਰ ਪਾਣੀ ਦੀ ਲੋੜ ਹੈ। ਮੁੱਖ ਮੰਤਰੀ ਨੇ ਕੇਂਦਰੀ ਰਾਜ ਮੰਤਰੀ ਰਵਨੀਤ



ਸਿੰਘ ਬਿੱਟੂ ’ਤੇ ਵਿਅੰਗ ਕਰਦਿਆਂ ਕਿਹਾ ਕਿ ਚੋਣਾਂ ਵਿੱਚ ਨਕਾਰੇ ਹੋਏ ਆਗੂਆਂ ਨੂੰ ਲੋਕ ਕਦੇ ਸਵੀਕਾਰ ਨਹੀਂ ਕਰਨਗੇ। ਉਨ੍ਹਾਂ ਕਿਹਾ ਕਿ ਬਿੱਟੂ ਅਜਿਹੇ ਹੱਥ-ਕੰਡਿਆਂ ਨਾਲ ਮੁੱਖ ਮੰਤਰੀ ਦੀ ਸਰਕਾਰੀ ਰਿਹਾਇਸ਼ ’ਤੇ ਕਾਬਜ਼ ਹੋਣ ਦੇ ਸੁਫਨੇ ਦੇਖਦਾ ਹੈ, ਇਸ ਨਾਲ ਉਸ ਦੇ ਹੱਥ ਪੱਲੇ ਕੁਝ ਨਹੀਂ ਪੈਣਾ। ਉਨ੍ਹਾਂ ਕਿਹਾ,‘ਸਰਕਾਰ ਨੇ ਘਪਲਿਆਂ ਅਤੇ ਜਬਰੀ ਵਸੂਲੀ ਪ੍ਰਤੀ ਕੋਈ ਲਿਹਾਜ਼ ਨਾ ਵਰਤਣ ਦੀ ਨੀਤੀ ਅਪਣਾਈ ਹੋਈ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਹ ਸਬ-ਡਿਵੀਜ਼ਨਲ ਕੰਪਲੈਕਸ 6.61 ਕਰੋੜ ਰੁਪਏ ਦੀ ਲਾਗਤ ਨਾਲ ਬਣਿਆ ਹੈ ਅਤੇ ਇਹ ਅਤਿ-ਆਧੁਨਿਕ ਇਮਾਰਤ ਕਈ ਸਹੂਲਤਾਂ ਨਾਲ ਲੈਸ ਹੈ।

# CONTENT


| | |
|---|---|
| Front Page | Page: 01 |
| Editorial, Special | Page: 02 |
| News | Page: 03 |
| News | Page: 04 |
| News | Page: 05 |
| News | Page: 06 |
| Special | Page: 07 |
| Education | Page: 08 |
| Health | Page: 09 |
| Special, Progressive Steps | Page: 10 |
| News Archives (Friday) | Page: 11-12 |
| News Archives (Thursday) | Page: 13-14 |
| News Archives (Wednesday) | Page: 15-16 |
| News Archives (Tuesday) | Page: 17-18 |
| News Archives (Monday) | Page: 19-20 |
| News Archives (Sunday) | Page: 21-22 |


# CONNECT


Rupinder Singh Arora
(Chief Editor)

Like Us —» Follow Us —»

@worldpunjabinews facebook
@worldpunjabinews instagram
@worldpunjabinews youtube
@wpunjabinews twitter

Join Us —» Subscribe Us —»

@worldpunjabinews youtube
@worldpunjabinews telegram
WhatsApp Channel whatsapp
wa.me/channel/0029VaCugakCRs1iGjmFzb0g/

Reach Us —» Contact Us —»

+91 98155 88388 whatsapp, mobile
worldpunjabinews@gmail.com e-mail
www.worldpunjabinews.com website

Advertise with Us —»

+91 82839 16789 whatsapp, mobile
worldpunjabinews@outlook.com e-mail



OUR PARTNERS IN PROMOTION
WORLD PUNJABI NEWS NETWORK

whitecloud.in WHITECLOUD INTERNATIONAL
WEB PRESENCE PROVIDER

SmartBrainz EXPLORE. CHOOSE. BUY.
TECHNOLOGY PROVIDER

WORLD PUNJABI NEWS NETWORK
NEWS & MEDIA PARTNER

ADVERTISE WITH US
+91 98155 88388
worldpunjabinews@gmail.com




# ਇੱਕ ਦੇਸ਼, ਇੱਕ ਚੋਣ
## ਸੰਭਾਵਨਾਵਾਂ ਤੇ ਔਕੜਾਂ

WORLD PUNJABI NEWS NETWORK

ਭਾਰਤ ਵਿੱਚ ਸੱਤਾਧਾਰੀ ਪਾਰਟੀਆਂ 'ਇੱਕ ਦੇਸ਼ ਇੱਕ ਚੋਣ' ਬਿੱਲ ਦੇ ਹੱਕ ਵਿੱਚ ਹਨ ਪਰ ਵਿਰੋਧੀ ਧਿਰਾਂ ਇਸ ਦਾ ਵਿਰੋਧ ਕਰਦੀਆਂ ਹਨ। ਉਨ੍ਹਾਂ ਦੀ ਮੁੱਖ ਸ਼ਿਕਾਇਤ ਇਹ ਹੈ ਕਿ ਇਸ ਨਾਲ ਦੇਸ਼ ਦੇ ਫੈਡਰਲ ਢਾਂਚੇ ਨੂੰ ਖ਼ਤਰਾ ਹੋ ਜਾਵੇਗਾ। ਜੇਕਰ ਦੇਖਿਆ ਜਾਵੇ ਤਾਂ ਭਾਰਤੀ ਜਨਤਾ ਪਾਰਟੀ ਦਾ ਮੁੱਖ ਮੰਤਵ ਵੀ ਇਹੋ ਹੈ ਕਿ ਸ਼ਕਤੀਆਂ ਦਾ ਕੇਂਦਰੀਕਰਨ ਹੋ ਜਾਵੇ।

ਜਿੱਥੋਂ ਤੱਕ ਦੇਸ਼ ਦੇ ਫੈਡਰਲ ਢਾਂਚੇ ਦਾ ਸਬੰਧ ਹੈ, ਇਸ ਨੂੰ ਕਾਫ਼ੀ ਹੱਦ ਤੱਕ ਕਮਜ਼ੋਰ ਕਰ ਦਿੱਤਾ ਗਿਆ ਹੈ। ਹੌਲੀ-ਹੌਲੀ ਸਾਰੇ ਮਹਿਕਮਿਆਂ ਦੀ ਡੋਰ ਕੇਂਦਰ ਆਪਣੇ ਹੱਥ ਲੈ ਰਿਹਾ ਹੈ। ਸਾਡੇ ਸੰਵਿਧਾਨ ਨੇ ਕੁਝ ਵਿਸ਼ੇ ਅਜਿਹੇ ਰੱਖੇ ਸਨ ਜਿਨ੍ਹਾਂ ਨੂੰ ਰਾਜਾਂ ਦੇ ਅਧਿਕਾਰ ਖੇਤਰ ਵਿੱਚ ਰੱਖਿਆ ਗਿਆ ਹੈ। ਇਨ੍ਹਾਂ ਵਿੱਚੋਂ ਵਿਦਿਆ ਅਤੇ ਖੇਤੀ ਅਹਿਮ ਹਨ। ਸਾਡਾ ਦੇਸ਼ ਖੇਤੀ ਪ੍ਰਧਾਨ ਦੇਸ਼ ਹੈ। ਇਥੋਂ ਦੀ ਘੱਟੋ-ਘੱਟ ਅੱਧੀ ਵਸੋਂ ਨੂੰ ਰੁਜ਼ਗਾਰ ਲਈ ਖੇਤੀ ਉੱਤੇ ਹੀ ਨਿਰਭਰ ਰਹਿਣਾ ਪਵੇਗਾ ਕਿਉਂਕਿ ਸਨਅਤੀ ਖੇਤਰ ਕਿਸੇ ਵੀ ਹਾਲਤ ਵਿੱਚ 70 ਕਰੋੜ ਲੋਕਾਂ ਨੂੰ ਰੁਜ਼ਗਾਰ ਨਹੀਂ ਦੇ ਸਕਦਾ। ਇਸ ਕਰ ਕੇ ਦੇਸ਼ ਦੇ ਸਰਬ ਪੱਖੀ ਵਿਕਾਸ ਲਈ ਖੇਤੀ ਦਾ ਵਿਕਾਸ ਜ਼ਰੂਰੀ ਹੈ। ਸਾਡਾ ਦੇਸ਼ ਬਹੁਰੰਗੇ ਫੁੱਲਾਂ ਦਾ ਗੁਲਦਸਤਾ ਹੈ। ਹਰੇਕ ਖੇਤਰ ਦੀਆਂ ਫ਼ਸਲਾਂ, ਪੌਣ-ਪਾਣੀ ਅਤੇ ਖੇਤੀ ਦੇ ਢੰਗ ਤਰੀਕੇ ਵੱਖੋ-ਵੱਖਰੇ ਹਨ ਪਰ ਕੇਂਦਰ ਵਿੱਚ ਕਿਸੇ ਵੀ ਧਿਰ ਦੀ ਸਰਕਾਰ ਹੋਵੇ, ਉਸ ਦਾ ਯਤਨ ਖੇਤੀ ਨੂੰ ਵੀ ਕੇਂਦਰ ਅਧੀਨ ਕਰਨ ਦਾ ਰਿਹਾ ਹੈ।

ਖੇਤੀ ਵਿਕਾਸ ਲਈ ਪੈਸੇ ਦੀ ਲੋੜ ਪੈਂਦੀ ਹੈ। ਰਾਜਾਂ ਕੋਲ ਇਤਨੇ ਵਸੀਲੇ ਨਹੀਂ ਹਨ ਕਿ ਉਹ ਖੇਤੀ ਦੇ ਵਿਕਾਸ ਲਈ ਆਪਣੀਆਂ ਯੋਜਨਾਵਾਂ ਨੂੰ ਲਾਗੂ ਕਰ ਸਕਣ। ਹੁਣ ਸਾਰੇ ਪ੍ਰੋਗਰਾਮ ਕੇਂਦਰ ਸਰਕਾਰ ਬਣਾਉਂਦੀ ਹੈ ਅਤੇ ਇਨ੍ਹਾਂ ਨੂੰ ਸਾਰੇ ਰਾਜਾਂ ਵਿੱਚ ਇਕਸਾਰ ਲਾਗੂ ਕਰਨ ਦਾ ਹੁਕਮ ਦਿੱਤਾ ਜਾਂਦਾ ਹੈ। ਰਾਜ ਸਰਕਾਰਾਂ ਕੇਂਦਰ ਤੋਂ ਮਾਲੀ ਸਹਾਇਤਾ ਪ੍ਰਾਪਤ ਕਰਨ ਲਈ ਇਨ੍ਹਾਂ ਸਕੀਮਾਂ ਨੂੰ ਪ੍ਰਵਾਨ ਕਰ ਲੈਂਦੀਆਂ ਹਨ ਪਰ ਇਸ ਨਾਲ ਮਿੱਥੇ ਅਨੁਸਾਰ ਵਿਕਾਸ ਨਹੀਂ ਹੁੰਦਾ ਹੈ। ਆਮ ਤੌਰ ਉਤੇ ਕੇਂਦਰ ਸਰਕਾਰ ਕੇਂਦਰੀ ਰਾਜਾਂ ਨੂੰ ਮੁੱਖ ਰੱਖ ਕੇ ਸਕੀਮਾਂ ਤਿਆਰ ਕਰਦੀ ਹੈ ਕਿਉਂਕਿ ਕੇਂਦਰ ਵਿਚ ਸਰਕਾਰ ਇਨ੍ਹਾਂ ਰਾਜਾਂ ਦੇ ਪ੍ਰਭਾਵ ਹੇਠ ਚਲਦੀ ਹੈ। ਮਿਸਾਲ ਦੇ ਤੌਰ ਉੱਤੇ ਪੰਜਾਬ ਅਤੇ ਬਿਹਾਰ ਲਈ ਇਕੋ ਪ੍ਰੋਗਰਾਮ ਲਾਗੂ ਨਹੀਂ ਕੀਤਾ ਜਾ ਸਕਦਾ। ਪੰਜਾਬ ਦੀ ਸਾਰੀ ਖੇਤੀ ਦਾ ਮਸ਼ੀਨੀਕਰਨ ਹੋ ਚੁੱਕਾ ਹੈ ਅਤੇ ਸਾਰੀ ਖੇਤੀ ਸੇਂਜੂ ਹੈ। ਇਥੇ ਸਾਰੇ ਮੌਸਮ ਆਉਂਦੇ ਹਨ। ਇਥੋਂ ਦੇ ਕਿਸਾਨ ਖੇਤੀ ਦੇ ਨਵੇਂ ਢੰਗ ਤਰੀਕੇ ਅਪਣਾਉਣ ਲਈ ਉਤਸੁਕ ਰਹਿੰਦੇ ਹਨ। ਪੰਜਾਬ ਦੀ ਖੇਤੀਬਾੜੀ ਯੂਨੀਵਰਸਿਟੀ ਵਿੱਚ ਹਰ ਸਾਲ ਕਿਸਾਨ ਲੱਖਾਂ ਦੀ ਗਿਣਤੀ ਵਿੱਚ ਨਵੇਂ ਗਿਆਨ ਦੀ ਭਾਲ ਵਿੱਚ ਆਉਂਦੇ ਹਨ। ਅਜਿਹਾ ਦੇਸ਼ ਦੇ ਕਿਸੇ ਹੋਰ ਹਿੱਸੇ ਵਿੱਚ ਨਹੀਂ ਹੈ। ਪੰਜਾਬ ਦੀ ਹਰੇਕ ਸਰਕਾਰ ਨੇ ਘੱਟੋ-ਘੱਟ ਪਿਛਲੇ ਤੀਹ ਸਾਲਾਂ ਤੋਂ ਇੱਥੋਂ ਦੀ ਖੇਤੀ ਨੂੰ ਕਣਕ ਝੋਨੇ ਦੇ ਫ਼ਸਲੀ ਚੱਕਰ ਵਿੱਚੋਂ ਕੱਢ ਨਵਾਂ ਮੋੜ ਦੇਣ ਲਈ ਮਾਹਿਰਾਂ ਤੋਂ ਯੋਜਨਾ ਬਣਾਈ ਪਰ ਮਾਇਕ ਵਸੀਲਿਆਂ ਦੀ ਘਾਟ ਕਾਰਨ ਇਹ ਸਾਰੀਆਂ ਯੋਜਨਾਵਾਂ ਤੇ ਕੋਈ ਵੀ ਸਰਕਾਰ ਅਮਲ ਨਹੀਂ ਕਰ ਸਕੀ ਤੇ ਇਹ ਫਾਈਲਾਂ ਦਾ ਹੀ ਸ਼ਿੰਗਾਰ ਬਣ ਕੇ ਰਹਿ ਗਈਆਂ।

ਦੂਜਾ ਮਹੱਤਵਪੂਰਨ ਵਿਸ਼ਾ ਵਿੱਦਿਆ ਹੈ। ਇਹ ਵੀ ਰਾਜ ਸਰਕਾਰ ਦੇ ਅਧਿਕਾਰ ਖੇਤਰ ਵਿੱਚ ਸੀ ਪਰ ਇਸ ਨੂੰ ਵੀ ਕੇਂਦਰ ਸਰਕਾਰ ਨੇ ਸਾਂਝਾ ਕਰ ਲਿਆ ਹੈ। ਵਿੱਦਿਅਕ ਅਦਾਰਿਆਂ ਵਿੱਚ ਕੀ ਪੜ੍ਹਾਇਆ ਜਾਵੇ ਅਤੇ ਕਿਸ ਤਰ੍ਹਾਂ ਪੜ੍ਹਾਇਆ ਜਾਵੇ, ਇਹ ਹਦਾਇਤਾਂ ਕੇਂਦਰ ਸਰਕਾਰ ਦਿੰਦੀ ਹੈ। ਦੇਸ਼ ਦੇ ਹਰੇਕ ਪ੍ਰਾਂਤ ਦੀ ਆਪਣੀ ਬੋਲੀ, ਆਪਣਾ ਇਤਿਹਾਸ ਅਤੇ ਆਪੋ-ਆਪਣੀਆਂ ਸਮਾਜਿਕ ਕਦਰਾਂ ਕੀਮਤਾਂ ਹਨ। ਕੇਂਦਰੀ ਹੁਕਮਾਂ ਦੇ ਪ੍ਰਭਾਵ ਹੇਠ ਰਾਜ ਆਪਣੀ ਬੋਲੀ, ਆਪਣਾ ਇਤਿਹਾਸ ਆਪਣੀਆਂ ਸਮਾਜਿਕ ਕਦਰਾਂ ਕੀਮਤਾਂ ਬੱਚਿਆਂ ਨੂੰ ਪੜ੍ਹਾਉਣ ਲਈ ਲਾਚਾਰ ਹਨ। ਸ਼ਾਇਦ ਇਸੇ ਕਰ ਕੇ ਨਵੀਂ ਪੀੜ੍ਹੀ ਆਪਣੀ ਬੋਲੀ, ਆਪਣੇ ਸਭਿਆਚਾਰ ਅਤੇ ਸਮਾਜਿਕ ਕਦਰਾਂ ਕੀਮਤਾਂ ਤੋਂ ਦੂਰ ਹੋ ਰਹੀ ਹੈ। ਇਸ ਦਾ ਨਤੀਜਾ ਹੈ ਕਿ ਅਸੀਂ ਆਜ਼ਾਦੀ ਦੇ 75 ਸਾਲਾਂ ਵਿੱਚੋਂ ਵੀ ਮਨੁੱਖੀ ਵਿਕਾਸ ਨਹੀਂ ਕਰ ਸਕੇ। ਦੇਸ਼ ਵਿੱਚ ਅਨਪੜ੍ਹਤਾ ਵੀ ਖ਼ਤਮ ਨਹੀਂ ਹੋ ਸਕੀ। ਰਾਜ ਵਿੱਚ ਸਿਹਤ ਸਹੂਲਤਾਂ, ਸੜਕਾਂ, ਸਮਾਜ ਭਲਾਈ ਆਦਿ ਲਈ ਵੀ ਬਹੁਤਾ ਪੈਸਾ ਕੇਂਦਰ ਸਰਕਾਰ ਵੱਲੋਂ ਹੀ ਆਉਂਦਾ ਹੈ ਪਰ ਰਾਜ ਸਰਕਾਰਾਂ ਇਸ ਨੂੰ ਕੇਂਦਰੀ ਹਦਾਇਤਾਂ ਅਨੁਸਾਰ ਹੀ ਖਰਚ ਕਰ ਸਕਦੀਆਂ ਹਨ। ਦੇਸ਼ ਦੇ ਨਾਗਰਿਕਾਂ ਵਿੱਚ ਮਿੱਟੀ ਦਾ ਮੋਹ, ਦੇਸ਼ ਪ੍ਰਤੀ ਉਨ੍ਹਾਂ ਦੀ ਜ਼ਿੰਮੇਵਾਰੀ, ਇਮਾਨਦਾਰੀ ਆਦਿ ਕਦਰਾਂ ਕੀਮਤਾਂ ਪਰਪੱਕ ਹੋਣ ਦੀ ਥਾਂ ਖਤਮ ਹੋ ਰਹੀਆਂ ਹਨ। ਕਿਸੇ ਵੀ ਦੇਸ਼ ਵਿੱਚ ਲੋਕਰਾਜ ਦੀ ਸਫਲਤਾ ਲਈ ਨਾਗਰਿਕਾਂ ਵਿੱਚ ਮਿੱਟੀ ਦਾ ਮੋਹ, ਆਪਣੇ ਵਿਰਸੇ ਉੱਤੇ ਮਾਣ ਅਤੇ ਇਮਾਨਦਾਰੀ ਜ਼ਰੂਰੀ ਹੈ। ਅਜਿਹਾ ਕਰਨ ਵਿੱਚ ਵਿਦਿਆ ਦੀ ਅਹਿਮ ਭੂਮਿਕਾ ਹੈ ਪਰ ਸਾਡੀ ਵਿਦਿਆ ਪ੍ਰਣਾਲੀ ਅਜਿਹਾ ਨਹੀਂ ਕਰ ਸਕੀ ਕਿਉਂਕਿ ਵਿਦਿਆ ਦਾ ਕੇਂਦਰੀਕਰਨ ਅਤੇ ਨਿੱਜੀਕਰਨ ਹੋ ਗਿਆ ਹੈ। ਸਾਡੀਆਂ ਰਾਜਸੀ ਪਾਰਟੀਆਂ ਨੇ ਦੇਸ਼ ਦੀ ਪਾਰਲੀਮੈਂਟ ਅਤੇ ਰਾਜਾਂ ਦੀਆਂ ਵਿਧਾਨ ਸਭਾਵਾਂ ਵਿੱਚ ਇਸ ਵਿਰੁੱਧ ਕਦੇ ਆਵਾਜ਼ ਨਹੀਂ ਉਠਾਈ ਪਰ ਇੱਕੋ ਸਮੇਂ ਵੋਟਾਂ ਪੈਣ ਉਨ੍ਹਾਂ ਨੂੰ ਇਹ ਹਜ਼ਮ ਨਹੀਂ ਹੋ ਰਿਹਾ।

ਹੁਣ ਵੋਟਾਂ ਦੀ ਗੱਲ ਕਰਦੇ ਹਾਂ। 1952 ਤੋਂ 1967 ਤੱਕ ਪਾਰਲੀਮੈਂਟ ਅਤੇ ਰਾਜਾਂ ਦੀਆਂ ਵਿਧਾਨ ਸਭਾਵਾਂ ਦੀਆਂ ਚੋਣਾਂ ਇਕੋ ਸਮੇਂ ਹੁੰਦੀਆਂ ਸਨ। ਪੰਜ ਸਾਲ ਵਿੱਚੋਂ ਚੋਣਾਂ ਦਾ ਰੌਲਾ ਮਸਾਂ ਇੱਕ ਮਹੀਨਾ ਹੀ ਪੈਂਦਾ ਸੀ। ਮੁੜ ਸਰਕਾਰ ਦੇਸ਼ ਅਤੇ ਲੋਕਾਈ ਦੇ ਭਲੇ ਲਈ ਕੰਮ ਕਰਦੀਆਂ ਸਨ ਪਰ ਹੁਣ ਕੋਈ ਵੀ ਵਰ੍ਹਾ ਅਜਿਹਾ ਨਹੀਂ ਜਦੋਂ ਕਿਸੇ ਨਾ ਕਿਸੇ ਰਾਜ ਵਿੱਚ ਚੋਣਾਂ ਨਾ ਹੋਈਆਂ ਹੋਣ। ਸਾਰੀਆਂ ਰਾਜਸੀ ਪਾਰਟੀਆਂ, ਭਾਵ, ਕੇਂਦਰ ਸਰਕਾਰ ਦੇ ਮੰਤਰੀ ਹੀ ਨਹੀਂ ਸਗੋਂ ਰਾਜਾਂ ਦੇ ਮੰਤਰੀ ਵੀ ਪ੍ਰਚਾਰ ਵਿੱਚ ਰੁਝੇ ਰਹਿੰਦੇ ਹਨ। ਪ੍ਰਧਾਨ ਮੰਤਰੀ ਤੋਂ ਲੈ ਕੇ ਹੇਠਲੇ ਪੱਧਰ ਤੱਕ ਸਾਰੇ ਆਗੂ ਹੋਰ ਸਾਰੇ ਕੰਮ-ਕਾਜ ਛੱਡ ਚੋਣ ਪ੍ਰਚਾਰ ਕਰਦੇ ਹਨ। ਉਦਾਹਰਨ ਵਜੋਂ ਪੰਜਾਬ ਦਾ ਸਕੱਤਰੇਤ ਦਿੱਲੀ ਚੋਣਾਂ ਕਰ ਕੇ ਕੋਈ ਪੰਜ ਮਹੀਨੇ ਕੰਮ-ਕਾਜ ਪੱਖੋਂ ਸੱਖਣਾ ਰਿਹਾ। ਜਦੋਂ ਦੀ ਪੰਜਾਬ ਵਿੱਚ ਨਵੀਂ ਸਰਕਾਰ ਆਈ ਹੈ, ਮੁੱਖ ਮੰਤਰੀ ਸਮੇਤ ਸਾਰੇ ਮੰਤਰੀ ਚੋਣਾਂ ਵਿੱਚ ਹੀ ਉਲਝੇ ਰਹੇ ਹਨ। ਪਾਰਲੀਮੈਂਟ ਦੀਆਂ ਜਾਂ ਕਿਸੇ ਰਾਜ ਦੀਆਂ ਚੋਣਾਂ ਹੁੰਦੀਆਂ ਹੀ ਰਹੀਆਂ ਹਨ। ਇੰਝ ਵਿਕਾਸ ਕਾਰਜਾਂ ਵਿੱਚ ਖੜੋਤ ਆਉਂਦੀ ਹੈ ਜਾਂ ਰਫ਼ਤਾਰ ਮੱਠੀ ਪੈ ਜਾਂਦੀ ਹੈ।

ਇਸ ਦੇ ਨਾਲ ਹੀ ਦੇਸ਼ ਦੀ ਦੌਲਤ ਅਤੇ ਵਸੀਲਿਆਂ ਦੀ ਬਰਬਾਦੀ ਹੁੰਦੀ ਹੈ। ਜਦੋਂ ਸਾਰੇ ਦੇਸ਼ ਵਿੱਚ ਇੱਕੋ ਸਮੇਂ ਚੋਣਾਂ ਹੁੰਦੀਆਂ ਸਨ, ਉਦੋਂ ਨੇਤਾ ਲੋਕ ਆਪੋ-ਆਪਣੇ ਹਲਕੇ ਵਿੱਚ ਪ੍ਰਚਾਰ ਤੱਕ ਸੀਮਤ ਹੋ ਜਾਂਦੇ ਸਨ। ਹੁਣ ਵਾਂਗ ਇੱਕ ਸੂਬੇ ਉਤੇ ਹਮਲਾ ਨਹੀਂ ਸੀ ਬੋਲਿਆ ਜਾਂਦਾ। ਚੋਣ ਪ੍ਰਚਾਰ ਵਿੱਚ ਸਾਦਗੀ ਅਤੇ ਖਰਚ ਵੀ ਸੰਕੋਚਵਾਂ ਹੁੰਦਾ ਸੀ। ਹੁਣ ਜਦੋਂ ਕਿਸੇ ਰਾਜ ਵਿੱਚ ਚੋਣਾਂ ਹੁੰਦੀਆਂ ਹਨ ਤਾਂ ਸਾਰੀਆਂ ਰਾਜਸੀ ਪਾਰਟੀਆਂ ਆਪਣੀ ਪੂਰੀ ਤਾਕਤ ਝੋਕ ਦਿੰਦੀਆਂ ਹਨ। ਹੁਣ ਚੋਣਾਂ ਉਤੇ ਬੇਤਹਾਸ਼ਾ ਖਰਚਾ ਹੋਣ ਲੱਗ ਪਿਆ ਹੈ। ਕੋਈ ਇਮਾਨਦਾਰ ਆਦਮੀ ਚੋਣ ਲੜਨ ਬਾਰੇ ਕਦੇ ਸੋਚ ਵੀ ਨਹੀਂ ਸਕਦਾ।

ਜਦੋਂ ਚੋਣਾਂ ਕੇਵਲ ਇੱਕ ਰਾਜ ਤੱਕ ਸੀਮਤ ਹੁੰਦੀਆਂ ਹਨ ਤਾਂ ਸਾਰੀਆਂ ਪਾਰਟੀਆਂ ਜਿੱਤ ਪ੍ਰਾਪਤ ਕਰਨ ਲਈ ਗ਼ਲਤ ਸਹੀ ਹਰੇਕ ਪ੍ਰਕਾਰ ਦੇ ਢੰਗ-ਤਰੀਕਿਆਂ ਦੀ ਵਰਤੋਂ ਕਰਦੀਆਂ ਹਨ। ਗਰੀਬ ਲੋਕਾਂ ਦੀਆਂ ਵੋਟਾਂ ਉਨ੍ਹਾਂ ਦੇ ਚੌਧਰੀਆਂ ਰਾਹੀਂ ਖਰੀਦੀਆਂ ਜਾਂਦੀਆਂ ਹਨ। ਨਕਦ ਪੈਸੇ, ਸ਼ਰਾਬ, ਆਟਾ, ਕੱਪੜੇ, ਮਹਿੰਗੇ ਤੋਹਫ਼ੇ ਆਦਿ ਵੰਡਣ ਦੀਆਂ ਰਿਪੋਰਟਾਂ ਆਮ ਮਿਲਦੀਆਂ ਹਨ। ਅਸਲ ਵਿੱਚ ਨਸ਼ਿਆਂ ਦੀ ਵਧ ਰਹੀ ਵਰਤੋਂ ਲਈ ਸਾਡੇ ਆਗੂ ਵੀ ਜ਼ਿੰਮੇਵਾਰ ਹਨ। ਵੋਟਾਂ ਲਈ ਲੋਕਾਂ ਨੂੰ ਮੁਫ਼ਤ ਦੀਆਂ ਰਿਓੜੀਆਂ ਵੰਡੀਆਂ ਜਾਂਦੀਆਂ ਹਨ। ਸਾਰੀਆਂ ਧਿਰਾਂ ਇਕ ਦੂਜੇ ਤੋਂ ਵਧ ਕੇ ਗਰੰਟੀਆਂ ਦਿੰਦੀਆਂ ਹਨ। ਲੋਕਾਂ ਨੂੰ ਰੁਜ਼ਗਾਰ ਦੇ ਕੇ ਪੈਰਾਂ ਉੱਤੇ ਖੜ੍ਹੇ ਕਰਨ ਦੀ ਥਾਂ ਉਨ੍ਹਾਂ ਨੂੰ ਮੰਗਤੇ ਬਣਾਇਆ ਜਾ ਰਿਹਾ ਹੈ।

ਜਦੋਂ ਦੇਸ਼ ਵਿੱਚ ਇਕੋ ਸਮੇਂ ਚੋਣਾਂ ਹੋਣਗੀਆਂ ਤਾਂ ਦੇਸ਼ ਦੇ ਸਾਰੇ ਰਾਜਾਂ ਅਤੇ ਵਰਗਾਂ ਦੇ ਵਿਕਾਸ ਵੱਲ ਧਿਆਨ ਦਿੱਤਾ ਜਾਵੇਗਾ। ਹੁਣ ਵਾਂਗ ਕੇਵਲ ਇੱਕ ਵਰਗ ਜਾਂ ਇੱਕ ਪ੍ਰਾਂਤ ਦੇ ਵਿਕਾਸ ਵੱਲ ਧਿਆਨ ਨਹੀਂ ਦਿੱਤਾ ਜਾਵੇਗਾ। ਇਸ ਵਾਰ ਕੇਂਦਰੀ ਬਜਟ ਵਿੱਚ ਆਮਦਨ ਕਰ ਦੀ ਛੋਟ ਵਿੱਚ ਵਾਧਾ ਕੀਤਾ ਗਿਆ ਹੈ। ਨੌਕਰੀ ਪੇਸ਼ਾ ਕਰਮਚਾਰੀਆਂ ਦੀ ਆਮਦਨ ਕਰ ਦੇਣ ਵਾਲਿਆਂ ਵਿੱਚ ਬਹੁਗਿਣਤੀ ਹੈ। ਦਿੱਲੀ ਵਿਚ ਇਸ ਵਰਗ ਦੀ ਬਹੁਗਿਣਤੀ ਹੈ। ਇਸੇ ਤਰ੍ਹਾਂ ਇਸੇ ਸਾਲ ਬਿਹਾਰ ਵਿੱਚ ਚੋਣਾਂ ਹੋਣੀਆਂ ਹਨ, ਉਸ ਰਾਜ ਨੂੰ ਵਿਸ਼ੇਸ਼ ਪੈਕੇਜ ਦਿੱਤਾ ਗਿਆ ਹੈ।

DISCLAIMER TO OUR READERS
ਵਰਲਡ ਪੰਜਾਬੀ ਨਿਊਜ਼ ਵਿਚ ਪ੍ਰਕਾਸ਼ਿਤ ਹੋਣ ਵਾਲੇ ਲੇਖ ਤੇ ਰਚਨਾਵਾਂ ਲੇਖਕਾਂ ਦੇ ਨਿੱਜੀ ਵਿਚਾਰ ਹੋ ਸਕਦੇ ਹਨ। ਇਹਨਾਂ ਨਾਲ ਸੰਪਾਦਕ ਅਤੇ ਵਰਲਡ ਪੰਜਾਬੀ ਨਿਊਜ਼ ਅਦਾਰੇ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ - ਸੰਪਾਦਕ
ਵਰਲਡ ਪੰਜਾਬੀ ਨਿਊਜ਼ ਵਿਚ ਪ੍ਰਕਾਸ਼ਿਤ ਹੋਣ ਵਾਲੇ ਵਿਗਿਆਪਨਾਂ ਦੀ ਜਾਂਚ-ਪਰਖ ਪਾਠਕ ਆਪਣੇ ਪੱਧਰ 'ਤੇ ਕਰਨ। ਵਰਲਡ ਪੰਜਾਬੀ ਨਿਊਜ਼ ਅਦਾਰਾ ਇਹਨਾਂ ਪ੍ਰਤੀ ਕਿਸੇ ਵੀ ਤਰਾਂ ਨਾਲ ਜ਼ਿੰਮੇਵਾਰ ਨਹੀਂ ਹੋਵੇਗਾ - ਸੰਪਾਦਕ

# ਭਾਰਤ ਨੂੰ ਲੈ ਕੇ ਡੋਨਾਲਡ ਟਰੰਪ ਤੇ ਐਲਨ ਮਸਕ ਦੇ ਰਾਹ ਵੱਖ-ਵੱਖ!

## ਅਮਰੀਕੀ ਰਾਸ਼ਟਰਪਤੀ ਬੋਲੇ: “ਅਮਰੀਕਾ ਨਾਲ ਬੇਇਨਸਾਫ਼ੀ ਨਹੀਂ ਕਰੇਗਾ ਮਸਕ”



ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸਰਕਾਰੀ ਕੁਸ਼ਲਤਾ ਵਿਭਾਗ ਦੀ ਬੱਚਤ ਦਾ ਕੁਝ ਹਿੱਸਾ ਅਮਰੀਕੀਆਂ ਨੂੰ ਦੇਣ ਦੇ ਸੁਝਾਅ ਦਾ ਸਮਰਥਨ ਕੀਤਾ ਹੈ। ਉਸ ਨੇ ਬੁੱਧਵਾਰ ਨੂੰ ਕਿਹਾ ਕਿ ਉਸ ਨੂੰ ਐਲਨ ਮਸਕ ਦੀ ਅਗਵਾਈ ਵਾਲੇ ਸਰਕਾਰੀ ਕੁਸ਼ਲਤਾ ਵਿਭਾਗ ਦਾ ਕੁਝ ਬੱਚਤ ਅਮਰੀਕੀਆਂ ਨੂੰ ਦੇਣ ਦਾ ਵਿਚਾਰ ਪਸੰਦ ਹੈ।

ਜ਼ਿਕਰਯੋਗ ਹੈ ਕਿ ਟਰੰਪ ਨੇ ਸਰਕਾਰੀ ਖਰਚਿਆਂ ਨੂੰ ਘਟਾਉਣ ਅਤੇ ਸਰਕਾਰ ਦੀਆਂ ਤਰਜੀਹਾਂ ਨੂੰ ਦੁਬਾਰਾ ਨਿਰਧਾਰਤ ਕਰਨ ਲਈ ਇਸ ਵਿਭਾਗ ਦਾ ਗਠਨ ਕੀਤਾ ਹੈ ਅਤੇ ਇਸਦੀ ਜ਼ਿੰਮੇਵਾਰੀ ਅਰਬਪਤੀ ਮਸਕ ਨੂੰ ਸੌਂਪ ਦਿੱਤੀ ਹੈ। ਟਰੰਪ ਨੇ ਮਿਆਮੀ ਵਿੱਚ ਇੱਕ ਨਿਵੇਸ਼ ਕਾਨਫਰੰਸ ਵਿੱਚ ਕਿਹਾ ਕਿ ਉਨ੍ਹਾਂ ਦਾ ਪ੍ਰਸ਼ਾਸਨ ਇੱਕ ਅਜਿਹੇ ਵਿਚਾਰ 'ਤੇ ਕੰਮ ਕਰ ਰਿਹਾ ਹੈ ਜੋ ਵਿਦੇਸ਼ ਵਿਭਾਗ ਦੇ ਲਾਗਤ ਘਟਾਉਣ ਦੇ ਯਤਨਾਂ ਤੋਂ ਹੋਣ ਵਾਲੀ ਬੱਚਤ ਦਾ 20 ਪ੍ਰਤੀਸ਼ਤ ਅਮਰੀਕੀ ਨਾਗਰਿਕਾਂ ਨੂੰ ਦੇਣ ਦਾ ਸੁਝਾਅ ਦਿੰਦਾ ਹੈ। ਬੱਚਤ ਦਾ 20 ਪ੍ਰਤੀਸ਼ਤ ਰਾਸ਼ਟਰੀ ਕਰਜ਼ੇ ਦੀ ਅਦਾਇਗੀ 'ਤੇ ਖ਼ਰਚ ਕਰਨ ਦਾ ਸੁਝਾਅ ਵੀ ਹੈ।

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਿਹਾ ਕਿ ਲਾਭਅੰਸ਼ ਭੁਗਤਾਨ ਲੋਕਾਂ ਨੂੰ ਫਜ਼ੂਲ ਖਰਚਿਆਂ ਦੀ ਰਿਪੋਰਟ ਕਰਨ ਲਈ ਉਤਸ਼ਾਹਿਤ ਕਰਨਗੇ। ਉਹ ਸਾਡੀ ਲਾਗਤ ਘਟਾਉਣ ਦੀ ਪ੍ਰਕਿਰਿਆ ਵਿੱਚ ਸ਼ਾਮਲ ਹੋਣਗੇ। ਇਸ ਦੌਰਾਨ, ਵ੍ਹਾਈਟ ਹਾਊਸ ਨੇ ਕਿਹਾ ਕਿ ਰਾਸ਼ਟਰਪਤੀ ਟਰੰਪ ਨੇ ਦੇਸ਼ ਵਿੱਚ ਗੈਰ-ਕਾਨੂੰਨੀ ਢੰਗ ਨਾਲ ਦਾਖਲ ਹੋਣ ਵਾਲੇ ਲੋਕਾਂ ਨੂੰ ਮਿਲਣ ਵਾਲੇ ਸੰਘੀ ਲਾਭਾਂ ਨੂੰ ਖਤਮ ਕਰਨ ਵਾਲੇ ਆਦੇਸ਼ 'ਤੇ ਦਸਤਖ਼ਤ ਕੀਤੇ ਹਨ। ਇਹ ਗੈਰ-ਕਾਨੂੰਨੀ ਇਮੀਗ੍ਰੇਸ਼ਨ ਨੂੰ ਰੋਕਣ ਵੱਲ ਇੱਕ ਨਵਾਂ ਕਦਮ ਹੈ।

ਟਰੰਪ ਨੇ ਕਿਹਾ ਕਿ ਜੇਕਰ ਐਲੋਨ ਮਸਕ ਦੀ ਟੈਸਲਾ ਕੰਪਨੀ ਭਾਰਤੀ ਟੈਰਿਫ ਤੋਂ ਬਚਣ ਲਈ ਭਾਰਤ ਵਿੱਚ ਇੱਕ ਫੈਕਟਰੀ ਬਣਾਉਂਦੀ ਹੈ, ਤਾਂ ਇਹ ਅਮਰੀਕਾ ਨਾਲ ਬੇਇਨਸਾਫ਼ੀ ਹੋਵੇਗੀ। ਮਸਕ ਲਈ ਭਾਰਤ ਵਿੱਚ ਕਾਰ ਵੇਚਣਾ ਅਸੰਭਵ ਹੈ। ਟਰੰਪ ਦੀਆਂ ਇਹ ਟਿੱਪਣੀਆਂ ਟੈਰਿਫਾਂ ਵਿੱਚ ਕਾਫ਼ੀ ਵਾਧਾ ਕਰਨ ਬਾਰੇ ਉਨ੍ਹਾਂ ਦੇ ਬਿਆਨਾਂ ਵਿਚਕਾਰ ਆਈਆਂ ਹਨ। ਉਨ੍ਹਾਂ ਨੇ ਫੌਕਸ ਨਿਊਜ਼ ਨੂੰ ਦਿੱਤੇ ਇੱਕ ਇੰਟਰਵਿਊ ਵਿੱਚ ਦੱਸਿਆ ਕਿ ਉਨ੍ਹਾਂ ਨੇ ਪ੍ਰਧਾਨ ਮੰਤਰੀ ਮੋਦੀ ਨਾਲ ਮੁਲਾਕਾਤ ਵਿੱਚ ਕਿਹਾ ਸੀ ਕਿ ਭਾਰਤ ਦੁਨੀਆ ਵਿੱਚ ਸਭ ਤੋਂ ਵੱਧ ਟੈਰਿਫ ਵਸੂਲਦਾ ਹੈ।

ਡੋਨਾਲਡ ਟਰੰਪ ਨੇ ਅਮਰੀਕੀ ਰਾਸ਼ਟਰਪਤੀ ਦੁਆਰਾ ਵਰਤੋਂ ਲਈ ਦੋ 'ਏਅਰ ਫੋਰਸ ਵਨ' ਜਹਾਜ਼ਾਂ ਦੇ ਉਤਪਾਦਨ ਵਿੱਚ ਦੇਰੀ 'ਤੇ ਬੋਇੰਗ ਪ੍ਰਤੀ ਨਾਰਾਜ਼ਗੀ ਜ਼ਾਹਰ ਕੀਤੀ ਹੈ। ਉਸਨੇ ਬੁੱਧਵਾਰ ਨੂੰ ਕਿਹਾ ਕਿ ਉਹ ਯਾਤਰਾ ਲਈ ਵਰਤੇ ਹੋਏ ਬੋਇੰਗ ਜਹਾਜ਼ ਖਰੀਦਣ ਬਾਰੇ ਵਿਚਾਰ ਕਰ ਰਿਹਾ ਸੀ, ਸੰਭਵ ਤੌਰ 'ਤੇ ਕਿਸੇ ਵਿਦੇਸ਼ੀ ਵਿਕਰੇਤਾ ਤੋਂ। ਟਰੰਪ ਨੇ ਇਹ ਗੱਲ ਪੱਤਰਕਾਰਾਂ ਨੂੰ ਦੋ ਬੋਇੰਗ 747-200 ਜਹਾਜ਼ਾਂ ਵਿੱਚੋਂ ਇੱਕ 'ਤੇ ਸਵਾਰ ਹੁੰਦੇ ਹੋਏ ਕਹੀ, ਜੋ ਕਿ ਇਸ ਸਮੇਂ ਵਰਤੋਂ ਵਿੱਚ ਹਨ, ਜੋ ਕਿ ਲਗਭਗ 35 ਸਾਲ ਪੁਰਾਣੇ ਹਨ।

ਡੋਨਾਲਡ ਟਰੰਪ ਵੱਲੋਂ ਵਿਦੇਸ਼ੀ ਸਹਾਇਤਾ 'ਤੇ ਪਾਬੰਦੀਆਂ ਅਮਰੀਕਾ ਦੇ ਸਭ ਤੋਂ ਵੱਡੇ ਵਿਰੋਧੀ ਚੀਨ ਨੂੰ ਆਪਣਾ ਵਿਸ਼ਵਵਿਆਪੀ ਪ੍ਰਭਾਵ ਵਧਾਉਣ ਦਾ ਮੌਕਾ ਪ੍ਰਦਾਨ ਕਰ ਸਕਦੀਆਂ ਹਨ। ਸਰਕਾਰੀ ਖਰਚਿਆਂ ਵਿੱਚ ਕਟੌਤੀ ਕਰਨ ਦੀ ਮੁਹਿੰਮ ਦੇ ਹਿੱਸੇ ਵਜੋਂ, USAID ਏਜੰਸੀ ਨੂੰ ਬੰਦ ਕੀਤਾ ਜਾ ਰਿਹਾ ਹੈ ਅਤੇ ਵਿਦੇਸ਼ੀ ਸਹਾਇਤਾ ਨੂੰ ਰੋਕਿਆ ਜਾ ਰਿਹਾ ਹੈ। ਹਾਲਾਂਕਿ, ਅਮਰੀਕਾ ਦੇ ਰਾਸ਼ਟਰੀ ਸੁਰੱਖਿਆ ਸਲਾਹਕਾਰ ਮਾਈਕ ਵਾਲਟਜ਼ ਨੇ ਇਸ ਡਰ ਨੂੰ ਰੱਦ ਕਰ ਦਿੱਤਾ ਹੈ।

ਅਮਰੀਕੀ ਰਾਸ਼ਟਰਪਤੀ ਟਰੰਪ ਅਤੇ ਯੂਕਰੇਨ ਦੇ ਰਾਸ਼ਟਰਪਤੀ ਵਲੋਦੋਮੀਰ ਜ਼ੇਲੈਂਸਕੀ ਵਿਚਕਾਰ ਸ਼ਬਦੀ ਜੰਗ ਤੇਜ਼ ਹੋ ਗਈ ਹੈ। ਟਰੰਪ ਨੇ ਚਿਤਾਵਨੀ ਦਿੱਤੀ ਹੈ ਕਿ ਰੂਸ ਨਾਲ ਤਿੰਨ ਸਾਲ ਤੋਂ ਚੱਲ ਰਹੀ ਯੂਕਰੇਨ ਜੰਗ ਨੂੰ ਖ਼ਤਮ ਕਰਨ ਲਈ ਸਮਝੌਤਾ ਜ਼ੇਲੈਂਸਕੀ ਤੋਂ ਬਿਨਾਂ ਵੀ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਯੂਕਰੇਨ ਯੁੱਧ ਨੂੰ ਖ਼ਤਮ ਕਰਨ ਲਈ ਰੂਸ ਨਾਲ ਗੱਲਬਾਤ ਚੱਲ ਰਹੀ ਹੈ ਅਤੇ ਇਹ ਕੰਮ ਸਿਰਫ਼ ਉਨ੍ਹਾਂ ਦਾ ਪ੍ਰਸ਼ਾਸਨ ਹੀ ਕਰ ਸਕਦਾ ਹੈ। ਜ਼ੇਲੈਂਸਕੀ ਨੇ ਕਿਹਾ ਹੈ ਕਿ ਗੱਲਬਾਤ ਰਾਹੀਂ ਹੋਇਆ ਕੋਈ ਵੀ ਸਮਝੌਤਾ ਜਿਸ ਵਿੱਚ ਉਨ੍ਹਾਂ ਦਾ ਦੇਸ਼ ਸ਼ਾਮਲ ਨਹੀਂ ਹੈ, ਸਵੀਕਾਰ ਨਹੀਂ ਕੀਤਾ ਜਾਵੇਗਾ

# ਡੋਨਾਲਡ ਟਰੰਪ ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ ਨੂੰ ਅਹੁਦੇ ਤੋਂ ਕਿਉਂ ਹਟਾਉਣਾ ਚਾਹੁੰਦੇ ਹਨ, ਜੰਗਬੰਦੀ ਜਾਂ ਖਣਿਜ ਭੰਡਾਰ - ਕੀ ਕਾਰਨ



ਵਾਸ਼ਿੰਗਟਨ : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਹੈਰਾਨ ਕਰਨ ਵਾਲੇ ਫੈਸਲਿਆਂ ਅਤੇ ਬਿਆਨਾਂ ਦਾ ਸਿਲਸਿਲਾ ਇੱਕ ਤੋਂ ਬਾਅਦ ਇੱਕ ਜਾਰੀ ਹੈ। ਟਰੰਪ ਨੇ ਹੁਣ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨਾਲ ਗੱਲਬਾਤ ਸ਼ੁਰੂ ਕਰ ਦਿੱਤੀ ਹੈ, ਜਿਸ ਨਾਲ ਯੂਕਰੇਨ ਦੇ ਲੋਕਾਂ ਦਾ ਗੁੱਸਾ ਭੜਕ ਗਿਆ ਹੈ। ਦਰਅਸਲ, ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ ਅਮਰੀਕਾ ਦੀ ਇੱਛਾ ਅਨੁਸਾਰ ਕੰਮ ਨਹੀਂ ਕਰ ਰਹੇ ਹਨ, ਇਸ ਲਈ ਟਰੰਪ ਜ਼ੇਲੇਂਸਕੀ ਨੂੰ ਹਟਾ ਕੇ ਉਨ੍ਹਾਂ ਦੀ ਜਗ੍ਹਾ ਕਿਸੇ ਹੋਰ ਨੂੰ ਰਾਸ਼ਟਰਪਤੀ ਨਿਯੁਕਤ ਕਰਨਾ ਚਾਹੁੰਦੇ ਹਨ।

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਚਾਹੁੰਦੇ ਹਨ ਕਿ ਯੂਕਰੇਨ ਰੂਸ ਨਾਲ ਯੁੱਧ ਖਤਮ ਕਰਨ ਲਈ ਇੱਕ ਸਮਝੌਤਾ ਕਰੇ, ਪਰ ਯੂਕਰੇਨ ਦੇ ਰਾਸ਼ਟਰਪਤੀ ਜ਼ੇਲੇਂਸਕੀ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਉਹ ਸੁਰੱਖਿਆ ਗਾਰੰਟੀ ਤੋਂ ਬਿਨਾਂ ਰੂਸ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਹੀਂ ਕਰਨਗੇ।

ਇਸੇ ਲਈ ਟਰੰਪ ਜ਼ੇਲੇਂਸਕੀ ਨੂੰ ਹਟਾ ਕੇ ਯੂਕਰੇਨ ਦੇ ਰਾਸ਼ਟਰਪਤੀ ਵਜੋਂ ਇੱਕ ਨਵੇਂ ਨੇਤਾ ਨੂੰ ਨਿਯੁਕਤ ਕਰਨਾ ਚਾਹੁੰਦੇ ਹਨ, ਜੋ ਬਿਨਾਂ ਕਿਸੇ ਸ਼ਰਤ ਦੇ ਉਨ੍ਹਾਂ ਦੀਆਂ ਮੰਗਾਂ ਨੂੰ ਮੰਨੇ ਅਤੇ ਜੰਗਬੰਦੀ ਦਾ ਐਲਾਨ ਕਰੇ। ਕਿਹਾ ਜਾ ਰਿਹਾ ਹੈ ਕਿ ਟਰੰਪ ਦੀ ਟੀਮ ਨੇ ਜ਼ੇਲੇਂਸਕੀ ਨੂੰ ਸੱਤਾ ਤੋਂ ਹਟਾਉਣ ਦੇ ਮਿਸ਼ਨ 'ਤੇ ਵੀ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ।

ਦਰਅਸਲ, ਜਦੋਂ ਟਰੰਪ ਨੂੰ ਲੱਗਣ ਲੱਗਾ ਕਿ ਜ਼ੇਲੇਂਸਕੀ ਉਨ੍ਹਾਂ ਦੀ ਗੱਲ ਨਹੀਂ ਸੁਣ ਰਿਹਾ, ਤਾਂ ਉਨ੍ਹਾਂ ਨੇ ਜ਼ੇਲੇਂਸਕੀ ਨੂੰ ਇੱਕ ਔਸਤ ਕਾਮੇਡੀਅਨ ਅਤੇ ਚੋਣਾਂ ਤੋਂ ਬਿਨਾਂ 'ਤਾਨਾਸ਼ਾਹ' ਕਹਿ ਕੇ ਇੱਕ ਨਵਾਂ ਵਿਵਾਦ ਖੜ੍ਹਾ ਕਰ ਦਿੱਤਾ। ਦੂਜੇ ਪਾਸੇ, ਉਸਨੇ ਰੂਸ ਪ੍ਰਤੀ ਨਰਮੀ ਨਾਲ ਪੇਸ਼ ਆਉਣਾ ਸ਼ੁਰੂ ਕਰ ਦਿੱਤਾ। ਉਸੇ ਸਮੇਂ, ਟਰੰਪ ਦੀ ਪੁਤਿਨ ਨਾਲ ਗੱਲਬਾਤ ਨੇ ਯੂਕਰੇਨ ਨੂੰ ਹੈਰਾਨ ਕਰ ਦਿੱਤਾ।

ਇਸ 'ਤੇ ਸਖ਼ਤ ਪ੍ਰਤੀਕਿਰਿਆ ਦਿੰਦੇ ਹੋਏ, ਜ਼ੇਲੇਂਸਕੀ ਨੇ ਸਾਊਦੀ ਅਰਬ ਵਿੱਚ ਹੋਣ ਵਾਲੀ ਮੀਟਿੰਗ ਵਿੱਚ ਸ਼ਾਮਲ ਹੋਣ ਤੋਂ ਸਪੱਸ਼ਟ ਤੌਰ 'ਤੇ ਇਨਕਾਰ ਕਰ ਦਿੱਤਾ। ਤੁਹਾਨੂੰ ਦੱਸ ਦੇਈਏ ਕਿ ਇਸ ਮੀਟਿੰਗ ਵਿੱਚ ਯੂਕਰੇਨ ਨੂੰ ਸੱਦਾ ਨਹੀਂ ਦਿੱਤਾ ਗਿਆ ਸੀ।

# 'ਸੀਟ ਟੁੱਟੀ ਤੇ ਅੰਦਰ ਧੱਸੀ ਹੋਈ ਸੀ, ਬੈਠਣਾ ਵੀ ਦੁਖਦਾਈ ਸੀ'

## ਸ਼ਿਵਰਾਜ ਸਿੰਘ ਚੌਹਾਨ ਦੀ ਪੋਸਟ ਤੋਂ ਬਾਅਦ ਏਅਰ ਇੰਡੀਆ ਨੇ ਮੰਗੀ ਮਾਫੀ




ਨਵੀਂ ਦਿੱਲੀ: ਮੱਧ ਪ੍ਰਦੇਸ਼ ਦੇ ਸਾਬਕਾ ਮੁੱਖ ਮੰਤਰੀ ਅਤੇ ਮੌਜੂਦਾ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਏਅਰ ਇੰਡੀਆ ਦੀ ਉਡਾਣ ਦਾ ਆਪਣਾ ਅਨੁਭਵ ਸਾਂਝਾ ਕਰਦੇ ਹੋਏ ਸੇਵਾਵਾਂ 'ਤੇ ਸਵਾਲ ਖੜ੍ਹੇ ਕੀਤੇ ਹਨ। ਸ਼ਿਵਰਾਜ ਸਿੰਘ ਚੌਹਾਨ ਨੇ ਭੋਪਾਲ ਤੋਂ ਨਵੀਂ ਦਿੱਲੀ ਲਈ ਫਲਾਈਟ ਲਈ ਸੀ, ਪਰ ਉਨ੍ਹਾਂ ਨੂੰ ਅਲਾਟ ਕੀਤੀ ਸੀਟ 'ਤੇ ਬੈਠਣਾ ਬਹੁਤ ਦਰਦਨਾਕ ਸੀ। ਮੰਤਰੀ ਦੀ ਐਕਸ ਪੋਸਟ ਸਾਹਮਣੇ ਆਉਣ ਤੋਂ ਬਾਅਦ ਏਅਰ ਇੰਡੀਆ ਨੇ ਮਾਫੀ ਮੰਗੀ ਹੈ।

ਕੇਂਦਰੀ ਮੰਤਰੀ ਨੇ ਐਕਸ 'ਤੇ ਲਿਖਿਆ- 'ਅੱਜ ਮੈਂ ਭੋਪਾਲ ਤੋਂ ਦਿੱਲੀ ਆਉਣਾ ਸੀ, ਪੂਸਾ 'ਚ ਕਿਸਾਨ ਮੇਲੇ ਦਾ ਉਦਘਾਟਨ ਕਰਨਾ ਸੀ, ਕੁਰੂਕਸ਼ੇਤਰ 'ਚ ਕੁਦਰਤੀ ਖੇਤੀ ਮਿਸ਼ਨ ਦੀ ਬੈਠਕ ਸੀ ਅਤੇ ਚੰਡੀਗੜ੍ਹ 'ਚ ਕਿਸਾਨ ਸੰਗਠਨ ਦੇ ਮਾਣਯੋਗ ਨੁਮਾਇੰਦਿਆਂ ਨਾਲ ਗੱਲਬਾਤ ਕਰਨੀ ਸੀ।'

'ਮੈਂ ਏਅਰ ਇੰਡੀਆ ਦੀ ਫਲਾਈਟ ਨੰਬਰ AI436 'ਚ ਟਿਕਟ ਬੁੱਕ ਕੀਤੀ ਸੀ, ਮੈਨੂੰ ਸੀਟ ਨੰਬਰ 8C ਅਲਾਟ ਕੀਤਾ ਗਿਆ ਸੀ। ਮੈਂ ਜਾ ਕੇ ਸੀਟ 'ਤੇ ਬੈਠ ਗਿਆ, ਸੀਟ ਟੁੱਟੀ ਹੋਈ ਸੀ ਅਤੇ ਅੰਦਰ ਧੱਸੀ ਹੋਈ ਸੀ। ਬੈਠਣਾ ਦੁਖਦਾਈ ਸੀ।

ਜਦੋਂ ਮੈਂ ਫਲਾਈਟ ਅਟੈਂਡੈਂਟ ਨੂੰ ਪੁੱਛਿਆ ਕਿ ਇਹ ਸੀਟ ਖ਼ਰਾਬ ਸੀ ਤਾਂ ਇਸ ਨੂੰ ਅਲਾਟ ਕਿਉਂ ਕੀਤਾ ਗਿਆ? ਉਨ੍ਹਾਂ ਦੱਸਿਆ ਕਿ ਪ੍ਰਬੰਧਕਾਂ ਨੂੰ ਪਹਿਲਾਂ ਸੂਚਿਤ ਕੀਤਾ ਗਿਆ ਸੀ ਕਿ ਇਹ ਸੀਟ ਠੀਕ ਨਹੀਂ ਹੈ ਅਤੇ ਇਸ ਦੀ ਟਿਕਟ ਨਾ ਵੇਚੀ ਜਾਵੇ। ਇੱਥੇ ਸਿਰਫ਼ ਇੱਕ ਨਹੀਂ ਬਲਕਿ ਹੋਰ ਵੀ ਅਜਿਹੀਆਂ ਸੀਟਾਂ ਹਨ। 'ਸਹਿ-ਯਾਤਰੀਆਂ ਨੇ ਮੈਨੂੰ ਆਪਣੀ ਸੀਟ ਬਦਲ ਕੇ ਚੰਗੀ ਸੀਟ 'ਤੇ ਬੈਠਣ ਲਈ ਬਹੁਤ ਬੇਨਤੀ ਕੀਤੀ, ਪਰ ਮੈਂ ਆਪਣੇ ਲਈ ਕਿਸੇ ਹੋਰ ਦੋਸਤ ਨੂੰ ਤਕਲੀਫ਼ ਕਿਉਂ ਦੇਵਾਂ, ਮੈਂ ਫੈਸਲਾ ਕੀਤਾ ਕਿ ਮੈਂ ਇਸ ਸੀਟ 'ਤੇ ਬੈਠ ਕੇ ਆਪਣੀ ਯਾਤਰਾ ਪੂਰੀ ਕਰਾਂਗਾ ।' ਮੇਰਾ ਅੰਦਾਜ਼ਾ ਸੀ ਕਿ ਟਾਟਾ ਮੈਨੇਜਮੈਂਟ ਦੇ ਸੱਤਾ ਸੰਭਾਲਣ ਤੋਂ ਬਾਅਦ ਏਅਰ ਇੰਡੀਆ ਦੀ ਸੇਵਾ ਵਿੱਚ ਸੁਧਾਰ ਹੋਇਆ ਹੋਵੇਗਾ, ਪਰ ਇਹ ਮੇਰਾ ਭਰਮ ਨਿਕਲਿਆ।

ਮੈਨੂੰ ਬੈਠਣ ਦੀ ਅਸੁਵਿਧਾ ਦੀ ਕੋਈ ਚਿੰਤਾ ਨਹੀਂ ਹੈ, ਪਰ ਯਾਤਰੀਆਂ ਤੋਂ ਪੂਰੀ ਰਕਮ ਵਸੂਲਣ ਤੋਂ ਬਾਅਦ ਉਨ੍ਹਾਂ ਨੂੰ ਖਰਾਬ ਅਤੇ ਦਰਦਨਾਕ ਸੀਟਾਂ 'ਤੇ ਬਿਠਾਉਣਾ ਅਨੈਤਿਕ ਹੈ। ਕੀ ਇਹ ਯਾਤਰੀਆਂ ਨਾਲ ਧੋਖਾ ਨਹੀਂ ਹੈ?

'ਕੀ ਏਅਰ ਇੰਡੀਆ ਪ੍ਰਬੰਧਨ ਇਹ ਯਕੀਨੀ ਬਣਾਉਣ ਲਈ ਕਦਮ ਚੁੱਕੇਗਾ ਕਿ ਭਵਿੱਖ ਵਿੱਚ ਕਿਸੇ ਵੀ ਯਾਤਰੀ ਨੂੰ ਇਸ ਤਰ੍ਹਾਂ ਦੀਆਂ ਸਮੱਸਿਆਵਾਂ ਦਾ ਸਾਹਮਣਾ ਨਾ ਕਰਨਾ ਪਵੇ ਜਾਂ ਇਹ ਮੁਸਾਫਰਾਂ ਦੀ ਜਲਦੀ ਪਹੁੰਚਣ ਦੀ ਮਜਬੂਰੀ ਦਾ ਫਾਇਦਾ ਉਠਾਉਣਾ ਜਾਰੀ ਰਹੇਗਾ

# ਜੈਸ਼ੰਕਰ ਨੇ ਚੀਨੀ ਵਿਦੇਸ਼ ਮੰਤਰੀ ਵਾਂਗ ਯੀ ਨਾਲ ਕੀਤੀ ਮੁਲਾਕਾਤ

ਐਸ ਜੈਸ਼ੰਕਰ ਨੇ ਚੀਨੀ ਵਿਦੇਸ਼ ਮੰਤਰੀ ਵਾਂਗ ਯੀ ਨਾਲ ਕੀਤੀ ਮੁਲਾਕਾਤ, ਮਾਨਸਰੋਵਰ ਯਾਤਰਾ 'ਤੇ ਚਰਚਾ ਕੀਤੀ

ਨਵੀਂ ਦਿੱਲੀ : ਵਿਦੇਸ਼ ਮੰਤਰੀ ਐਸ ਜੈਸ਼ੰਕਰ ਇਸ ਸਮੇਂ ਦੱਖਣੀ ਅਫਰੀਕਾ ਦੇ ਦੌਰੇ 'ਤੇ ਹਨ। ਉਹ ਦੱਖਣੀ ਅਫ਼ਰੀਕਾ ਦੀ ਰਾਜਧਾਨੀ ਜੋਹਾਨਸਬਰਗ ਵਿੱਚ ਚੱਲ ਰਹੀ ਜੀ-20 ਮੀਟਿੰਗ ਦੌਰਾਨ ਆਪਣੇ ਚੀਨੀ ਹਮਰੁਤਬਾ ਵਾਂਗ ਯੀ ਨਾਲ ਮਿਲੇ। ਦੋਵਾਂ ਆਗੂਆਂ ਵਿਚਕਾਰ ਸਿੱਧੀਆਂ ਉਡਾਣਾਂ ਅਤੇ ਕੈਲਾਸ਼ ਮਾਨਸਰੋਵਰ ਯਾਤਰਾ ਬਾਰੇ ਇੱਕ ਫਲਦਾਇਕ ਚਰਚਾ ਹੋਈ।

ਵਿਦੇਸ਼ ਮੰਤਰੀ ਐਸ ਜੈਸ਼ੰਕਰ ਨੇ ਖੁਦ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਇਸ ਮੁਲਾਕਾਤ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਇੱਕ ਪੋਸਟ ਵਿੱਚ ਲਿਖਿਆ ਕਿ ਉਨ੍ਹਾਂ ਨੂੰ ਅੱਜ ਸਵੇਰੇ ਜੋਹਾਨਸਬਰਗ ਵਿੱਚ ਜੀ-20 ਵਿਦੇਸ਼ ਮੰਤਰੀਆਂ ਦੀ ਮੀਟਿੰਗ ਤੋਂ ਸੀਪੀਸੀ ਪੋਲਿਟ ਬਿਊਰੋ ਮੈਂਬਰ ਅਤੇ ਚੀਨੀ ਵਿਦੇਸ਼ ਮੰਤਰੀ ਵਾਂਗ ਯੀ ਨੂੰ ਮਿਲਣ ਦਾ ਮੌਕਾ ਮਿਲਿਆ।

ਨਵੀਂ ਦਿੱਲੀ ਵਿੱਚ ਹਫਤਾਵਾਰੀ ਮੀਡੀਆ ਬ੍ਰੀਫਿੰਗ ਨੂੰ ਸੰਬੋਧਨ ਕਰਦਿਆਂ, ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ ਦੋਵਾਂ ਮੰਤਰੀਆਂ ਨੇ ਨਵੰਬਰ ਵਿੱਚ ਆਪਣੀ ਆਖਰੀ ਮੁਲਾਕਾਤ ਤੋਂ ਬਾਅਦ ਦੁਵੱਲੇ ਸਬੰਧਾਂ ਵਿੱਚ ਹੋਏ ਵਿਕਾਸ ਦੀ ਸਮੀਖਿਆ ਕੀਤੀ। ਉਨ੍ਹਾਂ ਕਿਹਾ ਕਿ ਇਸ ਸਮੇਂ ਦੌਰਾਨ ਦੋਵਾਂ ਮੰਤਰੀਆਂ ਨੇ ਖਾਸ ਕਰਕੇ ਸਰਹੱਦੀ ਖੇਤਰਾਂ ਵਿੱਚ ਸ਼ਾਂਤੀ ਅਤੇ ਸਦਭਾਵਨਾ ਦੇ ਪ੍ਰਬੰਧਨ ਬਾਰੇ ਵੀ ਗੱਲ ਕੀਤੀ।

ਇੱਕ ਪ੍ਰੈਸ ਬ੍ਰੀਫਿੰਗ ਦੌਰਾਨ, ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਮੀਟਿੰਗ ਦੌਰਾਨ ਸਰਹੱਦੀ ਖੇਤਰਾਂ ਵਿੱਚ ਸ਼ਾਂਤੀ ਅਤੇ ਸ਼ਾਂਤੀ ਦੇ ਪ੍ਰਬੰਧਨ, ਕੈਲਾਸ਼ ਮਾਨਸਰੋਵਰ ਯਾਤਰਾ, ਸਿੱਧੀ ਉਡਾਣ ਸੰਪਰਕ ਦੀ ਬਹਾਲੀ ਅਤੇ ਯਾਤਰਾ ਸਹੂਲਤ ਬਾਰੇ ਚਰਚਾ ਕੀਤੀ ਗਈ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਨੇ ਕਿਹਾ ਕਿ ਜੀ-20 ਅਤੇ ਸ਼ੰਘਾਈ ਸਹਿਯੋਗ ਸੰਗਠਨ 'ਤੇ ਵੀ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ ਗਿਆ।

ਤੁਹਾਨੂੰ ਦੱਸ ਦੇਈਏ ਕਿ ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਇਸ ਸਾਲ 26-27 ਜਨਵਰੀ ਨੂੰ ਭਾਰਤ ਅਤੇ ਚੀਨ ਵਿਚਕਾਰ ਵਿਦੇਸ਼ ਸਕੱਤਰ-ਉਪ ਵਿਦੇਸ਼ ਮੰਤਰੀ ਵਿਧੀ ਦੀ ਮੀਟਿੰਗ ਲਈ ਬੀਜਿੰਗ ਦਾ ਦੌਰਾ ਕੀਤਾ ਸੀ। ਵਿਦੇਸ਼ ਮੰਤਰਾਲੇ ਵੱਲੋਂ ਜਾਰੀ ਇੱਕ ਬਿਆਨ ਵਿੱਚ ਕਿਹਾ ਗਿਆ ਹੈ ਕਿ ਅਕਤੂਬਰ ਵਿੱਚ ਕਜ਼ਾਨ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਰਾਸ਼ਟਰਪਤੀ ਸ਼ੀ ਜਿਨਪਿੰਗ ਵਿਚਕਾਰ ਹੋਈ ਮੀਟਿੰਗ ਵਿੱਚ ਸਹਿਮਤੀ ਅਨੁਸਾਰ, ਦੋਵਾਂ ਧਿਰਾਂ ਨੇ ਭਾਰਤ-ਚੀਨ ਦੁਵੱਲੇ ਸਬੰਧਾਂ ਦੀ ਸਥਿਤੀ ਦੀ ਵਿਆਪਕ ਸਮੀਖਿਆ ਕੀਤੀ ਅਤੇ ਸਬੰਧਾਂ ਨੂੰ ਸਥਿਰ ਕਰਨ ਅਤੇ ਮੁੜ ਨਿਰਮਾਣ ਲਈ ਕੁਝ ਲੋਕ-ਕੇਂਦ੍ਰਿਤ ਕਦਮ ਚੁੱਕਣ 'ਤੇ ਸਹਿਮਤੀ ਪ੍ਰਗਟਾਈ।

### ਮਾਨਸਰੋਵਰ ਯਾਤਰਾ ਫਿਰ ਤੋਂ ਸ਼ੁਰੂ ਹੋਵੇਗੀ

ਵਿਦੇਸ਼ ਮੰਤਰਾਲੇ ਨੇ ਕਿਹਾ ਸੀ ਕਿ ਦੋਵਾਂ ਧਿਰਾਂ ਨੇ 2025 ਦੀਆਂ ਗਰਮੀਆਂ ਵਿੱਚ ਕੈਲਾਸ਼ ਮਾਨਸਰੋਵਰ ਯਾਤਰਾ ਮੁੜ ਸ਼ੁਰੂ ਕਰਨ ਦਾ ਫੈਸਲਾ ਕੀਤਾ ਹੈ। ਸੰਬੰਧਿਤ ਵਿਧੀਆਂ ਮੌਜੂਦਾ ਸਮਝੌਤਿਆਂ ਦੇ ਅਨੁਸਾਰ ਅਜਿਹਾ ਕਰਨ ਦੇ ਰੂਪ-ਰੇਖਾਵਾਂ 'ਤੇ ਚਰਚਾ ਕਰਨਗੇ।

ਤੁਹਾਨੂੰ ਦੱਸ ਦੇਈਏ ਕਿ ਭਾਰਤ ਹਰ ਸਾਲ ਜੂਨ ਅਤੇ ਸਤੰਬਰ ਦੇ ਵਿਚਕਾਰ ਉੱਤਰਾਖੰਡ ਦੇ ਲਿਪੁਲੇਖ ਦੱਰੇ ਅਤੇ ਸਿੱਕਮ ਦੇ ਨਾਥੂ ਲਾ ਦੱਰੇ ਰਾਹੀਂ KMY ਦਾ ਆਯੋਜਨ ਕਰਦਾ ਹੈ।

2020 ਵਿੱਚ ਮਹਾਂਮਾਰੀ ਅਤੇ ਗਲਵਾਨ ਟਕਰਾਅ ਕਾਰਨ ਉਡਾਣਾਂ ਨੂੰ ਮੁਅੱਤਲ ਕਰਨ ਤੋਂ ਪਹਿਲਾਂ ਦੋਵਾਂ ਦੇਸ਼ਾਂ ਵਿਚਕਾਰ ਪ੍ਰਤੀ ਮਹੀਨਾ 539 ਸਿੱਧੀਆਂ ਉਡਾਣਾਂ ਸਨ। ਇਸ ਸਮੇਂ ਦੌਰਾਨ ਕੁੱਲ ਸੀਟਾਂ ਦੀ ਸਮਰੱਥਾ 1.25 ਲੱਖ ਤੋਂ ਵੱਧ ਸੀ।

# 'ਅੱਤਵਾਦ ਨੂੰ ਹਲਕੇ ਵਿੱਚ ਨਾ ਲਓ', ਜੈਸ਼ੰਕਰ ਬੰਗਲਾਦੇਸ਼ 'ਤੇ ਵਰ੍ਹੇ



ਨਵੀਂ ਦਿੱਲੀ : ਜਦੋਂ ਤੋਂ ਪ੍ਰੋਫੈਸਰ ਯੂਨਸ ਮੁਹੰਮਦ ਦੀ ਅਗਵਾਈ ਵਾਲੀ ਬੰਗਲਾਦੇਸ਼ ਦੀ ਅੰਤਰਿਮ ਸਰਕਾਰ ਸੱਤਾ ਵਿੱਚ ਆਈ ਹੈ, ਉਦੋਂ ਤੋਂ ਹੀ ਇਹ ਸਾਰਕ ਸੰਗਠਨ ਦੇ ਹੱਕ ਵਿੱਚ ਮਾਹੌਲ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਅਜਿਹੀ ਸਥਿਤੀ ਵਿੱਚ, ਭਾਰਤ ਨੇ ਬੰਗਲਾਦੇਸ਼ ਨੂੰ ਚੇਤਾਵਨੀ ਭਰੇ ਲਹਿਜੇ ਵਿੱਚ ਸਮਝਾਉਣ ਦੀ ਕੋਸ਼ਿਸ਼ ਕੀਤੀ ਹੈ ਕਿ ਉਸਨੂੰ ਅੱਤਵਾਦ ਵਰਗੇ ਮੁੱਦਿਆਂ ਨੂੰ ਹਲਕੇ ਵਿੱਚ ਨਹੀਂ ਲੈਣਾ ਚਾਹੀਦਾ।

ਇਹ ਗੱਲ ਵਿਦੇਸ਼ ਮੰਤਰੀ ਐਸ ਜੈਸ਼ੰਕਰ ਨੇ ਖੁਦ ਬੰਗਲਾਦੇਸ਼ ਸਰਕਾਰ ਵਿੱਚ ਵਿਦੇਸ਼ ਮਾਮਲਿਆਂ ਦੇ ਸਲਾਹਕਾਰ (ਵਿਦੇਸ਼ ਮੰਤਰੀ ਦੇ ਬਰਾਬਰ) ਤੌਹੀਦ ਹੁਸੈਨ ਨੂੰ ਕਹੀ। ਇਹ ਖੁਲਾਸਾ ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਸ਼ੁੱਕਰਵਾਰ ਨੂੰ ਕੀਤਾ।

ਇਸ ਦੇ ਨਾਲ ਹੀ, ਵਿਦੇਸ਼ ਮੰਤਰਾਲੇ ਨੇ ਅੰਤਰਿਮ ਸਰਕਾਰ ਦੇ ਕੁਝ ਸਲਾਹਕਾਰਾਂ ਵੱਲੋਂ ਭਾਰਤ ਦੇ ਹਿੱਤਾਂ ਵਿਰੁੱਧ ਦਿੱਤੇ ਜਾ ਰਹੇ ਲਗਾਤਾਰ ਬਿਆਨਾਂ ਦੇ ਮੁੱਦੇ 'ਤੇ ਨਾਰਾਜ਼ਗੀ ਪ੍ਰਗਟ ਕੀਤੀ ਹੈ ਅਤੇ ਕਿਹਾ ਹੈ ਕਿ ਇਸ ਨਾਲ ਦੁਵੱਲੇ ਸਬੰਧਾਂ ਨੂੰ ਸੁਧਾਰਨ ਦੀਆਂ ਕੋਸ਼ਿਸ਼ਾਂ ਨੂੰ ਨੁਕਸਾਨ ਪਹੁੰਚੇਗਾ।

ਜੈਸਵਾਲ ਨੇ ਕਿਹਾ, 'ਜਦੋਂ ਵਿਦੇਸ਼ ਮੰਤਰੀ ਜੈਸ਼ੰਕਰ ਨੇ ਮਸਕਟ (ਦੋਹਾ) ਵਿੱਚ ਬੰਗਲਾਦੇਸ਼ ਦੇ ਤੌਹੀਦ ਹੁਸੈਨ ਨਾਲ ਮੁਲਾਕਾਤ ਕੀਤੀ, ਤਾਂ ਬੰਗਲਾਦੇਸ਼ ਦਾ ਮੁੱਦਾ ਉਠਾਇਆ ਗਿਆ।' ਪਰ ਅਸੀਂ ਸਾਰੇ ਜਾਣਦੇ ਹਾਂ ਕਿ ਸਾਰਕ ਸੰਗਠਨ ਦੀ ਮੌਜੂਦਾ ਸਥਿਤੀ ਲਈ ਕਿਹੜਾ ਦੇਸ਼ ਅਤੇ ਕਿਸ ਤਰ੍ਹਾਂ ਦੀਆਂ ਗਤੀਵਿਧੀਆਂ ਜ਼ਿੰਮੇਵਾਰ ਹਨ। ਵਿਦੇਸ਼ ਮੰਤਰੀ ਜੈਸ਼ੰਕਰ ਨੇ ਸਪੱਸ਼ਟ ਕੀਤਾ ਕਿ ਬੰਗਲਾਦੇਸ਼ ਨੂੰ ਅੱਤਵਾਦ ਦੇ ਮੁੱਦੇ ਨੂੰ ਹਲਕੇ ਵਿੱਚ ਨਹੀਂ ਲੈਣਾ ਚਾਹੀਦਾ।

ਇਹ ਧਿਆਨ ਦੇਣ ਯੋਗ ਹੈ ਕਿ ਸਾਰਕ ਦੇਸ਼ਾਂ ਦੀ ਮੀਟਿੰਗ 2016 ਤੋਂ ਮੁਲਤਵੀ ਕੀਤੀ ਜਾ ਰਹੀ ਹੈ। ਫਿਰ, ਭਾਰਤ 'ਤੇ ਕਈ ਅੱਤਵਾਦੀ ਹਮਲਿਆਂ ਵਿੱਚ ਪਾਕਿਸਤਾਨ ਸਥਿਤ ਅੱਤਵਾਦੀ ਸੰਗਠਨਾਂ ਦੀ ਸ਼ਮੂਲੀਅਤ ਦਾ ਵਿਰੋਧ ਕਰਦੇ ਹੋਏ, ਨਾ ਸਿਰਫ਼ ਭਾਰਤ ਬਲਕਿ ਅਫਗਾਨਿਸਤਾਨ, ਬੰਗਲਾਦੇਸ਼ ਸਮੇਤ ਹੋਰ ਸਾਰਕ ਮੈਂਬਰਾਂ ਨੇ ਦਸੰਬਰ 2016 ਵਿੱਚ ਇਸਲਾਮਾਬਾਦ ਵਿੱਚ ਹੋਣ ਵਾਲੇ ਸਾਰਕ ਸੰਮੇਲਨ ਵਿੱਚ ਹਿੱਸਾ ਨਾ ਲੈਣ ਦਾ ਕੀਤਾ ਸੀ ਫੈਸਲਾ।

ਪ੍ਰੋਫੈਸਰ ਯੂਨਸ ਨੇ ਅਗਸਤ 2024 ਵਿੱਚ ਸੱਤਾ ਸੰਭਾਲਣ ਤੋਂ ਕੁਝ ਦਿਨ ਬਾਅਦ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ ਅਤੇ ਸਾਰਕ ਸੰਗਠਨ ਦੀ ਮੁੜ ਸ਼ੁਰੂਆਤ ਦਾ ਸਮਰਥਨ ਕੀਤਾ। ਇਸ ਤੋਂ ਬਾਅਦ ਜਦੋਂ ਦੋਵੇਂ ਨੇਤਾ ਮਿਲੇ ਤਾਂ ਸਾਰਕ 'ਤੇ ਵੀ ਚਰਚਾ ਹੋਈ। ਸਿਰਫ਼ ਸਾਰਕ ਦੇ ਮੁੱਦੇ 'ਤੇ ਹੀ ਨਹੀਂ, ਸਗੋਂ ਹੋਰ ਮੁੱਦਿਆਂ 'ਤੇ ਵੀ, ਬੰਗਲਾਦੇਸ਼ ਇਹ ਦਰਸਾਉਣ ਦੀ ਕੋਸ਼ਿਸ਼ ਕਰ ਰਿਹਾ ਹੈ ਕਿ ਉਹ ਪਾਕਿਸਤਾਨ ਦੇ ਨਾਲ ਹੈ। ਪਾਕਿਸਤਾਨ ਤੋਂ ਆਯਾਤ, ਜਿਨ੍ਹਾਂ 'ਤੇ ਸਾਬਕਾ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਦੇ ਕਾਰਜਕਾਲ ਦੌਰਾਨ ਅੰਦਰੂਨੀ ਸੁਰੱਖਿਆ ਦਾ ਹਵਾਲਾ ਦਿੰਦੇ ਹੋਏ ਪਾਬੰਦੀ ਲਗਾਈ ਗਈ ਸੀ, ਨੂੰ ਖੋਲ੍ਹ ਦਿੱਤਾ ਗਿਆ ਹੈ।

# 7 ਅੰਤਰਰਾਸ਼ਟਰੀ ਅਪਰਾਧਿਕ ਸੰਗਠਨਾਂ ਨੂੰ ਅੱਤਵਾਦੀ ਸੂਚੀ 'ਚ ਪਾਇਆ



ਓਟਾਵਾ। ਕੈਨੇਡਾ ਦੇ ਜਨਤਕ ਸੁਰੱਖਿਆ ਮੰਤਰੀ ਡੇਵਿਡ ਮੈਕਗਿੰਟੀ ਨੇ ਵੀਰਵਾਰ ਨੂੰ ਕਿਹਾ ਕਿ ਉਨ੍ਹਾਂ ਦੇ ਦੇਸ਼ ਨੇ ਸੱਤ ਅੰਤਰਰਾਸ਼ਟਰੀ ਅਪਰਾਧਿਕ ਸੰਗਠਨਾਂ ਨੂੰ ਅੱਤਵਾਦੀ ਸੰਸਥਾਵਾਂ ਦੀ ਸੂਚੀ ਵਿੱਚ ਸ਼ਾਮਲ ਕੀਤਾ ਹੈ। ਇਹ ਐਲਾਨ ਅਮਰੀਕਾ ਵੱਲੋਂ ਟ੍ਰੇਨ ਡੀ ਅਰਾਗੁਆ, ਸਿਨਾਲੋਆ ਕਾਰਟੈਲ ਅਤੇ ਹੋਰ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਸਮੂਹਾਂ ਨੂੰ ਗਲੋਬਲ ਅੱਤਵਾਦੀ ਸੰਗਠਨਾਂ ਵਜੋਂ ਨਾਮਜ਼ਦ ਕਰਨ ਤੋਂ ਇੱਕ ਦਿਨ ਬਾਅਦ ਆਇਆ ਹੈ।

**ਨਸ਼ੇ, ਮਨੁੱਖੀ ਅਤੇ ਬੰਦੂਕਾਂ ਦੀ ਤਸਕਰੀ ਵਿੱਚ ਸ਼ਾਮਲ**

ਡੇਵਿਡ ਮੈਕਗਿੰਟੀ ਨੇ ਓਟਾਵਾ ਵਿੱਚ ਪੱਤਰਕਾਰਾਂ ਨੂੰ ਦੱਸਿਆ ਕਿ ਸੂਚੀਬੱਧ ਸੰਸਥਾਵਾਂ ਸੰਗਠਿਤ ਅਪਰਾਧਿਕ ਸਮੂਹ ਹਨ। ਇਹ ਸੰਗਠਨ ਬਹੁਤ ਹੀ ਹਿੰਸਕ ਤਰੀਕਿਆਂ ਦੀ ਵਰਤੋਂ ਕਰਕੇ ਸਥਾਨਕ ਆਬਾਦੀ ਵਿੱਚ ਡਰ ਫੈਲਾਉਂਦੇ ਹਨ। ਉਹ ਨਸ਼ੀਲੇ ਪਦਾਰਥਾਂ ਦੀ ਤਸਕਰੀ, ਮਨੁੱਖੀ ਤਸਕਰੀ ਅਤੇ ਗੈਰ-ਕਾਨੂੰਨੀ ਬੰਦੂਕਾਂ ਦੀ ਤਸਕਰੀ ਲਈ ਜਾਣੇ ਜਾਂਦੇ ਹਨ।

**ਫੈਂਟਾਨਿਲ ਨੂੰ ਅਮਰੀਕਾ ਵਿੱਚ ਦਾਖਲ ਹੋਣ ਤੋਂ ਰੋਕਾਂਗੇ**

ਮੰਤਰੀ ਨੇ ਕਿਹਾ ਕਿ ਅਸੀਂ ਜੋ ਉਪਾਅ ਕਰ ਰਹੇ ਹਾਂ, ਉਹ ਫੈਂਟਾਨਿਲ (ਦਰਦ ਨਿਵਾਰਕ) ਨੂੰ ਸੜਕਾਂ ਤੋਂ ਦੂਰ ਰੱਖਣਗੇ ਅਤੇ ਇਸਨੂੰ ਅਮਰੀਕਾ ਜਾਣ ਤੋਂ ਰੋਕਣਗੇ।

ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ 3 ਫਰਵਰੀ ਨੂੰ ਕਿਹਾ ਸੀ ਕਿ ਕੈਨੇਡਾ ਅਪਰਾਧਿਕ ਸੰਗਠਨ ਨੂੰ ਅੱਤਵਾਦੀ ਸੰਗਠਨ ਵਜੋਂ ਸੂਚੀਬੱਧ ਕਰੇਗਾ, ਕਿਉਂਕਿ ਉਨ੍ਹਾਂ ਨੇ ਅਮਰੀਕੀ ਟੈਰਿਫ ਤੋਂ 30 ਦਿਨਾਂ ਦੀ ਛੋਟ ਦਾ ਐਲਾਨ ਕੀਤਾ ਸੀ। ਜਨਤਕ ਅੰਕੜੇ ਦਰਸਾਉਂਦੇ ਹਨ ਕਿ ਅਮਰੀਕਾ ਵਿੱਚ ਜ਼ਬਤ ਕੀਤੇ ਗਏ ਸਾਰੇ ਫੈਂਟਾਨਿਲ ਦਾ 0.2% ਕੈਨੇਡੀਅਨ ਸਰਹੱਦ ਤੋਂ ਆਉਂਦਾ ਹੈ, ਜਦੋਂ ਕਿ ਜ਼ਿਆਦਾਤਰ ਮੈਕਸੀਕੋ ਨਾਲ ਲੱਗਦੀ ਅਮਰੀਕਾ ਦੀ ਦੱਖਣੀ ਸਰਹੱਦ ਤੋਂ ਆਉਂਦਾ ਹੈ।

**ਮਨੀ ਲਾਂਡਰਿੰਗ 'ਤੇ ਵੀ ਲੱਗੇਗੀ ਰੋਕ**

ਸੂਚੀਬੱਧ ਹੋਰ ਸੰਸਥਾਵਾਂ ਕਾਰਟੇਲ ਡੇਲ ਗੋਲਫੋ, ਲਾ ਫੈਮਿਲੀਆ ਮਿਚੋਆਕਾਨਾ, ਕਾਰਟੇਲਸ ਯੂਨੀਡੋਸ, ਅਤੇ ਕਾਰਟੇਲ ਡੀ ਜੈਲਿਸਕੋ ਨੂਏਵਾ ਜਨਰੇਸੀਓਨ ਹਨ। ਵਿੱਤ ਵਿਭਾਗ ਨੇ ਵੀਰਵਾਰ ਸ਼ਾਮ ਨੂੰ ਨਸ਼ੀਲੇ ਪਦਾਰਥਾਂ ਦੀ ਤਸਕਰੀ ਨਾਲ ਜੁੜੇ ਮਨੀ ਲਾਂਡਰਿੰਗ 'ਤੇ ਸ਼ਿਕੰਜਾ ਕੱਸਣ ਲਈ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ, ਓਟਾਵਾ ਅਤੇ ਕੈਨੇਡਾ ਦੇ ਵੱਡੇ ਬੈਂਕਾਂ ਨਾਲ ਇੱਕ ਨਵੀਂ ਭਾਈਵਾਲੀ ਦਾ ਐਲਾਨ ਕੀਤਾ। ਇਸ ਦੇ ਤਹਿਤ, ਮਨੀ ਲਾਂਡਰਿੰਗ ਅਤੇ ਸੰਗਠਿਤ ਅਪਰਾਧ ਬਾਰੇ ਖੁਫੀਆ ਜਾਣਕਾਰੀ ਸਾਂਝੀ ਕਰਨ ਦੀ ਆਗਿਆ ਹੋਵੇਗੀ।

**ਮੈਕਸੀਕੋ ਵੀ ਕਰੇਗਾ ਕਾਰਵਾਈ**

ਕੈਨੇਡਾ ਦੇ ਨਵੇਂ ਨਿਯੁਕਤ ਫੈਂਟਾਨਿਲ ਜ਼ਾਰ, ਕੇਵਿਨ ਬ੍ਰੋਸੋ ਨੇ ਬੁੱਧਵਾਰ ਨੂੰ ਆਪਣੀ ਪਹਿਲੀ ਮੀਟਿੰਗ ਸ਼ੁਰੂ ਕੀਤੀ। ਇਸ ਵਿੱਚ ਪ੍ਰਮੁੱਖ ਬੈਂਕਾਂ ਦੇ ਮੁੱਖ ਮਨੀ ਲਾਂਡਰਿੰਗ ਅਧਿਕਾਰੀ ਅਤੇ ਰਾਸ਼ਟਰੀ ਪੁਲਿਸ ਬਲ ਦੇ ਅਧਿਕਾਰੀ ਸ਼ਾਮਲ ਹਨ। ਮੈਕਸੀਕੋ ਦੀ ਰਾਸ਼ਟਰਪਤੀ ਕਲਾਉਡੀਆ ਸ਼ੀਨਬੌਮ ਨੇ ਵੀਰਵਾਰ ਨੂੰ ਕਿਹਾ ਕਿ ਅਮਰੀਕਾ ਵੱਲੋਂ ਮੈਕਸੀਕੋ ਨੂੰ ਅੱਤਵਾਦੀ ਸੂਚੀ ਵਿੱਚ ਸ਼ਾਮਲ ਕਰਨ ਤੋਂ ਬਾਅਦ ਉਹ ਉਸਦੀ ਰਾਸ਼ਟਰੀ ਪ੍ਰਭੂਸੱਤਾ ਦੀ ਰੱਖਿਆ ਲਈ ਇੱਕ ਸੰਵਿਧਾਨਕ ਸੁਧਾਰ ਦਾ ਪ੍ਰਸਤਾਵ ਦੇਵੇਗੀ।

# ਫਿਲਮ 'ਰੋਡੇ' ਦੀ ਸਕਰੀਨਿੰਗ ਨਾਲ ਹੋਈ ਫਿਲਮ ਫੈਸਟੀਵਲ ਦੀ ਸ਼ੁਰੂਆਤ

ਲੁਧਿਆਣਾ ਪੰਜਾਬੀ ਫ਼ਿਲਮ 'ਰੋਡੇ ਕਾਲਜ' ਦੀ ਸਕਰੀਨਿੰਗ ਨਾਲ ਲੁਧਿਆਣਾ ਦੇ ਐਮਬੀਡੀ ਸਿਨਾਪੋਲਿਸ ਵਿਖੇ 3 ਰੋਜ਼ਾ ਜਾਗਰਣ ਫਿਲਮ ਫੈਸਟੀਵਲ ਸ਼ੁਰੂਆਤ ਹੋ ਗਈ ਹੈ। ਫੈਸਟੀਵਲ ਦਾ ਉਦਘਾਟਨ ਬਾਲੀਵੁੱਡ ਸਟਾਰ ਪੰਕਜ ਕਪੂਰ ਅਤੇ ਨਗਰ ਨਿਗਮ ਲੁਧਿਆਣਾ ਦੀ ਮੇਅਰ ਇੰਦਰਜੀਤ ਕੌਰ ਕਰਨਗੇ ਨੇ ਕੀਤਾ। ਜਾਗਰਣ ਫਿਲਮ ਫੈਸਟੀਵਲ ਨੂੰ ਲੈ ਕੇ ਸ਼ਹਿਰ ਵਾਸੀਆਂ ਤੇ ਦਰਸ਼ਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਮਿਲਿਆ। ਪਹਿਲੇ ਦਿਨ ਫਿਡਮ ਰੋਡੇ ਕਾਲਜ ਤੋਂ ਇਲਾਵਾ ਬਾਲੀਵੁੱਡ ਫਿਲਮ ਮਟਰੂ ਕੀ ਬਿਜਲੀ ਕਾ ਮੰਡੋਲਾ ਵੀ ਦਿਖਾਈ ਗਈ। ਫਿਲਮ ਰੋਡੇ ਕਾਲਜ ਵਿੱਚ ਨੌਜਵਾਨਾਂ ਨੂੰ ਰਾਜਨੀਤਕ ਲੋਕਾਂ ਵੱਲੋਂ ਆਪਣੇ ਮਤਲਬ ਲਈ ਵਰਤਣ ਤੇ ਉਨ੍ਹਾਂ ਦੇ ਸ਼ੋਸ਼ਣ ਬਾਰੇ ਦਰਸਾਇਆ ਗਿਆ। ਉਦਘਾਟਨੀ ਸਮਾਰੋਹ ਵਿੱਚ ਜਨਰਲ ਮੈਨੇਜਰ ਨੀਰਜ ਸ਼ਰਮਾ, ਪੰਜਾਬੀ ਜਾਗਰਣ ਦੇ ਸੰਪਾਦਕ ਵਰਿੰਦਰ ਵਾਲੀਆ, ਦੈਨਿਕ ਜਾਗਰਣ ਦੇ ਸੰਪਾਦਕ ਅਮਿਤ ਸ਼ਰਮਾ, ਜਨਰਲ ਮੈਨੇਜਰ ਭਰਪੂਰ ਸਿੰਘ, ਸਾਬਕਾ ਵਿਧਾਇਕ ਰਣਜੀਤ ਸਿੰਘ ਢਿੱਲੋਂ, ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ, ਸੀਨੀਅਰ ਡਿਪਟੀ ਮੇਅਰ ਰਾਕੇਸ਼ ਪਰਾਸ਼ਰ, ਹਰਪ੍ਰੀਤ ਸਿੰਘ ਜੱਗੀ,ਮਨਮੋਹਣ ਕੌੜਾ, ਈਪੀਐਫ਼ਓ ਕਮਿਸ਼ਨਰ ਸੌਰਵ ਸੁਆਮੀ ਆਦਿ ਹਾਜ਼ਰ ਸਨ। ਬਾਲੀਵੁੱਡ ਸਟਾਰ ਪੰਕਜ ਕਪੂਰ ਨੇ ਦਰਸ਼ਕਾਂ ਦੇ ਰੂਬਰੂ ਹੋ ਕੇ ਆਪਣੀਆਂ ਯਾਦਾਂ ਤਾਜ਼ੀਆਂ ਕੀਤੀਆਂ ਫੈਸਟੀਵਲ ਦਾ ਉਦਘਾਟਨ ਕਰਨ ਤੋਂ ਬਾਅਦ ਪੰਕਜ ਕਪੂਰ ਨੇ ਕਿਹਾ, ਮੇਰੀ ਦਿਲੀ ਇੱਛਾ ਸੀ ਕਿ ਲੁਧਿਆਣਾ ਚ ਹੋਣ ਵਾਲੇ ਫਿਲਮ ਫੈਸਟੀਵਲ ਚ ਮੇਰੀਆਂ ਫਿਲਮਾਂ ਦਿਖਾਈਆਂ ਜਾਣ ਅਤੇ ਮੇਰੇ ਬਚਪਨ ਦੇ ਸ਼ਹਿਰ ਚ ਮੇਰੀਆਂ ਫਿਲਮਾਂ ਦੀ ਸਕਰੀਨਿੰਗ ਦੌਰਾਨ ਮੌਜੂਦ ਹੋਣਾ ਬਹੁਤ ਖੁਸ਼ੀ ਦੀ ਗੱਲ ਹੈ। ਦੂਜੇ ਪਾਸੇ ਮੇਅਰ ਇੰਦਰਜੀਤ ਕੌਰ ਨੇ ਕਿਹਾ ਕਿ ਅਜਿਹੇ ਸਮਾਗਮਾਂ ਨਾਲ ਫਿਲਮ ਪ੍ਰੇਮੀਆਂ ਨੂੰ ਹਰ ਤਰ੍ਹਾਂ ਦੀਆਂ ਫਿਲਮਾਂ ਦੇਖਣ ਦਾ ਮੌਕਾ ਮਿਲਦਾ ਹੈ। ਦੈਨਿਕ ਜਾਗਰਣ ਦਾ ਇਹ ਉਪਰਾਲਾ ਸ਼ਲਾਘਾਯੋਗ ਹੈ।ਵਿਸ਼ੇਸ਼ ਮਹਿਮਾਨ ਸੀਨੀਅਰ ਡਿਪਟੀ ਮੇਅਰ ਰਾਕੇਸ਼ ਪਰਾਸ਼ਰ ਨੇ ਕਿਹਾ, ਅਜਿਹੇ ਸਮਾਗਮਾਂ ਨਾਲ ਸਿਨੇ ਪ੍ਰੇਮੀਆਂ ਨੂੰ ਅਜਿਹੀਆਂ ਫ਼ਿਲਮਾਂ ਦੇਖਣ ਦਾ ਮੌਕਾ ਮਿਲਦਾ ਹੈ, ਜੋ ਸਮਾਜ ਵਿੱਚ ਵੱਖਰੀ ਛਾਪ ਛੱਡਦੀਆਂ ਹਨ। ਇਸ ਦੌਰਾਨ ਫਿਲਮ ਦੇ ਨਿਰਮਾਤਾ ਇਤੁਸ਼ ਬਾਂਸਲ ਅਤੇ ਅਦਾਕਾਰਾ ਅਰਵਿੰਦਰ ਕੌਰ ਵੀ ਮੌਜੂਦ ਸਨ। ਇਸ ਤੋਂ ਬਾਅਦ ਬਾਲੀਵੁੱਡ ਸਟਾਰ ਪੰਕਜ ਕਪੂਰ ਨਾਲ ਇੱਕ ਘੰਟਾ ਗੱਲਬਾਤ ਦਾ ਸੈਸ਼ਨ ਹੋਇਆ, ਜਿਸ ਵਿੱਚ ਉਨ੍ਹਾਂ ਨੇ ਲੁਧਿਆਣਾ ਵਿੱਚ ਬਿਤਾਏ ਆਪਣੇ ਬਚਪਨ ਨੂੰ ਯਾਦ ਕੀਤਾ ਅਤੇ ਲੋਕਾਂ ਨਾਲ ਗੱਲਬਾਤ ਕੀਤੀ। ਕਮਲੇਸ਼ ਗੁਪਤਾ ਨੇ ਇੱਕ ਘੰਟਾ ਪੰਕਜ ਕਪੂਰ ਨਾਲ ਗੱਲਬਾਤ ਕੀਤੀ। ਪੰਕਜ ਕਪੂਰ ਨੇ ਆਪਣੇ ਜਨਮ, ਲੁਧਿਆਣਾ ਵਿਖੇ ਕੀਤੀ ਪੜ੍ਹਾਈ, ਦੋਸਤਾਂ ਨਾਲ ਗੁਜ਼ਾਰੇ ਬਚਪਨ, ਜਵਾਨੀ ਦੀਆਂ ਯਾਦ ਨੂੰ ਤਾਜ਼ਾ ਕੀਤਾ। ਉਨ੍ਹਾਂ ਨੇ ਥੀਏਟਰ ਕਰਨ ਤੋਂ ਲੈ ਕੇ ਆਪਣੇ 40 ਸਾਲ ਦੇ ਫਿਲਮੀ ਕੈਰੀਅਰ ਬਾਰੇ ਜਾਣਕਾਰੀ ਦਿੱਤੀ। ਫਿਲਮ ਫੈਸਟੀਵਲ ਦੇ ਦੂਸਰੇ ਦਿਨ ਇਹ ਫਿਲਮਾਂ ਦਿਖਾਈਆਂ ਜਾਣਗੀਆਂ ਸਵੇਰੇ 10 ਵਜੇ: ਫਿਲਮ ਗਿਓ ਲੇ 8675 12.15 ਵਜੇ: ਅਦਾਕਾਰ ਸੰਨੀ ਸਿੰਘ ਨਾਲ ਗੱਲਬਾਤ ਸੈਸ਼ਨ 1.30 ਵਜੇ:- ਫਿਲਮ ਹੈਪੀ ਸ਼ਾਮ 4 ਵਜੇ: ਫਿਲਮ ਫੌਜੀ ਜ਼ਿੰਦਗੀ ਦੀ ਜੰਗ ਸ਼ਾਮ 5.45 ਵਜੇ:- ਲਘੂ ਫਿਲਮ ਕਰਦਾ ਰਹਿ ਅਰਦਾਸ ਤੇ ਜਾਦੂਈ ਪੌਂਦਾ ਸ਼ਾਮ 6.55: ਫਿਲਮ ਮੈਂ ਨਿਦਾ 8.15 pm: ਕਲਾਮ ਸਟੈਂਡਰਡ 5ਬੀ ਦੈਨਿਕ ਜਾਗਰਣ ਦਾ ਉਪਰਾਲਾ ਸ਼ਲਾਘਾਯੋਗ : ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਨਗਰ ਨਿਗਮ ਲੁਧਿਆਣਾ ਦੀ ਮੇਅਰ ਇੰਦਰਜੀਤ ਕੌਰ ਨੇ ਕਿਹਾ ਕਿ ਅਜਿਹੇ ਸਮਾਗਮ ਫਿਲਮ ਪ੍ਰੇਮੀਆਂ ਨੂੰ ਹਰ ਤਰ੍ਹਾਂ ਦੀਆਂ ਫਿਲਮਾਂ ਦੇਖਣ ਦਾ ਮੌਕਾ ਪ੍ਰਦਾਨ ਕਰਦੇ ਹਨ। ਉਨ੍ਹਾਂ ਕਿਹਾ ਕਿ ਫੈਸਟੀਵਲ ਵਿੱਚ ਹਿੱਸਾ ਲੈ ਕੇ ਪੰਕਜ ਕਪੂਰ ਵਰਗੀ ਸਖ਼ਸ਼ੀਅਤ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਬਹੁਤ ਚੰਗਾ ਲੱਗਿਆ ਹੈ। ਉਨ੍ਹਾਂ ਕਿਹਾ ਕਿ ਦੈਨਿਕ ਜਾਗਰਣ ਦਾ ਇਹ ਉਪਰਾਲਾ ਸ਼ਲਾਘਾਯੋਗ ਹੈ। ਵਿਸ਼ੇਸ਼ ਮਹਿਮਾਨ ਸੀਨੀਅਰ ਡਿਪਟੀ ਮੇਅਰ ਰਾਕੇਸ਼ ਪਰਾਸ਼ਰ ਨੇ ਕਿਹਾ, ਅਜਿਹੇ ਸਮਾਗਮਾਂ ਨਾਲ ਸਿਨੇ ਪ੍ਰੇਮੀਆਂ ਨੂੰ ਅਜਿਹੀਆਂ ਫ਼ਿਲਮਾਂ ਦੇਖਣ ਦਾ ਮੌਕਾ ਮਿਲਦਾ ਹੈ, ਜੋ ਸਮਾਜ ਵਿੱਚ ਵੱਖਰੀ ਛਾਪ ਛੱਡਦੀਆਂ ਹਨ।

# ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਧਾਮੀ ਨੂੰ ਅਸਤੀਫ਼ਾ ਵਾਪਸ ਲੈਣ ਦੀ ਕੀਤੀ ਅਪੀਲ, ਕਿਹਾ- ਪ੍ਰਧਾਨਗੀ ਤੋਂ ਅਸਤੀਫਾ ਅਤਿਅੰਤ ਦੁਖਦਾਈ

ਅੰਮ੍ਰਿਤਸਰ: ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਸ਼੍ਰੋਮਣੀ ਕਮੇਟੀ ਦੀ ਪ੍ਰਧਾਨਗੀ ਤੋਂ ਅਸਤੀਫਾ ਦੁੱਖਦਾਈ ਹੈ। ਉਨ੍ਹਾਂ ਕਿਹਾ ਕਿ ਐਡਵੋਕੇਟ ਧਾਮੀ ਨੇ ਇਹ ਅਸਤੀਫਾ ਉਨ੍ਹਾਂ ਦੀ ਜੋ ਪੋਸਟ ਗਿਆਨੀ ਹਰਪ੍ਰੀਤ ਸਿੰਘ ਦੇ ਹੱਕ ਵਿੱਚ ਪਾਈ ਸੀ, ਉਸ ਤੋਂ ਬਾਅਦ ਨੈਤਿਕਤਾ ਦੇ ਆਧਾਰ ਤੇ ਦਿੱਤਾ ਹੈ। ਜਥੇਦਾਰ ਨੇ ਕਿਹਾ ਕਿ ਮੈਂ ਵੀ ਉਹਨਾਂ ਨੂੰ ਨੈਤਿਕਤਾ ਦੇ ਆਧਾਰ 'ਤੇ ਅਪੀਲ ਕਰਦਾ ਹਾਂ ਕਿ ਉਹ ਆਪਣਾ ਅਸਤੀਫਾ ਵਾਪਸ ਲੈਣ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦੀਆਂ ਸੇਵਾਵਾਂ ਨੂੰ ਜਾਰੀ ਰੱਖਣ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਐਡਵੋਕੇਟ ਧਾਮੀ ਨੂੰ ਬੇਨਤੀ ਹੈ ਕਿ ਦੋ ਦਸੰਬਰ ਨੂੰ ਸ੍ਰੀ ਅਕਾਲ ਤਖਤ ਸਾਹਿਬ ਤੋਂ ਲਗਾਈ ਗਈ ਜਿੰਮੇਵਾਰੀ ਨੂੰ ਨਿਭਾਉਣਦਿਆ ਹੋਇਆ ਸੱਤ ਮੈਂਬਰੀ ਕਮੇਟੀ ਦੀ ਅਗਵਾਈ ਕਰਨ ਅਤੇ ਜੋ ਜਿੰਮੇਵਾਰੀਆਂ ਉਸ ਕਮੇਟੀ ਨੂੰ ਸੌਂਪੀਆਂ ਗਈਆਂ ਹਨ, ਉਸ ਨੂੰ ਪੂਰੀਆਂ ਕਰਨ। ਜਥੇਦਾਰ ਨੇ ਕਿਹਾ ਕਿ ਕੱਲ ਉਨ੍ਹਾਂ ਨੂੰ ਅੰਤ੍ਰਿਗ ਕਮੇਟੀ ਮੈਂਬਰ ਮਿਲਣ ਲਈ ਪਹੁੰਚੇ ਸਨ। ਕਮੇਟੀ ਮੈਂਬਰਾਂ ਨੇ 1925 ਐਕਟ ਦੇ ਮੁਤਾਬਕ ਸਿੰਘ ਸਾਹਿਬਾਨ, ਜਥੇਦਾਰ ਤੇ ਹਰੇਕ ਮੁਲਾਜ਼ਮ ਸੰਬੰਧੀ ਫੈਸਲਾ ਲੈਣ ਦਾ ਅਧਿਕਾਰ ਅੰਤ੍ਰਿੰਗ ਕਮੇਟੀ ਪਾਸ ਦੱਸਿਆ ਹੈ ਜੋ ਠੀਕ ਹੈ। ਉਨ੍ਹਾਂ ਕਿਹਾ ਕਿ ਮੈਂ ਸਮਝਦਾ ਹਾਂ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵਰਗਾ ਇਮਾਨਦਾਰ, ਸਮਰਪਿਤ ਤੇ ਚੰਗੀ ਸ਼ਖਸ਼ੀਅਤ ਵਾਲਾ ਪ੍ਰਧਾਨ ਮਿਲਣਾ ਮੁਸ਼ਕਿਲ ਹੈ। ਇਸ ਲਈ ਐਡਵੋਕੇਟ ਧਾਮੀ ਨੂੰ ਅਪੀਲ ਹੈ ਕਿ ਉਹ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਦੀ ਜਿੰਮੇਵਾਰੀ ਨੂੰ ਨਿਭਾਉਣ ਅਤੇ ਆਪਣਾ ਅਸਤੀਫਾ ਵਾਪਸ ਲੈਣ। ਗਿਆਨੀ ਹਰਪ੍ਰੀਤ ਸਿੰਘ ਦੇ ਮਾਮਲੇ 'ਚ ਉਨ੍ਹਾਂ ਕਿਹਾ ਕਿ ਇਹ ਸਾਰਾ ਪਹਿਲੂ ਬੜਾ ਦੁਖਦਾਈ ਹੈ, ਇਹ ਨਹੀਂ ਸੀ ਹੋਣਾ ਚਾਹੀਦਾ। ਸਾਨੂੰ ਸਾਰਿਆਂ ਨੂੰ ਸੰਜਮ ਦੇ ਨਾਲ ਕੰਮ ਲੈਣਾ ਚਾਹੀਦਾ ਹੈ।

# ਸਿੱਖ ਸਦਭਾਵਨਾਂ ਦਲ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਕੀਤੀ ਅਰਦਾਸ

ਸਾਕਾ ਸ੍ਰੀ ਨਨਕਾਣਾ ਸਾਹਿਬ ਜੀ ਦੇ ਸ਼ਹੀਦਾਂ ਦੀ ਸ਼ਹਾਦਤ ਨੂੰ ਸਮਰਪਿਤ ਅਤੇ ਪੰਥਕ ਹਿੱਤਾਂ ਲਈ ਕੀਤੀ ਅਰਦਾਸ ਵਿਚ ਸ਼ਾਮਲ ਆਗੂ। ਪੱਤਰ ਪ੍ਰੇਰਕ, ਪੰਜਾਬੀ ਜਾਗਰਣ, ਅੰਮ੍ਰਿਤਸਰ : ਸਿੱਖ ਸਦਭਾਵਨਾ ਦਲ ਦੇ ਮੁੱਖ ਸੇਵਾਦਾਰ ਭਾਈ ਬਲਦੇਵ ਸਿੰਘ ਵਡਾਲਾ ਵੱਲੋਂ ਸਾਕਾ ਸ੍ਰੀ ਨਨਕਾਣਾ ਸਾਹਿਬ ਜੀ ਦੇ ਸ਼ਹੀਦਾਂ ਦੀ ਸ਼ਹਾਦਤ ਨੂੰ ਸਮਰਪਿਤ ਤੇ ਪੰਥਕ ਹਿੱਤਾਂ ਨੂੰ ਮੁੱਖ ਰੱਖਦਿਆਂ ਪੰਥਕ ਏਕਤਾ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਕੀਤੀ ਗਈ। ਅਰਦਾਸ 'ਚ ਸ਼ਾਮਲ ਹੋਣ ਲਈ ਸਮੂਹ ਪੰਥਕ ਜਥੇਬੰਦੀਆਂ ਨੂੰ ਸੱਦਾ ਪੱਤਰ ਭੇਜੇ ਜਾਣ 'ਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖੀ ਬਾਪੂ ਤਰਸੇਮ ਸਿੰਘ, ਭਾਈ ਅਮਰਜੀਤ ਸਿੰਘ, ਭਾਈ ਪਰਮਜੀਤ ਸਿੰਘ, ਭਾਈ ਹਰਭਜਨ ਸਿੰਘ, ਭਾਈ ਅਮਨਦੀਪ ਸਿੰਘ ਤੇ ਜਥੇਬੰਦੀਆਂ ਦੇ ਆਗੂ ਹਾਜ਼ਰ ਸਨ। ਸਾਰੇ ਹੀ ਆਗੂਆਂ ਤੇ ਸਮਰਥਕਾਂ ਵੱਲੋਂ ਸਾਂਝੇ ਰੂਪ 'ਚ ਸ੍ਰੀ ਨਨਕਾਣਾ ਸਾਹਿਬ ਜੀ ਦੇ ਸ਼ਹੀਦਾਂ ਦੀ ਸ਼ਹਾਦਤ ਨੂੰ ਸਮਰਪਿਤ ਅਤੇ ਪੰਥਕ ਹਿੱਤਾਂ ਨੂੰ ਮੁੱਖ ਰੱਖਦਿਆਂ ਪੰਥਕ ਏਕਤਾ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਜਪੁਜੀ ਸਾਹਿਬ ਤੇ ਸ੍ਰੀ ਆਨੰਦ ਸਾਹਿਬ ਜੀ ਦੇ ਪਾਠ ਉਪਰੰਤ ਅਰਦਾਸ ਕੀਤੀ ਗਈ।

# 5 ਹਜ਼ਾਰ ਰੁਪਏ ਰਿਸ਼ਵਤ ਲੈਂਦਾ PSPCL ਦਾ JE ਵਿਜੀਲੈਂਸ ਬਿਊਰੋ ਨੇ ਕੀਤਾ ਕਾਬੂ

ਲੁਧਿਆਣਾ ਵਿਜੀਲੈਂਸ ਬਿਊਰੋ ਨੇ ਪੀਐੱਸਪੀਸੀਐੱਲ ਦੇ ਜੂਨੀਅਰ ਇੰਜੀਨੀਅਰ ਮਨੋਜ ਕੁਮਾਰ ਨੂੰ 5 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਸਬੰਧੀ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਕੇਸ ਸ਼ਿਕਾਇਤਕਰਤਾ ਨਿਊ ਅਮਰ ਨਗਰ ਡਾਬਾ ਲੁਧਿਆਣਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਦਰਜ ਕੀਤਾ ਗਿਆ ਹੈ। ਵੈਲਡਿੰਗ ਦੀ ਦੁਕਾਨ ਚਲਾਉਣ ਵਾਲੇ ਸ਼ਿਕਾਇਤਕਰਤਾ ਨੇ ਦੱਸਿਆ ਕਿ ਉਸ ਦੀ ਪਤਨੀ ਨੇ ਨਿਊ ਅਮਰ ਨਗਰ ਵਿਖੇ ਇੱਕ 2 ਮੰਜ਼ਿਲਾ ਘਰ ਖਰੀਦਿਆ ਸੀ ਤੇ ਉਹ ਇਸ ਘਰ ਦੀ ਪਹਿਲੀ ਮੰਜ਼ਿਲ 'ਤੇ ਇੱਕ ਛੋਟੀ ਫੈਕਟਰੀ ਲਾਉਣਾ ਚਾਹੁੰਦਾ ਸੀ, ਜਿਸ ਲਈ 10 ਕਿਲੋਵਾਟ ਦੇ ਵਪਾਰਕ ਬਿਜਲੀ ਮੀਟਰ ਦੀ ਜ਼ਰੂਰਤ ਸੀ।

ਸ਼ਿਕਾਇਤ ਮੁਤਾਬਕ ਉਸ ਨੇ ਲੁਧਿਆਣਾ ਦੇ ਜਨਤਾ ਨਗਰ ਸਥਿਤ ਪੀਐੱਸਪੀਸੀਐੱਲ ਦਫ਼ਤਰ ਵਿਖੇ ਨਵੇਂ ਮੀਟਰ ਲਈ ਅਰਜ਼ੀ ਦਿੱਤੀ ਤੇ ਲੋੜੀਂਦੀ ਫੀਸ ਜਮ੍ਹਾ ਕਰਵਾਈ। 15 ਦਿਨਾਂ ਉਪਰੰਤ ਉਕਤ ਜੇਈ ਮਨੋਜ ਕੁਮਾਰ ਨੇ ਜਗ੍ਹਾ ਦਾ ਦੌਰਾ ਕੀਤਾ ਤੇ ਫੁਟਕਲ ਖਰਚਿਆਂ ਲਈ ਉਸ ਤੋਂ 3 ਹਜ਼ਾਰ ਰੁਪਏ ਲਏ। ਇਸ ਤੋਂ ਬਾਅਦ ਜੇਈ ਨੇ 15 ਹਜ਼ਾਰ ਰੁਪਏ ਰਿਸ਼ਵਤ ਦੀ ਮੰਗ ਕਰਦਿਆਂ ਕਿਹਾ ਕਿ ਮੀਟਰ ਸਿਰਫ਼ ਰਿਸ਼ਵਤ ਦੇਣ ਤੋਂ ਬਾਅਦ ਹੀ ਲਾਇਆ ਜਾਵੇਗਾ। ਬੁਲਾਰੇ ਨੇ ਦੱਸਿਆ ਕਿ ਜਦੋਂ ਸ਼ਿਕਾਇਤਕਰਤਾ 19 ਫਰਵਰੀ 2025 ਨੂੰ ਮੀਟਰ ਲਾਉਣ ਦੇ ਸਬੰਧ 'ਚ ਦੁਬਾਰਾ ਪੀਐੱਸਪੀਸੀਐੱਲ ਦਫ਼ਤਰ ਗਿਆ ਤਾਂ ਜੇਈ ਨੇ ਫਿਰ ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਦੀ ਬੇਨਤੀ 'ਤੇ ਉਕਤ ਜੇਈ 5 ਹਜ਼ਾਰ ਰੁਪਏ ਦੀ ਪੇਸ਼ਗੀ ਲੈਣ ਤੇ ਬਾਕੀ ਰਕਮ ਦੀ ਅਦਾਇਗੀ ਮੀਟਰ ਲਾਉਣ ਤੋਂ ਬਾਅਦ ਕਰਨ ਲਈ ਸਹਿਮਤ ਹੋ ਗਿਆ। ਫਿਰ ਜੇਈ ਨੇ ਸ਼ਿਕਾਇਤਕਰਤਾ ਨੂੰ ਰਿਸ਼ਵਤ ਦੇ ਭੁਗਤਾਨ ਲਈ ਦਫ਼ਤਰ ਬੁਲਾਇਆ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤ ਦੀ ਪੜਤਾਲ ਉਪਰੰਤ ਲੁਧਿਆਣਾ ਰੇਂਜ ਦੀ ਵਿਜੀਲੈਂਸ ਟੀਮ ਨੇ ਜਾਲ ਵਿਛਾ ਕੇ ਉਕਤ ਮੁਲਜ਼ਮ ਨੂੰ ਪੀਐੱਸਪੀਸੀਐੱਲ ਦਫ਼ਤਰ ਜਨਤਾ ਨਗਰ ਵਿਖੇ 2 ਸਰਕਾਰੀ ਗਵਾਹਾਂ ਦੀ ਮੌਜੂਦਗੀ 'ਚ 5 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਸਬੰਧੀ ਜੇਈ ਮਨੋਜ ਕੁਮਾਰ ਵਿਰੁੱਧ ਵਿਜੀਲੈਂਸ ਬਿਊਰੋ ਦੇ ਪੁਲਿਸ ਸਟੇਸ਼ਨ, ਲੁਧਿਆਣਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਨੂੰ ਭਲਕੇ ਅਦਾਲਤ 'ਚ ਪੇਸ਼ ਕੀਤਾ ਜਾਵੇਗਾ ਤੇ ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

# ਧੋਖਾਧੜੀ ਦਾ ਵਿਲੱਖਣ ਢੰਗ, ਫਰਜ਼ੀ ਅਦਾਲਤ ਰਚ ਕੇ 7 ਕਰੋੜ ਦੀ ਠੱਗੀ

ਚੰਡੀਗੜ੍ਹ : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਇੱਕ ਵਿਅਕਤੀ ਦੀ ਅਗਾਊਂ ਜ਼ਮਾਨਤ ਦੀ ਅਰਜ਼ੀ ਰੱਦ ਕਰ ਦਿੱਤੀ, ਜੋ ਉਹਨਾਂ ਲੋਕਾਂ ਵਿੱਚ ਸ਼ਾਮਲ ਸੀ, ਜਿਨ੍ਹਾਂ ਨੇ ਆਪਣੇ ਆਪ ਨੂੰ ਕੇਂਦਰੀ ਜਾਂਚ ਏਜੰਸੀ ਦੇ ਅਧਿਕਾਰੀ ਦੱਸ ਕੇ ਇੱਕ ਫਰਜ਼ੀ ਆਨਲਾਈਨ ਅਦਾਲਤ ਦਾ ਮੰਚਨ ਕੀਤਾ। ਇਸ ਮਾਮਲੇ ਵਿੱਚ ਇੱਕ ਦੋਸ਼ੀ ਨੇ ਭਾਰਤ ਦੇ ਸਾਬਕਾ ਮੁੱਖ ਜੱਜ ਦਾ ਰੂਪ ਵੀ ਧਾਰਨ ਕੀਤਾ ਸੀ, ਜਿਸ ਨਾਲ ਠੱਗੀ ਨੂੰ ਹੋਰ ਵੀ ਵਿਸ਼ਵਾਸਯੋਗ ਬਣਾਇਆ ਜਾ ਸਕੇ।

ਜਸਟਿਸ ਮਹਾਬੀਰ ਸਿੰਘ ਸਿੰਧੂ ਨੇ ਕਿਹਾ ਕਿ ਸਾਈਬਰ ਅਪਰਾਧ ਦੇ ਮਾਮਲੇ ਤੇਜ਼ੀ ਨਾਲ ਵੱਧ ਰਹੇ ਹਨ ਅਤੇ ਇਨ੍ਹਾਂ ਕਾਰਨ ਕਰੋੜਾਂ ਦਾ ਨੁਕਸਾਨ ਹੋ ਰਿਹਾ ਹੈ। ਭਾਰਤੀ ਰਿਜ਼ਰਵ ਬੈਂਕ ਦੇ ਅੰਕੜਿਆਂ ਅਨੁਸਾਰ, ਸਾਲ 2020 ਤੋਂ 2024 ਦੇ ਵਿਚਕਾਰ 5,82,000 ਤੋਂ ਵੱਧ ਸਾਈਬਰ ਅਪਰਾਧ ਦਰਜ ਕੀਤੇ ਗਏ, ਜਿਨ੍ਹਾਂ ਵਿੱਚ ਕੁੱਲ 3,207 ਕਰੋੜ ਦਾ ਨੁਕਸਾਨ ਹੋਇਆ।

ਕੋਰਟ ਨੇ ਹੁਕਮ ਦਿੰਦਿਆਂ ਕਿਹਾ ਕਿ ਦੋਸ਼ੀ ਅਤੇ ਉਸਦੇ ਸਾਥੀਆਂ ਦੁਆਰਾ ਅਪਣਾਈ ਗਈ ਧੋਖਾਧੜੀ ਦੀ ਪੂਰੀ ਜਾਂਚ ਲਾਜ਼ਮੀ ਹੈ, ਅਤੇ ਇਸ ਲਈ ਹਿਰਾਸਤ ਵਿੱਚ ਪੁੱਛਗਿੱਛ ਜ਼ਰੂਰੀ ਹੈ ਤਾਂ ਜੋ ਪੂਰੀ ਸਾਜ਼ਿਸ਼ ਦਾ ਪਰਦਾਫਾਸ਼ ਹੋ ਸਕੇ।

ਦੋਸ਼ੀ ਅਤਾਨੂ ਚੌਧਰੀ ਨੇ ਲੁਧਿਆਣਾ ਪੁਲਿਸ ਦੁਆਰਾ ਦਰਜ ਮਾਮਲੇ ਵਿੱਚ ਅਗਾਊਂ ਜ਼ਮਾਨਤ ਲਈ ਅਰਜ਼ੀ ਦਾਇਰ ਕੀਤੀ ਸੀ। ਇਹ ਮਾਮਲਾ ਇੱਕ ਉੱਘੇ ਉਦਯੋਗਪਤੀ ਅਤੇ ਪਦਮ ਭੂਸ਼ਣ ਸਨਮਾਨ ਪ੍ਰਾਪਤ ਪੌਲ ਓਸਵਾਲ ਦੀ ਸ਼ਿਕਾਇਤ 'ਤੇ ਦਰਜ ਕੀਤਾ ਗਿਆ ਸੀ, ਜਿਨ੍ਹਾਂ ਨਾਲ ਸਾਲ 2024 ਵਿੱਚ 7 ਕਰੋੜ ਦੀ ਠੱਗੀ ਕੀਤੀ ਗਈ ਸੀ।

ਚੌਧਰੀ ਦਾ ਦਾਅਵਾ ਸੀ ਕਿ ਉਸਨੂੰ ਝੂਠਾ ਫਸਾਇਆ ਗਿਆ ਹੈ ਅਤੇ ਉਸਦੇ ਖਾਤੇ ਵਿੱਚ 25 ਕਰੋੜ ਦੀ ਲੈਣ-ਦੇਣ ਬਿਨਾਂ ਉਸਦੀ ਜਾਣਕਾਰੀ ਦੇ ਕੀਤੀ ਗਈ ਸੀ। ਉਸਨੇ ਇਹ ਵੀ ਤਰਕ ਦਿੱਤਾ ਕਿ ਬੈਂਕ ਪਹਿਲਾਂ ਹੀ ਪੂਰੀ ਰਕਮ ਸ਼ਿਕਾਇਤਕਰਤਾ ਨੂੰ ਵਾਪਸ ਕਰ ਚੁੱਕਾ ਹੈ। ਹਾਲਾਂਕਿ, ਸਰਕਾਰੀ ਪੱਖ ਨੇ ਇਸ ਦਲੀਲ ਦਾ ਵਿਰੋਧ ਕਰਦਿਆਂ ਕਿਹਾ ਕਿ ਦੋਸ਼ੀ ਤੋਂ ਹਿਰਾਸਤ ਵਿੱਚ ਪੁੱਛਗਿੱਛ ਜ਼ਰੂਰੀ ਹੈ, ਕਿਉਂਕਿ ਇਹ ਮਾਮਲਾ ਇੱਕ ਵੱਡੀ ਅਤੇ ਸੰਗਠਿਤ ਸਾਈਬਰ ਠੱਗੀ ਦਾ ਹਿੱਸਾ ਹੈ।

ਪੁਲਿਸ ਨੇ ਕੋਰਟ ਨੂੰ ਦੱਸਿਆ ਕਿ ਦੋਸ਼ੀ ਨੇ ਇੱਕ ਜਟਿਲ ਯੋਜਨਾ ਬਣਾਈ ਸੀ, ਜਿਸ ਵਿੱਚ ਦੇਸ਼ ਦੀਆਂ ਸਿਖਰ ਨਿਆਂਪਾਲਿਕਾ ਅਤੇ ਜਾਂਚ ਏਜੰਸੀਆਂ ਦੇ ਨਾਮ 'ਤੇ ਜਾਲੀ ਦਸਤਾਵੇਜ਼ ਤਿਆਰ ਕੀਤੇ ਗਏ। ਇਨ੍ਹਾਂ ਵਿੱਚ ਸੁਪਰੀਮ ਕੋਰਟ, ਈਡੀ ਅਤੇ ਕੇਂਦਰੀ ਜਾਂਚ ਏਜੰਸੀ ਦੇ ਫਰਜ਼ੀ ਹੁਕਮ ਸ਼ਾਮਲ ਸਨ।

ਸ਼ਿਕਾਇਤਕਰਤਾ ਨੂੰ ਇੱਕ ਨਕਲੀ ਹੁਕਮ ਦਿਖਾਇਆ ਗਿਆ, ਜਿਸ ਵਿੱਚ ਸੁਪਰੀਮ ਕੋਰਟ ਦੁਆਰਾ ਉਸਦੇ ਖਿਲਾਫ ਫੈਸਲਾ ਦਿੱਤੇ ਜਾਣ ਦਾ ਦਾਅਵਾ ਕੀਤਾ ਗਿਆ ਸੀ। ਇੰਨਾ ਹੀ ਨਹੀਂ, ਉਸਨੂੰ ਇੱਕ ਨਕਲੀ ਗ੍ਰਿਫਤਾਰੀ ਵਾਰੰਟ ਵੀ ਦਿਖਾ ਕੇ ਡਰਾਇਆ ਗਿਆ, ਜਿਸ ਨਾਲ ਉਸਨੇ ਘਬਰਾ ਕੇ 7 ਕਰੋੜ ਦੀ ਰਕਮ ਦੋਸ਼ੀਆਂ ਦੇ ਖਾਤਿਆਂ ਵਿੱਚ ਟਰਾਂਸਫਰ ਕਰ ਦਿੱਤੀ।

ਪੁਲਿਸ ਨੇ ਦੱਸਿਆ ਕਿ ਜਿਨ੍ਹਾਂ ਖਾਤਿਆਂ ਵਿੱਚ ਪੈਸੇ ਜਮ੍ਹਾਂ ਕੀਤੇ ਗਏ, ਉਹ ਦੋਸ਼ੀ ਚੌਧਰੀ ਅਤੇ ਉਸਦੀ ਸਾਥੀ ਨਿਮੀ ਭੱਟਾਚਾਰਜੀ ਨਾਲ ਜੁੜੇ ਸਨ, ਜੋ ਇੱਕ ਨਿੱਜੀ ਕੰਪਨੀ ਦੇ ਮਾਲਕ ਹਨ। ਕੋਰਟ ਨੇ ਸਪਸ਼ਟ ਤੌਰ 'ਤੇ ਕਿਹਾ ਕਿ ਜਦੋਂ ਦੋਸ਼ ਇੰਨੇ ਗੰਭੀਰ ਹੋਣ, ਤਾਂ ਦੋਸ਼ੀ ਕਿਸੇ ਵੀ ਤਰ੍ਹਾਂ ਦੀ ਅਗਾਊਂ ਜ਼ਮਾਨਤ ਦੇ ਹੱਕਦਾਰ ਨਹੀਂ ਹਨ। ਅਦਾਲਤ ਨੇ ਉਨ੍ਹਾਂ ਦੀ ਜ਼ਮਾਨਤ ਅਰਜ਼ੀ ਨੂੰ ਰੱਦ ਕਰ ਦਿੱਤਾ।

# ਭਾਰਤ ਤੇ ਪਾਕਿਸਤਾਨ ਵਿਚਕਾਰ ਅੱਜ ਹੋਵੇਗੀ ਫਲੈਗ ਮੀਟਿੰਗ

## ਕੰਟਰੋਲ ਰੇਖਾ 'ਤੇ ਭਾਰੀ ਗੋਲ਼ੀਬਾਰੀ ਦੇ ਵਿਚਕਾਰ ਇਹ ਹੈ ਮਹੱਤਵਪੂਰਨ ਮੀਟਿੰਗ

WORLD PUNJABI NEWS NETWORK ਕੰਟਰੋਲ ਰੇਖਾ (Loc) 'ਤੇ ਸਰਹੱਦ ਪਾਰ ਤੋਂ ਗੋਲ਼ੀਬਾਰੀ ਅਤੇ I E D ਹਮਲਿਆਂ ਵਿਚਕਾਰ ਭਾਰਤ ਅਤੇ ਪਾਕਿਸਤਾਨ ਸ਼ੁੱਕਰਵਾਰ ਨੂੰ ਫਲੈਗ ਮੀਟਿੰਗ ਕਰਨਗੇ। ਸੂਤਰਾਂ ਅਨੁਸਾਰ ਫਲੈਗ ਮੀਟਿੰਗ ਸ਼ੁੱਕਰਵਾਰ ਨੂੰ ਕੰਟਰੋਲ ਰੇਖਾ ਦੇ ਨੇੜੇ ਹੋਵੇਗੀ।



ਪਿਛਲੇ ਕੁਝ ਦਿਨਾਂ ਤੋਂ ਪਾਕਿਸਤਾਨ ਸਰਹੱਦ 'ਤੇ ਜੰਗਬੰਦੀ ਦੀ ਉਲੰਘਣਾ ਕਰ ਰਿਹਾ ਹੈ। ਪਾਕਿ ਅੱਤਵਾਦੀਆਂ ਨੇ ਸਰਹੱਦ ਪਾਰ ਕਰਨ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਭਾਰਤੀ ਫ਼ੌਜ ਨੇ ਵੀ ਢੁਕਵਾਂ ਜਵਾਬ ਦਿੱਤਾ ਹੈ। ਇਹ ਮੀਟਿੰਗ ਸਰਹੱਦ 'ਤੇ ਭਾਰੀ ਗੋਲ਼ੀਬਾਰੀ ਦੇ ਵਿਚਕਾਰ ਹੋਣ ਜਾ ਰਹੀ ਹੈ।

11 ਫਰਵਰੀ ਨੂੰ ਸ਼ੱਕੀ ਅੱਤਵਾਦੀਆਂ ਨੇ ਜੰਮੂ ਦੇ ਅਖਨੂਰ ਸੈਕਟਰ ਵਿੱਚ ਇੱਕ ਇੰਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ (ਆਈਈਡੀ) ਹਮਲਾ ਕੀਤਾ। ਇਸ ਵਿੱਚ ਇੱਕ ਕੈਪਟਨ ਸਮੇਤ ਦੋ ਸੈਨਿਕਾਂ ਨੇ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ ਸਨ। ਰਾਜੌਰੀ ਅਤੇ ਪੁਣਛ ਜ਼ਿਲ੍ਹਿਆਂ ਵਿੱਚ ਕੰਟਰੋਲ ਰੇਖਾ 'ਤੇ ਸਰਹੱਦ ਪਾਰ ਤੋਂ ਗੋਲ਼ੀਬਾਰੀ ਦੀਆਂ ਘਟਨਾਵਾਂ ਵੀ ਸਾਹਮਣੇ ਆਈਆਂ ਹਨ। ਇੱਥੇ ਵੱਖ-ਵੱਖ ਘਟਨਾਵਾਂ ਵਿੱਚ ਦੋ ਫ਼ੌਜੀ ਜਵਾਨ ਜ਼ਖ਼ਮੀ ਹੋ ਗਏ ਸਨ ਜਦੋਂ ਕਿ ਪਿਛਲੇ ਹਫ਼ਤੇ ਇੱਕ ਬਾਰੂਦੀ ਸੁਰੰਗ ਧਮਾਕੇ ਵਿੱਚ ਇੱਕ ਹੋਰ ਫ਼ੌਜੀ ਜਵਾਨ ਜ਼ਖ਼ਮੀ ਹੋ ਗਿਆ ਸੀ।

ਭਾਰਤੀ ਫ਼ੌਜ ਸਰਹੱਦ ਪਾਰ ਤੋਂ ਹੋਣ ਵਾਲੀ ਕਿਸੇ ਵੀ ਨਾਪਾਕ ਗਤੀਵਿਧੀ ਦਾ ਢੁਕਵਾਂ ਜਵਾਬ ਦੇਣ ਵਿੱਚ ਰੁੱਝੀ ਹੋਈ ਹੈ। ਫ਼ੌਜ ਦੀ ਜਵਾਬੀ ਕਾਰਵਾਈ ਵਿੱਚ ਪਾਕਿਸਤਾਨੀ ਪੱਖ ਨੂੰ ਭਾਰੀ ਨੁਕਸਾਨ ਹੋਇਆ ਹੈ। 25 ਫਰਵਰੀ, 2021 ਤੋਂ ਭਾਰਤ ਅਤੇ ਪਾਕਿਸਤਾਨ ਦੀ ਸਰਹੱਦ 'ਤੇ ਜੰਗਬੰਦੀ ਲਾਗੂ ਹੈ।

ਪਿਛਲੇ 15 ਦਿਨਾਂ ਤੋਂ, ਪਾਕਿਸਤਾਨ ਨੇ ਸਰਹੱਦ ਪਾਰ ਆਪਣੀਆਂ ਨਾਪਾਕ ਸਾਜ਼ਿਸ਼ਾਂ ਵਧਾ ਦਿੱਤੀਆਂ ਹਨ। ਰਿਪੋਰਟਾਂ ਅਨੁਸਾਰ, ਪਾਕਿਸਤਾਨ ਨੇ ਬਾਰਡਰ ਐਕਸ਼ਨ ਟੀਮ ਯਾਨੀ ਕਿ BAT ਨੂੰ ਸਰਗਰਮ ਕਰ ਦਿੱਤਾ ਹੈ। ਇਸ ਪਿੱਛੇ ਪਾਕਿਸਤਾਨ ਦੀ ਬਦਨਾਮ ਖ਼ੁਫ਼ੀਆ ਏਜੰਸੀ ਆਈਐਸਆਈ ਦਾ ਹੱਥ ਦੱਸਿਆ ਜਾ ਰਿਹਾ ਹੈ। ਕਿਹਾ ਜਾ ਰਿਹਾ ਹੈ ਕਿ BAT ਟੀਮਾਂ ਹਮਲੇ ਦੀ ਸਾਜ਼ਿਸ਼ ਰਚਣ ਵਿੱਚ ਰੁੱਝੀਆਂ ਹੋਈਆਂ ਹਨ।

# ਦਿੱਲੀ ਦੀ ਮੁੱਖ ਮੰਤਰੀ ਬਣਦੇ ਹੀ ਰੇਖਾ ਗੁਪਤਾ ਨੇ ਲਿਆ ਵੱਡਾ ਫ਼ੈਸਲਾ

## ਦਿੱਲੀ ਦੇ ਸਾਬਕਾ ਮੁੱਖ ਮੰਤਰੀ ਤੇ ਮੰਤਰੀਆਂ ਦੇ ਨਿੱਜੀ ਸਟਾਫ਼ ਦੀਆਂ ਸੇਵਾਵਾਂ ਖ਼ਤਮ

WORLD PUNJABI NEWS NETWORK ਨਵੀਂ ਦਿੱਲੀ : ਰਾਜਧਾਨੀ ਦਿੱਲੀ ਦੀ ਭਾਜਪਾ ਸਰਕਾਰ ਨੇ ਅੱਜ ਯਾਨੀ ਸ਼ੁੱਕਰਵਾਰ ਨੂੰ ਇੱਕ ਵੱਡਾ ਫ਼ੈਸਲਾ ਲਿਆ ਹੈ। ਨਵੀਂ ਸਰਕਾਰ ਨੇ ਸਾਬਕਾ ਮੁੱਖ ਮੰਤਰੀ ਆਤਿਸ਼ੀ ਅਤੇ ਮੰਤਰੀਆਂ ਦੇ ਨਿੱਜੀ ਸਟਾਫ਼ ਦੀਆਂ ਸੇਵਾਵਾਂ ਖ਼ਤਮ ਕਰ ਦਿੱਤੀਆਂ ਹਨ। ਇੰਨਾ ਹੀ ਨਹੀਂ ਪਿਛਲੀਆਂ ਸਰਕਾਰਾਂ ਵੱਲੋਂ ਹੋਰ ਥਾਵਾਂ 'ਤੇ ਨਿਯੁਕਤ ਕੀਤੇ ਗਏ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਹੁਣ ਤੁਰੰਤ ਆਪਣੇ ਅਸਲ ਵਿਭਾਗਾਂ ਵਿੱਚ ਰਿਪੋਰਟ ਕਰਨ ਦੇ ਹੁਕਮ ਦਿੱਤੇ ਗਏ ਹਨ। ਜਾਣਕਾਰੀ ਅਨੁਸਾਰ ਕਈ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਹੋਰ ਬੋਰਡ ਕਾਰਪੋਰੇਸ਼ਨਾਂ ਵਿੱਚ ਡੈਪੂਟੇਸ਼ਨ 'ਤੇ ਭੇਜਿਆ ਗਿਆ ਸੀ। ਇਸ ਦੇ ਨਾਲ ਹੀ ਇੱਕ ਹਫ਼ਤਾ ਪਹਿਲਾਂ ਪਿਛਲੀ ਸਰਕਾਰ ਵੱਲੋਂ ਸਾਰੇ ਵਿਭਾਗਾਂ ਤੋਂ ਠੇਕੇ ਅਤੇ ਨਿੱਜੀ ਸਟਾਫ ਬਾਰੇ ਜਾਣਕਾਰੀ ਮੰਗੀ ਗਈ ਸੀ। ਉਸ ਨੂੰ ਆਪਣੇ ਅਸਲ ਵਿਭਾਗ ਵਿੱਚ ਵਾਪਸ ਜਾਣ ਲਈ ਕਿਹਾ ਗਿਆ ਹੈ। ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਰੇਖਾ ਗੁਪਤਾ ਅੱਜ ਦੁਪਹਿਰ ਰਾਸ਼ਟਰਪਤੀ ਅਤੇ ਉਪ ਰਾਸ਼ਟਰਪਤੀ ਨਾਲ ਮੁਲਾਕਾਤ ਕਰਨਗੇ। ਇਸ ਤੋਂ ਬਾਅਦ



ਸੀਐਮ ਰੇਖਾ ਗੁਪਤਾ ਸ਼ਾਮ ਨੂੰ ਪੀਐਮ ਮੋਦੀ ਨਾਲ ਵੀ ਮੁਲਾਕਾਤ ਕਰਨਗੇ। ਰੇਖਾ ਗੁਪਤਾ ਨੇ ਵੀਰਵਾਰ ਯਾਨੀ ਕੱਲ੍ਹ ਰਾਮਲੀਲਾ ਮੈਦਾਨ ਵਿੱਚ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ। ਉਨ੍ਹਾਂ ਤੋਂ ਬਾਅਦ ਛੇ ਵਿਧਾਇਕਾਂ ਨੇ ਵੀ ਮੰਤਰੀ ਵਜੋਂ ਸਹੁੰ ਚੁੱਕੀ। ਇਸ ਦੇ ਨਾਲ ਹੀ ਮੁੱਖ ਮੰਤਰੀ ਰੇਖਾ ਗੁਪਤਾ ਸਹੁੰ ਚੁੱਕਣ ਤੋਂ ਕੁਝ ਘੰਟਿਆਂ ਬਾਅਦ ਹੀ ਐਕਸ਼ਨ ਮੋਡ ਵਿੱਚ ਆ ਗਈਆਂ। ਉਨ੍ਹਾਂ ਨੇ ਕੱਲ੍ਹ ਕਈ ਵੱਡੇ ਐਲਾਨ ਕੀਤੇ। ਉਸ ਨੇ ਅੱਜ ਇੱਕ ਵਜੇ ਮੀਟਿੰਗ ਬੁਲਾਈ ਹੈ। ਇਸ ਮੀਟਿੰਗ ਵਿੱਚ ਦਿੱਲੀ ਦੀਆਂ ਟੁੱਟੀਆਂ ਸੜਕਾਂ ਅਤੇ ਪਾਣੀ ਦੀ ਸਮੱਸਿਆ ਸਮੇਤ ਕਈ ਮੁੱਦਿਆਂ 'ਤੇ ਚਰਚਾ ਕੀਤੀ ਜਾਵੇਗੀ।

# ਅੰਮ੍ਰਿਤਸਰ ਛਾਉਣੀ ਨੇੜੇ ਹੋਏ ਧਮਾਕੇ ਕਾਰਨ ਮਚ ਗਈ ਤਰਥੱਲੀ

## ਗੈਂਗਸਟਰ ਹੈਪੀ ਨੇ ਲਈ ਜ਼ਿੰਮੇਵਾਰੀ; CCTV ਕੈਮਰਿਆਂ ਦੀ ਫੁਟੇਜ ਦੀ ਜਾਂਚ ਜਾਰੀ

WORLD PUNJABI NEWS NETWORK ਅੰਮ੍ਰਿਤਸਰ: ਸ਼ੁੱਕਰਵਾਰ ਦੇਰ ਰਾਤ ਖਾਸ ਫੌਜੀ ਛਾਉਣੀ ਦੇ ਬਾਹਰ ਧਮਾਕੇ ਦੀ ਆਵਾਜ਼ ਆਉਣ ਕਾਰਨ ਤਰਥੱਲੀ ਗਈ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ। ਫਿਲਹਾਲ ਪੁਲਿਸ ਨੂੰ ਮੌਕੇ ਤੋਂ ਕੋਈ ਵੀ ਅਜਿਹੀ ਵਸਤੂ ਨਹੀਂ ਮਿਲੀ ਹੈ ਜਿਸ ਦੇ ਵਿਸਫੋਟਕ ਹੋਣ ਦੀ ਪੁਸ਼ਟੀ ਕੀਤੀ ਜਾ ਸਕੇ। ਘਟਨਾ ਤੋਂ ਬਾਅਦ ਵਿਦੇਸ਼ 'ਚ ਬੈਠੇ ਬਦਨਾਮ ਗੈਂਗਸਟਰ ਹੈਪੀ ਪਸ਼ੀਆਂ ਨੇ ਧਮਾਕੇ ਦੀ ਜ਼ਿੰਮੇਵਾਰੀ ਬੇਸ਼ੱਕ ਲਈ ਹੈ ਪਰ ਘਟਨਾ ਵਾਲੀ ਥਾਂ 'ਤੇ ਵਿਸਫੋਟਕ ਸਮੱਗਰੀ ਨਾ ਮਿਲਣ ਕਾਰਨ ਜ਼ਿੰਮੇਵਾਰੀ ਲੈਣ ਵਾਲੀ ਪੋਸਟ ਨੂੰ ਵੀ ਅਫਵਾਹ ਹੀ ਮੰਨਿਆ ਜਾ ਰਿਹਾ ਹੈ।

ਪੁਲਿਸ ਇਲਾਕੇ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਸਕੈਨਿੰਗ ਕਰ ਰਹੀ ਹੈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਧਮਾਕੇ ਤੋਂ ਪਹਿਲਾਂ ਜਾਂ ਬਾਅਦ ਵਿੱਚ ਸ਼ੱਕੀ ਵਿਅਕਤੀਆਂ ਦੀ ਕੋਈ ਫੁਟੇਜ ਮਿਲੀ ਹੈ।

# 'ਮੈਨੂੰ ਹਲਕੇ ਵਿੱਚ ਨਾ ਲਓ, ਨਹੀਂ ਤਾਂ ਮੈਂ ਟਾਂਗਾ ਉਲਟਾ ਦੇਵਾਂਗਾ'

## ਡਿਪਟੀ ਸੀ.ਐਮ. ਸ਼ਿੰਦੇ ਨੇ ਖੁਦ ਦੱਸਿਆ ਕਿ ਉਹ ਕਿਸ ਵੱਲ ਇਸ਼ਾਰਾ ਕਰ ਰਹੇ

WORLD PUNJABI NEWS NETWORK 'ਮੈਨੂੰ ਹਲਕੇ ਵਿੱਚ ਨਾ ਲਓ, ਨਹੀਂ ਤਾਂ ਮੈਂ ਟਾਂਗਾ ਉਲਟਾ ਦੇਵਾਂਗਾ', ਡਿਪਟੀ ਸੀਐਮ ਸ਼ਿੰਦੇ ਨੇ ਖੁਦ ਦੱਸਿਆ ਕਿ ਉਹ ਕਿਸ ਵੱਲ ਇਸ਼ਾਰਾ ਕਰ ਰਹੇ



ਮੁੰਬਈ। ਮਹਾਰਾਸ਼ਟਰ ਦੇ ਉਪ ਮੁੱਖ ਮੰਤਰੀ ਅਤੇ ਸ਼ਿਵ ਸੈਨਾ ਮੁਖੀ ਏਕਨਾਥ ਸ਼ਿੰਦੇ ਆਪਣੇ ਇੱਕ ਬਿਆਨ ਕਾਰਨ ਸੁਰਖੀਆਂ ਵਿੱਚ ਹਨ। ਉਸਨੇ ਕਿਹਾ ਹੈ ਕਿ ਮੈਨੂੰ ਹਲਕੇ ਵਿੱਚ ਨਾ ਲਓ, ਨਹੀਂ ਤਾਂ ਮੈਂ ਗੱਡੀ ਉਲਟਾ ਦੇਵਾਂਗਾ। ਹੁਣ ਰਾਜਨੀਤਿਕ ਹਲਕਿਆਂ ਵਿੱਚ ਇਹ ਕਿਆਸ ਲਗਾਏ ਜਾ ਰਹੇ ਹਨ ਕਿ ਉਸਨੇ ਇਹ ਧਮਕੀ ਭਰੇ ਸ਼ਬਦ ਕਿਸ ਲਈ ਵਰਤੇ ਸਨ। ਸ਼ਿਵ ਸੈਨਾ (ਯੂਬੀਟੀ) ਨਾਲ ਉਸਦੀ ਨਾਰਾਜ਼ਗੀ ਪੁਰਾਣੀ ਹੈ। ਪਰ ਇਨ੍ਹੀਂ ਦਿਨੀਂ ਉਹ ਸੱਤਾਧਾਰੀ ਮਹਾਯੁਤੀ ਸਰਕਾਰ ਵਿੱਚ ਵੀ ਸਹਿਜ ਮਹਿਸੂਸ ਨਹੀਂ ਕਰ ਰਿਹਾ। ਇਸ ਲਈ, ਇਹ ਅੰਦਾਜ਼ਾ ਲਗਾਉਣਾ ਮੁਸ਼ਕਲ ਹੈ ਕਿ ਉਸਨੇ ਇਹ ਧਮਕੀ ਊਧਵ ਠਾਕਰੇ ਨੂੰ ਦਿੱਤੀ ਹੈ ਜਾਂ ਦੇਵੇਂਦਰ ਫੜਨਵੀਸ ਅਤੇ ਭਾਜਪਾ ਨੂੰ। ਇਨ੍ਹੀਂ ਦਿਨੀਂ ਸ਼ਿੰਦੇ ਵੱਲੋਂ ਊਧਵ ਠਾਕਰੇ ਦੀ ਪਾਰਟੀ ਦੇ ਲੋਕਾਂ ਨੂੰ ਤੋੜਨ ਲਈ ਆਪ੍ਰੇਸ਼ਨ ਟਾਈਗਰ ਸ਼ੁਰੂ ਕੀਤਾ ਗਿਆ ਹੈ। ਇਸ ਕਾਰਵਾਈ ਦੇ ਤਹਿਤ ਹੀ ਰਾਜ ਦੇ ਹੋਰ ਹਿੱਸਿਆਂ ਤੋਂ ਬਹੁਤ ਸਾਰੇ ਸੀਨੀਅਰ ਆਗੂ, ਜਿਨ੍ਹਾਂ ਵਿੱਚ ਕੋਂਕਣ ਵੀ ਸ਼ਾਮਲ ਹੈ, ਜੋ ਕਦੇ ਸ਼ਿਵ ਸੈਨਾ ਦਾ ਗੜ੍ਹ ਸੀ, ਸ਼ਿਵ ਸੈਨਾ (UBT) ਤੋਂ ਵੱਖ ਹੋ ਕੇ ਸ਼ਿੰਦੇ ਵਿੱਚ ਸ਼ਾਮਲ ਹੋ ਰਹੇ ਹਨ।

ਇੱਕ ਦਿਨ ਪਹਿਲਾਂ ਇਸ 'ਤੇ ਟਿੱਪਣੀ ਕਰਦੇ ਹੋਏ, ਊਧਵ ਠਾਕਰੇ ਨੇ ਕਿਹਾ ਸੀ ਕਿ ਇਨ੍ਹੀਂ ਦਿਨੀਂ ਮੈਨੂੰ ਇੰਨਾ ਧੱਕਾ ਦਿੱਤਾ ਜਾ ਰਿਹਾ ਹੈ ਕਿ ਮੈਂ ਧੱਕਾ ਕਰਨ ਵਾਲਾ ਬਣ ਗਿਆ ਹਾਂ। ਪਰ ਜਿਸ ਦਿਨ ਮੈਂ ਜ਼ੋਰ ਪਾਵਾਂਗਾ, ਤੁਹਾਨੂੰ ਠੀਕ ਹੋਣ ਦਾ ਮੌਕਾ ਨਹੀਂ ਮਿਲੇਗਾ। ਇਹ ਕਹਿੰਦੇ ਹੋਏ, ਊਧਵ ਏਕਨਾਥ ਸ਼ਿੰਦੇ ਵੱਲ ਇਸ਼ਾਰਾ ਕਰ ਰਹੇ ਸਨ।

ਸ਼ੁੱਕਰਵਾਰ ਨੂੰ, ਨਾਗਪੁਰ ਵਿੱਚ ਇੱਕ ਪ੍ਰੋਗਰਾਮ ਤੋਂ ਬਾਅਦ, ਜਦੋਂ ਏਕਨਾਥ ਸ਼ਿੰਦੇ ਨੂੰ ਉਨ੍ਹਾਂ ਦੇ ਬਿਆਨ ਬਾਰੇ ਪੁੱਛਿਆ ਗਿਆ ਕਿ ਉਨ੍ਹਾਂ ਨੂੰ ਹਲਕੇ ਵਿੱਚ ਨਹੀਂ ਲੈਣਾ ਚਾਹੀਦਾ ਅਤੇ ਇਹ ਕਿਸ ਲਈ ਦਿੱਤਾ ਸੀ, ਤਾਂ ਉਨ੍ਹਾਂ ਕਿਹਾ ਕਿ ਜਿਸ ਵਿਅਕਤੀ ਲਈ ਉਨ੍ਹਾਂ ਨੇ ਇਹ ਬਿਆਨ ਦਿੱਤਾ ਹੈ, ਉਹ ਪਹਿਲਾਂ ਹੀ ਸਮਝ ਗਿਆ ਹੈ।

# ਆਤਿਸ਼ੀ ਨੇ ਮੁੱਖ ਮੰਤਰੀ ਰੇਖਾ ਗੁਪਤਾ ਨੂੰ ਪੁੱਛਿਆ ਸਵਾਲ

## ਔਰਤਾਂ ਪੁੱਛ ਰਹੀਆਂ ਹਨ - ਉਨ੍ਹਾਂ ਦੇ ਖ਼ਾਤਿਆਂ 'ਚ ਕਦੋਂ ਆਉਣਗੇ 2500 ਰੁਪਏ!

WORLD PUNJABI NEWS NETWORK ਨਵੀਂ ਦਿੱਲੀ : ਵੀਰਵਾਰ ਦਾ ਦਿਨ ਭਾਜਪਾ ਲਈ ਇਤਿਹਾਸਕ ਸੀ। ਪਹਿਲੀ ਵਾਰ ਵਿਧਾਇਕ ਬਣੀ ਰੇਖਾ ਗੁਪਤਾ ਨੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ। ਸ਼ਾਮ ਨੂੰ ਹੋਈ ਪਹਿਲੀ ਕੈਬਨਿਟ ਮੀਟਿੰਗ ਵਿੱਚ ਰੇਖਾ ਗੁਪਤਾ ਨੇ ਦਿੱਲੀ ਵਿੱਚ ਆਯੁਸ਼ਮਾਨ ਭਾਰਤ ਯੋਜਨਾ ਨੂੰ ਲਾਗੂ ਕੀਤਾ। ਜਿਸ ਤੋਂ ਬਾਅਦ ਦਿੱਲੀ ਦੀ ਸਾਬਕਾ ਮੁੱਖ ਮੰਤਰੀ ਅਤੇ 'ਆਪ' ਨੇਤਾ ਆਤਿਸ਼ੀ ਨੇ ਅੱਜ ਇੱਕ ਪ੍ਰੈਸ ਕਾਨਫਰੰਸ ਕੀਤੀ। ਜਿਸ ਵਿੱਚ ਉਨ੍ਹਾਂ ਨੇ ਨਵੀਂ ਭਾਜਪਾ ਸਰਕਾਰ 'ਤੇ ਇੱਕ ਤੋਂ ਬਾਅਦ ਇੱਕ ਕਈ ਹਮਲੇ ਕੀਤੇ।

ਆਤਿਸ਼ੀ ਨੇ ਕਿਹਾ ਕਿ ਦਿੱਲੀ ਦੀ ਭਾਜਪਾ ਸਰਕਾਰ ਨੇ ਔਰਤਾਂ ਨਾਲ ਧੋਖਾ ਕੀਤਾ ਹੈ। ਪਹਿਲੀ ਕੈਬਨਿਟ ਵਿੱਚ ਹੀ 2500 ਰੁਪਏ ਪ੍ਰਤੀ ਮਹੀਨਾ ਦੀ ਸਕੀਮ ਪਾਸ ਕਰਨ ਦਾ ਵਾਅਦਾ ਤੋੜ ਦਿੱਤਾ। ਸਾਬਕਾ ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਮੋਦੀ ਜੀ ਨੇ ਵਾਅਦਾ ਕੀਤਾ ਸੀ ਕਿ ਦਿੱਲੀ ਦੀ ਹਰ ਔਰਤ ਨੂੰ 2500 ਰੁਪਏ ਪ੍ਰਤੀ ਮਹੀਨਾ ਦੇਣ ਦੀ ਯੋਜਨਾ ਪਹਿਲੀ ਕੈਬਨਿਟ ਮੀਟਿੰਗ ਵਿੱਚ ਪਾਸ ਕੀਤੀ ਜਾਵੇਗੀ। ਪਹਿਲੀ ਕੈਬਨਿਟ ਮੀਟਿੰਗ ਕੱਲ੍ਹ ਹੋਈ ਪਰ 2500 ਰੁਪਏ ਦੀ ਸਕੀਮ ਪਾਸ ਨਹੀਂ ਹੋ ਸਕੀ।

ਆਤਿਸ਼ੀ ਨੇ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ 'ਤੇ ਤਨਜ਼ ਕੱਸਦੇ ਹੋਏ ਕਿਹਾ ਕਿ ਮੁੱਖ ਮੰਤਰੀ ਬਣਨ ਦੇ ਪਹਿਲੇ ਦਿਨ ਹੀ ਰੇਖਾ ਗੁਪਤਾ ਜੀ ਨੇ ਪੂਰੇ ਦੇਸ਼ ਨੂੰ ਦਿਖਾ ਦਿੱਤਾ ਕਿ ਮੋਦੀ ਜੀ ਦੀ ਗਰੰਟੀ ਝੂਠੀ ਸੀ। ਹੁਣ ਸਵਾਲ ਇਹ ਹੈ ਕਿ ਕੀ 8 ਮਾਰਚ ਤੱਕ ਸਾਰੀਆਂ ਔਰਤਾਂ ਦੇ ਖ਼ਾਤਿਆਂ ਵਿੱਚ 2500 ਰੁਪਏ ਜਮ੍ਹਾ ਹੋ ਜਾਣਗੇ, ਜਾਂ ਮੋਦੀ ਜੀ ਦੀ ਇੱਕ ਹੋਰ ਗਰੰਟੀ ਸਿਰਫ਼ ਇੱਕ ਨਾਅਰਾ ਸਾਬਤ ਹੋਵੇਗੀ? ਜਦੋਂ ਕਿ ਆਮ ਆਦਮੀ ਪਾਰਟੀ ਨੇ X 'ਤੇ ਪੋਸਟ ਕੀਤਾ ਅਤੇ ਲਿਖਿਆ- ਮੋਦੀ ਜੀ, ਦਿੱਲੀ ਦੀਆਂ ਔਰਤਾਂ ਪੁੱਛ ਰਹੀਆਂ ਹਨ- ਉਨ੍ਹਾਂ ਦੇ ਖ਼ਾਤਿਆਂ ਵਿੱਚ 2,500 ਰੁਪਏ ਕਦੋਂ ਆਉਣਗੇ

ਜ਼ਿਕਰਯੋਗ ਹੈ ਕਿ ਪਹਿਲੀ ਵਾਰ ਵਿਧਾਇਕ ਬਣੀ ਰੇਖਾ ਗੁਪਤਾ ਨੇ ਮੁੱਖ ਮੰਤਰੀ ਦਾ ਅਹੁਦਾ ਸੰਭਾਲ ਲਿਆ ਹੈ। ਇਸ ਦੇ ਨਾਲ ਹੀ ਭਾਜਪਾ 27 ਸਾਲਾਂ ਬਾਅਦ ਦਿੱਲੀ ਵਿੱਚ ਸੱਤਾ ਵਿੱਚ ਆਈ। ਮੁੱਖ ਮੰਤਰੀ ਵਜੋਂ ਆਪਣੇ ਪਹਿਲੇ ਫੈਸਲੇ ਵਿੱਚ, ਰੇਖਾ ਗੁਪਤਾ ਨੇ ਦਿੱਲੀ ਵਿੱਚ ਆਯੁਸ਼ਮਾਨ ਭਾਰਤ ਯੋਜਨਾ ਲਾਗੂ ਕੀਤੀ। ਇਹ ਯਕੀਨੀ ਬਣਾਉਣ ਲਈ ਕਿ ਦਿੱਲੀ ਨੂੰ ਇਸ ਯੋਜਨਾ ਦਾ ਲਾਭ ਮਿਲੇ, ਭਾਜਪਾ ਨੇ ਸੜਕਾਂ ਤੋਂ ਲੈ ਕੇ ਅਦਾਲਤਾਂ ਤੱਕ ਲੜਾਈ ਲੜੀ।

ਹੁਣ ਦਿੱਲੀ ਵਿੱਚ ਗ਼ਰੀਬਾਂ ਅਤੇ 70 ਸਾਲ ਤੋਂ ਵੱਧ ਉਮਰ ਦੇ ਬਜ਼ੁਰਗਾਂ ਨੂੰ 5 ਲੱਖ ਰੁਪਏ ਤੱਕ ਦੇ ਸਿਹਤ ਬੀਮੇ ਦਾ ਲਾਭ ਮਿਲੇਗਾ। ਇਸ ਤੋਂ ਇਲਾਵਾ ਦਿੱਲੀ ਸਰਕਾਰ ਵੱਲੋਂ 5 ਲੱਖ ਰੁਪਏ ਦਾ ਸਿਹਤ ਬੀਮਾ ਵੀ ਦਿੱਤਾ ਜਾਵੇਗਾ। ਇਸ ਤਰ੍ਹਾਂ, ਉਨ੍ਹਾਂ ਨੂੰ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਮਿਲੇਗੀ। ਕੈਬਨਿਟ ਮੀਟਿੰਗ ਵਿੱਚ ਇਹ ਵੀ ਫ਼ੈਸਲਾ ਕੀਤਾ ਗਿਆ ਕਿ ਵਿਧਾਨ ਸਭਾ ਦੇ ਪਹਿਲੇ ਸੈਸ਼ਨ ਵਿੱਚ 'ਆਪ' ਸਰਕਾਰ ਵਿਰੁੱਧ 14 ਕੈਗ ਰਿਪੋਰਟਾਂ ਸਦਨ ਵਿੱਚ ਪੇਸ਼ ਕੀਤੀਆਂ ਜਾਣ।

ਪ੍ਰਧਾਨ ਮੰਤਰੀ ਨੇ ਇਹ ਦੋਵੇਂ ਵਾਅਦੇ ਚੋਣ ਰੈਲੀ ਵਿੱਚ ਕੀਤੇ ਸਨ। 'ਆਪ' ਸਰਕਾਰ ਵਿਰੁੱਧ ਭ੍ਰਿਸ਼ਟਾਚਾਰ ਦੇ ਕਈ ਮਾਮਲਿਆਂ, ਜਿਸ ਵਿੱਚ ਆਬਕਾਰੀ ਘੁਟਾਲਾ ਅਤੇ ਮੁੱਖ ਮੰਤਰੀ ਰਿਹਾਇਸ਼ ਦੇ ਨਵੀਨੀਕਰਨ ਵਿੱਚ ਭ੍ਰਿਸ਼ਟਾਚਾਰ ਸ਼ਾਮਲ ਹੈ, ਨਾਲ ਸਬੰਧਤ ਕੈਗ ਰਿਪੋਰਟ ਵਿਧਾਨ ਸਭਾ ਵਿੱਚ ਪੇਸ਼ ਨਹੀਂ ਕੀਤੀ ਗਈ।

ਭਾਜਪਾ ਵਿਧਾਇਕਾਂ ਨੇ ਇਸ ਸਬੰਧੀ ਹਾਈ ਕੋਰਟ ਵਿੱਚ ਪਟੀਸ਼ਨ ਵੀ ਦਾਇਰ ਕੀਤੀ ਸੀ। ਕੈਬਨਿਟ ਮੀਟਿੰਗ ਵਿੱਚ ਮਹਿਲਾ ਸਨਮਾਨ ਯੋਜਨਾ 'ਤੇ ਵੀ ਚਰਚਾ ਹੋਈ। ਸਰਕਾਰ ਦੇ ਅਨੁਸਾਰ, ਇਸ 'ਤੇ ਹੋਰ ਵਿਚਾਰ-ਵਟਾਂਦਰੇ ਕੀਤੇ ਜਾਣਗੇ, ਜਿਸ ਤੋਂ ਬਾਅਦ ਇਸਨੂੰ ਮਨਜ਼ੂਰੀ ਦਿੱਤੀ ਜਾਵੇਗੀ।

# ਫਿਰ ਬਦਲੇਗਾ ਮੌਸਮ, ਪਵੇਗਾ ਮੀਂਹ; ਪੰਜਾਬ-ਰਾਜਸਥਾਨ 'ਚ ਪਾਰਾ ਡਿੱਗਿਆ

WORLD PUNJABI NEWS NETWORK ਨਵੀਂ ਦਿੱਲੀ : ਫਰਵਰੀ ਮਹੀਨੇ ਦੇ ਆਉਣ ਦੇ ਨਾਲ ਹੀ ਠੰਢ ਖ਼ਤਮ ਹੁੰਦੀ ਜਾਪ ਰਹੀ ਸੀ ਪਰ ਮਹੀਨੇ ਦੇ ਅੰਤ ਤੋਂ ਪਹਿਲਾਂ ਹੀ ਮੌਸਮ ਵਿੱਚ ਬਦਲਾਅ ਦੇਖਣ ਨੂੰ ਮਿਲ ਰਿਹਾ ਹੈ। ਪਹਾੜਾਂ ਵਿੱਚ ਬਰਫ਼ਬਾਰੀ ਕਾਰਨ ਉੱਤਰੀ ਭਾਰਤ ਦੇ ਕਈ ਸੂਬਿਆਂ ਵਿੱਚ ਪਾਰਾ ਵੀ ਡਿੱਗ ਗਿਆ ਹੈ। ਇਸ ਦੇ ਨਾਲ ਹੀ, ਮੌਸਮ ਵਿਭਾਗ (IMD) ਨੇ ਹੁਣ 13 ਸੂਬਿਆਂ ਵਿੱਚ ਮੀਂਹ ਦੀ ਚਿਤਾਵਨੀ ਜਾਰੀ ਕੀਤੀ ਹੈ। ਜਿਸ ਕਾਰਨ ਮੌਸਮ ਹੋਰ ਠੰਢਾ ਹੋਣ ਦੀ ਸੰਭਾਵਨਾ ਹੈ।

ਪਿਛਲੇ ਕੁਝ ਦਿਨਾਂ ਤੋਂ ਹਲਕੀ ਬੂੰਦਾ-ਬਾਂਦੀ ਤੋਂ ਬਾਅਦ ਦਿੱਲੀ-ਐਨਸੀਆਰ (ਮੌਸਮ ਅਪਡੇਟ ਅੱਜ) ਵਿੱਚ ਤਾਪਮਾਨ ਵਿੱਚ ਗਿਰਾਵਟ ਆਈ ਹੈ। ਹੁਣ ਘੱਟੋ-ਘੱਟ ਤਾਪਮਾਨ 15 ਡਿਗਰੀ ਤੋਂ 12 ਡਿਗਰੀ ਤੱਕ ਡਿੱਗ ਸਕਦਾ ਹੈ। ਆਉਣ ਵਾਲੇ ਸਮੇਂ ਵਿੱਚ ਤਾਪਮਾਨ ਹੋਰ ਵੀ ਘੱਟ ਸਕਦਾ ਹੈ। ਹਾਲਾਂਕਿ, ਇਸ ਵੇਲੇ ਮੀਂਹ ਪੈਣ ਦੀ ਕੋਈ ਸੰਭਾਵਨਾ ਨਹੀਂ ਹੈ।

ਪਹਾੜਾਂ ਵਿੱਚ ਬਰਫ਼ਬਾਰੀ ਦਾ ਪ੍ਰਭਾਵ ਮੈਦਾਨੀ ਇਲਾਕਿਆਂ ਵਿੱਚ ਦਿਖਾਈ ਦੇ ਰਿਹਾ ਹੈ।

ਜੰਮੂ-ਕਸ਼ਮੀਰ ਵਿੱਚ ਮੌਸਮ ਬਦਲਦੇ ਹੀ ਗੁਲਮਰਗ, ਨਥਾਟੋਪ, ਸੋਨਮਰਗ, ਪਟਨੀਟੋਪ ਅਤੇ ਤ੍ਰਿਕੁਟਾ ਪਹਾੜ ਸਮੇਤ ਕਈ ਇਲਾਕਿਆਂ ਵਿੱਚ ਬਰਫ਼ਬਾਰੀ ਸ਼ੁਰੂ ਹੋ ਗਈ। ਬਰਫ਼ਬਾਰੀ ਕਾਰਨ ਫਿਸਲਣ ਵਾਲੀਆਂ ਸਥਿਤੀਆਂ ਕਾਰਨ ਸਾਵਧਾਨੀ ਵਜੋਂ ਜੰਮੂ-ਸ਼੍ਰੀਨਗਰ ਹਾਈਵੇਅ ਨੂੰ ਵੀ ਆਵਾਜਾਈ ਲਈ ਬੰਦ ਕਰ ਦਿੱਤਾ ਗਿਆ ਸੀ।

ਪੰਜਾਬ ਦੇ ਅੰਮ੍ਰਿਤਸਰ ਸਮੇਤ ਕਈ ਇਲਾਕਿਆਂ ਵਿੱਚ ਮੀਂਹ ਪੈਣ ਕਾਰਨ ਤਾਪਮਾਨ ਵਿੱਚ ਗਿਰਾਵਟ ਆਈ ਹੈ। ਪੰਜਾਬ ਵਿੱਚ ਤਾਪਮਾਨ 4 ਡਿਗਰੀ ਘੱਟ ਗਿਆ ਹੈ। ਇਸ ਦੇ ਨਾਲ ਹੀ ਰਾਜਸਥਾਨ ਵਿੱਚ ਹਲਕੀ ਬਾਰਿਸ਼ ਤੋਂ ਬਾਅਦ ਕਈ ਇਲਾਕਿਆਂ ਵਿੱਚ ਠੰਢ ਵਧ ਗਈ ਹੈ।

ਮੌਸਮ ਵਿਭਾਗ ਨੇ 13 ਸੂਬਿਆਂ ਵਿੱਚ ਭਾਰੀ ਤੋਂ ਹਲਕੀ ਬਾਰਿਸ਼ ਦੀ ਭਵਿੱਖਬਾਣੀ ਕੀਤੀ ਹੈ। ਪੱਛਮੀ ਬੰਗਾਲ, ਝਾਰਖੰਡ, ਓਡੀਸ਼ਾ, ਬਿਹਾਰ, ਸਿੱਕਮ, ਆਂਧਰਾ ਪ੍ਰਦੇਸ਼, ਕੇਰਲ, ਅਰੁਣਾਚਲ ਪ੍ਰਦੇਸ਼, ਅਸਾਮ, ਮੇਘਾਲਿਆ, ਨਾਗਾਲੈਂਡ, ਮਨੀਪੁਰ, ਤ੍ਰਿਪੁਰਾ ਵਿੱਚ ਮੀਂਹ ਦੀ ਚਿਤਾਵਨੀ ਜਾਰੀ ਕੀਤੀ ਗਈ ਹੈ।

# ਵਿਆਹ ਸਮਾਗਮਾਂ ’ਚ ਸ਼ਮੂਲੀਅਤ ਨੂੰ ਲੈ ਕੇ ਸਿਆਸੀ ਆਗੂ ਹੋਣ ਲੱਗੇ ਮੇਹਣੋ-ਮੇਹਣੀ

## ਬਾਦਲ ਦੀ ਪੁੱਤਰੀ ਤੇ ਜਾਖੜ ਦੇ ਪੋਤੇ ਦੇ ਵਿਆਹ 'ਚ ਸ਼ਾਮਲ ਹੋਏ ਸੀ ਆਗੂ

WORLD PUNJABI NEWS NETWORK ਭਾਜਪਾ ਨੇਤਾ ਸੁਨੀਲ ਜਾਖੜ ਦੇ ਪੋਤੇ ਜੈਵੀਰ ਜਾਖੜ ਅਤੇ ਅਕਾਲੀ ਨੇਤਾ ਸੁਖਬੀਰ ਬਾਦਲ ਦੀ ਪੁੱਤਰੀ ਹਰਕਿਰਤ ਕੌਰ ਦੇ ਵਿਆਹ ਸਮਾਗਮ ਵਿਚ ਵੱਖ ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਦੀ ਸ਼ਮੂਲੀਅਤ ਨੂੰ ਲੈ ਕੇ ਆਗੂਆਂ ਵਿਚ ਸਿਆਸੀ ਨੋਕਝੋਕ ਸ਼ੁਰੂ ਹੋ ਗਈ ਹੈ। ਮੁੱਖ ਮੰਤਰੀ ਭਗਵੰਤ ਮਾਨ ਵਲੋਂ ਕੀਤੀ ਗਈ ਟਿੱਪਣੀ ਤੋਂ ਬਾਅਦ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਵੀ ਕਾਂਗਰਸੀਆਂ ਆਗੂਆਂ ਵਲੋਂ ਸੁਖਬੀਰ ਬਾਦਲ ਅਤੇ ਸੁਨੀਲ ਜਾਖੜ ਦੇ ਪਰਿਵਾਰਕ ਸਮਾਗਮ ਵਿਚ ਸ਼ਾਮਲ ਹੋਣ ’ਤੇ ਸਖਤ ਨੁਕਤਾਚੀਨੀ ਕੀਤੀ ਹੈ। ਰਾਜਾ ਵੜਿੰਗ ਨੇ ਇਹ ਸਿਆਸੀ ਟਕੋਰ ਕਪੂਰਥਲਾ ਦੇ ਵਿਧਾਇਕ ਰਾਣਾ ਗੁਰਜੀਤ ਸਿੰਘ ਵਲੋਂ ਰਾਜਾ ਵੜਿੰਗ ਦੀ ਆਲੋਚਨਾ ਕਰਨ ਤੋਂ ਬਾਅਦ ਕੀਤੀ ਹੈ। ਹਾਲਾਂਕਿ ਰਾਣਾ ਗੁਰਜੀਤ ਸਿੰਘ ਨੇ ਕੋਈ ਜਵਾਬ ਨਹੀਂ ਦਿੱਤਾ ਪਰ ਜਲੰਧਰ ਦੇ ਵਿਧਾਇਕ ਪ੍ਰਗਟ ਸਿੰਘ ਮੈਦਾਨ ਵਿਚ ਆ ਗਏ ਹਨ।

ਵੜਿੰਗ ਨੇ ਕਿਹਾ ਕਿ ਉਹ ਤਾਂ ਬਾਦਲ ਤੇ ਜਾਖੜ ਦੇ ਵਿਆਹ ਸਮਾਗਮ ਵਿਚ ਨਹੀਂ ਗਿਆ। ਉਹ ਕਾਂਗਰਸੀ ਹੈ ਤੇ ਕਾਂਗਰਸੀਆਂ ਦੇ ਸਮਾਗਮਾਂ ਵਿਚ ਜਾਣਗੇ। ਉਹਨਾਂ ਕਿਹਾ ਕਿ ਹੇਠਲੇ ਪੱਧਰ ’ਤੇ ਵਰਕਰ ਹੈਰਾਨ ਤੇ ਪਰੇਸ਼ਾਨ ਹਨ ਕਿਉਂਕਿ ਲੀਡਰ ਖੁਦ ਦੂਜੀਆਂ ਪਾਰਟੀਆਂ ਦੇ ਆਗੂਆਂ ਦੇ ਵਿਆਹ ਸਮਾਗਮਾਂ ਵਿਚ ਹਾਜ਼ਰ ਹੁੰਦੇ ਹਨ।

ਭਾਵੇ ਰਾਣਾ ਗੁਰਜੀਤ ਸਿੰਘ ਅਜੇ ਚੁੱਪ ਹਨ, ਪਰ ਜਲੰਧਰ ਦੇ ਵਿਧਾਇਕ ਪ੍ਰਗਟ ਸਿੰਘ ਨੇ ਆਪਣੇ ਫੇਸਬੁੱਕ ਪੇਜ਼ ’ਤੇ ਮੁੱਖ ਮੰਤਰੀ ਅਤੇ ਰਾਜਾ ਵੜਿੰਗ ਦਾ ਨਾਮ ਲਏ ਬਗੈਰ ਟਿੱਪਣੀ ਕਰਦਿਆਂ ਕਿਹਾ ਕਿ ਪੰਜਾਬ ਦੇ ਕੁਝ ਆਗੂ ਖੁਸ਼ੀ ਅਤੇ ਗਮੀ ਦੇ ਪਰਿਵਾਰਕ ਜਸ਼ਨਾਂ 'ਤੇ ਟਿੱਪਣੀ ਕਰਕੇ ਸਾਡੇ ਸੱਭਿਆਚਾਰ ਪ੍ਰਤੀ ਆਪਣੀ ਨੀਵੀਂ ਸੋਚ ਦਾ ਪ੍ਰਦਰਸ਼ਨ ਕਰ ਰਹੇ ਹਨ। ਅੱਜ ਜਦੋਂ ਪੰਜਾਬ ਵਿਚ ਹਰ ਮੁੱਦੇ 'ਤੇ ਡੂੰਘਾਈ ਨਾਲ ਵਿਚਾਰ-ਵਟਾਂਦਰੇ ਦੀ ਲੋੜ ਹੈ ਤਾਂ ਅਜਿਹੇ ਬਿਆਨਾਂ ਰਾਹੀਂ ਲੋਕਾਂ ਦਾ ਧਿਆਨ ਗੰਭੀਰ ਮੁੱਦਿਆਂ ਤੋਂ ਹਟਾਉਣ ਦੇ ਇਸ ਮਾੜੇ ਇਰਾਦੇ ਨੂੰ ਸਮਝਣ ਅਤੇ ਪੂਰੀ ਤਰ੍ਹਾਂ ਰੱਦ ਕਰਨ ਦੀ ਲੋੜ ਹੈ।

ਇੱਥੇ ਦੱਸਿਆ ਜਾਂਦਾ ਹੈ ਕਿ ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਨੇ ਪੋਤੇ ਜੈਵੀਰ ਜਾਖੜ ਅਤੇ ਅਕਾਲੀ ਨੇਤਾ ਸੁਖਬੀਰ ਸਿੰਘ ਬਾਦਲ ਨੇ ਆਪਣੀ ਧੀ ਹਰਕੀਰਤ ਕੌਰ ਦੇ ਵਿਆਹ ਸਬੰਧੀ ਪਤਵੰਤਿਆਂ ਲਈ ਇਕ ਪਾਰਟੀ ਦੀ ਮੇਜ਼ਬਾਨੀ ਕੀਤੀ ਸੀ। ਇਨ੍ਹਾਂ ਸਮਾਗਮਾਂ ਵਿਚ ਵੱਖ ਵੱਖ ਸਿਆਸੀ ਪਾਰਟੀਆਂ ਤੋ ਬਿਨਾਂ ਧਾਰਮਿਕ, ਸਮਾਜਿਕ ਆਗੂ ਸ਼ਾਮਲ ਹੋਏ ਸਨ।

ਮੁੱਖ ਮੰਤਰੀ ਭਗਵੰਤ ਮਾਨ ਨੇ ਬੀਤੇ ਦਿਨ ਇਕ ਸਮਾਗਮ ਦੌਰਾਨ ਟਿੱਪਣੀ ਕਰਦਿਆਂ ਕਿਹਾ ਕਿ ਅੰਨਦਾਤਾ ਭੁੱਖ ਹੜ੍ਹਤਾਲ ’ਤੇ ਹੈ, ਉੱਥੇ ਸੁਖਬੀਰ ਬਾਦਲ ਅਤੇ ਸੁਨੀਲ ਜਾਖੜ ਦਾਅਵਤਾਂ ਦੇ ਰਹੇ ਹਨ। ਉਨ੍ਹਾਂ ਲੋਕਾਂ ਨੂੰ ਸੁਚੇਤ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਇਨ੍ਹਾਂ ਕਰਕੇ ਲੋਕ ਹੇਠਲੇ ਪੱਧਰ ’ਤੇ ਲੜਦੇ ਰਹਿੰਦੇ ਹਨ, ਕਿਸੇ ਸਮਾਗਮ ਵਿਚ ਨਹੀਂ ਜਾਂਦੇ ਪਰ ਇਹ ਖੁਦ ਜੱਫੀਆਂ ਪਾਉਂਦੇ ਹਨ। ਇਕ ਦੂਜੇ ਦੇ ਸਮਾਗਮਾਂ ਵਿਚ ਸ਼ਾਮਲ ਹੁੰਦੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਇਹ ਆਗੂ ਆਪਣੇ ਮੰਚਾਂ ਤੋਂ ਇੱਕ ਦੂਜੇ ਵਿਰੁੱਧ ਜ਼ਹਿਰ ਉਗਲਦੇ ਹਨ ਪਰ ਨਿੱਜੀ ਸਮਾਗਮਾਂ ਵਿਚ ਇੱਕ ਦੂਜੇ ਨੂੰ ਜੱਫੀ ਪਾਉਂਦੇ ਹਨ, ਜਿਸ ਨਾਲ ਉਨ੍ਹਾਂ ਦਾ ਸ਼ੱਕੀ ਚਿਹਰਾ ਨੰਗਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਬਾਦਲ ਤੇ ਜਾਖੜ ਦੇ ਸਮਾਗਮ ਵਿਚ ਸਾਰੇ ਲੀਡਰ ਸਨ ਪਰ ਉਹ ਨਹੀਂ ਸਨ ਕਿਉਂਕਿ ਉਨ੍ਹਾਂ ਨੂੰ ਬੁਲਾਇਆ ਨਹੀਂ ਗਿਆ ਅਤੇ ਨਾ ਹੀ ਉਹ ਜਾਂਦੇ ਹਨ। ਸ਼੍ਰੋਮਣੀ ਅਕਾਲੀ ਦਲ ਦੇ ਬੁਲਾਰੇ ਅਰਸ਼ਦੀਪ ਕਲੇਰ ਨੇ ਮੁੱਖ ਮੰਤਰੀ ਦੀ ਟਿੱਪਣੀ 'ਤੇ ਪਲਟਵਾਰ ਕਰਦਿਆਂ ਕਿਹਾ ਕਿ ਇਹ ਇੱਕ ਸ਼ੁੱਧ ਸ਼ਾਕਾਹਾਰੀ ਵਿਆਹ ਸੀ। ਇਸ ਲਈ ਤੁਹਾਨੂੰ (ਮੁੱਖ ਮੰਤਰੀ) ਸੱਦਾ ਨਹੀਂ ਦਿੱਤਾ ਸੀ ਕਿਉਕਿ ਇਹ ਵਿਆਹ ਏਐੱਮ ਸੀ ਪੀਐੱਮ ਨਹੀਂ।

# ਸ੍ਰੀ ਸ੍ਰੀ ਰਵੀਸ਼ੰਕਰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ

## ਕਿਹਾ- ਸਿੱਖ ਗੁਰੂ ਸਾਹਿਬਾਨ ਦੀਆਂ ਕੁਰਬਾਨੀਆਂ ਨੂੰ ਹਿੰਦੂ ਰੱਖਣਗੇ ਹਮੇਸ਼ਾ ਯਾਦ



ਬਠਿੰਡਾ : ਹਿੰਦੂ ਧਰਮ ਦੇ ਕੌਮਾਂਤਰੀ ਪੱਧਰ ਦੇ ਅਧਿਆਤਮਕ ਆਗੂ ਤੇ 'ਆਰਟ ਆਫ ਲਿਵਿੰਗ' ਦੇ ਸੰਸਥਾਪਕ ਪਦਮ ਵਿਭੂਸ਼ਨ ਸ੍ਰੀ ਸ੍ਰੀ ਰਵੀਸ਼ੰਕਰ ਅੱਜ ਸਿੱਖ ਕੌਮ ਦੇ ਚੌਥੇ ਤਖ਼ਤ, ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਏ। ਤਖ਼ਤ ਸ੍ਰੀ ਦਮਦਮਾ ਸਾਹਿਬ ਮੱਥਾ ਟੇਕ ਕੇ ਸ੍ਰੀ ਸ੍ਰੀ ਰਵੀਸ਼ੰਕਰ ਨੇ ਕਾਫੀ ਸਮਾਂ ਕੀਰਤਨ ਸਰਵਣ ਕੀਤਾ। ਤਖ਼ਤ ਸਾਹਿਬ ਦੇ ਗ੍ਰੰਥੀ ਭਾਈ ਗੁਰਪ੍ਰੀਤ ਸਿੰਘ ਨੇ ਉਨ੍ਹਾਂ ਨੂੰ ਤਖ਼ਤ ਸਾਹਿਬ ਤੇ ਸੁਸ਼ੋਭਿਤ ਗੁਰੂ ਸਾਹਿਬਾਨ ਤੇ ਸਿੱਖ ਯੋਧਿਆਂ ਦੇ ਸ਼ਸਤਰਾਂ ਦੇ ਦਰਸ਼ਨ ਕਰਵਾਉਣ ਸਮੇਂ ਉਨ੍ਹਾਂ ਦੇ ਇਤਿਹਾਸ ਤੋਂ ਜਾਣੂ ਕਰਵਾਇਆ। ਅਧਿਆਤਮਕ ਆਗੂ ਨੇ ਮਹਾਨ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਭੋਰਾ ਸਾਹਿਬ ਦੇ ਵਿਸ਼ੇਸ਼ ਤੌਰ 'ਤੇ ਦਰਸ਼ਨ ਕੀਤੇ ਅਤੇ ਗੁਰਦੁਆਰਾ ਦਮਦਮਾ ਸਾਹਿਬ ਵਿਖੇ ਤਖ਼ਤ ਸਾਹਿਬ ਦੇ ਇਤਿਹਾਸ ਬਾਰੇ ਲੱਗੀ ਚਿੱਤਰ ਪ੍ਰਦਰਸ਼ਨੀ ਵੀ ਦੇਖੀ। ਤਖ਼ਤ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਤਖ਼ਤ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਤਖ਼ਤ ਸਾਹਿਬ ਦੇ ਮੈਨੇਜਰ ਭਾਈ ਰਣਜੀਤ ਸਿੰਘ ਤੇ ਸਹਾਇਕ ਮੈਨੇਜਰ ਗੁਰਦੇਵ ਸਿੰਘ ਸੰਧੂ ਨੇ ਤਖ਼ਤ ਸਾਹਿਬ ਦੇ ਦਫਤਰ ਵਿਖੇ ਉਨ੍ਹਾਂ ਨੂੰ ਤਖ਼ਤ ਸਾਹਿਬ ਦੀ ਤਸਵੀਰ ਤੇ ਧਾਰਮਿਕ ਪੁਸਤਕਾਂ ਭੇਟ ਕਰ ਕੇ ਸਨਮਾਨਿਤ ਕੀਤਾ। ਦਫਤਰ 'ਚ ਪੱਤਰਕਾਰਾਂ ਨਾਲ ਗੱਲਬਾਤ ਸਮੇਂ ਸ੍ਰੀ ਸ੍ਰੀ ਰਵੀਸ਼ੰਕਰ ਨੇ ਕਿਹਾ ਕਿ ਤਖ਼ਤ ਸ੍ਰੀ ਦਮਦਮਾ ਸਾਹਿਬ ਨਤਮਸਤਕ ਹੋਣ ਦੀ ਉਨ੍ਹਾਂ ਦੀ ਪਿਛਲੇ ਕਾਫੀ ਸਮੇਂ ਤੋਂ ਇੱਛਾ ਸੀ ਅਤੇ ਇਹ ਇੱਛਾ ਅੱਜ ਸੰਪੂਰਨ ਹੋਣ 'ਤੇ ਉਨ੍ਹਾਂ ਨੂੰ ਮਾਨਸਿਕ ਸਕੂਨ ਮਿਲਿਆ ਹੈ। ਉਨ੍ਹਾਂ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਨੇ ਧਰਮ ਤੇ ਦੇਸ਼ ਦੀ ਰੱਖਿਆ ਲਈ ਕੁਰਬਾਨੀਆਂ ਕੀਤੀਆਂ, ਜੇਕਰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤਿਲਕ ਜੰਞੂ ਦੀ ਰਾਖੀ ਲਈ ਕੁਰਬਾਨੀ ਨਾ ਦਿੰਦੇ ਤਾਂ ਅੱਜ ਹਿੰਦੁਸਤਾਨ ਦਾ ਇਤਿਹਾਸ ਕੁਝ ਹੋਰ ਹੋਣਾ ਸੀ। ਉਨ੍ਹਾਂ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਵੱਲੋਂ ਧਰਮ ਦੀ ਰੱਖਿਆ ਲਈ ਉਸ ਸਮੇਂ ਜੋ ਕੁਰਬਾਨੀਆਂ ਕੀਤੀਆਂ ਗਈਆਂ ਉਸ ਨੂੰ ਦੇਸ਼ ਦੇ ਹਿੰਦੂ ਹਮੇਸ਼ਾ ਯਾਦ ਰੱਖਣਗੇ। ਇਸ ਮੌਕੇ ਉਨਾਂ ਦੀ ਸੰਸਥਾ 'ਆਰਟ ਆਫ ਲਿਵਿੰਗ' ਦੇ ਵੱਡੀ ਗਿਣਤੀ ਪ੍ਰਬੰਧਕ ਵੀ ਉਨਾਂ ਨਾਲ ਪੁੱਜੇ ਹੋਏ ਸਨ

# ਪ੍ਰਯਾਗਰਾਜ ਜਾ ਰਹੇ ਸ਼ਰਧਾਲੂਆਂ ਦਾ ਵਾਹਨ ਟਰੱਕ ਨਾਲ ਟਕਰਾਇਆ, 6 ਦੀ ਮੌਤ

ਕਰਨਾਟਕ ਤੋਂ ਪ੍ਰਯਾਗਰਾਜ ਜਾ ਰਹੇ ਸ਼ਰਧਾਲੂਆਂ ਦੇ ਵਾਹਨ ਦੀ ਟੱਕਰ ਇੱਕ ਟਰੱਕ ਨਾਲ ਹੋ ਗਈ। ਇਸ ਘਟਨਾ ਵਿੱਚ ਛੇ ਲੋਕਾਂ ਦੀ ਮੌਤ ਹੋ ਗਈ, ਜਦੋਂ ਕਿ ਪੰਜ ਜ਼ਖਮੀ ਹੋ ਗਏ। ਲੋਕਾਂ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ ਜਿੱਥੇ ਉਨ੍ਹਾਂ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਸ਼ੁੱਕਰਵਾਰ ਸਵੇਰੇ 7 ਵਜੇ ਦੇ ਕਰੀਬ ਪ੍ਰਯਾਗਰਾਜ ਹਾਈਵੇਅ 'ਤੇ ਮਿਰਜ਼ਾਮੁਰਾਦ ਨੇੜੇ ਇੱਕ ਸੜਕ ਹਾਦਸੇ ਵਿੱਚ ਕਰਨਾਟਕ ਦੇ ਛੇ ਸ਼ਰਧਾਲੂਆਂ ਜਿਨ੍ਹਾਂ ਵਿੱਚ ਇੱਕ ਪਤੀ-ਪਤਨੀ ਸ਼ਾਮਲ ਹਨ ਦੀ ਮੌਤ ਹੋ ਗਈ ਤੇ ਪੰਜ ਜ਼ਖਮੀ ਹੋ ਗਏ। ਜ਼ਖਮੀਆਂ ਨੂੰ ਬੀ.ਐਚ.ਯੂ. ਟਰਾਮਾ ਸੈਂਟਰ ਵਿੱਚ ਭਰਤੀ ਕਰਵਾਇਆ ਗਿਆ ਹੈ ਜਿੱਥੇ ਉਨ੍ਹਾਂ ਦੀ ਹਾਲਤ ਗੰਭੀਰ ਬਣੀ ਹੋਈ ਹੈ। ਕਰਨਾਟਕ ਦੇ ਬਿਦਰ ਤੋਂ 11 ਲੋਕ ਇੱਕ ਕਰੂਜ਼ਰ ਕਾਰ ਵਿੱਚ ਯਾਤਰਾ ਲਈ ਰਵਾਨਾ ਹੋਏ ਸਨ। ਤੇ ਮਹਾਂਕੁੰਭ ਇਸ਼ਨਾਨ ਲਈ ਪ੍ਰਯਾਗਰਾਜ ਜਾ ਰਹੇ ਸਨ। ਹਾਈਵੇਅ 'ਤੇ ਰੂਪਾਪੁਰ ਪਿੰਡ ਦੇ ਨੇੜੇ ਡਰਾਈਵਰ ਨੂੰ ਨੀਂਦ ਆ ਗਈ ਤੇ ਤੇਜ਼ ਰਫ਼ਤਾਰ ਕਰੂਜ਼ਰ ਸੜਕ ਕਿਨਾਰੇ ਖੜ੍ਹੇ ਇੱਕ ਟਰੱਕ ਨਾਲ ਟਕਰਾ ਗਈ। ਟੱਕਰ ਇੰਨੀ ਜ਼ਬਰਦਸਤ ਸੀ ਕਿ ਕਰੂਜ਼ਰ ਦਾ ਅਗਲਾ ਹਿੱਸਾ ਟਰੱਕ ਵਿੱਚ ਬੁਰੀ ਤਰ੍ਹਾਂ ਫਸ ਗਿਆ। ਜਦੋਂ ਪੁਲਿਸ ਨੇ ਕਰੇਨ ਦੀ ਮਦਦ ਨਾਲ ਕਾਰ ਨੂੰ ਬਾਹਰ ਕੱਢਿਆ ਤਾਂ ਉਨ੍ਹਾਂ ਨੇ ਦੇਖਿਆ ਕਿ ਇੱਕ ਔਰਤ ਦਾ ਸਿਰ ਉਸਦੇ ਸਰੀਰ ਤੋਂ ਵੱਖ ਹੋ ਗਿਆ ਸੀ।

# ਕੈਨੇਡਾ ਤੋਂ ਪਰਤ ਕੇ ਵਾਟਰ ਪਾਰਕ ਬਣਾਇਆ, 600 ਲੋਕਾਂ ਨੂੰ ਦਿੱਤਾ ਰੁਜ਼ਗਾਰ

ਬਠਿੰਡਾ: ਪੰਜਾਬ ਦੇ ਜ਼ਿਆਦਾਤਰ ਨੌਜਵਾਨ ਵਿਦੇਸ਼ ਜਾਣ ਦਾ ਸੁਪਨਾ ਦੇਖਦੇ ਹਨ, ਪਰ ਕੁਝ ਹੀ ਵਾਪਸ ਆਉਂਦੇ ਹਨ ਅਤੇ ਆਪਣੇ ਦੇਸ਼ ਦੀ ਤਰੱਕੀ ਦਾ ਸਾਧਨ ਬਣਦੇ ਹਨ। ਮਾਨਸਾ ਦੇ ਸੱਤ ਨੌਜਵਾਨਾਂ ਨੇ ਵੀ ਅਜਿਹਾ ਹੀ ਪ੍ਰੇਰਨਾਦਾਇਕ ਸਫ਼ਰ ਕੀਤਾ, ਜੋ ਕੈਨੇਡਾ ਵਿੱਚ ਕੰਮ ਕਰਨ ਤੋਂ ਬਾਅਦ ਆਪਣੇ ਵਤਨ ਵਾਪਸ ਆਏ ਅਤੇ ਆਪਣਾ ਵਾਟਰ ਪਾਰਕ ਸ਼ੁਰੂ ਕੀਤਾ। ਇੱਕ ਵਾਰ ਉਹ ਰੁਜ਼ਗਾਰ ਦੀ ਭਾਲ ਵਿੱਚ ਕੈਨੇਡਾ ਗਿਆ ਸੀ ਅਤੇ ਹੁਣ ਉਹ ਆਪਣੇ ਦੇਸ਼ ਵਿੱਚ ਸੈਂਕੜੇ ਲੋਕਾਂ ਨੂੰ ਰੁਜ਼ਗਾਰ ਪ੍ਰਦਾਨ ਕਰ ਰਿਹਾ ਹੈ। ਮਾਨਸਾ ਜ਼ਿਲ੍ਹੇ ਦੇ ਪਿੰਡ ਬੁਰਜ ਹਰੀ ਦੇ ਹਰਦੀਪ ਸਿੰਘ, ਸੁਖਪਾਲ ਸਿੰਘ ਅਤੇ ਰੇਸ਼ਮ ਸਿੰਘ ਨੇ ਆਪਣੇ ਸਾਥੀਆਂ ਬਲਜਿੰਦਰ ਸਿੰਘ ਅਤੇ ਰਾਏਪੁਰ ਦੇ ਜਗਜੀਤ ਸਿੰਘ ਨਾਲ ਮਿਲ ਕੇ ਪਹਿਲਾਂ ਵੇਦਾਂਤਾ ਗਰੁੱਪ ਅਧੀਨ ਤਲਵੰਡੀ ਸਾਬੋ ਥਰਮਲ ਪਲਾਂਟ ਲਈ ਉਸਾਰੀ ਦਾ ਠੇਕਾ ਲਿਆ ਸੀ। ਉੱਥੇ ਰਾਜਨੀਤਿਕ ਦਖਲਅੰਦਾਜ਼ੀ ਅਤੇ ਅਨਿਸ਼ਚਿਤ ਭਵਿੱਖ ਨੂੰ ਵੇਖਦਿਆਂ, ਉਸਨੇ ਕੈਨੇਡਾ ਜਾਣ ਦਾ ਫੈਸਲਾ ਕੀਤਾ। ਉਸਦੇ ਦੋ ਦੋਸਤ ਅਮਨਦੀਪ ਸਿੰਘ ਅਤੇ ਦਵਿੰਦਰ ਸਿੰਘ ਪਹਿਲਾਂ ਹੀ ਕੈਨੇਡਾ ਵਿੱਚ ਸਨ। 2020 ਵਿੱਚ, ਕੈਨੇਡੀਅਨ ਸਰਕਾਰ ਦੀ ਨਿਵੇਸ਼ਕ ਪੀਆਰ ਸਕੀਮ ਦੇ ਤਹਿਤ, ਉਹ ਸਾਰੇ ਕੈਨੇਡਾ ਪਹੁੰਚੇ ਅਤੇ ਕੰਮ ਦੀ ਭਾਲ ਸ਼ੁਰੂ ਕਰ ਦਿੱਤੀ। ਸ਼ੁਰੂ ਵਿੱਚ ਉਸਨੂੰ ਛੋਟੀਆਂ-ਮੋਟੀਆਂ ਨੌਕਰੀਆਂ ਮਿਲੀਆਂ, ਪਰ ਫਿਰ ਉਸਨੂੰ ਵੈਨਕੂਵਰ ਦੇ ਇੱਕ ਵਾਟਰ ਪਾਰਕ ਵਿੱਚ ਕੰਮ ਕਰਨ ਦਾ ਮੌਕਾ ਮਿਲਿਆ। ਉੱਥੇ ਉਸਨੇ ਨਾ ਸਿਰਫ਼ ਕੰਮ ਕੀਤਾ ਸਗੋਂ ਹਰ ਪਹਿਲੂ ਨੂੰ ਵਿਸਥਾਰ ਨਾਲ ਸਮਝਿਆ। ਹਾਲਾਂਕਿ ਇਸ ਸਮੇਂ ਦੌਰਾਨ ਉਸਦਾ ਦਿਲ 'ਚ ਇਹੀ ਖਿਆਲ ਰਹਿੰਦਾ ਸੀ ਕਿ ਉਹ ਆਪਣੇ ਵਤਨ ਕਦੋਂ ਵਾਪਸ ਆਵੇਗਾ।

ਹਰਦੀਪ ਸਿੰਘ ਦਾ ਕਹਿਣਾ ਹੈ ਕਿ ਉਸਦੇ ਸਾਰੇ ਦੋਸਤਾਂ ਨੇ ਸਾਲ 2022 ਵਿੱਚ ਆਪਣੇ ਵਤਨ ਵਾਪਸ ਜਾਣ ਦਾ ਫੈਸਲਾ ਕੀਤਾ। ਨਵੰਬਰ 2022 ਵਿੱਚ, ਬਠਿੰਡਾ ਜ਼ਿਲ੍ਹੇ ਦੇ ਲਹਿਰਾ ਬੇਗਾ ਪਿੰਡ ਵਿੱਚ ਛੇ ਏਕੜ ਜ਼ਮੀਨ ਖਰੀਦੀ ਗਈ ਅਤੇ ਇੱਕ ਵਾਟਰ ਪਾਰਕ ਬਣਾਉਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਗਈ। ਉਸ ਸਮੇਂ ਰਾਜ ਵਿੱਚ ਨਵੀਂ ਸਰਕਾਰ ਬਣੀ ਸੀ ਅਤੇ ਉਨ੍ਹਾਂ ਨੂੰ ਸੀ.ਐਲ.ਯੂ. ਅਤੇ ਹੋਰ ਜ਼ਰੂਰੀ ਪ੍ਰਵਾਨਗੀਆਂ ਪ੍ਰਾਪਤ ਕਰਨ ਵਿੱਚ ਕੋਈ ਮੁਸ਼ਕਲ ਨਹੀਂ ਆਈ।

ਸਾਰੀਆਂ ਪ੍ਰਵਾਨਗੀਆਂ ਦੋ ਮਹੀਨਿਆਂ ਦੇ ਅੰਦਰ-ਅੰਦਰ ਮਿਲ ਗਈਆਂ ਅਤੇ 15 ਮਹੀਨਿਆਂ ਦੀ ਸਖ਼ਤ ਮਿਹਨਤ ਤੋਂ ਬਾਅਦ, ਉਸਦਾ ਸੁਪਨਾ ਸਾਕਾਰ ਹੋਇਆ। ਗੇਮ ਜ਼ੋਨ 14 ਜਨਵਰੀ, 2023 ਨੂੰ ਅਤੇ 'ਪਨਜੁਆਏ' ਵਾਟਰ ਪਾਰਕ 5 ਮਈ, 2024 ਨੂੰ ਲਾਂਚ ਕਰ ਦਿੱਤਾ ਗਿਆ। ਅੱਜ ਇਸਦਾ ਟਰਨਓਵਰ 22 ਕਰੋੜ ਰੁਪਏ ਹੈ।

ਭਾਰਤ ਦੇ ਵੱਡੇ ਵਾਟਰ ਪਾਰਕਾਂ ਦਾ ਦੌਰਾ ਕਰਨ ਤੋਂ ਬਾਅਦ, ਉਸਨੇ ਆਪਣੇ ਵਾਟਰ ਪਾਰਕ ਵਿੱਚ ਬਹੁਤ ਸਾਰੀਆਂ ਵਿਲੱਖਣ ਚੀਜ਼ਾਂ ਸ਼ਾਮਲ ਕੀਤੀਆਂ। ਇਸ ਵਿੱਚ ਪੰਜ ਮੀਟਰ ਚੌੜੀ ਅਤੇ 360 ਮੀਟਰ ਲੰਬੀ ਨਹਿਰ ਬਣਾਈ ਗਈ। ਇਸ ਤੋਂ ਇਲਾਵਾ, ਉਸਨੇ ਇੱਕ ਵਿਸ਼ਾਲ ਜਹਾਜ਼ ਦਾ ਮਾਡਲ ਵੀ ਤਿਆਰ ਕੀਤਾ, ਜੋ ਭਾਰਤ ਵਿੱਚ ਹੋਰ ਕਿਤੇ ਨਹੀਂ ਮਿਲਦਾ।

ਹਰਦੀਪ ਸਿੰਘ ਅਤੇ ਉਸਦੇ ਦੋਸਤਾਂ ਦਾ ਇਹ ਸਫ਼ਰ ਸਿਰਫ਼ ਉਨ੍ਹਾਂ ਦੀ ਆਪਣੀ ਤਰੱਕੀ ਤੱਕ ਸੀਮਤ ਨਹੀਂ ਸੀ। ਅੱਜ ਉਹ ਆਪਣੇ ਵਾਟਰ ਪਾਰਕ ਵਿੱਚ 600 ਨੌਜਵਾਨਾਂ ਨੂੰ ਰੁਜ਼ਗਾਰ ਪ੍ਰਦਾਨ ਕਰ ਰਹੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਉਹ ਉਨ੍ਹਾਂ ਨੌਜਵਾਨਾਂ ਨੂੰ ਵੀ ਰੁਜ਼ਗਾਰ ਦੇਣਾ ਚਾਹੁੰਦੇ ਹਨ ਜੋ ਅਮਰੀਕਾ ਤੋਂ ਦੇਸ਼ ਨਿਕਾਲਾ ਮਿਲਣ ਤੋਂ ਬਾਅਦ ਵਾਪਸ ਆਏ ਹਨ। ਉਨ੍ਹਾਂ ਨੇ ਪੰਜਾਬ ਸਰਕਾਰ ਨੂੰ ਪੇਸ਼ਕਸ਼ ਕੀਤੀ ਹੈ ਕਿ ਉਹ ਅਜਿਹੇ 100-150 ਨੌਜਵਾਨਾਂ ਨੂੰ ਨੌਕਰੀਆਂ ਦੇਣ ਲਈ ਤਿਆਰ ਹਨ। ਹਰਦੀਪ ਸਿੰਘ ਕਹਿੰਦੇ ਹਨ ਕਿ ਹੈ ਕਿ ਵਿਦੇਸ਼ਾਂ ਵਿੱਚ ਸਿਰਫ਼ ਪੈਸਾ ਹੈ, ਇੱਜ਼ਤ ਨਹੀਂ। ਅਸਲੀ ਸਤਿਕਾਰ ਸਿਰਫ਼ ਆਪਣੇ ਦੇਸ਼ ਵਿੱਚ ਹੀ ਮਿਲਦਾ ਹੈ। ਅਸਲੀ ਸਫਲਤਾ ਉਹ ਹੈ ਜਿੱਥੇ ਸਵੈ ਮਾਣ ਅਤੇ ਦੇਸ਼ ਲਈ ਕੁਝ ਕਰਨ ਦਾ ਜਜ਼ਬਾ ਹੋਵੇ।

# ਸਕੂਲ ਦੇ ਨੇੜੇ ਸੀਵਰੇਜ ਪਾਣੀ ਦੇ ਨਿਪਟਾਰੇ 'ਤੇ ਹਾਈ ਕੋਰਟ ਨੇ ਅਪਨਾਇਆ ਸਖ਼ਤ ਰੁਖ਼

## ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਲਗਾਇਆ 10,000 ਰੁਪਏ ਦਾ ਜੁਰਮਾਨਾ

ਚੰਡੀਗੜ੍ਹ: ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਮੋਹਾਲੀ ਦੇ ਇੱਕ ਪਿੰਡ ਦੇ ਸਕੂਲ ਦੇ ਨੇੜੇ ਤਲਾਬ ਨੂੰ ਗਹਿਰਾ ਕਰਕੇ ਸੀਵਰੇਜ ਪਾਣੀ ਦੇ ਨਿਪਟਾਰੇ 'ਤੇ ਸਖ਼ਤ ਨਾਰਾਜ਼ਗੀ ਜਤਾਈ ਹੈ। ਕੋਰਟ ਨੇ ਪੰਜਾਬ ਸਰਕਾਰ ਤੋਂ ਪੁੱਛਿਆ ਹੈ ਕਿ ਕਿਸ ਦੀ ਇਜਾਜ਼ਤ ਨਾਲ ਇਹ ਕੰਮ ਕੀਤਾ ਗਿਆ ਅਤੇ ਇਸ ਨਾਲ ਭੂਜਲ ਅਤੇ ਤਲਾਬ ਦੇ ਪਾਣੀ ਦੀ ਸ਼ੁੱਧਤਾ 'ਤੇ ਕੀ ਪ੍ਰਭਾਵ ਪਵੇਗਾ। ਮਾਮਲੇ ਦੀ ਸੁਣਵਾਈ ਦੌਰਾਨ, ਕੇਂਦਰੀ ਪ੍ਰਦੂਸ਼ਣ ਨਿਯੰਤਰਣ ਬੋਰਡ ਨੇ ਆਪਣੀ ਰਿਪੋਰਟ ਪੇਸ਼ ਕੀਤੀ, ਜਿਸਨੂੰ ਕੋਰਟ ਨੇ ਰਿਕਾਰਡ 'ਤੇ ਲੈ ਲਿਆ। ਰਾਜ ਸਰਕਾਰ ਦੇ ਵਕੀਲ ਨੇ ਕੋਰਟ ਨੂੰ ਸੂਚਿਤ ਕੀਤਾ ਕਿ ਸਕੂਲ ਦੇ ਨੇੜੇ ਇਕੱਠਾ ਹੋ ਰਿਹਾ ਸੀਵਰੇਜ ਪਾਣੀ ਦੀ ਸਮੱਸਿਆ ਦੇ ਹੱਲ ਲਈ ਪਿੰਡ ਦੇ ਤਲਾਬ ਨੂੰ ਗਹਿਰਾ ਕਰ ਦਿੱਤਾ ਗਿਆ ਹੈ, ਜਿਸ ਨਾਲ ਪਾਣੀ ਦੇ ਓਵਰਫਲੋ ਨੂੰ ਰੋਕਿਆ ਜਾ ਸਕੇ। ਇਸ 'ਤੇ ਹਾਈ ਕੋਰਟ ਨੇ ਸਖ਼ਤ ਰੁਖ਼ ਅਪਣਾਉਂਦੇ ਹੋਏ ਪਿੰਡ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਅਤਿਰਿਕਤ ਮੁੱਖ ਸਕੱਤਰ ਨੂੰ ਹੁਕਮ ਦਿੱਤਾ ਕਿ ਉਹ ਹਲਫਨਾਮਾ ਦਾਖਲ ਕਰਕੇ ਇਹ ਸਪਸ਼ਟ ਕਰਨ ਕਿ ਕਿਸ ਦੇ ਹੁਕਮ 'ਤੇ ਤਲਾਬ ਨੂੰ ਗਹਿਰਾ ਕਰਕੇ ਸੀਵਰੇਜ ਪਾਣੀ ਦਾ ਨਿਪਟਾਰਾ ਕੀਤਾ ਗਿਆ। ਕੋਰਟ ਨੇ ਇਹ ਵੀ ਪੁੱਛਿਆ ਕਿ ਇਸ ਨਾਲ ਤਲਾਬ ਅਤੇ ਭੂਜਲ ਦੀ ਸ਼ੁੱਧਤਾ ਨੂੰ ਲੈ ਕੇ ਕੀ ਕਦਮ ਚੁੱਕੇ ਗਏ ਹਨ। ਹਾਈ ਕੋਰਟ ਨੇ 6 ਫਰਵਰੀ 2025 ਦੇ ਹੁਕਮਾਂ ਦੀ ਪਾਲਣਾ ਨਾ ਕਰਨ 'ਤੇ ਵੀ ਨਾਰਾਜ਼ਗੀ ਜਤਾਈ ਹੈ। ਸਰਕਾਰ ਨੇ ਪਾਲਣਾ ਲਈ ਵਾਧੂ ਸਮੇਂ ਦੀ ਮੰਗ ਕੀਤੀ, ਜਿਸਨੂੰ ਸਵੀਕਾਰ ਕਰ ਲਿਆ ਗਿਆ, ਪਰ ਇਸਦੇ ਨਾਲ ਹੀ 10,000 ਰੁਪਏ ਦਾ ਜੁਰਮਾਨਾ ਵੀ ਲਗਾਇਆ ਗਿਆ ਹੈ। ਅਦਾਲਤ ਨੇ ਸਾਫ ਕਰ ਦਿੱਤਾ ਹੈ ਕਿ 25 ਫਰਵਰੀ 2025 ਨੂੰ ਹੋਣ ਵਾਲੀ ਅਗਲੀ ਸੁਣਵਾਈ ਵਿੱਚ ਕੋਈ ਹੋਰ ਬਹਾਨਾ ਸਵੀਕਾਰ ਨਹੀਂ ਕੀਤਾ ਜਾਵੇਗਾ। ਇਸ ਮਾਮਲੇ ਵਿੱਚ ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਹੁਕਮ ਦਿੱਤਾ ਸੀ ਕਿ ਉਹ ਰਾਜ ਵਿੱਚ ਸਕੂਲਾਂ, ਹਸਪਤਾਲਾਂ ਅਤੇ ਹੋਰ ਸਰਕਾਰੀ ਥਾਵਾਂ ਦੇ ਨੇੜੇ ਤੋਂ ਲੰਘ ਰਹੇ ਸੀਵਰੇਜ ਨੂੰ ਮੋੜਨ ਲਈ ਤੁਰੰਤ ਕਦਮ ਚੁੱਕੇ। ਇਸ ਸੰਬੰਧ ਵਿੱਚ ਪਿੰਡ ਵਿਕਾਸ ਅਤੇ ਪੰਚਾਇਤ ਵਿਭਾਗ ਅਤੇ ਜਨਤਕ ਸਿਹਤ ਇੰਜੀਨੀਅਰਿੰਗ ਵਿਭਾਗ ਦੇ ਪ੍ਰਧਾਨ ਸਕੱਤਰਾਂ ਨੂੰ ਹਲਫਨਾਮਾ ਦਾਖਲ ਕਰਨ ਲਈ ਕਿਹਾ ਗਿਆ ਸੀ। ਇਸ ਤੋਂ ਇਲਾਵਾ, ਜਿਨ੍ਹਾਂ ਪਿੰਡਾਂ ਵਿੱਚ ਹੁਣ ਤੱਕ ਸੀਵਰੇਜ ਟ੍ਰੀਟਮੈਂਟ ਪਲਾਂਟ ਨਹੀਂ ਬਣਾਏ ਗਏ ਹਨ ਅਤੇ ਜਿੱਥੇ ਸੀਵਰੇਜ ਦਾ ਖੁੱਲ੍ਹਾ ਵਹਾਅ ਹੋ ਰਿਹਾ ਹੈ, ਉੱਥੇ ਇੱਕ ਮਹੀਨੇ ਦੇ ਅੰਦਰ ਪਾਣੀ ਦੀ ਸਫਾਈ, ਕਲੋਰੀਨੀਕਰਨ ਦੀ ਪ੍ਰਕਿਰਿਆ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ। ਇਸੇ ਮਾਮਲੇ ਵਿੱਚ ਹਾਈ ਕੋਰਟ ਨੇ ਰਾਜ ਵਿੱਚ ਸੀਵਰੇਜ ਟ੍ਰੀਟਮੈਂਟ ਪਲਾਂਟਸ ਦੀ ਕਾਰਗੁਜ਼ਾਰੀ ਨੂੰ ਲੈ ਕੇ ਪੰਜਾਬ ਸਰਕਾਰ ਨੂੰ ਸਖ਼ਤ ਫਟਕਾਰ ਲਗਾਈ ਸੀ। ਕੋਰਟ ਨੇ ਸਰਕਾਰ ਨੂੰ ਹੁਕਮ ਦਿੱਤਾ ਸੀ ਕਿ ਜਦ ਤੱਕ ਇਹਨਾਂ ਪਲਾਂਟਸ ਦੀ ਸਥਿਤੀ ਸੁਧਰ ਨਹੀਂ ਜਾਂਦੀ, ਤਦ ਤੱਕ 12 ਕਰੋੜ ਦੀ ਰਕਮ ਹਾਈ ਕੋਰਟ ਦੇ ਰਜਿਸਟਰਾਰ ਜਨਰਲ ਕੋਲ ਬਤੌਰ ਸੁਰੱਖਿਆ ਜਮ੍ਹਾਂ ਕਰਾਈ ਜਾਵੇ। ਇਸ ਮਾਮਲੇ ਵਿੱਚ ਸੁਖੀਜਾ ਐਜੂਕੇਸ਼ਨਲ ਐਂਡ ਰਿਸਰਚ ਫਾਊਂਡੇਸ਼ਨ ਅਤੇ ਪੇਰੈਂਟ ਟੀਚਰਜ਼ ਐਸੋਸੀਏਸ਼ਨ ਵੱਲੋਂ ਅਰਜ਼ੀ ਦਾਇਰ ਕਰ ਦੱਸੀ ਗਈ ਸੀ ਕਿ ਪਿੰਡ ਤੰਗੌਰੀ, ਨਿਊ ਚੰਡੀਗੜ੍ਹ ਐਸਏਐਸ ਨਗਰ ਵਿੱਚ ਪ੍ਰਸ਼ਾਸਨ ਵੱਲੋਂ ਉਨ੍ਹਾਂ ਦੇ ਸਥਾਨ ਦੇ ਨੇੜੇ ਸੀਵਰੇਜ ਪਾਣੀ ਛੱਡਿਆ ਜਾ ਰਿਹਾ ਹੈ ਜੋ ਵਿਦਿਆਰਥੀਆਂ ਦੀ ਸਿਹਤ ਲਈ ਹਾਨੀਕਾਰਕ ਹੈ।

# ਐਲਗਰਾਂ ਪੁਲ ਲਈ ਟੈਂਡਰ ਜਾਰੀ, ਨਾਜਾਇਜ਼ ਮਾਈਨਿੰਗ ਦੀ ਭੇਟ ਚੜ੍ਹ ਗਿਆ ਸੀ ਪੁਲ

ਨੂਰਪੁਰ ਬੇਦੀ ਇਲਾਕੇ 'ਚ ਸਵਾਂ ਨਦੀ 'ਚ ਗ਼ੈਰ ਕਾਨੂੰਨੀ ਮਾਈਨਿੰਗ ਦੀ ਭੇਟ ਚੜ੍ਹੇ ਪਿੰਡ ਐਲਗਰਾਂ ਦੇ ਪੁਲ ਬਾਰੇ ਸ਼ੁੱਕਰਵਾਰ ਨੂੰ ਪੰਜਾਬੀ ਜਾਗਰਣ 'ਚ ਪ੍ਰਕਾਸ਼ਿਤ ਖ਼ਬਰ ਨੇ ਇਕ ਦਿਨ 'ਚ ਹੀ ਅਸਰ ਦਿਖਾ ਦਿੱਤਾ। ਖ਼ਬਰ ਛਪਦੇ ਸਾਰ ਹੀ ਪ੍ਰਸ਼ਾਸਨ ਹਰਕਤ 'ਚ ਆ ਗਿਆ ਤੇ ਅੱਠ ਘੰਟੇ ਦੇ ਅੰਦਰ ਹੀ ਪੰਜਾਬ ਦੇ ਲੋਕ ਨਿਰਮਾਣ ਵਿਭਾਗ ਨੇ ਪੁਲ ਦੀ ਮੁਰੰਮਤ ਲਈ 17.56 ਕਰੋੜ ਰੁਪਏ ਦਾ ਟੈਂਡਰ ਜਾਰੀ ਕਰ ਦਿੱਤਾ। ਜ਼ਿਕਰਯੋਗ ਹੈ ਕਿ ਅਕਾਲੀ ਭਾਜਪਾ ਸਰਕਾਰ ਸਮੇਂ ਬਣਿਆ ਇਹ ਪੁਲ ਸਵਾਂ ਨਦੀ 'ਚ ਲਗਾਤਾਰ ਮਾਈਨਿੰਗ ਕਾਰਨ ਖੋਖਲਾ ਹੋ ਗਿਆ ਸੀ। ਮਾਈਨਿੰਗ ਮਾਫ਼ੀਆ ਪੁਲ ਦੇ ਪਿੱਲਰਾਂ ਹੇਠੋਂ ਵੀ ਮਿੱਟੀ ਕੱਢ ਕੇ ਲੈ ਗਿਆ ਸੀ। ਇਸ ਕਾਰਨ ਪੁਲ ਦੀ ਹਾਲਤ ਏਨੀ ਖ਼ਰਾਬ ਹੋ ਗਈ ਸੀ ਕਿ ਇਸ ਦੀਆਂ ਸਲੈਬਾਂ 'ਚ ਪਾੜ ਪੈ ਗਿਆ ਤੇ ਅਖ਼ੀਰ ਇਸ ਨੂੰ ਆਵਾਜਾਈ ਲਈ ਬੰਦ ਕਰ ਦਿੱਤਾ ਗਿਆ। ਇਹ ਆਲੇ ਦੁਆਲੇ ਦੇ 100 ਪਿੰਡਾਂ ਦੇ ਲਾਂਘੇ ਦੇ ਨਾਲ-ਨਾਲ ਨੰਗਲ ਤੋਂ ਚੰਡੀਗੜ੍ਹ, ਗੜ੍ਹਸ਼ੰਕਰ ਤੋਂ ਲੁਧਿਆਣਾ ਜਾਣ ਦਾ ਵੀ ਅਹਿਮ ਮਾਰਗ ਸੀ। ਲੋਕਾਂ ਨੂੰ ਹੋ ਰਹੀ ਪਰੇਸ਼ਾਨੀ ਬਾਰੇ ਪੰਜਾਬੀ ਜਾਗਰਣ ਨੇ ਸ਼ੁੱਕਰਵਾਰ ਨੂੰ ਆਪਣੇ ਪਹਿਲੇ ਸਫ਼ੇ 'ਤੇ ਇਸ ਸਬੰਧੀ ਵਿਸਥਾਰਤ ਰਿਪੋਰਟ ਪ੍ਰਕਾਸ਼ਿਤ ਕੀਤੀ। ਪੰਜਾਬ ਦੇ ਕੈਬਨਿਟ ਮੰਤਰੀ ਤੇ ਸਥਾਨਕ ਵਿਧਾਇਕ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਪੰਜਾਬ ਦੇ ਲੋਕ ਨਿਰਮਾਣ ਵਿਭਾਗ (ਪੀਡਬਲਿਊਡੀ) ਨੇ ਸਵਾਂ ਨਦੀ 'ਤੇ ਐਲਗਰਾਂ ਪੁਲ ਦੀ ਮੁਰੰਮਤ ਲਈ 17.56 ਕਰੋੜ ਰੁਪਏ ਦਾ ਟੈਂਡਰ ਜਾਰੀ ਕੀਤਾ ਹੈ। ਪੁਲ ਦੀ ਮੁਰੰਮਤ ਲਈ ਟੈਂਡਰ ਦੀ ਮਿਆਦ ਨੌਂ ਮਹੀਨਿਆਂ ਦੀ ਹੋਵੇਗੀ। ਚਾਹਵਾਨ ਠੇਕੇਦਾਰ ਸੂਬਾ ਸਰਕਾਰ ਦੀ ਅਧਿਕਾਰਤ ਵੈੱਬਸਾਈਟ 'ਤੇ ਜਾ ਕੇ ਟੈਂਡਰ ਸਬੰਧੀ ਦਸਤਾਵੇਜ਼ ਪ੍ਰਾਪਤ ਕਰ ਸਕਦੇ ਹਨ ਤੇ 20 ਮਾਰਚ ਤੱਕ ਆਪਣੀਆਂ ਬੋਲੀ ਜਮ੍ਹਾਂ ਕਰਵਾ ਸਕਦੇ ਹਨ। ਪੁਲ ਦੀ ਮਹੱਤਤਾ ਬਾਰੇ ਗੱਲ ਕਰਦਿਆਂ ਬੈਂਸ ਨੇ ਕਿਹਾ ਕਿ ਇਹ ਪੁਲ ਨਾ ਸਿਰਫ਼ ਪੰਜਾਬ ਤੇ ਹਿਮਾਚਲ ਪ੍ਰਦੇਸ਼ ਦਰਮਿਆਨ ਆਵਾਜਾਈ ਦਾ ਅਹਿਮ ਰਸਤਾ ਹੈ, ਬਲਕਿ ਇਹ ਰੋਪੜ ਜ਼ਿਲ੍ਹੇ ਨੂੰ ਹੁਸ਼ਿਆਰਪੁਰ ਨਾਲ ਜੋੜਨ ਦੇ ਨਾਲ ਨਾਲ ਸ਼ਰਧਾਲੂਆਂ, ਸੈਲਾਨੀਆਂ ਤੇ ਸਥਾਨਕ ਲੋਕਾਂ ਲਈ ਮੁੱਖ ਰਸਤਾ ਵੀ ਹੈ। ਇਸ ਤੋਂ ਇਲਾਵਾ, ਇਹ ਪ੍ਰਾਜੈਕਟ ਰੋਜ਼ਾਨਾ ਆਉਣ-ਜਾਣ ਵਾਲੇ ਯਾਤਰੀਆਂ ਨੂੰ ਲੋੜੀਂਦੀ ਰਾਹਤ ਪ੍ਰਦਾਨ ਕਰੇਗਾ। ਇਸ ਪੁਲ ਦੀ ਮੁਰੰਮਤ ਨਾਲ ਉਨ੍ਹਾਂ ਬਦਲਵੇਂ ਰੂਟਾਂ 'ਤੇ ਬੋਝ ਵੀ ਘਟੇਗਾ, ਜਿਨ੍ਹਾਂ ਦੀ ਵਰਤੋਂ ਇਸ ਪੁਲ ਦੀ ਖ਼ਸਤਾ ਹਾਲਤ ਕਾਰਨ ਵਧ ਗਈ ਸੀ। ਇਸ ਨਾਲ ਖੇਤਰ ਦੇ ਸਮੁੱਚੇ ਸੰਪਰਕ ਤੇ ਸੁਰੱਖਿਆ 'ਚ ਸੁਧਾਰ ਹੋਵੇਗਾ। ਪੰਜਾਬ ਮੋਰਚੇ ਦੇ ਕਨਵੀਨਰ ਗੌਰਵ ਰਾਣਾ, ਜਿਨ੍ਹਾਂ ਨੇ ਪੁਲ ਦਾ ਮੁੱਦਾ ਪ੍ਰਮੁੱਖਤਾ ਨਾਲ ਚੁੱਕਿਆ ਸੀ, ਨੇ ਕਿਹਾ ਕਿ ਉਹ ਇਸ ਲਈ ਪੰਜਾਬੀ ਜਾਗਰਣ ਦੇ ਧੰਨਵਾਦੀ ਹਨ ਜਿਸਨੇ ਇਸ ਲੋਕ ਮੁੱਦੇ ਨੂੰ ਪ੍ਰਮੁੱਖਤਾ ਨਾਲ ਛਾਪਿਆ ਤੇ ਸਰਕਾਰ ਨੂੰ ਇਸ 'ਤੇ ਜਵਾਬ ਦੇਣਾ ਪਿਆ। ਇਸ ਦੇ ਨਾਲ ਹੀ ਉਨ੍ਹਾਂ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦਾ ਵੀ ਪੁਲ ਦੀ ਮੁਰੰਮਦ ਲਈ ਟੈਂਡਰ ਜਾਰੀ ਕਰਨ ਦਾ ਧੰਨਵਾਦ ਕੀਤਾ। ਉਨ੍ਹਾਂ ਕੈਬਨਿਟ ਮੰਤਰੀ ਨੂੰ ਅਪੀਲ ਕੀਤੀ ਕਿ ਉਹ ਹੁਣ ਇਸ ਨੂੰ ਛੇਤੀ ਨੇਪਰੇ ਚਾੜ੍ਹਨ ਤੇ ਇਸ ਗੱਲ ਦਾ ਖ਼ਿਆਲ ਰੱਖਣ ਕਿ ਕਿਤੇ ਮੁਰੰਮਤ ਦਾ ਕਾਰਜ ਸਰਕਾਰੀ ਫਾਈਲਾਂ 'ਚ ਹੀ ਨਾ ਰਹਿ ਜਾਵੇ।

# ਹਾਈ ਕੋਰਟ ਨੇ ਕੇਂਦਰ ਨੂੰ ਪੁੱਛਿਆ- ਸੰਸਦ ਮੈਂਬਰਾਂ ਨੂੰ ਛੁੱਟੀ ਦੇਣ ਵਾਲੀ ਕਮੇਟੀ ਬਣੀ ਹੈ ਜਾਂ ਨਹੀਂ

ਚੰਡੀਗੜ੍ਹ: ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਸ਼ੁੱਕਰਵਾਰ ਨੂੰ ਕੇਂਦਰ ਸਰਕਾਰ ਤੋਂ ਇਹ ਜਾਣਕਾਰੀ ਮੰਗੀ ਕਿ ਕੀ ਲੋਕ ਸਭਾ ਮੈਂਬਰਾਂ ਨੂੰ ਸਦਨ ਦੀ ਕਾਰਵਾਈ ਤੋਂ ਗ਼ੈਰ ਹਾਜ਼ਰ ਰਹਿਣ ਲਈ ਛੁੱਟੀ ਅਰਜ਼ੀ ਦੇਣ ਦੀ ਮਨਜ਼ੂਰੀ ਦੇਣ ਵਾਲੀ 'ਸਦਨ ਦੀਆਂ ਬੈਠਕਾਂ ਤੋਂ ਮੈਂਬਰਾਂ ਦੀ ਗ਼ੈਰ ਹਾਜ਼ਰੀ 'ਤੇ ਕਮੇਟੀ' ਗਠਿਤ ਕੀਤੀ ਗਈ ਹੈ ਜਾਂ ਨਹੀਂ। ਚੀਫ ਜਸਟਿਸ ਸ਼ੀਲ ਨਾਗੂ ਤੇ ਜਸਟਿਸ ਸੁਮਿਤ ਗੋਇਲ ਦੇ ਬੈਂਚ ਨੇ ਇਸ ਸਬੰਧੀ ਵਧੀਕ ਸਾਲਿਸਟਰ ਜਨਰਲ ਸੱਤਿਆਪਾਲ ਜੈਨ ਨੂੰ ਕੇਂਦਰ ਤੋਂ ਜਾਣਕਾਰੀ ਲੈ ਕੇ 25 ਫਰਵਰੀ ਨੂੰ ਅਦਾਲਤ ਨੂੰ ਸੂਚਿਤ ਕਰਨ ਲਈ ਕਿਹਾ। ਇਹ ਮਾਮਲਾ ਅੰਮ੍ਰਿਤਪਾਲ ਸਿੰਘ ਵੱਲੋਂ ਦਾਇਰ ਇਕ ਪਟੀਸ਼ਨ ਨਾਲ ਸਬੰਧਤ ਹੈ, ਜਿਸ 'ਚ ਉਨ੍ਹਾਂ ਲੋਕ ਸਭਾ ਦੀ ਕਾਰਵਾਈ 'ਚ ਹਿੱਸਾ ਲੈਣ ਦੀ ਮਨਜ਼ੂਰੀ ਦੇਣ ਦੇ ਨਿਰਦੇਸ਼ ਜਾਰੀ ਕਰਨ ਦੀ ਮੰਗ ਕੀਤੀ ਹੈ। ਅੰਮ੍ਰਿਤਪਾਲ ਸਿੰਘ ਨੂੰ 2023 ਤੋਂ ਰਾਸ਼ਟਰੀ ਸੁਰੱਖਿਆ ਐਕਟ ਤਹਿਤ ਅਸਮ 'ਚ ਹਿਰਾਸਤ 'ਚ ਰੱਖਿਆ ਗਿਆ ਹੈ। ਅੰਮ੍ਰਿਤਪਾਲ ਦੇ ਵਕੀਲ ਦਾ ਕਹਿਣਾ ਹੈ ਕਿ ਉਨ੍ਹਾਂ ਛੁੱਟੀ ਲਈ ਅਰਜ਼ੀ ਦਿੱਤੀ ਸੀ ਪਰ ਹੁਣ ਤੱਕ ਉਨ੍ਹਾਂ ਨੂੰ ਇਸ 'ਤੇ ਕੋਈ ਫ਼ੈਸਲਾ ਨਹੀਂ ਦੱਸਿਆ ਗਿਆ। ਉਨ੍ਹਾਂ ਕਿਹਾ ਕਿ 60 ਦਿਨਾਂ ਦੀ ਮਿਆਦ ਲਈ ਸਦਨ ਦੀ ਮਨਜ਼ੂਰੀ ਦੇ ਬਿਨਾਂ ਸਾਰੀਆਂ ਬੈਠਕਾਂ ਤੋਂ ਗ਼ੈਰ ਹਾਜ਼ਰ ਰਹਿਣ 'ਤੇ ਉਨ੍ਹਾਂ ਦੀ ਸੀਟ ਨੂੰ ਖ਼ਾਲੀ ਐਲਾਨ ਹੋ ਸਕਦੀ ਹੈ। ਪਟੀਸ਼ਨ 'ਚ ਕਿਹਾ ਗਿਆ ਹੈ ਕਿ ਅੰਮ੍ਰਿਤਪਾਲ ਨੂੰ ਜ਼ਬਰੀ ਹਿਰਾਸਤ 'ਚ ਰੱਖਿਆ ਗਿਆ ਹੈ ਤੇ ਅਜਿਹੇ 'ਚ ਇਸ ਨੂੰ ਉਨ੍ਹਾਂ ਦੀ ਸਵੈ ਇੱਛਾ ਨਾਲ ਗ਼ੈਰ ਹਾਜ਼ਰੀ ਨਹੀਂ ਮੰਨਿਆ ਜਾ ਸਕਦਾ ਬਲਕਿ ਇਹ ਉਨ੍ਹਾਂ 'ਤੇ ਥੋਪੀਆਂ ਗਈਆਂ ਪਾਬੰਦੀਆਂ ਦਾ ਨਤੀਜਾ ਹੈ, ਜੋ ਸੰਸਦੀ ਦੀ ਉਲੰਘਣ ਕਰਨ ਵਰਗਾ ਹੈ। ਅੰਮ੍ਰਿਤਪਾਲ ਦਾ ਤਰਕ ਹੈ ਕਿ ਜੇਲ੍ਹ ਪ੍ਰਸ਼ਾਸਨ ਉਨ੍ਹਾਂ ਦੇ ਪੱਤਰਾਂ ਨੂੰ ਸਮੇਂ 'ਤੇ ਲੋਕ ਸਭਾ ਸਕੱਤਰੇਤ ਨੂੰ ਉਪਲਬਧ ਨਹੀਂ ਕਰਵਾਉਂਦਾ ਹੈ। ਨਾਲ ਹੀ ਲੋਕ ਸਭਾ ਸਕੱਤਰੇਤ ਤੋਂ ਆਉਣ ਵਾਲੇ ਪੱਤਰਾਂ ਨੂੰ ਰੋਕਿਆ ਜਾਂ ਸੈਂਸਰ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਅਦਾਲਤ ਨੂੰ ਦੱਸਿਆ ਕਿ ਉਨ੍ਹਾਂ ਕੋਲ ਹੁਣ ਸਿਰਫ਼ ਛੇ ਦਿਨ ਬਚੇ ਹਨ।

ਜ਼ਿਕਰਯੋਗ ਹੈ ਕਿ ਲੋਕ ਸਭਾ ਸਕੱਤਰੇਤ ਤੋਂ ਅੰਮ੍ਰਿਤਪਾਲ ਸਿੰਘ ਨੂੰ ਮਿਲੇ ਸੰਮਨ 'ਚ ਕਿਹਾ ਗਿਆ ਹੈ ਕਿ ਉਹ ਹੁਣ ਤੱਕ 46 ਤੋਂ ਵੱਧ ਵਾਰ ਸਦਨ ਤੋਂ ਗ਼ੈਰ ਹਾਜ਼ਰ ਰਹੇ ਹਨ। ਬੈਂਚ ਨੇ ਟਿੱਪਣੀ ਕੀਤੀ ਕਿ ਸੰਸਦ ਦੇ ਬਜਟ ਸੈਸ਼ਨ ਦਾ ਪਹਿਲਾ ਪੜਾਅ ਪਹਿਲਾਂ ਹੀ ਸਮਾਪਤ ਹੋ ਚੁੱਕਿਆ ਹੈ ਤੇ ਹੁਣ ਜਦੋਂ ਵੀ ਅਗਲੀ ਵਾਰ ਅੰਮ੍ਰਿਤਪਾਲ ਨੂੰ ਸੰਸਦ 'ਚ ਹਿੱਸਾ ਲੈਣ ਲਈ ਸੰਮਨ ਪ੍ਰਾਪਤ ਹੋਵੇ, ਉਦੋਂ ਉਹ ਫਿਰ ਤੋਂ ਅਦਾਲਤ ਆ ਸਕਦੇ ਹਨ। ਅੰਮ੍ਰਿਤਪਾਲ ਵੱਲੋਂ ਅਦਾਲਤ ਨੂੰ ਦੱਸਿਆ ਗਿਆ ਕਿ ਨਿਆਇਕ ਪ੍ਰਕਿਰਿਆ 'ਚ ਸਮਾਂ ਲੱਗਦਾ ਹੈ ਤੇ ਉਨ੍ਹਾਂ ਇਸ ਪਟੀਸ਼ਨ 'ਚ ਭਵਿੱਖ ਦੇ ਸੈਸ਼ਨਾਂ 'ਚ ਹਿੱਸਾ ਲੈਣ ਦੀ ਮਨਜ਼ੂਰੀ ਦੀ ਵੀ ਮੰਗ ਕੀਤੀ ਹੈ। ਇਸ 'ਤੇ ਵਧੀਕ ਸਾਲਿਸਟਰ ਜਨਰਲ ਸਤਿਆਪਾਲ ਜੈਨ ਨੇ ਤਰਕ ਦਿੱਤਾ ਕਿ ਕੋਈ ਵੀ ਸੰਸਦ ਮੈਂਬਰ ਸੰਸਦ ਤੋਂ ਛੁੱਟੀ ਲਈ ਅਰਜ਼ੀ ਦੇ ਸਕਦਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਹਿਰਾਸਤ 'ਚ ਰਹਿਣਾ ਸੰਸਦ ਤੋਂ ਛੁੱਟੀ ਦਾ ਇਕ ਆਧਾਰ ਹੋ ਸਕਦਾ ਹੈ।

ਅੰਮ੍ਰਿਤਪਾਲ ਨੇ ਲੋਕ ਸਭਾ ਦੀ ਸਿਰਫ਼ ਇਕ ਹੀ ਬੈਠਕ 'ਚ ਹਿੱਸਾ ਲਿਆ, ਜਿਸ 'ਚ ਉਨ੍ਹਾਂ ਪਿਛਲੀ ਜੁਲਾਈ 'ਚ ਸਹੁੰ ਚੁੱਕੀ ਸੀ। ਉਦੋਂ ਤੋਂ ਉਹ ਅਸਮ ਵਿਖੇ ਹਿਰਾਸਤ 'ਚ ਹੈ।

# ਜਾਣਕਾਰੀ ਅਤੇ ਮਨੋਰੰਜਨ ਦਾ ਭੰਡਾਰ ਰੇਡੀਓ




WORLD PUNJABI NEWS NETWORK ਅੱਜ ਜਿਸ ਤਰ੍ਹਾਂ ਹਰ ਇੱਕ ਹੱਥ ਵਿੱਚ ਮੋਬਾਈਲ ਫੋਨ ਨਜ਼ਰ ਆ ਰਿਹਾ ਹੈ, ਠੀਕ ਉਸੇ ਤਰ੍ਹਾਂ ਇੱਕ ਸਮੇਂ ਹਰ ਘਰ ਵਿੱਚ ਇੱਕ ਰੇਡੀਓ ਸੈੱਟ ਜ਼ਰੂਰ ਹੁੰਦਾ ਸੀ। ਰੇਡੀਓ ਦੀ ਬਹੁਤੀ ਥਾਂ ਹੁਣ ਡਿਜੀਟਲ ਆਡੀਓ-ਵੀਡੀਓ ਨੇ ਲੈ ਲਈ ਹੈ ਅਤੇ ਪਿਛਲੇ ਕੁਝ ਸਾਲਾਂ ਵਿੱਚ ਪੌਡਕਾਸਟਾਂ ਜ਼ਰੀਏ ਆਡੀਓ ਸਮੱਗਰੀ ਤੱਕ ਲਗਭਗ ਹਰ ਇੱਕ ਬੰਦੇ ਦੀ ਪਹੁੰਚ ਵਧੀ ਹੈ। ਰੇਡੀਓ ਦੀ ਅਹਿਮ ਭੂਮਿਕਾ ਦੁਨੀਆ ਨੂੰ ਆਪਸ ਵਿੱਚ ਜੋੜਨ ਦੀ ਹੈ। ਰੇਡੀਓ ਨੇ ਦੁਨੀਆ ਭਰ ਦੇ ਲੋਕਾਂ ਨੂੰ ਜਾਣਕਾਰੀ ਦੇਣ ਅਤੇ ਸਿੱਖਿਅਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਅੱਜ ਦੇ ਦੌਰ ਵਿੱਚ ਰੇਡੀਓ ਨੇ ਡਿਜੀਟਲ ਪ੍ਰਸਾਰਣ ਤੱਕ ਦਾ ਸਫ਼ਰ ਤੈਅ ਕਰ ਲਿਆ ਹੈ, ਜਿਵੇਂ DAB+, DRM, ਪਰ ਹੁਣ ਤਾਂ ਰੇਡੀਓ ਮੋਬਾਈਲ ਦੀਆਂ ਵੱਖੋ-ਵੱਖ ਐਪਾਂ ਰਾਹੀਂ ਦੇਸ਼-ਵਿਦੇਸ਼ ਵਿੱਚ ਬੈਠੇ ਵੀ ਸੁਣਿਆ ਜਾ ਸਕਦਾ ਹੈ। ਭਾਰਤ ਦੇ ਸਰਕਾਰੀ ਅਦਾਰੇ ਪ੍ਰਸਾਰ ਭਾਰਤੀ ਨੇ ਆਕਾਸ਼ਵਾਣੀ ਲਈ ਆਪਣੀ 'ਨਿਊਜ਼ਔਨਏਅਰ' (NewsOnAIR) ਐਪ ਲਾਂਚ ਕੀਤੀ ਹੋਈ ਹੈ। ਬਾਕੀ ਦੁਨੀਆ ਭਰ ਵਿੱਚ ਰੇਡੀਓ ਚੈਨਲ ਸੁਣਨ ਵਾਲਿਆਂ ਵਿੱਚ 'ਵੀਰੇਡੀਓ' (VRadio) ਐਪ ਅਤੇ 'ਗਾਰਡਨਰੇਡੀਓ' (GardenRadio) ਵੈੱਬਸਾਈਟ ਮਸ਼ਹੂਰ ਹੈ। ਕੁਝ ਕੁ ਸਮਾਂ ਪਹਿਲਾਂ ਰੇਡੀਓ ਦੀ ਦੁਨੀਆ ਵਿੱਚ ਖ਼ਬਰਾਂ ਦੀ ਜਗ੍ਹਾ ਮਨੋਰੰਜਨ ਨੇ ਥਾਂ ਜ਼ਰੂਰ ਲੈ ਲਈ ਸੀ, ਪਰ ਪਿਛਲੇ ਕੁਝ ਸਾਲਾਂ ਵਿੱਚ ਆਡੀਓ ਪੌਡਕਾਸਟਾਂ ਜ਼ਰੀਏ ਕਾਫ਼ੀ ਗੰਭੀਰ ਸਮੱਗਰੀ ਵੀ ਨਜ਼ਰ ਆ ਰਹੀ ਹੈ। ਜੇ ਗੱਲ ਰੇਡੀਓ ਦੇ ਜਨਮ ਦੀ ਕਰੀਏ ਤਾਂ ਸਾਇੰਸਦਾਨ ਜੇਮਸ ਕਲਰਕ ਮੈਕਸਵੈੱਲ ਨੇ 1865 ਵਿੱਚ ਸਿਧਾਂਤਕ ਅਤੇ ਗਣਿਤਕ ਰੂਪ ਵਿੱਚ ਭਵਿੱਖਬਾਣੀ ਕੀਤੀ ਸੀ ਕਿ ਇੱਲੈਕਟ੍ਰੋ ਮੈਗਨੈਟਿਕ ਰੈਡੀਏਸ਼ਨ (ਤਰੰਗਾਂ) ਬਿਨਾਂ ਤਾਰ ਤੋਂ ਇੱਕ ਤੋਂ ਦੂਜੇ ਥਾਂ ਤੱਕ ਪਹੁੰਚ ਸਕਦੀ ਹੈ। 1880 ਦੇ ਦੌਰ ਦੌਰਾਨ ਹੀ ਡੇਵਿਡ ਐਡਵਰਡ ਹਿਊਸ ਨੇ ਵੀ ਇਸੇ ਵਿਚਾਰ 'ਤੇ ਪ੍ਰਯੋਗ ਕੀਤੇ ਸਨ, ਪਰ 1887 ਵਿੱਚ ਹੇਨਰੀਕ ਰੂਡੋਲਫ ਹਰਟਜ਼ ਨੇ ਮੈਕਸਵੈੱਲ ਦੀ ਇਲੈੱਕਟ੍ਰੋ ਮੈਗਨੈਟਿਜ਼ਮ ਰੈਡੀਏਸ਼ਨ ਦੀ ਥਿਊਰੀ ਦੀ ਪੂਰੇ ਪ੍ਰਯੋਗ ਨਾਲ ਪੁਸ਼ਟੀ ਕੀਤੀ। ਕਈ ਸਾਲਾਂ ਤੱਕ ਇਤਾਲਵੀ ਖੋਜੀ ਗੁਗਲਿਲੇਮੋ ਮਾਰਕੋਨੀ ਨੇ ਏਅਰਬੋਰਨ ਹਾਰਟਜ਼ਿਅਨ ਵੇਵਜ਼ (ਰੇਡੀਓ ਪ੍ਰਸਾਰਣ) 'ਤੇ ਕਈ ਪ੍ਰਯੋਗ ਕੀਤੇ ਅਤੇ ਅਖੀਰ 1896 ਵਿੱਚ ਕਾਮਯਾਬੀ ਨਾਲ ਬੇਤਾਰ ਟੈਲੀਗ੍ਰਾਫੀ ਸਿਸਟਮ ਬਣਾਇਆ। ਇਸ ਤਰ੍ਹਾਂ ਮਾਰਕੋਨੀ ਰੇਡੀਓ ਪ੍ਰਸਾਰਣ ਦਾ ਪਿਤਾਮਾ ਬਣ ਗਿਆ। ਇੱਥੇ ਇਹ ਵੀ ਦੱਸਣਯੋਗ ਹੈ ਕਿ ਭਾਰਤੀ ਸਾਇੰਸਦਾਨ ਸਰ ਜਗਦੀਸ਼ ਚੰਦਰ ਬੋਸ ਨੇ ਵੀ ਰੇਡੀਓ ਤਰੰਗਾਂ 'ਤੇ ਬਹੁਤ ਕੰਮ ਕੀਤਾ ਸੀ।

ਇਸ ਵਕਤ ਦੁਨੀਆ ਵਿੱਚ ਲਗਭਗ 44000 ਤੋਂ ਵੱਧ ਰੇਡੀਓ ਚੈਨਲ ਹਨ ਜੋ ਦੁਨੀਆ ਦੀ 70% ਆਬਾਦੀ ਨੂੰ ਕਵਰ ਕਰ ਰਹੇ ਹਨ। ਦੁਨੀਆ ਦਾ ਸਭ ਤੋਂ ਪਹਿਲਾ ਰੇਡੀਓ ਸ਼ਟੇਸ਼ਨ ਕੇਡੀਕੇਏ (KDKA) (ਪ੍ਰਾਈਵੇਟ) 2 ਨਵੰਬਰ 1920 ਵਿੱਚ ਅਮਰੀਕਾ ਦੇ ਸ਼ਹਿਰ ਪਿਟਸਬਰਗ ਵਿੱਚ ਸ਼ੁਰੂ ਹੋਇਆ ਸੀ। ਕਿਸੇ ਵੇਲੇ ਦੁਨੀਆ ਵਿੱਚ ਕਲੰਬਸ, ਓਹਾਇਓ (ਅਮਰੀਕਾ) ਸਥਿਤ WLW 700KHz AM (500 KW Power) ਪ੍ਰਾਈਵੇਟ ਰੇਡੀਓ ਚੈਨਲ ਐਨਾ ਸ਼ਕਤੀਸ਼ਾਲੀ ਸੀ ਜੋ ਰਾਤ ਦੇ ਸਮੇਂ ਅੱਧੀ ਦੁਨੀਆ ਨੂੰ ਕਵਰ ਕਰਨ ਦੇ ਯੋਗ ਸੀ। ਅੱਜ ਤਾਂ ਹਰ ਰੇਡੀਓ ਚੈਨਲ ਐਪ ਰਾਹੀਂ ਸਾਰੀ ਦੁਨੀਆ ਨੂੰ ਕਵਰ ਕਰ ਰਿਹਾ ਹੈ। ਜੇ ਭਾਰਤ ਦੀ ਗੱਲ ਕਰੀਏ ਤਾਂ ਇੱਥੇ ਸਭ ਤੋਂ ਪਹਿਲਾਂ ਨਵੰਬਰ 1923 ਵਿੱਚ ਦੋ ਪ੍ਰਾਈਵੇਟ ਕੰਪਨੀਆਂ ਬੰਬਈ ਰੇਡੀਓ ਕਲੱਬ ਅਤੇ ਕਲਕੱਤਾ ਰੇਡੀਓ ਕਲੱਬ ਵੱਲੋਂ ਬੰਬਈ ਅਤੇ ਕਲਕੱਤਾ ਵਿੱਚ ਰੇਡੀਓ ਪ੍ਰਸਾਰਣ ਕੀਤਾ ਗਿਆ, ਜਦੋਂ ਕਿ 23 ਜੁਲਾਈ 1927 ਤੋਂ ਇੰਡੀਅਨ ਬ੍ਰੌਡਕਾਸਟਿੰਗ ਕੰਪਨੀ (ਆਈਬੀਸੀ) ਵੱਲੋਂ ਮੀਡੀਅਮਵੇਵ ਪ੍ਰਸਾਰਣ ਸ਼ੁਰੂ ਹੋਇਆ ਜਿਸ ਨੂੰ 8 ਜੂਨ 1936 ਵਿੱਚ ਆਲ ਇੰਡੀਆ ਰੇਡੀਓ (AIR) ਦਾ ਨਾਂ ਦਿੱਤਾ ਗਿਆ। ਆਜ਼ਾਦੀ ਤੋਂ ਬਾਅਦ ਫਿਰ ਇਸ ਨੂੰ ਆਕਾਸ਼ਵਾਣੀ ਦਾ ਨਾਮ ਦਿੱਤਾ ਗਿਆ। 1947 ਦੀ ਭਾਰਤ-ਪਾਕਿ ਵੰਡ ਵੇਲੇ 9 ਰੇਡੀਓ ਸਟੇਸ਼ਨ ਸਨ, ਜਿਨ੍ਹਾਂ ਵਿੱਚੋਂ 3 ਪਾਕਿਸਤਾਨ ਵਿੱਚ ਅਤੇ 6 ਭਾਰਤ ਵਿੱਚ ਰਹਿ ਗਏ ਸਨ। ਭਾਰਤ ਵਿੱਚ 3 ਅਕਤੂਬਰ 1957 ਨੂੰ ਮਨੋਰੰਜਨ ਚੈਨਲ ਵਿਵਿਧ ਭਾਰਤੀ ਸੇਵਾ ਅਤੇ 23 ਜੁਲਾਈ 1977 ਨੂੰ ਐੱਫਐੱਮ ਬੈਂਡ ਰੇਡੀਓ ਚੈਨਲ ਦੀ ਸ਼ੁਰੂਆਤ ਹੋਈ ਸੀ। ਹੁਣ ਗੱਲ ਕਰਦੇ ਹਾਂ 13 ਫਰਵਰੀ ਵਾਲੇ ਕੌਮਾਂਤਰੀ ਰੇਡੀਓ ਦਿਹਾੜੇ ਦੇ ਇਤਿਹਾਸ ਦੀ। 20ਵੀਂ ਸਦੀ ਦੌਰਾਨ 13 ਫਰਵਰੀ ਉਹ ਮਿਤੀ ਸੀ, ਜਦੋਂ 1946 ਨੂੰ ਸੰਯੁਕਤ ਰਾਸ਼ਟਰ (ਅਮਰੀਕਾ) ਦਾ ਰੇਡੀਓ ਪ੍ਰਸਾਰਣ ਸ਼ੁਰੂ ਹੋਇਆ ਸੀ। ਇਸ ਦਿਨ ਲੋਕਲ ਰੇਡੀਓ (W) ਅਤੇ ਅੰਤਰਰਾਸ਼ਟਰੀ ਪ੍ਰਸਾਰਣ ਸੇਵਾ (SW) ਦੀ ਸਥਾਪਨਾ ਕੀਤੀ ਗਈ ਸੀ। 21ਵੀਂ ਸਦੀ ਵਿੱਚ ਸਪੇਨ ਰੇਡੀਓ ਅਕੈਡਮੀ ਨੇ ਪਹਿਲੀ ਵਾਰ 2010 ਵਿੱਚ ਰੇਡੀਓ ਦਿਹਾੜੇ ਦਾ ਪ੍ਰਸਤਾਵ ਪੇਸ਼ ਕੀਤਾ ਸੀ। 2011 ਵਿੱਚ ਯੂਨੈਸਕੋ ਦੀ ਜਨਰਲ ਅਸੈਂਬਲੀ ਦੇ 36ਵੇਂ ਸੈਸ਼ਨ ਵਿੱਚ 13 ਫਰਵਰੀ ਨੂੰ ਕੌਮਾਂਤਰੀ ਰੇਡੀਓ ਦਿਵਸ ਵਜੋਂ ਐਲਾਨਿਆ ਗਿਆ ਅਤੇ ਪਹਿਲਾ ਰੇਡੀਓ ਦਿਹਾੜਾ ਰਸਮੀ ਤੌਰ 'ਤੇ ਸੰਯੁਕਤ ਰਾਸ਼ਟਰ ਵੱਲੋਂ 2012 ਵਿੱਚ ਮਨਾਇਆ ਗਿਆ ਸੀ।

ਇਸ ਸਾਲ 2025 ਵਿੱਚ ਰੇਡੀਓ ਦਿਹਾੜੇ ਮੌਕੇ ਦਾ ਥੀਮ ਹੈ 'ਰੇਡੀਓ ਅਤੇ ਜਲਵਾਯੂ ਪਰਿਵਰਤਨ' ਯਾਨੀ ਕਿ ਰੇਡੀਓ ਅਤੇ ਮੌਸਮੀ ਤਬਦੀਲੀਆਂ। ਰੇਡੀਓ ਦੀ ਸ਼ਕਤੀ ਲੋਕਾਂ ਨੂੰ ਮੌਸਮੀ ਤਬਦੀਲੀਆਂ ਪ੍ਰਤੀ ਜਾਗਰੂਕ ਕਰਕੇ ਇਸ ਚੁਣੌਤੀ 'ਤੇ ਕੰਮ ਕਰਨ ਲਈ ਪ੍ਰੇਰਿਤ ਕਰ ਸਕਦੀ ਹੈ। ਰੇਡੀਓ ਮੌਸਮ ਤਬਦੀਲੀ ਉੱਤੇ ਪੱਕੀਆਂ ਕੋਸ਼ਿਸ਼ਾਂ ਕਰਨ 'ਤੇ ਮਹੱਤਵਪੂਰਨ ਜਾਣਕਾਰੀ ਸਾਂਝੀ ਕਰਨ ਲਈ ਇੱਕ ਉੱਤਮ ਪਲੈਟਫਾਰਮ ਹੈ। ਇਸ ਮੁੱਦੇ ਸਬੰਧੀ ਵੱਖੋ-ਵੱਖ ਦ੍ਰਿਸ਼ਟੀਕੋਣਾਂ ਅਤੇ ਜ਼ਮੀਨ ਪੱਧਰ 'ਤੇ ਹੋ ਰਹੀਆਂ ਕੋਸ਼ਿਸ਼ਾਂ ਦੀ ਜਾਣਕਾਰੀ ਦੇ ਕੇ ਇਸ ਵਿਸ਼ੇ 'ਤੇ ਉਤਸ਼ਾਹਿਤ ਕਰ ਸਕਦਾ ਹੈ। ਰੇਡੀਓ ਸਰੋਤਿਆਂ ਦਾ ਮੰਨਣਾ ਹੈ ਕਿ ਰੇਡੀਓ ਇੱਕ ਅਜਿਹਾ ਦੋਸਤ ਹੈ ਜੋ ਸਾਨੂੰ ਵਿੰਭਿਨਤਾਵਾਂ ਵਿੱਚ ਰਹਿੰਦਿਆਂ ਸਟੀਕ ਜਾਣਕਾਰੀ, ਮਨੋਰੰਜਨ, ਸਿੱਖਿਆ ਦਿੰਦਾ ਹੈ ਅਤੇ ਅਪਣੱਤ ਦਾ ਅਹਿਸਾਸ ਕਰਵਾਉਂਦਾ ਹੋਇਆ ਹਰ ਰੋਜ਼ ਸਾਡੀ ਸੰਗਤ ਕਰਦਾ ਹੈ ਅਤੇ ਸਭ ਨੂੰ ਆਪਸ ਵਿੱਚ ਜੁੜਨ ਦਾ ਮੌਕਾ ਵੀ ਦਿੰਦਾ ਹੈ। ਹੁਣ ਵੀ ਰੇਡੀਓ ਦੀ ਪ੍ਰਸਿੱਧੀ ਲਗਾਤਾਰ ਵਧ ਰਹੀ ਹੈ। ਰੇਡੀਓ ਮੁਫ਼ਤ ਵਿੱਚ ਆਮ ਚਰਚਾਵਾਂ, ਗੀਤਾਂ, ਨਾਟਕਾਂ, ਕਹਾਣੀਆਂ, ਮੁਸ਼ਾਇਰੇ, ਕਵੀ ਦਰਬਾਰ ਆਦਿ ਮਨੋਰੰਜਕ ਪ੍ਰੋਗਰਾਮਾਂ ਦੇ ਨਾਲ-ਨਾਲ ਦੁਨੀਆ ਭਰ ਦੀਆਂ ਖ਼ਬਰਾਂ ਜਾਣਨ ਦਾ ਇੱਕ ਖੁੱਲ੍ਹਾ ਤੇ ਅਨੰਤ ਰਸਤਾ ਹੈ। ਇਸ ਦੇ ਨਾਲ ਹੀ ਬਹੁਤ ਸਾਰੇ ਚੈਨਲ ਸਰਕਾਰੀ ਭਲਾਈ ਸਕੀਮਾਂ, ਜਨਤਕ ਮੁਹਿੰਮਾਂ, ਪਿੰਡ ਤੇ ਸ਼ਹਿਰ ਦੀ ਸਫ਼ਾਈ ਕਰਨ ਸਬੰਧੀ ਜਾਗਰੂਕ ਕਰਨ, ਟ੍ਰੈਫਿਕ ਕਾਨੂੰਨਾਂ ਦੀ ਜਾਣਕਾਰੀ ਦੇਣ ਵਰਗੀਆਂ ਵਿਸ਼ੇਸ਼ ਮੁਹਿੰਮਾਂ ਚਲਾਉਂਦੇ ਰਹਿੰਦੇ ਹਨ, ਜਿਸ ਕਾਰਨ ਦੇਸ਼ ਦੇ ਲੋਕ ਜਾਗਰੂਕ ਹੋ ਰਹੇ ਹਨ। ਕੁਲ ਮਿਲਾ ਕੇ ਰੇਡੀਓ ਦਾ ਮਤਲਬ ਹੈ ਜਾਣਕਾਰੀ, ਸੰਚਾਰ, ਸਿੱਖਿਆ ਅਤੇ ਮਨੋਰੰਜਨ ਦਾ ਭੰਡਾਰ।

**ਅਭੈ ਕੁਮਾਰ ਦੂਬੇ**

# "ਇਹ ਅਕਾਸ਼ਵਾਣੀ ਹੈ..."




WORLD PUNJABI NEWS NETWORK ਇਹ ਅਕਾਸ਼ਵਾਣੀ ਹੈ ਦਿਨ ਦੇ ਦੋ ਵਜ ਕੇ ਤੀਹ ਮਿੰਟ ਹੋ ਚੁੱਕੇ ਹਨ ਹੁਣ ਤੁਸੀਂ ਪੰਜਾਬੀ ਵਿੱਚ ਖਬਰਾਂ ਸੁਣੋਗੇ ਜੀ ਹਾਂ ਜਦੋਂ ਵੀ ਅਸੀਂ ਅਪਣਾ ਰੇਡੀਓ ਸੈਟ ਚਾਲੂ ਕਰਦੇ ਹਾਂ ਤਾਂ ਕੁਝ ਇਸ ਤਰ੍ਹਾਂ ਦੀਆਂ ਅਵਾਜ਼ਾਂ ਸੁਣਨ ਨੂੰ ਮਿਲਦੀਆਂ ਹਨ। ਛੋਟੇ ਹੁੰਦੇ ਬਹੁਤ ਹੈਰਾਨ ਹੁੰਦੇ ਸਾਂ ਕਿ ਆਖਿਰ ਰੇਡੀਓ ਸੈਟ ਵਿੱਚੋ ਇਹ ਅਵਾਜ਼ਾਂ ਕਿਵੇਂ ਨਿਕਲਦੀਆਂ ਹਨ। ਕੋਈ ਵਕਤ ਸੀ ਜਦੋਂ ਪਿੰਡ ਵਿੱਚ ਕਿਸੇ ਇੱਕ ਜਾਂ ਦੋ ਘਰ ਵਿੱਚ ਹੀ ਰੇਡੀਓ ਸੈੱਟ ਹੁੰਦਾ ਸੀ ਜਾਂ ਫਿਰ ਪਿੰਡ ਪੰਚਾਇਤ ਕੋਲ ਸਾਂਝਾ ਰੇਡੀਓ ਹੁੰਦਾ ਸੀ ਜਿਸ ਨੂੰ ਇੱਕ ਸਾਝੀਂ ਥਾਂ 'ਤੇ ਲਗਾਇਆ ਜਾਂਦਾ ਸੀ ਅਤੇ ਸਾਰਾ ਪਿੰਡ ਸੁਣਦਾ ਸੀ। 1965 ਅਤੇ 1971 ਦੀਆਂ ਭਾਰਤ-ਪਾਕਿ ਜੰਗਾਂ ਸਮੇਂ ਭਾਰਤੀ ਰੇਡੀਓ ਨੇ ਆਮ ਲੋਕਾਂ ਲਈ ਇੱਕ ਬਹੁਤ ਮੱਹਤਵਪੂਰਨ ਭੂਮਿਕਾ ਅਦਾ ਕੀਤੀ ਸੀ। ਕੇਵਲ ਖ਼ਬਰਾਂ ਜਾਂ ਸੂਚਨਾਵਾਂ ਹੀ ਨਹੀਂ, ਰੇਡੀਓ ਮਨੋਰੰਜਨ ਦਾ ਵੀ ਵੱਡਾ ਸਾਧਨ ਹੈ। ਬਹੁਤ ਸਾਰੇ ਲੇਖਕਾਂ, ਗਾਇਕਾਂ ਅਤੇ ਲੋਕ ਕਲਾਵਾਂ ਨੂੰ ਪੂਰੀ ਦੁਨੀਆਂ ਸਾਹਮਣੇ ਲਿਆਉਣ ਲਈ ਰੇਡੀਓ ਨੇ ਇੱਕ ਬਹੁਤ ਹੀ ਮਹੱਤਵਪੂਰਨ ਭੂਮਿਕਾ ਅਦਾ ਕੀਤੀ ਹੈ। ਪੂਰੀ ਦੁਨੀਆਂ ਵਿੱਚ ਹਰ ਸਾਲ 13 ਫਰਵਰੀ ਨੂੰ ਰੇਡੀਓ ਦਿਵਸ ਮਨਾਇਆ ਜਾਂਦਾ ਹੈ ਕਿਉਂਕਿ ਇਸ ਦਿਨ ਹੀ 1946 ਈਸਵੀ ਵਿੱਚ ਸਯੁੰਕਤ ਰਾਸ਼ਟਰ ਸੰਘ ਦੇ ਰੇਡੀਓ ਸਟੇਸ਼ਨ ਦੀ ਸਥਾਪਨਾ ਹੋਈ ਸੀ। ਯੂਨੇਸਕੋ ਦੀ ਆਮ ਸਭਾ ਦੇ ਵਿੱਚ 3 ਨਵੰਬਰ 2011 ਨੂੰ ਇੱਕ ਮਤਾ ਪਾਸ ਕਰਕੇ ਇਸ ਦਿਨ ਨੂੰ ਮਨਾਉਣ ਦੀ ਸ਼ੁਰੂਆਤ 13 ਫਰਵਰੀ ਸਾਲ 2012 ਤੋਂ ਹੋਈ। ਇਹ ਅਕਾਸ਼ਵਾਣੀ ਹੈ' ਉਦੋਂ ਸੁਣਾਈ ਦਿੰਦਾ ਹੈ ਜਦੋਂ ਅਸੀਂ ਰੇਡੀਓ 'ਤੇ ਕੋਈ ਪ੍ਰੋਗਰਾਮ ਸੁਣਨ ਲਈ ਇਸ ਨੂੰ ਚਾਲੂ ਕਰਦੇ ਹਾਂ। ਰੇਡੀਓ ਸ਼ਬਦ ਅਸਲ 'ਚ ਰੇਡੀਅਸ ਨਾਂ ਦੇ ਲਾਤੀਨੀ ਸ਼ਬਦ ਤੋਂ ਬਣਿਆ ਜਿਸ ਦਾ ਅਰਥ ਹੈ ਤਰੰਗਾਂ। ਜੇਮਜ਼ ਕਲਾਰਕ ਮੈਕਸਵੈਲ ਅਤੇ ਮਾਈਕਲ ਫੈਰਾਡੇ ਸਾਇੰਸਦਾਨਾਂ ਨੇ ਬਿਜਲੀ ਚੁੰਬਕੀ ਤਰੰਗਾਂ ਦੀ ਖੋਜ ਕੀਤੀ। ਇਨ੍ਹਾਂ ਤਰੰਗਾਂ ਦੇ ਆਧਾਰ 'ਤੇ ਇਟਲੀ ਦੇ ਗੁਗਲੀਏਲਮੋ ਮਾਰਕੋਨੀ ਨੇ 1901 ਵਿੱਚ ਰੇਡੀਓ ਦੀ ਖੋਜ ਕੀਤੀ। ਰੇਡੀਓ ਤਰੰਗਾਂ ਰਾਹੀਂ ਇਲੈਕਟ੍ਰੋਮੈਗਨੈਟਿਕ ਊਰਜਾ ਪ੍ਰਸਾਰਿਤ ਅਤੇ ਪ੍ਰਾਪਤ ਕਰਦੇ ਹਨ। ਰੇਡੀਓ ਸਿਗਨਲ ਇਲੈਕਟ੍ਰਾਨਿਕ ਕਰੰਟ ਹੁੰਦੇ ਹਨ ਜੋ ਪ੍ਰਕਾਸ਼ ਦੀ ਗਤੀ ਨਾਲ ਹਵਾ ਰਾਹੀਂ ਯਾਤਰਾ ਕਰਦੇ ਹਨ। ਸਿਗਨਲ ਇੱਕ ਟ੍ਰਾਂਸਮੀਟਰ ਤੋਂ ਇੱਕ ਐਂਟੀਨਾ ਦੁਆਰਾ ਤੁਹਾਡੇ ਰੇਡੀਓ ਵਿੱਚ ਇੱਕ ਰਿਸੀਵਰ ਨਾਲ ਜੁੜੇ ਇੱਕ ਹੋਰ ਐਂਟੀਨਾ ਵਿੱਚ ਬਾਹਰ ਨਿਕਲਦੇ ਹਨ। ਇੱਕ ਵਾਰ ਜਦੋਂ ਤੁਹਾਡਾ ਰੇਡੀਓ ਇਹਨਾਂ ਤਰੰਗਾਂ ਨੂੰ ਪ੍ਰਾਪਤ ਕਰਦਾ ਹੈ, ਤਾਂ ਇਹ ਉਹਨਾਂ ਨੂੰ ਆਪਣੇ ਸਪੀਕਰਾਂ ਰਾਹੀਂ ਉਹਨਾਂ ਅਵਾਜ਼ ਤਰੰਗਾਂ ਵਿੱਚ ਅਨੁਵਾਦ ਕਰਦਾ ਹੈ ਜੋ ਤੁਹਾਡੇ ਮਨੁੱਖੀ ਕੰਨ ਸਮਝ ਸਕਦੇ ਹਨ। ਸਰਲ ਭਾਸ਼ਾ ਵਿੱਚ ਕਹਿ ਸਕਦੇ ਹਾਂ ਕਿ ਰੇਡੀਓ ਸਟੇਸ਼ਨ ਤੇ ਲੱਗੇ ਟਰਾਂਸਮੀਟਰ ਅਵਾਜ਼ ਤਰੰਗਾਂ ਨੂੰ ਬਿਜਲੀ ਤਰੰਗਾਂ ਵਿੱਚ ਬਦਲ ਕੇ ਅਕਾਸ਼ ਵਿੱਚ ਛੱਡਦੇ ਹਨ ਅਤੇ ਦੂਜੇ ਪਾਸੇ ਰੇਡੀਓ ਸੈਟ ਵਿਚ ਲੱਗੇ ਰਿਸੀਵਰ ਇਨ੍ਹਾਂ ਬਿਜਲੀ ਤਰੰਗਾਂ ਨੂੰ ਫਿਰ ਤੋਂ ਅਵਾਜ਼ ਤਰੰਗਾਂ ਵਿੱਚ ਬਦਲ ਦਿੰਦੇ ਹਨ। ਟੈਲੀਫੋਨ, ਮੋਬਾਈਲ ਅਤੇ ਟੀਵੀ ਆਦਿ ਇਸੇ ਸਿਧਾਂਤ ਤੇ ਕੰਮ ਕਰਦੇ ਹਨ। ਸ਼ੁਰੂ ਸ਼ੁਰੂ ਵਿੱਚ ਰੇਡੀਓ ਨੂੰ ਸਮੁੰਦਰੀ ਜਹਾਜ਼ਾਂ ਤਕ ਸੁਨੇਹਾ ਭੇਜਣ ਦੇ ਨਾਲ ਨਾਲ ਰਾਜਨੀਤਕ ਤੇ ਫੌਜੀ ਸੂਚਨਾਵਾਂ ਆਦਿ ਦੇਣ ਲਈ ਵਰਤਿਆ ਜਾਂਦਾ ਸੀ। ਬਾਅਦ ਵਿੱਚ ਰੇਡੀਓ ਆਮ ਜਨਤਾ ਲਈ ਖਬਰਾਂ ਅਤੇ ਮਨੋਰੰਜਨ ਦਾ ਸਾਧਨ ਬਣ ਗਿਆ। ਕੋਈ ਵਕਤ ਸੀ ਜਦੋਂ ਰੇਡੀਓ ਸੈੱਟ ਖਰੀਦਣ ਲਈ ਲਾਇਸੈਂਸ ਫੀਸ ਦੇਣੀ ਪੈਂਦੀ ਸੀ। ਅੱਜ-ਕੱਲ੍ਹ ਦੁਨੀਆਂ ਵਿੱਚ ਸਵਾ ਲੱਖ ਤੋਂ ਵੱਧ ਸਰਗਰਮ ਰੇਡੀਓ ਸਟੇਸ਼ਨ ਹਨ ਜਿਨ੍ਹਾਂ ਵਿੱਚ ਜਨਤਕ ਤੋਂ ਇਲਾਵਾ ਨਿੱਜੀ ਰੇਡੀਓ ਸਟੇਸ਼ਨ ਵੀ ਸ਼ਾਮਿਲ ਹਨ। ਸਾਡੇ ਦੇਸ਼ ਵਿੱਚ 1923-24 'ਚ ਪਹਿਲੀ ਵਾਰ ਰੇਡੀਓ ਦਾ ਪ੍ਰਸਾਰਨ ਮੁੰਬਈ ਤੋਂ ਹੋਇਆ। 1929 ਨੂੰ ਭਾਰਤੀ ਸਟੇਟ ਪ੍ਰਸਾਰਣ ਸਰਵਿਸ ਦੀ ਸਥਾਪਨਾ ਕੀਤੀ ਗਈ। 1936 ਵਿੱਚ ਇਸ ਦਾ ਨਾਂ ਆਲ ਇੰਡੀਆ ਰੇਡੀਓ (ਏ.ਆਈ.ਆਰ.) ਰੱਖਿਆ ਗਿਆ। ਦੇਸ਼ ਦੀ ਆਜ਼ਾਦੀ ਤੋਂ ਬਾਅਦ ਇਸ ਨੂੰ ਆਕਾਸ਼ਵਾਣੀ ਦਾ ਨਾਂ ਦਿੱਤਾ ਗਿਆ। ਉਸ ਵਕਤ ਰੇਡੀਓ ਦੀ ਆਮਦ ਨਾਲ ਦੁਨੀਆਂ ਵਿੱਚ ਤਹਿਲਕਾ ਮਚ ਗਿਆ ਸੀ। ਭਾਰਤ ਵਰਗੇ ਦੇਸ਼ ਦੇ ਲੋਕਾਂ ਲਈ ਰੇਡੀਓ ਕਿਸੇ ਜਾਦੂ ਵਾਂਗ ਸੀ। ਰੇਡੀਓ ਦੀ ਆਮਦ ਨੇ ਟੇਪ ਰਿਕਾਰਡਰ ਅਤੇ ਟੈਲੀਵਿਜ਼ਨ ਆਦਿ ਜਿਹੀਆਂ ਹੋਰ ਬਹੁਤ ਸਾਰੀਆਂ ਖੋਜਾਂ ਲਈ ਪ੍ਰੇਰਕ ਦਾ ਕੰਮ ਕੀਤਾ। ਟੈਲੀਵਿਜ਼ਨ ਦੀ ਕਾਢ ਨਾਲ ਇੱਕ ਵਾਰ ਸ਼ੱਕ ਪੈਦਾ ਹੋ ਗਿਆ ਸੀ ਕਿ ਹੁਣ ਸ਼ਾਇਦ ਰੇਡੀਓ ਦੇ ਦਿਨ ਖ਼ਤਮ ਹੋ ਜਾਣਗੇ, ਪਰ ਰੇਡੀਓ ਦੀ ਸਰਦਾਰੀ ਨੂੰ ਟੈਲੀਵਿਜ਼ਨ ਤਾਂ ਕੀ, ਬਾਅਦ ਵਿੱਚ ਆਏ ਵੀ.ਸੀ.ਆਰ ਤੇ ਹੋਰ ਸਾਧਨ ਵੀ ਪ੍ਰਭਾਵਿਤ ਨਹੀਂ ਕਰ ਪਾਏ। ਅੱਜ ਭਾਵੇਂ ਇੰਟਰਨੈੱਟ ਅਤੇ ਹੋਰ ਕਈ ਤਰ੍ਹਾਂ ਦਾ ਮੀਡੀਆ ਲੋਕਾਂ ਵਿੱਚ ਆ ਚੁੱਕਾ ਹੈ ਪਰ ਇਸ ਦੇ ਬਾਵਜੂਦ ਰੇਡੀਓ ਦੀ ਪ੍ਰਸੰਗਿਕਤਾ ਬਰਕਰਾਰ ਹੈ। ਦੂਰ-ਦਰਾਜ਼ ਦੇ ਅਵਿਕਸਿਤ ਪਿੰਡਾਂ ਦੇ ਲੋਕਾਂ ਨੂੰ ਰੇਡੀਓ ਹੀ ਜਾਣਕਾਰੀ ਅਤੇ ਮਨੋਰੰਜਨ ਦੇ ਰਿਹਾ ਹੈ। ਵਿਦੇਸ਼ਾਂ ਵਿੱਚ ਤਾਂ ਰੇਡੀਓ, ਟਰੱਕ ਤੇ ਮੋਟਰ ਚਾਲਕਾਂ ਨੂੰ ਮੌਸਮੀ ਤਬਦੀਲੀਆਂ ਜਾਂ ਰਾਹ ਵਿੱਚ ਉਤਪੰਨ ਅੜਿੱਕਿਆਂ ਬਾਰੇ ਮੁੱਢਲੀ ਜਾਣਕਾਰੀ ਦੇਣ ਦਾ ਬਿਹਤਰੀਨ ਵਸੀਲਾ ਹੈ। ਰੇਡੀਓ ਦਾ ਨਵਾਂ ਡਿਜੀਟਲ ਰੂਪ ਐਫ.ਐਮ. ਲੋਕਾਂ ਵਿੱਚ ਬਹੁਤ ਹਰਮਨ ਪਿਆਰਾ ਹੋ ਰਿਹਾ ਹੈ। ਵਿਕਸਿਤ ਮੁਲਕਾਂ ਵਿੱਚ ਟੈਲੀਵਿਜ਼ਨ ਨਾਲੋਂ ਰੇਡੀਓ ਜ਼ਿਆਦਾ ਸੁਣਿਆ ਜਾਂਦਾ ਹੈ। ਅਜੇ ਵੀ ਦੁਨੀਆਂ ਦੀ 30 ਪ੍ਰਤੀਸ਼ਤ ਆਬਾਦੀ ਇੰਟਰਨੈੱਟ ਦੀ ਸਹੂਲਤ ਤੋਂ ਵਾਂਝੀ ਹੈ ਅਤੇ ਉਨ੍ਹਾਂ ਲਈ ਗਿਆਨ ਅਤੇ ਮਨੋਰੰਜਨ ਦਾ ਸਾਧਨ ਰੇਡੀਓ ਹੀ ਹੈ। ਡੀ.ਟੀ.ਐਚ. ਸੇਵਾ ਰਾਹੀਂ ਰੇਡੀਓ ਵਿਸ਼ਵ ਦੇ ਕਿਸੇ ਵੀ ਕੋਨੇ 'ਚ ਬੈਠੇ ਹੋਏ ਸੁਣਿਆ ਜਾ ਸਕਦਾ ਹੈ। ਮੋਬਾਈਲ ਫੋਨਾਂ ਵਿੱਚ ਰੇਡੀਓ ਹੋਣ ਕਰਕੇ ਰੇਡੀਓ ਨਾਲ ਨੌਜਵਾਨਾਂ ਸਮੇਤ ਵੱਡਾ ਵਰਗ ਜੁੜਿਆ ਹੋਇਆ ਹੈ। ਰੇਡੀਓ ਸਸਤੀ ਤੇ ਪੁਖ਼ਤਾ ਇਸਤਿਹਾਰ ਬਾਜ਼ੀ ਦੇ ਸਾਧਨ ਵਜੋਂ ਆਪਣਾ ਮੁਕਾਮ ਮੁੜ ਹਾਸਲ ਕਰ ਰਿਹਾ ਹੈ। ਸਮੇਂ ਅਤੇ ਤਕਨੀਕ ਦੇ ਨਾਲ ਚੱਲਦੇ ਹੋਏ ਨਾਰਵੇ ਦੇਸ਼ ਨੇ ਦਸੰਬਰ 2017 ਵਿੱਚ ਆਪਣੇ ਸਾਰੇ ਐਫ.ਐਮ. ਰੇਡੀਓ ਸਟੇਸ਼ਨ ਬੰਦ ਕਰਕੇ ਉਸ ਦੀ ਥਾਂ ਡਿਜੀਟਲ ਰੇਡੀਓ ਸਟੇਸ਼ਨ ਚਾਲੂ ਕਰ ਲਿਆ ਹੈ। ਓੜੀਸਾ ਦੀ ਰਾਜਧਾਨੀ ਭੁਵਨੇਸ਼ਵਰ ਵਿਖੇ ਹਰ ਸਾਲ ਇਸ ਦਿਨ ਕੌਮਾਂਤਰੀ ਪੱਧਰ ਦਾ ਰੇਡੀਓ ਮੇਲਾ ਲਗਾਇਆ ਜਾਂਦਾ ਹੈ ਜਿਸ ਵਿੱਚ ਹਜ਼ਾਰਾਂ ਹੀ ਪੁਰਾਣੇ ਅਤੇ ਨਵੇਂ ਰੇਡੀਓ ਦੀ ਨੁਮਾਇਸ਼ ਕੀਤੀ ਜਾਂਦੀ ਹੈ। ਅੱਜ ਕੌਮਾਂਤਰੀ ਰੇਡੀਓ ਦਿਵਸ 'ਤੇ ਸਾਨੂੰ ਇਸ ਦੀ ਅਹਿਮੀਅਤ ਸਮਝਦੇ ਹੋਏ ਟੈਲੀਵਿਜ਼ਨ ਅਤੇ ਸਮਾਰਟ ਫੋਨ ਵਰਤਣ ਦੀ ਆਦਤ ਘੱਟ ਕਰਕੇ ਇਸ ਨੂੰ ਸੁਣਨ ਦੀ ਆਦਤ ਪਾਉਣੀ ਚਾਹੀਦੀ ਹੈ ਅਤੇ ਸਰਕਾਰ ਨੂੰ ਨਿੱਜੀ ਰੇਡੀਓ ਸਟੇਸ਼ਨ ਨੂੰ ਹੱਲਾਸ਼ੇਰੀ ਦੇਣ ਦੇ ਨਾਲ ਨਾਲ ਆਪਣੀ ਅਕਾਸ਼ਵਾਣੀ ਪ੍ਰਸਾਰਨ ਸੇਵਾ ਨੂੰ ਵੀ ਹੋਰ ਮਜ਼ਬੂਤ ਕਰਨਾ ਚਾਹੀਦਾ ਹੈ। ਅੱਜ ਬੇਸ਼ੱਕ ਨਵਾਂ ਵਰਗ ਨਵੀਂ ਟੈਕਨਾਲੋਜੀ ਕਾਰਨ ਰੇਡੀਓ ਤੋਂ ਦੂਰ ਹੁੰਦਾ ਜਾ ਰਿਹਾ ਹੈ ਪਰ ਇਹ ਵੀ ਸੱਚ ਹੈ ਕਿ ਟੈਲੀਫੋਨ, ਅਤੇ ਟੈਲੀਵਿਜ਼ਨ ਵਰਗੀਆਂ ਖੋਜਾਂ ਵੀ ਰੇਡੀਓ ਦੀ ਖੋਜ ਵਿੱਚੋ ਹੀ ਉਪਜੀਆਂ ਹਨ। ਨਵੀਂ ਪੀੜ੍ਹੀ ਤੋਂ ਪਹਿਲਾਂ ਵਾਲੇ ਲੋਕ ਸਚਮੁੱਚ ਰੇਡੀਓ ਨੂੰ ਆਪਣਾ ਦੋਸਤ ਮੰਨਦੇ ਹਨ। ਉਹ ਅਜੇ ਵੀ ਆਪਣੇ ਪਸੰਦੀਦਾ ਪ੍ਰੋਗਰਾਮ ਸੁਣਦੇ ਰਹਿੰਦੇ ਹਨ। ਰੇਡੀਓ ਤੋਂ ਸਰੋਤੇ ਗੀਤ ਸੰਗੀਤ ਰਾਹੀਂ ਮਨੋਰੰਜਨ ਕਰਦੇ ਰਹਿੰਦੇ ਹਨ ਅਤੇ ਖੇਤੀਬਾੜੀ, ਸਿਹਤ, ਸਿੱਖਿਆ ਵਿਗਿਆਨ ਅਤੇ ਦੁਨੀਆਂ ਦੇ ਹੋਰ ਗਿਆਨ ਵਾਰੇ ਜਾਣਕਾਰੀ ਹਾਸਿਲ ਕਰਦੇ ਰਹਿੰਦੇ ਹਨ। ਕੁਲ ਮਿਲਾ ਕੇ ਰੇਡੀਓ ਨੂੰ ਗਿਆਨ ਦਾ ਭੰਡਾਰ ਅਤੇ ਸੱਚਾ ਮਿੱਤਰ ਕਹਿਣਾ ਗਲਤ ਨਹੀਂ ਹੋਵੇਗਾ। ਸੱਚ ਮੁੱਚ ਹੀ ਸਕੂਨ ਦਾ ਅਗਾਜ਼ ਹੁੰਦਾ ਹੈ ਜਦੋਂ ਰੇਡੀਓ ਸੈਟ ਚਾਲੂ ਕਰਦੇ ਹੀ ਸੁਣਦੇ ਹਾਂ।

**"ਇਹ ਤੁਹਾਡਾ ਆਪਣਾ ਰੇਡੀਓ ਅਕਾਸ਼ਵਾਣੀ ਹੈ..."**

**ਕੁਲਦੀਪ ਸਿੰਘ ਸਾਹਿਲ**

# ਆਪਣੇ ਹੁਨਰ ਨੂੰ ਲਗਾਤਾਰ ਅਪਡੇਟ ਕਰਕੇ ਇੱਕ ਸਫਲ ਕੈਰੀਅਰ ਬਣਾਉਣਾ

ਏਆਈ (Artificial Intelligence) ਵਿਸ਼ਵਵਿਆਪੀ ਉਦਯੋਗਾਂ ਨੂੰ ਬਦਲ ਰਹੀ ਹੈ, ਖਾਸ ਕਰਕੇ ਸੰਯੁਕਤ ਰਾਜ ਅਮਰੀਕਾ ਅਤੇ ਚੀਨ ਵਿਚਕਾਰ ਤਕਨੀਕੀ ਦੁਸ਼ਮਣੀ ਵਿੱਚ ਧਿਆਨ ਦੇਣ ਯੋਗ ਹੈ । ਇਹ ਦੁਸ਼ਮਣੀ ਚੀਨ ਦੀ ਡੀਪ ਸੀਕ ਦੀ ਤਰੱਕੀ ਨਾਲ ਵਧੀ, ਜਿਸ ਨਾਲ ਅਮਰੀਕਾ-ਵਿਕਸਤ ਚੈਟਜੀਪੀਟੀ ਲਈ ਇੱਕ ਚੁਣੌਤੀ ਖੜ੍ਹੀ ਹੋਈ।

ਬੁਨਿਆਦੀ ਤੌਰ 'ਤੇ, ਏਆਈ ਮਨੁੱਖੀ ਬੁੱਧੀ ਦੀ ਨਕਲ ਕਰਦਾ ਹੈ, ਮਸ਼ੀਨਾਂ ਨੂੰ ਡੇਟਾ ਦੀ ਪ੍ਰਕਿਿਰਆ ਕਰਨ, ਪੈਟਰਨਾਂ ਦੀ ਪਛਾਣ ਕਰਨ ਅਤੇ ਮਨੁੱਖੀ ਤਰਕ ਦੇ ਸਮਾਨ ਫੈਸਲੇ ਲੈਣ ਦੀ ਸਮਰੱਥਾ ਰੱਖਦਾ ਹੈ ਉਹ ਵੀ ਅਕਸਰ ਵਧੇਰੇ ਕੁਸ਼ਲਤਾ ਦੇ ਨਾਲ। ਇਸ ਦੇ ਨਾਲ ਹੀ ਨਿਊਜ਼ਰੂਮਾਂ ਵਿੱਚ, ਏਆਈ ਟੈਕਨੋਲੋਜੀ (ਨਕਲੀ ਬੁੱਧੀ) ਕਈ ਤਰੀਕਿਆਂ ਨਾਲ ਪੱਤਰਕਾਰੀ ਵਿੱਚ ਕ੍ਰਾਂਤੀ ਲਿਆ ਰਹੀ ਹੈ। ਸਮੱਗਰੀ ਉਤਪਾਦਨ ਦੀ ਪ੍ਰਕਿਿਰਆ ਨੂੰ ਸਵੈਚਾਲਿਤ ਲਿਖਣ ਵਾਲੇ ਸਾਧਨਾਂ ਦੁਆਰਾ ਅਨੁਕੂਲ ਬਣਾਇਆ ਗਿਆ ਹੈ ਜੋ ਡੇਟਾ-ਸੰਚਾਲਿਤ ਬਿਰਤਾਂਤ ਬਣਾਉਣ ਲਈ ਕੁਦਰਤੀ ਭਾਸ਼ਾ ਪੀੜ੍ਹੀ ਦੀ ਵਰਤੋਂ ਕਰਦੇ ਹਨ, ਜਿਵੇਂ ਕਿ ਵਿੱਤੀ ਰਿਪੋਰਟਾਂ ਅਤੇ ਖੇਡ ਵਿਸ਼ਲੇਸ਼ਣ ਆਦਿ। ਰੀਅਲ-ਟਾਈਮ ਏਆਈ ਟ੍ਰਾਂਸਕ੍ਰਿਪਸ਼ਨ ਸੇਵਾਵਾਂ ਮੁਲਾਕਾਤਾਂ ਅਤੇ ਪ੍ਰੈਸ ਕਾਨਫਰੰਸਾਂ ਤੱਕ ਤੁਰੰਤ ਪਹੁੰਚ ਪ੍ਰਦਾਨ ਕਰਦੀਆਂ ਹਨ, ਜਦੋਂ ਕਿ ਸੂਝਵਾਨ ਡੇਟਾ ਮਾਈਨਿੰਗ ਸਮਰੱਥਾਵਾਂ ਖੋਜ ਅਤੇ ਤੱਥ-ਜਾਂਚ ਵਿਧੀਆਂ ਨੂੰ ਬਿਹਤਰ ਬਣਾਉਂਦੀਆਂ ਹਨ। ਇਹ ਯੰਤਰ ਪੈਟਰਨਾਂ ਨੂੰ ਉਜਾਗਰ ਕਰਨ ਅਤੇ ਦਾਅਵਿਆਂ ਨੂੰ ਸਾਬਤ ਕਰਨ ਲਈ ਵਿਆਪਕ ਡੇਟਾਸੈਟਾਂ ਦਾ ਵਿਸ਼ਲੇਸ਼ਣ ਕਰਨ ਦੇ ਸਮਰੱਥ ਹਨ, ਪੱਤਰਕਾਰਾਂ ਨੂੰ ਜ਼ਰੂਰੀ ਸੂਝ ਪ੍ਰਦਾਨ ਕਰਦੇ ਹਨ। ਜਿਵੇਂ-ਜਿਵੇਂ ਲੇਖਕਾਂ ਲਈ ਉਪਲਬਧ ਔਜ਼ਾਰ ਵਿਕਸਤ ਹੁੰਦੇ ਰਹਿੰਦੇ ਹਨ, ਉਹ ਅਜਿਹੇ ਸੰਦਰਭ ਦੀ ਪੇਸ਼ਕਸ਼ ਕਰਨ ਦੇ ਸਮਰੱਥ ਹੋ ਰਹੇ ਹਨ ਜੋ ਸਿਰਫ਼ ਸਪੈਲਿੰਗ ਅਤੇ ਵਿਆਕਰਣ ਸੁਧਾਰਾਂ ਤੋਂ ਪਰੇ ਹੁੰਦਾ ਹੈ। ਇਹ ਲੇਖਕਾਂ ਅਤੇ ਪੱਤਰਕਾਰਾਂ ਦੀ ਉਤਪਾਦਕਤਾ ਨੂੰ ਵਧਾਉਂਦਾ ਹੈ, ਉਹਨਾਂ ਨੂੰ ਅੱਜ ਦੇ "ਖੁੱਲ੍ਹੇ ਮਾਹੌਲ"- ਸ਼ੋਸ਼ਲ ਮੀਡੀਏ ਦੇ ਯੁਗ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਮੁਕਾਬਲਾ ਕਰਨ ਲਈ ਤਿਆਰ ਕਰਦਾ ਹੈ।

ਸਾਡੇ ਇਤਿਹਾਸ ਵਿੱਚ ਕਦੇ ਵੀ ਅਸੀਂ ਜਾਣਕਾਰੀ ਤੱਕ ਇੰਨੀ ਬੇਮਿਸਾਲ ਪਹੁੰਚ ਦਾ ਅਨੁਭਵ ਨਹੀਂ ਕੀਤਾ, ਮੁੱਖ ਤੌਰ 'ਤੇ ਪੱਤਰਕਾਰਾਂ ਅਤੇ ਲੇਖਕਾਂ ਦੁਆਰਾ ਲਿਖੀ ਜਾਂਦੀ ਹੈ, ਹਾਲਾਂਕਿ ਅਸੀਂ ਅਕਸਰ ਅੱਜਕੱਲ੍ਹ ਉਨ੍ਹਾਂ ਸ਼ਬਦਾਂ ਦੀ ਵਰਤੋਂ ਕਰਨ ਤੋਂ ਪਰਹੇਜ਼ ਕਰਦੇ ਹਾਂ। ਅਫ਼ਸੋਸ ਦੀ ਗੱਲ ਹੈ ਕਿ ਸੰਪਾਦਕਾਂ ਅਤੇ ਤੱਥ ਜਾਂਚਕਰਤਾਵਾਂ ਦੀ ਵਧਦੀ ਗਿਣਤੀ ਦੀ ਲੋੜ ਹੈ। ਪੁਰਾਣੀਆਂ ਵਿਸ਼ਵਾਸ ਪ੍ਰਣਾਲੀਆਂ ਦੁਆਰਾ ਫੈਲਾਏ ਗਏ ਗਲਤ ਜਾਣਕਾਰੀ ਅਤੇ ਜਾਣਬੁੱਝ ਕੇ ਅਗਿਆਨਤਾ ਦੇ ਭਟਕਣ ਦੁਆਰਾ ਕੀਮਤੀ ਜਾਣਕਾਰੀ ਦੀ ਇੱਕ ਮਹੱਤਵਪੂਰਨ ਮਾਤਰਾ ਨੂੰ ਲੁਕਾਇਆ ਜਾਂਦਾ ਹੈ, ਜਿਸ ਨੂੰ ਏਆਈ ਮਿੰਟਾ ਵਿਚ ਸਭ ਦੇ ਸਾਹਮਣੇ ਕੱਢ ਕੇ ਰੱਖ ਦਿੰਦਾ ਹੈ। ਕਿਉਂਕਿ ਏਆਈ ਲਿਖਣ ਤੇ ਜਾਣਕਾਰੀ ਵਿਚ ਮਾਹਿਰ ਹੈ ਪਰ ਸੱਚ ਨੂੰ ਛਪਾਉਣ ਵਿਚ ਨਹੀਂ।

ਪੱਤਰਕਾਰੀ ਦੇ ਖੇਤਰ ਵਿੱਚ, ਏਆਈ ਡੇਟਾ ਦੇ ਅੰਦਰ ਪੈਟਰਨਾਂ ਅਤੇ ਸਬੰਧਾਂ ਦੀ ਪਛਾਣ ਕਰਨ ਲਈ ਇੱਕ ਮਹੱਤਵਪੂਰਨ ਸੰਪਤੀ ਵਜੋਂ ਕੰਮ ਕਰਦਾ ਹੈ; ਹਾਲਾਂਕਿ, ਇਸ ਵਿੱਚ ਸੰਦਰਭ, ਪ੍ਰਭਾਵਾਂ ਦਾ ਪਤਾ ਲਗਾਉਣ ਦੀ ਸਮਰੱਥਾ ਦੀ ਘਾਟ ਹੈ। ਪੱਤਰਕਾਰੀ ਇੱਕ ਡੂੰਘੀ ਸੂਝ, ਮਜ਼ਬੂਤ ਜਾਂਚ ਯੋਗਤਾਵਾਂ, ਅਤੇ ਸਿਧਾਂਤਾਂ ਨੂੰ ਤਿਆਰ ਕਰਨ ਅਤੇ ਸਿੱਟਿਆਂ 'ਤੇ ਪਹੁੰਚਣ ਦੀ ਸਮਰੱਥਾ ਦੀ ਮੰਗ ਕਰਦੀ ਹੈ। ਇਸ ਲਈ ਮਨੁੱਖੀ ਤੱਤਾਂ ਅਤੇ ਪ੍ਰੇਰਣਾਵਾਂ ਦੀ ਸਮਝ ਦੀ ਲੋੜ ਹੁੰਦੀ ਹੈ, ਨਾਲ ਹੀ ਸਮਾਜਿਕ ਪ੍ਰਭਾਵਾਂ ਨੂੰ ਵੀ ਸ਼ਾਮਲ ਕੀਤਾ ਜਾਂਦਾ ਹੈ। ਇਸ ਵਿੱਚ ਸਿਰਫ਼ ਮਕੈਨੀਕਲ ਤੌਰ 'ਤੇ ਜਾਣਕਾਰੀ ਕੱਢਣ ਜਾਂ ਪ੍ਰਸਾਰ ਲਈ ਇੱਕ ਪ੍ਰਮਾਣਿਤ ਫਾਰਮੈਟ ਵਿੱਚ ਫਿੱਟ ਕਰਨ ਤੋਂ ਇਲਾਵਾ ਹੋਰ ਵੀ ਬਹੁਤ ਕੁਝ ਸ਼ਾਮਲ ਹੈ। ਇਹ ਕਲਾਤਮਕ ਅਤੇ ਵਿਿਗਆਨਕ ਦੋਵਾਂ ਤੱਤਾਂ ਨੂੰ ਦਰਸਾਉਂਦਾ ਹੈ, ਜੋ ਵਰਤਮਾਨ ਵਿੱਚ ਮਨੁੱਖੀ ਬੁੱਧੀ ਅਤੇ ਬੋਧ ਨਾਲ ਵੱਖਰੇ ਤੌਰ 'ਤੇ ਜੁੜੇ ਹੋਏ ਹਨ। ਬਿਲਕੁਲ! ਸਮੱਗਰੀ ਵਿਅਕਤੀਗਤਕਰਨ ਏਆਈ ਐਲਗੋਰਿਦਮ ਦੇ ਕਾਰਨ ਕਾਫ਼ੀ ਅੱਗੇ ਵਧਿਆ ਹੈ ਜੋ ਉਪਭੋਗਤਾ ਤਰਜੀਹਾਂ ਦਾ ਵਿਸ਼ਲੇਸ਼ਣ ਕਰਦੇ ਹਨ, ਸੰਪਾਦਕੀ ਅਖੰਡਤਾ ਨੂੰ ਬਰਕਰਾਰ ਰੱਖਦੇ ਹੋਏ ਅਨੁਕੂਲਿਤ ਖ਼ਬਰਾਂ ਨੂੰ ਕਲਮਬੰਦ ਕਰਕੇ ਲੋਕਾਂ ਦੇ ਸਾਹਮਣੇ ਰੱਖਦੇ ਹਨ। ਤਕਨਾਲੋਜੀ ਖਾਸ ਪਾਠਕਾਂ ਲਈ ਤਿਆਰ ਕੀਤੇ ਗਏ ਅੰਤਰਰਾਸ਼ਟਰੀ ਖ਼ਬਰਾਂ ਦੇ ਬਿਰਤਾਂਤਾਂ ਦੇ ਪ੍ਰਭਾਵਸ਼ਾਲੀ ਸਥਾਨੀਕਰਨ ਦੀ ਸਹੂਲਤ ਦਿੰਦੀ ਹੈ।

ਜਦ ਕਿ ਵਿਜ਼ੂਅਲ ਸਮੱਗਰੀ ਸਿਰਜਣਾ ਦੇ ਖੇਤਰ ਵਿੱਚ, ਨਕਲੀ ਬੁੱਧੀ ਵਾਲੇ ਭਾਵ ਏਆਈ ਕੰਪਿਊਟਰ ਟੈਕਨੋਲੋਜੀ ਸਾਧਨਾਂ ਵਿੱਚ ਟੈਕਸਟ-ਅਧਾਰਤ ਬਿਰਤਾਂਤਾਂ ਨੂੰ ਮਨਮੋਹਕ ਵੀਡੀਓ ਸਮੱਗਰੀ ਵਿੱਚ ਬਦਲਣ ਅਤੇ ਸੂਝਵਾਨ ਇਨਫੋਗ੍ਰਾਫਿਕਸ ਪੈਦਾ ਕਰਨ ਦੀ ਸਮਰੱਥਾ ਹੈ, ਜਿਸ ਨਾਲ ਟਿਕਟੋਕ ਵਰਗੇ ਵਿਿਭੰਨ ਪਲੇਟਫਾਰਮਾਂ ਵਿੱਚ ਉਹਨਾਂ ਦੀ ਪਹੁੰਚ ਨੂੰ ਵਧਾਇਆ ਜਾਂਦਾ ਹੈ।

ਇਸ ਦੇ ਨਾਲ ਹੀ ਏਆਈ-ਸੰਚਾਲਿਤ ਅਨੁਵਾਦ ਸਾਧਨਾਂ ਦੀ ਤਰੱਕੀ ਨੇ ਬਹੁ-ਭਾਸ਼ਾਈ ਸਮਰੱਥਾਵਾਂ ਵਿੱਚ ਕਾਫ਼ੀ ਸੁਧਾਰ ਕੀਤਾ ਹੈ, ਜਿਸ ਨਾਲ ਖ਼ਬਰਾਂ ਦੀ ਸਮੱਗਰੀ ਦੁਨੀਆ ਭਰ ਦੇ ਪਾਠਕਾਂ -ਦਰਸ਼ਕਾਂ ਲਈ ਆਸਾਨੀ ਨਾਲ ਉਪਲਬਧ ਹੋ ਸਕਦੀ ਹੈ। ਏਆਈ-ਸੰਚਾਲਿਤ ਸੰਪਾਦਨ ਸਾਧਨਾਂ, ਟ੍ਰਾਂਸਕ੍ਰਿਪਸ਼ਨ ਸੇਵਾਵਾਂ ਅਤੇ ਸਮੱਗਰੀ ਵਰਗੀਕਰਨ ਪ੍ਰਣਾਲੀਆਂ ਦੇ ਏਕੀਕਰਨ ਦੁਆਰਾ ਕੰਮ 'ਚ ਵਿਸਥਾਰ ਆਟੋਮੇਸ਼ਨ ਦਾ ਵਾਧਾ ਸਪੱਸ਼ਟ ਹੈ। ਸਮੱਗਰੀ ਸੰਚਾਲਨ ਦੀ ਪ੍ਰਭਾਵਸ਼ੀਲਤਾ ਵਿੱਚ ਕਾਫ਼ੀ ਸੁਧਾਰ ਹੋਇਆ ਹੈ, ਕਿਉਂਕਿ ਏਆਈ ਸਿਸਟਮ ਹੁਣ ਟਿੱਪਣੀਆਂ ਨੂੰ ਫਿਲਟਰ ਕਰਨ ਅਤੇ ਉਪਭੋਗਤਾ ਦੁਆਰਾ ਤਿਆਰ ਕੀਤੀ ਸਮੱਗਰੀ ਦੀ ਨਿਗਰਾਨੀ ਕਰਨ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਣ ਵਿਚ ਮਾਹਿਰ ਹੋ ਚੁਕੇ ਹਨ। ਇਹ ਤਰੱਕੀ ਸੁਰੱਖਿਅਤ ਡਿਜੀਟਲ ਵਾਤਾਵਰਣ ਨੂੰ ਬਣਾਈ ਰੱਖਣ ਅਤੇ ਸੋਸ਼ਲ ਮੀਡੀਆ ਪਲੇਟਫਾਰਮਾਂ ਵਿੱਚ ਨੈਤਿਕ ਮਿਆਰਾਂ ਨੂੰ ਕਾਇਮ ਰੱਖਣ ਲਈ ਜ਼ਰੂਰੀ ਹੈ।

ਦਰਸ਼ਕਾਂ ਦੀ ਸ਼ਮੂਲੀਅਤ ਦਾ ਵਿਕਾਸ ਏਆਈ-ਸੰਚਾਲਿਤ ਚੈਟਬੋਟਸ ਦੇ ਉਭਾਰ ਦੁਆਰਾ ਦਰਸਾਇਆ ਗਿਆ ਹੈ, ਜੋ ਪਾਠਕਾਂ ਨਾਲ ਗੱਲਬਾਤ ਦੀ ਸਹੂਲਤ ਦਿੰਦੇ ਹਨ ਅਤੇ ਬਿਰਤਾਂਤਾਂ ਨੂੰ ਪੂਰਕ ਸੰਦਰਭ ਪ੍ਰਦਾਨ ਕਰਦੇ ਹਨ। ਇਹ ਤਕਨਾਲੋਜੀ ਹਰੇਕ ਪਾਠਕ ਲਈ ਅਨੁਕੂਲਿਤ ਇੰਟਰਐਕਟਿਵ ਹਿੱਸਿਆਂ ਨੂੰ ਸ਼ਾਮਲ ਕਰਕੇ ਗਤੀਸ਼ੀਲ ਬਿਰਤਾਂਤਾਂ ਦੀ ਸਿਰਜਣਾ ਦੀ ਸਹੂਲਤ ਦਿੰਦੀ ਹੈ। ਡੇਟਾ-ਸੰਚਾਲਿਤ ਪੱਤਰਕਾਰੀ ਵਿੱਚ, ਆਰਟੀਫੀਸ਼ੀਅਲ ਇੰਟੈਲੀਜੈਂਸ ਟੂਲ ਵਿਆਪਕ ਸਾਫਟਵੇਅਰ ਦਾ ਕੁਸ਼ਲਤਾ ਨਾਲ ਵਿਸ਼ਲੇਸ਼ਣ ਕਰਦੇ ਹਨ, ਚੋਣ ਰੁਝਾਨਾਂ ਤੋਂ ਲੈ ਕੇ ਸਰਕਾਰੀ ਖਰਚ ਦੇ ਪੈਟਰਨਾਂ ਅਤੇ ਗਰੀਬੀ ਜਾਂ ਬੇਰੁਜ਼ਗਾਰੀ ਦੇ ਰੁਝਾਨਾਂ ਵਰਗੀਆਂ ਸਮਾਜਿਕ ਚਿੰਤਾਵਾਂ ਤੱਕ, ਜਾਂਚ ਬਿਰਤਾਂਤਾਂ ਲਈ ਸੂਝ ਪ੍ਰਗਟ ਕਰਦੇ ਹਨ।

ਲਾਗਤਾਂ ਘਟਾਉਣਾ ਇੱਕ ਮਹੱਤਵਪੂਰਨ ਫਾਇਦਾ ਪੇਸ਼ ਕਰਦਾ ਹੈ, ਖਾਸ ਕਰਕੇ ਨਿਊਜ਼ਰੂਮਾਂ ਲਈ ਜਿਨ੍ਹਾਂ ਕੋਲ ਸੀਮਤ ਸਰੋਤ ਹਨ ਜੋ ਵਿੱਤੀ ਚੁਣੌਤੀਆਂ ਨਾਲ ਜੂਝ ਰਹੇ ਹਨ। ਟ੍ਰਾਂਸਕ੍ਰਿਪਸ਼ਨ, ਸੰਪਾਦਨ ਅਤੇ ਸੋਸ਼ਲ ਮੀਡੀਆ ਪੋਸਟਿੰਗ ਵਰਗੇ ਰੁਟੀਨ ਕੰਮਾਂ ਦਾ ਸਵੈਚਾਲਨ ਸਮੇਂ ਅਤੇ ਲਾਗਤ ਦੋਵਾਂ ਵਿੱਚ ਮਹੱਤਵਪੂਰਨ ਬੱਚਤ ਵੱਲ ਲੈ ਜਾਂਦਾ ਹੈ। ਪੱਤਰਕਾਰੀ ਦੇ ਖੇਤਰ ਵਿੱਚ ਏਆਈ ਦਾ ਮਾਰਗ ਮੀਡੀਆ ਸੰਸਥਾਵਾਂ, ਤਕਨੀਕੀ ਨਵੀਨਤਾਕਾਰਾਂ ਅਤੇ ਰੈਗੂਲੇਟਰੀ ਢਾਂਚੇ ਵਿਚਕਾਰ ਤਾਲਮੇਲ 'ਤੇ ਨਿਰਭਰ ਕਰਦਾ ਹੈ। ਸਫਲਤਾ ਪ੍ਰਾਪਤ ਕਰਨ ਲਈ ਵਿਆਪਕ ਸਿਖਲਾਈ, ਏਆਈ ਦੇ ਨੈਤਿਕ ਏਕੀਕਰਨ ਅਤੇ ਬੁਨਿਆਦੀ ਢਾਂਚੇ ਵਿੱਚ ਸੋਚ-ਸਮਝ ਕੇ ਨਿਵੇਸ਼ ਦੀ ਲੋੜ ਹੁੰਦੀ ਹੈ। ਵਿਕਾਸਸ਼ੀਲ ਢਾਂਚਾ ਇੱਕ ਮਿਸ਼ਰਤ ਪਹੁੰਚ ਜਾਪਦਾ ਹੈ ਜਿਸ ਵਿੱਚ ਮਨੁੱਖੀ ਗਿਆਨ ਅਤੇ ਏ.ਆਈ. ਕਾਰਜਸ਼ੀਲਤਾਵਾਂ ਇੱਕ ਦੂਜੇ ਨੂੰ ਵਧਾਉਂਦੀਆਂ ਹਨ। ਹਾਲਾਂਕਿ ਏਆਈ ਦੁਹਰਾਉਣ ਵਾਲੇ ਕੰਮਾਂ ਅਤੇ ਡੇਟਾ ਵਿਸ਼ਲੇਸ਼ਣ ਦਾ ਪ੍ਰਬੰਧਨ ਕਰਦਾ ਹੈ, ਇਹ ਮਨੁੱਖੀ ਪੱਤਰਕਾਰ ਹਨ ਜੋ ਜ਼ਰੂਰੀ ਨਿਰਣੇ, ਰਚਨਾਤਮਕਤਾ ਅਤੇ ਨੈਤਿਕ ਨਿਗਰਾਨੀ ਵਿੱਚ ਯੋਗਦਾਨ ਪਾਉਂਦੇ ਹਨ। ਇਹ ਸਹਿਯੋਗ ਗਾਰੰਟੀ ਦਿੰਦਾ ਹੈ ਕਿ ਨਿਊਜ਼ ਸੰਗਠਨ ਪੱਤਰਕਾਰੀ ਦੇ ਮਿਆਰਾਂ ਨੂੰ ਬਰਕਰਾਰ ਰੱਖਦੇ ਹੋਏ ਅਤੇ ਉੱਚ-ਗੁਣਵੱਤਾ , ਵਧਿਆ ਅਤੇ ਸਚਾਈ ਵਾਲੀ ਰਿਪੋਰਟਿੰਗ ਪ੍ਰਦਾਨ ਕਰਦੇ ਹੋਏ ਤਕਨੀਕੀ ਨਵੀਨਤਾਵਾਂ ਦੀ ਵਰਤੋਂ ਕਰ ਸਕਦੇ ਹਨ। ਜਦ ਕੇ ਏਆਈ ਜੋ ਵੀ ਉਸ ਦੇ ਸੰਪਰਕ ਵਿਚ ਹੈ ਉਸ ਸੀਮਤ ਜਾਣਕਾਰੀ ਤੱਕ ਹੀ ਤੱਥਾਂ ਤਹਿਤ ਖ਼ਬਰਾਂ ਦੀ ਜਾਣਕਾਰੀ ਸਾਂਝਿਆ ਕਰ ਸਕਦਾ ਹੈ।



ਭਵਿੱਖ ਵਿੱਚ, ਨਿਊਜ਼ਰੂਮਾਂ ਦੇ ਅੰਦਰ ਏਆਈ ਨੂੰ ਸ਼ਾਮਲ ਕਰਨਾ ਕੁਸ਼ਲਤਾ, ਸ਼ੁੱਧਤਾ ਅਤੇ ਆਊਟਰੀਚ ਨੂੰ ਬਿਹਤਰ ਬਣਾਉਣ ਲਈ ਸੈੱਟ ਕੀਤਾ ਗਿਆ ਹੈ, ਇਹ ਸਭ ਕਹਾਣੀ ਸੁਣਾਉਣ ਅਤੇ ਸੰਪਾਦਕੀ ਫੈਸਲੇ ਲੈਣ ਦੇ ਮਹੱਤਵਪੂਰਨ ਮਨੁੱਖੀ ਪਹਿਲੂਆਂ ਨੂੰ ਸੁਰੱਖਿਅਤ ਰੱਖਦੇ ਹੋਏ। ਮੀਡੀਆ ਦੇ ਦ੍ਰਿਸ਼ਟੀਕੋਣ ਵਿੱਚ ਨਵੇਂ ਮਾਪਦੰਡ ਸਥਾਪਤ ਕਰਨ ਲਈ ਤਕਨੀਕੀ ਤਰੱਕੀ ਅਤੇ ਪੱਤਰਕਾਰੀ ਦੇ ਸਿਧਾਂਤਾਂ ਵਿਚਕਾਰ ਇੱਕ ਅਨੁਕੂਲ ਸੰਤੁਲਨ ਪ੍ਰਾਪਤ ਕਰਨਾ ਜ਼ਰੂਰੀ ਹੈ।

ਸੁਮੀਤ ਸਿੰਘ

# ਵਿਦਿਅਕ ਪ੍ਰਬੰਧ ਅਤੇ ਵਿਦਿਆਰਥੀਆਂ ਦੀਆਂ ਆਤਮ-ਹੱਤਿਆਵਾਂ

ਜ਼ਿੰਦਗੀ ਦੀ ਭੱਜਦੌੜ ਦੀ ਆਖ਼ਿਰੀ ਮੰਜ਼ਿਲ ਸਫਲਤਾ ਸਰ ਕਰਨਾ ਹੁੰਦੀ ਹੈ। ਹਰ ਇਨਸਾਨ ਦੀ ਇੱਛਾ ਕਾਮਯਾਬ ਮਨੁੱਖ ਬਣਨ ਦੀ ਹੈ। ਮਨੁੱਖੀ ਸੁਭਾਅ ਆਰਥਿਕ, ਸਮਾਜਿਕ ਤੇ ਧਾਰਮਿਕ ਬਲਕਿ ਹਰ ਤਰ੍ਹਾਂ ਦੀ ਆਜ਼ਾਦੀ ਦਾ ਆਸ਼ਕ ਹੈ। ਆਜ਼ਾਦੀ ਦੀ ਤਾਂਘ ਉਸ ਨੂੰ ਦੁਨੀਆ ਤੋਂ ਵੱਖਰਾ ਕਰ ਗੁਜ਼ਰਨ ਲਈ ਪ੍ਰੇਰਦੀ ਹੈ। ਮੰਜ਼ਿਲ 'ਤੇ ਪਹੁੰਚਣ ਲਈ ਰਾਹੀ ਨੂੰ ਬਹੁਤ ਔਕੜਾਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਉਦਾਸੀ ਨਿਰਾਸ਼ਾ ਨੂੰ ਜਨਮ ਦਿੰਦੀ ਹੈ; ਨਿਰਾਸ਼ਾ ਆਦਮੀ ਨੂੰ ਆਤਮ-ਹੱਤਿਆ ਲਈ ਉਕਸਾਉਂਦੀ ਹੈ। ਨਿਰਾਸ਼ ਵਿਅਕਤੀ ਨੂੰ ਜਦੋਂ ਲੱਗਦਾ ਹੈ ਕਿ ਹੁਣ ਸਾਰੇ ਰਾਹ ਬੰਦ ਹੋ ਗਏ ਹਨ ਤਾਂ ਉਹ ਮੌਤ ਨੂੰ ਹਮਸਫ਼ਰ ਬਣਾ ਲੈਂਦਾ ਹੈ। ਅਜੋਕੇ ਅਗਾਂਹਵਧੂ ਅਤੇ ਤਕਨਾਲੋਜੀ ਦੇ ਸਮੇਂ 'ਚ ਖੁਦਕੁਸ਼ੀਆਂ ਦਾ ਮੰਦਭਾਗਾ ਰੁਝਾਨ ਆਲਮੀ ਪੱਧਰ 'ਤੇ ਵਧ ਰਿਹਾ ਹੈ। ਮੁਕਾਬਲੇ ਦੇ ਇਸ ਯੁੱਗ ਵਿੱਚ ਇੱਕ ਦੂਜੇ ਨੂੰ ਪਛਾੜ ਕੇ ਅੱਗੇ ਨਿਕਲਣ ਦੀ ਹੋੜ ਨੇ ਇਨਸਾਨ ਨੂੰ ਮਸ਼ੀਨ ਬਣਾ ਦਿੱਤਾ ਹੈ। ਇਹ ਵਰਤਾਰਾ ਮਨੁੱਖ ਦੇ ਜਨਮ ਤੋਂ ਹੀ ਸ਼ੁਰੂ ਹੋ ਜਾਂਦਾ ਹੈ। ਅਜੋਕੇ ਮਾਪੇ ਬੱਚੇ ਤੋਂ ਬਿਨਾਂ ਪੁੱਛੇ ਪਹਿਲਾਂ ਹੀ ਤੈਅ ਕਰ ਲੈਂਦੇ ਹਨ ਕਿ ਬੱਚੇ ਲਈ ਕਮਾਈ ਦਾ ਚੰਗਾ ਖੇਤਰ ਕਿਹੜਾ ਰਹੇਗਾ। ਬੱਚੇ ਨੂੰ ਸਿਰਫ਼ ਪੈਸੇ ਦੀ ਮਸ਼ੀਨ ਬਣਾਉਣਾ ਹੀ ਜ਼ਿਆਦਾਤਰ ਮਾਪਿਆਂ ਦਾ ਖ਼ਿਆਲ ਹੈ। ਜਦੋਂ ਕੋਈ ਦੁਨੀਆ ਦੀ ਦੌੜ 'ਚੋਂ ਪਛੜਦਾ ਹੈ ਤਾਂ ਉਹ ਆਤਮ-ਹੱਤਿਆ ਨੂੰ ਗਲੇ ਲਗਾ ਲੈਂਦਾ ਹੈ।

ਭਾਰਤ ਵਿੱਚ ਇਹ ਸਮੱਸਿਆ ਗੁੰਝਲਦਾਰ ਅਤੇ ਵਿਕਰਾਲ ਰੂਪ ਧਾਰਨ ਕਰ ਚੁੱਕੀ ਹੈ। ਦੇਸ਼ ਦੇ 1.32 ਲੱਖ ਖੁਦਕੁਸ਼ੀ ਕਰਨ ਵਾਲੇ ਲੋਕ 14-30 ਸਾਲ ਉਮਰ ਦੇ ਹਨ। ਇਸ ਵਿੱਚ ਵਿਦਿਆਰਥੀ ਵਰਗ ਵੀ ਸ਼ਾਮਲ ਹੈ। ਦੇਸ਼ ਅੰਦਰ ਹੋਈਆਂ ਖੁਦਕੁਸ਼ੀਆਂ 'ਚ 6.1% ਵਿਦਿਆਰਥੀਆਂ ਦੀਆਂ ਹਨ।

ਪਿਛਲੇ ਕੁਝ ਸਾਲਾਂ ਦੌਰਾਨ ਵਿਦਿਆਰਥੀਆਂ ਵਿੱਚ ਆਤਮ-ਹੱਤਿਆ ਦੀਆਂ ਘਟਨਾਵਾਂ ਵਿੱਚ ਵਾਧਾ ਹੋਇਆ ਹੈ ਜੋ ਸਾਡੇ ਸਿੱਖਿਆ ਪ੍ਰਬੰਧਾਂ ਦੀ ਪੋਲ ਖੋਲ੍ਹਦਾ ਹੈ। ਰਾਜਸਥਾਨ ਦੇ ਕੋਟਾ ਸ਼ਹਿਰ ਵਿੱਚ ਮੈਡੀਕਲ ਅਤੇ ਇੰਜਨੀਅਰਿੰਗ ਦੀ ਪ੍ਰਵੇਸ਼ ਪ੍ਰੀਖਿਆ ਦੀ ਤਿਆਰੀ ਕਰ ਰਹੇ ਚਾਰ ਬੱਚਿਆਂ ਨੇ 24 ਘੰਟਿਆਂ ਵਿੱਚ ਇੱਕ ਤੋਂ ਬਾਅਦ ਇੱਕ ਨੇ ਆਤਮ-ਹੱਤਿਆ ਕਰ ਲਈ। ਇਹ ਦੁਖਦਾਈ ਘਟਨਾ 2022 ਦੇ ਦਸੰਬਰ ਮਹੀਨੇ ਦੀ ਹੈ। ਇਹ ਕੋਈ ਪਹਿਲੀ ਘਟਨਾ ਨਹੀਂ, ਇਸ ਤੋਂ ਪਹਿਲਾਂ 2020 ਵਿੱਚ ਮੱਧ ਪ੍ਰਦੇਸ਼ ਵਿੱਚ ਇੱਕ ਲੜਕੀ ਨੇ ਨੀਟ ਯੂਜੀ (ਐਨਈਈਟੀ ਅੰਡਰ-ਗ੍ਰੈਜੂਏਸ਼ਨ) ਦੇ ਨਤੀਜੇ ਤੋਂ ਬਾਅਦ ਖੁਦਕੁਸ਼ੀ ਕੀਤੀ ਸੀ। ਉਸ ਨੇ ਬਹੁਤ ਮਿਹਨਤ ਕਰ ਕੇ ਇਹ ਇਮਤਿਹਾਨ ਦਿੱਤਾ ਪਰ ਨਤੀਜੇ ਵਿੱਚ ਉਸ ਨੂੰ ਆਪਣੇ ਸਿਰਫ਼ 6 ਅੰਕ ਦੇਖ ਕੇ ਬੜਾ ਧੱਕਾ ਲੱਗਾ। ਉਸ ਦੀ ਮੌਤ ਤੋਂ ਬਾਅਦ ਉਸ ਦੇ ਮਾਪਿਆਂ ਨੇ ਜਦ ਨਤੀਜੇ ਦੀ ਪੜਤਾਲ ਕਰਵਾਈ ਤਾਂ ਉਸ ਦੇ ਅੰਕ 560 ਸਨ। ਇਸ ਤਕਨੀਕੀ ਗਲਤੀ ਦਾ ਖ਼ਮਿਆਜ਼ਾ ਉਸ ਲੜਕੀ ਨੇ ਜ਼ਿੰਦਗੀ ਦੀ ਜੰਗ ਹਾਰ ਕੇ ਚੁਕਾਇਆ। ਅਜਿਹੀਆਂ ਘਟਨਾਵਾਂ ਨੇ ਵਿਦਿਆਰਥੀਆਂ ਵਿੱਚ ਪ੍ਰਵੇਸ਼ ਪ੍ਰੀਖਿਆ ਦੇ ਮੁਕਾਬਲੇ ਕਾਰਨ ਵਧ ਰਹੇ ਦਬਾਅ ਅਤੇ ਤਣਾਅ ਨੇ ਬੁੱਧੀਜੀਵੀਆਂ ਵਿੱਚ ਬਹਿਸ ਛੇੜ ਦਿੱਤੀ ਹੈ। ਕੌਮੀ ਅਪਰਾਧ ਰਿਕਾਰਡ ਬਿਊਰੋ ਦੇ ਸਤੰਬਰ 2022 ਵਿੱਚ ਜਾਰੀ ਅੰਕੜਿਆਂ ਅਨੁਸਾਰ, ਪਿਛਲੇ ਸਾਲ 13000 ਵਿਦਿਆਰਥੀਆਂ ਨੇ ਆਤਮ-ਹੱਤਿਆ ਕੀਤੀ। ਹੈਰਾਨੀ ਦੀ ਗੱਲ ਹੈ ਕਿ 2020 ਦੇ ਮੁਕਾਬਲੇ 2021 ਵਿੱਚ ਇਹ ਗਿਣਤੀ 4.5% ਵਧੀ ਹੈ। ਅੰਕੜਿਆਂ ਅਨੁਸਾਰ ਵਿਦਿਆਰਥੀਆਂ ਦੀਆਂ ਕੁੱਲ ਖੁਦਕੁਸ਼ੀਆਂ 'ਚੋਂ 14% ਇਕੱਲੇ ਮਹਾਰਾਸ਼ਟਰ ਦਾ ਬਣਦਾ ਹੈ ਜਿੱਥੇ 1834 ਵਿਦਿਆਰਥੀਆਂ ਨੇ ਖੁਦਕੁਸ਼ੀ ਕੀਤੀ ਹੈ।

ਇਸ ਵਰਤਾਰੇ ਨੇ ਅਜੋਕੇ ਸਿੱਖਿਆ ਪ੍ਰਬੰਧਾਂ ਨੂੰ ਕਟਿਹਰੇ 'ਚ ਖੜ੍ਹਾ ਕੀਤਾ ਹੈ। ਵਿਦਿਆਰਥੀਆਂ 'ਚ ਖੁਦਕੁਸ਼ੀ ਦਾ ਮੁੱਖ ਕਾਰਨ ਇਮਤਿਹਾਨ ਵਿੱਚ ਫੇਲ੍ਹ ਹੋਣਾ ਨਿੱਕਲਿਆ ਹੈ। ਪ੍ਰਵੇਸ਼ ਪ੍ਰੀਖਿਆ ਟੈਸਟ ਦੀ ਤਿਆਰੀ ਕਰਾਉਣ ਵਾਲੇ ਕੋਚਿੰਗ ਕੇਂਦਰਾਂ 'ਚ ਵਿਦਿਆਰਥੀਆਂ ਦੀ ਭੀੜ ਲਗਾਤਾਰ ਵਧ ਰਹੀ ਹੈ ਪਰ ਕੋਰਸਾਂ ਦੀਆਂ ਸੀਟਾਂ ਸੀਮਤ ਹਨ। ਮੈਡੀਕਲ ਦੀ ਇੱਕ ਲੱਖ ਸੀਟ ਲਈ 2022 ਵਿੱਚ 18 ਲੱਖ ਬੱਚਿਆਂ ਨੇ ਇਮਤਿਹਾਨ ਦਿੱਤਾ ਸੀ। ਯੂਪੀਐੱਸਸੀ ਦੀਆਂ ਇੱਕ ਹਜ਼ਾਰ ਤੋਂ ਘੱਟ ਸੀਟਾਂ ਲਈ ਲੱਖਾਂ ਲੋਕ ਹਰ ਸਾਲ ਪ੍ਰੀਖਿਆ ਦਿੰਦੇ ਹਨ। ਆਤਮ-ਹੱਤਿਆ ਕਰਨ ਵਿੱਚ ਗ਼ਰੀਬ ਬੱਚਿਆਂ ਦੀ ਸ਼ਮੂਲੀਅਤ ਕਾਫ਼ੀ ਜ਼ਿਆਦਾ ਹੈ। ਜੁਲਾਈ 2021 ਦੇ ਅੰਕੜਿਆਂ ਅਨੁਸਾਰ, ਦੇਸ਼ ਅੰਦਰ 2017-19 ਤੱਕ 14-18 ਸਾਲ ਉਮਰ ਦੇ 24588 ਬੱਚਿਆਂ ਨੇ ਆਤਮ-ਹੱਤਿਆ ਕੀਤੀ ਜਿਨ੍ਹਾਂ 'ਚੋਂ 13325 ਲੜਕੀਆਂ ਹਨ। 2017 'ਚ 8029, 2018 'ਚ 8162 ਤੇ 2019 ਵਿੱਚ ਇਹ ਅੰਕੜਾ ਵਧ ਕੇ 8377 ਹੋ ਗਿਆ। ਵਿਆਹ ਆਦਿ ਨਾਲ ਸਬੰਧਿਤ ਮਾਮਲਿਆਂ ਕਾਰਨ 3954 ਬੱਚਿਆਂ ਨੇ ਖੁਦਕੁਸ਼ੀ ਕੀਤੀ; ਕਿਸੇ ਬਿਮਾਰੀ, ਨਸ਼ਿਆਂ ਤੋਂ ਗ੍ਰਸਤ, ਜਿਨਸੀ ਛੇੜਛਾੜ ਤੋਂ ਤੰਗ ਆ ਕੇ 2648 ਬੱਚਿਆਂ ਨੇ ਖੁਦਕੁਸ਼ੀ ਕੀਤੀ। ਕੌਮਾਂਤਰੀ ਲੇਬਰ ਖੋਜ ਸੰਗਠਨ ਦੀ ਖੋਜ ਅਨੁਸਾਰ, ਆਲਮੀ ਪੱਧਰ 'ਤੇ ਦਸ ਵਿਦਿਆਰਥੀਆਂ 'ਚੋਂ ਗੰਭੀਰ ਰੂਪ ਵਿੱਚ ਤਣਾਅ ਦਾ ਸ਼ਿਕਾਰ ਹੈ। ਨਤੀਜਾ ਐਲਾਨਣ ਤੋਂ ਬਾਅਦ ਅਕਸਰ ਬੱਚੇ ਖੁਦਕੁਸ਼ੀ ਕਰਦੇ ਹਨ। ਲੈਂਸੇਟ ਮੈਡੀਕਲ ਰਸਾਲੇ ਵਿੱਚ ਛਪੀ ਰਿਪੋਰਟ ਅਨੁਸਾਰ, ਸੰਸਾਰ ਅੰਦਰ 15-29 ਸਾਲ ਉਮਰ ਵਰਗ ਦੇ ਲੋਕਾਂ 'ਚ ਆਤਮ-ਹੱਤਿਆ ਦਰ ਹੋਰਨਾਂ ਨਾਲੋਂ ਸਭ ਤੋਂ ਉੱਚੀ ਹੈ।

ਵਿਸ਼ਵ ਸਿਹਤ ਸੰਗਠਨ ਦੇ ਸਹਾਇਕ ਨਿਰਦੇਸ਼ਕ ਅਨੁਸਾਰ ਸੰਸਾਰ ਅੰਦਰ ਜੰਗਾਂ ਅਤੇ ਮਹਾਮਾਰੀਆਂ ਦੇ ਮੁਕਾਬਲੇ ਆਤਮ-ਹੱਤਿਆ ਨਾਲ ਜ਼ਿਆਦਾ ਲੋਕ ਮਰਦੇ ਹਨ; ਤਣਾਅ ਨੰਬਰ ਇੱਕ 'ਤੇ ਹੈ। ਸੰਸਾਰ ਦੀ 69% ਆਬਾਦੀ ਤਣਾਅ ਦੀ ਸ਼ਿਕਾਰ ਹੈ। ਵਿਸ਼ਵਵਿਆਪੀ ਤੌਰ 'ਤੇ ਡਾਕਟਰ ਕੋਲ ਜਾਣ ਵਾਲੇ ਪੰਜ ਲੋਕਾਂ 'ਚੋਂ ਤਿੰਨ ਤਣਾਅ ਦੇ ਸ਼ਿਕਾਰ ਨਿਕਲੇ ਹਨ। ਅੰਦਾਜ਼ੇ ਮੁਤਾਬਿਕ, ਦੁਨੀਆ ਅੰਦਰ ਸਾਲਾਨਾ ਅੱਠ ਲੱਖ ਤੋਂ ਜ਼ਿਆਦਾ ਲੋਕ ਖੁਦਕੁਸ਼ੀ ਕਰਦੇ ਹਨ। ਹਰ ਚਾਲੀ ਸਕਿੰਟ ਵਿੱਚ ਇੱਕ ਜ਼ਿੰਦਗੀ ਆਤਮ-ਹੱਤਿਆ ਦੀ ਭੇਟ ਚੜ੍ਹ ਰਹੀ ਹੈ। ਖੁਦਕੁਸ਼ੀ ਦੀਆਂ ਮੰਦਭਾਗੀ ਘਟਨਾਵਾਂ ਬੇਰੋਕ ਲਗਾਤਾਰ ਵਧ ਰਹੀਆਂ ਹਨ ਜੋ ਨਰੋਏ ਸਮਾਜ ਦੇ ਹਿੱਤ ਵਿੱਚ ਨਹੀਂ ਹਨ। ਵਿੱਦਿਆ ਪਾਰਸ ਹੈ ਜੋ ਆਪਣੇ ਨਾਲ ਜੁੜਨ ਵਾਲੇ ਨੂੰ ਵੀ ਪਾਰਸ ਬਣਾ ਦਿੰਦੀ ਹੈ। ਸਿੱਖਿਆ ਜੀਵਨ ਜਾਚ ਸਿਖਾਉਂਦੀ ਹੈ ਅਤੇ ਰੋਜ਼ੀ ਰੋਟੀ ਦੇ ਕਾਬਲ ਬਣਾਉਂਦੀ ਹੈ। ਆਜ਼ਾਦੀ ਦੇ ਸਾਢੇ ਛੇ ਦਹਾਕਿਆਂ ਬਾਅਦ ਵੀ ਲੋਕ ਮੁੱਢਲੀਆਂ ਸਹੂਲਤਾਂ ਤੋਂ ਸੱਖਣੇ ਹਨ। ਅਜੋਕੇ ਦੌਰ ਅੰਦਰ ਸਿੱਖਿਆ ਖਾਸ ਕਰ ਕੇ ਉਚੇਰੀ ਸਿੱਖਿਆ ਬਹੁਤ ਮਹਿੰਗੀ ਹੋ ਚੁੱਕੀ ਹੈ ਜੋ ਆਮ ਲੋਕਾਂ ਦੀ ਪਹੁੰਚ ਤੋਂ ਦੂਰ ਹੋ ਰਹੀ ਹੈ। ਨਿੱਜੀਕਰਨ ਅਤੇ ਸਰਕਾਰਾਂ ਦੀ ਅਣਗਹਿਲੀ ਇਸ ਨੂੰ ਦਿਨੋ-ਦਿਨ ਮਹਿੰਗਾ ਕਰ ਰਹੀ ਹੈ। ਇਸ ਕਰ ਕੇ ਵਿਦਿਆਰਥੀਆਂ ਤੇ ਮਾਪਿਆਂ ਦੀ ਚਿੰਤਾ ਵਧਣਾ ਲਾਜ਼ਮੀ ਹੈ। ਉਚੇਰੀ ਸਿੱਖਿਆ ਪ੍ਰਾਪਤੀ ਹਿਤ ਤਰ੍ਹਾਂ-ਤਰ੍ਹਾਂ ਦੇ ਪਾਪੜ ਵੇਲਣ ਨੂੰ ਮਜਬੂਰ ਹੋਣਾ ਪੈ ਰਿਹਾ ਹੈ।

ਦੇਸ਼ ਅੰਦਰ ਜ਼ਿਆਦਾਤਰ ਯੂਨੀਵਰਸਿਟੀਆਂ ਬਗੈਰ ਮਾਨਤਾ ਪ੍ਰਾਪਤ ਕੋਰਸ ਕਰਵਾ ਰਹੀਆਂ ਹਨ। ਕਿਤੇ ਮਾਪਦੰਡਾਂ ਅਨੁਸਾਰ ਦਾਖਲੇ ਨਹੀਂ ਹੁੰਦੇ ਤੇ ਕਿਤੇ ਡਿਗਰੀ ਮਾਨਤਾ ਪ੍ਰਾਪਤ ਨਹੀਂ ਹੁੰਦੀ। ਉਕਤ ਕਾਰਨਾਂ ਨੇ ਵੀ ਵਿਦਿਆਰਥੀਆਂ ਨੂੰ ਅਸ਼ਾਂਤੀ ਦੀ ਦਲਦਲ 'ਚ ਧੱਕਿਆ ਹੈ। ਆਲਮੀ ਪੱਧਰ 'ਤੇ ਖੁਦਕੁਸ਼ੀਆਂ ਦੇ ਇਸ ਵਰਤਾਰੇ ਨੇ ਬੁੱਧੀਜੀਵੀਆਂ ਅਤੇ ਚਿੰਤਕਾਂ ਨੂੰ ਸੋਚਾਂ ਵਿੱਚ ਪਾ ਦਿੱਤਾ ਹੈ। ਹਰ ਵਰਗ ਦੇ ਲੋਕ ਇਸ ਮੰਦਭਾਗੇ ਰੁਝਾਨ 'ਚ ਸ਼ਾਮਲ ਹੋ ਰਹੇ ਹਨ। ਇਸ ਦੇ ਕਾਰਨ ਤਾਂ ਹੋਰ ਬਹੁਤ ਸਾਰੇ ਹੋ ਸਕਦੇ ਹਨ ਪਰ ਜਦੋਂ ਤੱਕ ਮਨੁੱਖ ਆਪਣੀ ਬਰਦਾਸ਼ਤ ਕਰਨ ਦੀ ਸੀਮਾ ਨਹੀਂ ਵਧਾਉਂਦਾ ਉਦੋਂ ਤੱਕ ਖੁਦਕੁਸ਼ੀਆਂ ਦੇ ਰਾਹ ਪੈਂਦਾ ਰਹੇਗਾ। ਜ਼ਿੰਦਗੀ ਦੇ ਉਤਾਰ ਚੜ੍ਹਾਅ ਨੂੰ ਸਹਿਜ ਨਾਲ ਲਿਆ ਜਾਣਾ ਚਾਹੀਦਾ ਹੈ। ਹਰ ਤਰ੍ਹਾਂ ਦੇ ਹਾਲਾਤ ਨਾਲ ਨਜਿੱਠਣਾ ਹੀ ਸਭ ਤੋਂ ਵੱਡੀ ਬਹਾਦਰੀ ਹੈ। ਜੋ ਸੁੱਖ ਸਾਧਨ ਮੌਜੂਦ ਹਨ, ਉਨ੍ਹਾਂ ਦਾ ਆਨੰਦ ਲਿਆ ਜਾਵੇ; ਜੋ ਕੁਝ ਨਹੀਂ ਹੈ, ਉਸ ਦੀ ਪ੍ਰਾਪਤੀ ਲਈ ਮਿਹਨਤ ਕੀਤੀ ਜਾਵੇ।

ਮਨੁੱਖ ਭਵਿੱਖ ਦੀ ਤਿਆਰੀ 'ਚ ਆਪਣਾ ਵਰਤਮਾਨ ਨਸ਼ਟ ਕਰ ਲੈਂਦਾ ਹੈ ਤੇ ਵਰਤਮਾਨ ਦਾ ਅਸਰ ਭਵਿੱਖ 'ਤੇ ਪੈਂਦਾ ਹੈ। ਮਨੁੱਖ ਦੂਜੇ ਸਫਲ ਲੋਕਾਂ ਤੋਂ ਪ੍ਰਭਾਵਿਤ ਹੋ ਕੇ ਜਲਦੀ ਉਨ੍ਹਾਂ ਵਾਂਗ ਸਫਲ ਹੋਣਾ ਲੋਚਦਾ ਹੈ ਪਰ ਉਨ੍ਹਾਂ ਲੋਕਾਂ ਦਾ ਸੰਘਰਸ਼, ਅਸਫਲਤਾ ਦੇ ਬਹੁਤ ਸਾਰੇ ਝਟਕਿਆਂ ਨੂੰ ਨਜ਼ਰਅੰਦਾਜ਼ ਕਰ ਦਿੰਦਾ ਹੈ। ਉਦਾਸੀ ਤੋਂ ਬਚਣ ਲਈ ਆਸਵੰਦ ਹੋਣਾ ਚਾਹੀਦਾ ਹੈ। ਆਸਵੰਦ ਹੋਣ ਲਈ ਚੰਗਾ ਸਾਹਿਤ ਪੜ੍ਹਨਾ ਜ਼ਰੂਰੀ ਹੈ; ਆਪਣੇ ਆਪ ਨੂੰ ਰੁੱਝੇ ਰੱਖਣਾ ਚਾਹੀਦਾ ਹੈ। ਮਨੁੱਖ ਨੂੰ ਇਹ ਗੱਲ ਸਦਾ ਚੇਤੇ ਰੱਖਣੀ ਚਾਹੀਦੀ ਹੈ ਕਿ ਜ਼ਿੰਦਗੀ ਸਿਰਫ਼ ਜਿਊਣ ਦਾ ਨਾਂ ਨਹੀਂ ਸਗੋਂ ਹੰਢਾਉਣ ਦਾ ਨਾਮ ਹੈ।

ਪ੍ਰਿੰ. ਨਵਜੋਤ ਕੌਰ ਬਰਾੜ

# ਅਣਗਿਣਤ ਜਾਨਾਂ ਦੇ ਕਾਤਲ ਬਣ ਰਹੇ ਹਨ ਮਿਲਾਵਟਖੋਰ




WORLD PUNJABI NEWS NETWORK ਜਿਸ ਕੋਲ ਸਮਝ ਹੁੰਦੀ ਹੈ, ਉਸ ਨੂੰ ਆਪਣੇ ਚੰਗੇ-ਮਾੜੇ ਦਾ ਪਤਾ ਹੁੰਦਾ ਹੈ। ਜੇ ਪੁਰਾਣੇ ਵੇਲਿਆਂ ਦੀ ਗੱਲ ਕਰੀਏ ਤਾਂ ਉਸ ਸਮੇਂ ਸੀਮਤ ਸਾਧਨ ਸਨ, ਲੋਕਾਂ ਵਿੱਚ ਆਪਸੀ ਪਿਆਰ ਸੀ। ਮਿਲਾਵਟ ਬਿਲਕੁਲ ਹੀ ਨਹੀਂ ਸੀ। ਕਹਿਣ ਦਾ ਭਾਵ ਹੈ ਕਿ ਹਵਾ, ਪਾਣੀ, ਕੋਈ ਵੀ ਖਾਣ ਵਾਲੀ ਚੀਜ਼ ਸ਼ੁੱਧ ਮਿਲ ਜਾਂਦੀ ਸੀ। ਕਿਸੇ ਨੂੰ ਪਤਾ ਹੀ ਨਹੀਂ ਸੀ ਹੁੰਦਾ ਕਿ ਮਿਲਾਵਟ ਕੀ ਹੁੰਦੀ ਹੈ? ਜੋ ਪਰਿਵਾਰ ਉਸ ਸਮੇਂ ਦੁੱਧ ਵੇਚਦੇ ਸਨ, ਉਹ ਸਾਫ਼ ਸੁਥਰਾ ਸ਼ੁੱਧ ਦੁੱਧ ਵੇਚਦੇ ਸਨ। ਜੇ ਕੋਈ ਦੁੱਧ ਵਿੱਚ ਪਾਣੀ ਵੀ ਪਾਉਣਾ ਚਾਹੁੰਦਾ ਸੀ, ਉਹ ਵੀ ਘਰ ਦਾ ਸ਼ੁੱਧ ਪਾਣੀ ਪਾ ਕੇ ਹੀ ਦੁੱਧ ਵੇਚਦੇ ਸਨ। ਪਰ ਅੱਜ ਦੇ ਸਮੇਂ ਵਿੱਚ ਮਿਲਾਵਟ ਦਾ ਬਹੁਤ ਜ਼ਿਆਦਾ ਦਬਦਬਾ ਹੈ। ਜੋ ਕੰਮ ਕਰਨ ਲਈ ਪਰਮਾਤਮਾ ਨੇ ਇਨਸਾਨ ਨੂੰ ਧਰਤੀ 'ਤੇ ਭੇਜਿਆ ਸੀ, ਅੱਜ ਦਾ ਇਨਸਾਨ ਆਪਣੇ ਨਿੱਜੀ ਸਵਾਰਥਾਂ ਖਾਤਿਰ ਉਸ ਤੋਂ ਉਲਟ ਕਰ ਰਿਹਾ ਹੈ। ਮਿਲਾਵਟ ਦਾ ਕਹਿਰ ਵਧਦਾ ਜਾ ਰਿਹਾ ਹੈ। ਇਸ ਗੋਰਖ ਧੰਦੇ ਨੇ ਪਤਾ ਨਹੀਂ ਕਿੰਨੇ ਹੀ ਇਨਸਾਨਾਂ ਦੀ ਜਾਨ ਲੈ ਲਈ ਹੈ। ਕੋਈ ਵੀ ਖਾਣ-ਪੀਣ ਦੀ ਚੀਜ਼ ਲੈ ਲਵੋ, ਅੱਜ ਦੇ ਸਮੇਂ ਉਹ ਸ਼ੁੱਧ ਨਹੀਂ ਹੈ। ਚਾਹੇ ਉਹ ਦੁੱਧ ਲੈ ਲਓ, ਦੇਸੀ ਘਿਉ ਲੈ ਲਵੋ, ਮਿਠਾਈਆਂ ਲੈ ਲਵੋ ਜਾਂ ਦਵਾਈਆਂ ਲੈ ਲਵੋ, ਹਰ ਚੀਜ਼ ਮਿਲਾਵਟ ਨਾਲ ਬਾਜ਼ਾਰ ਵਿੱਚ ਵਿਕ ਰਹੀ ਹੈ। ਨਾਮੀ ਕੰਪਨੀਆਂ ਦੇ ਮਾਰਕਾ ਲਗਾ ਕੇ ਕਈ ਵਾਰ ਬੰਦ ਡੱਬਿਆਂ ਵਿੱਚ ਮਿਲਾਵਟ ਬਹੁਤ ਜ਼ਿਆਦਾ ਦੇਖੀ ਜਾ ਸਕਦੀ ਹੈ। ਕਹਿਣ ਦਾ ਭਾਵ ਹੈ ਕਿ ਅੱਜ ਦਾ ਇਨਸਾਨ ਨਿਰਾ ਜ਼ਹਿਰ ਖਾ ਰਿਹਾ ਹੈ। ਹਾਲ ਹੀ ਵਿੱਚ ਵਿਸ਼ਵ ਸੰਗਠਨ ਦੀ ਨਸ਼ਰ ਹੋਈ ਰਿਪੋਰਟ ਮੁਤਾਬਕ 60 ਕਰੋੜ ਲੀਟਰ ਤੋਂ ਵੱਧ ਭਾਰਤ ਵਿੱਚ ਦੁੱਧ ਦੀ ਵਿਕਰੀ ਹੁੰਦੀ ਹੈ। ਜਿਸ ਵਿੱਚ 45 ਕਰੋੜ ਲੀਟਰ ਤੋਂ ਜ਼ਿਆਦਾ ਮਿਲਾਵਟੀ ਹੁੰਦਾ ਹੈ। ਸਭ ਤੋਂ ਮਿਲਾਵਟੀ ਦੁੱਧ ਦੇ ਮਾਮਲੇ ਉੱਤਰ ਪ੍ਰਦੇਸ਼ ਵਿੱਚ ਫੜੇ ਗਏ ਹਨ। ਦੁੱਧ ਤੋਂ ਬਣਿਆ ਪਨੀਰ, ਦਹੀਂ, ਖੋਆ, ਬਿਸਕੁਟ ਦੇ ਜਦੋਂ ਸੈਂਪਲ ਭਰੇ ਗਏ ਤਾਂ ਸਾਰੇ ਹੀ ਮਿਲਾਵਟੀ ਦੁੱਧ ਨਾਲ ਬਣੇ ਪਾਏ ਗਏ। ਉੱਧਰ ਵਿਸ਼ਵ ਸੰਗਠਨ ਨੇ ਭਾਰਤ ਸਰਕਾਰ ਨੂੰ ਚਿਤਾਵਣੀ ਵੀ ਦੇ ਦਿੱਤੀ ਹੈ ਕਿ ਜੇ ਮਿਲਾਵਟੀ ਦੁੱਧ ਦਾ ਕਾਰੋਬਾਰ ਨਾ ਰੋਕਿਆ ਗਿਆ ਤਾਂ ਭਾਰਤ ਜਲਦੀ ਹੀ ਨਾ ਮੁਰਾਦ ਬਿਮਾਰੀ ਕੈਂਸਰ ਦਾ ਸ਼ਿਕਾਰ ਹੋ ਜਾਵੇਗਾ। ਹਾਲਾਂਕਿ ਉੱਤਰ ਪ੍ਰਦੇਸ਼ ਵਿੱਚ ਮਿਲਾਵਟਖੋਰਾਂ ਖ਼ਿਲਾਫ਼ ਸਖ਼ਤ ਕਾਰਵਾਈ ਵੀ ਕੀਤੀ ਜਾ ਰਹੀ ਹੈ। ਹਰ ਸੂਬੇ ਵਿੱਚ ਮਿਲਾਵਟ ਦਾ ਬੋਲਬਾਲਾ ਹੈ, ਚਾਹੇ ਉਹ ਕੇਰਲ, ਤਮਿਲਨਾਡੂ, ਪੰਜਾਬ, ਹਿਮਾਚਲ ਪ੍ਰਦੇਸ਼ ਹਰਿਆਣਾ ਜਾਂ ਰਾਜਸਥਾਨ ਕਿਉਂ ਨਾ ਹੋਵੇ। ਹਰ ਸੂਬੇ ਵਿੱਚ ਮਿਲਾਵਟ ਸਿਖਰਾਂ 'ਤੇ ਹੈ। ਦੁਧਾਰੂ ਪਸ਼ੂਆਂ ਦੀ ਗਿਣਤੀ ਲਗਾਤਾਰ ਘਟਦੀ ਜਾ ਰਹੀ ਹੈ।

ਮਾਹਿਰਾਂ ਮੁਤਾਬਕ ਜੋ ਮਿਲਾਵਟ ਵਾਲਾ ਦੁੱਧ ਹੁੰਦਾ ਹੈ ਉਹ ਲਿਵਰ, ਪੇਟ ਦੀਆਂ ਅੰਤੜੀਆਂ ਵਿੱਚ ਹੌਲੀ ਹੌਲੀ ਜੰਮਣਾ ਸ਼ੁਰੂ ਹੋ ਜਾਂਦਾ ਹੈ ਤੇ ਫਿਰ ਘਾਤਕ ਬਿਮਾਰੀਆਂ ਸਰੀਰ ਨੂੰ ਘੇਰ ਲੈਂਦੀਆਂ ਹਨ। ਬੱਚਿਆਂ ਦਾ ਸਰੀਰਿਕ ਵਿਕਾਸ ਰੁਕਣਾ ਸ਼ੁਰੂ ਹੋ ਜਾਂਦਾ ਹੈ। ਸਮੇਂ ਤੋਂ ਪਹਿਲਾਂ ਕੁੜੀਆਂ ਵਿੱਚ ਮਹੀਨਾ ਆਉਣਾ ਸ਼ੁਰੂ ਹੋ ਜਾਂਦਾ ਹੈ। ਔਰਤਾਂ ਵਿੱਚ ਜਲਦੀ ਹੀ ਮਹੀਨਾ ਆਉਣਾ ਬੰਦ ਵੀ ਹੋ ਜਾਂਦਾ ਹੈ। ਔਰਤਾਂ ਵਿੱਚ ਹਾਰਮੋਨ ਅਸੰਤੁਲਿਤ ਹੋਣੇ ਸ਼ੁਰੂ ਹੋ ਜਾਂਦੇ ਹਨ।


ਅੱਜ ਇਨਸਾਨ ਅਨੇਕਾਂ ਹੀ ਬਿਮਾਰੀਆਂ ਨਾਲ ਘਿਰਿਆ ਹੋਇਆ ਹੈ। ਖ਼ਬਰਾਂ ਸੁਣਨ ਨੂੰ ਮਿਲਦੀਆਂ ਹਨ ਕਿ ਛੋਟੀ ਉਮਰ ਵਿੱਚ ਹੀ ਕਈ ਬੱਚੇ ਅਨੇਕਾਂ ਨਾਮੁਰਾਦ ਬਿਮਾਰੀਆਂ ਨਾਲ ਪੀੜਿਤ ਹਨ। ਜੇ ਅਸੀਂ ਸਾਫ਼ ਸੁਥਰਾ ਤੇ ਵਧੀਆ ਖਾਣਾ ਖਾਵਾਂਗੇ ਤਾਂ ਹੀ ਤੰਦਰੁਸਤ ਰਹਿ ਸਕਦੇ ਹਾਂ। ਜੇ ਤੰਦਰੁਸਤ ਰਹਾਂਗੇ ਤਾਂ ਹੀ ਅਸੀਂ ਆਪਣੇ ਕੰਮ ਕਾਜ ਕਰ ਸਕਾਂਗੇ। ਮਿਲਾਵਟੀ ਚੀਜ਼ਾਂ ਖਾਣ ਨਾਲ ਤਾਂ ਹਰ ਰੋਜ਼ ਕਿਸੇ ਨਾ ਕਿਸੇ ਬਿਮਾਰੀ ਕਾਰਨ ਪੀੜਤ ਰਹਾਂਗੇ। ਹਰ ਰੋਜ਼ ਡਾਕਟਰ ਜਾਂ ਮੈਡੀਕਲ ਲੈਬ ਦੇ ਚੱਕਰ ਹੀ ਲਗਾਉਂਦੇ ਰਹਾਂਗੇ। ਪਰ ਅੱਜ ਦੇ ਸਮੇਂ ਵਿੱਚ ਮਿਲਾਵਟ ਬਹੁਤ ਵੱਡੀ ਚੁਣੌਤੀ ਬਣ ਗਈ ਹੈ। ਮੈਡੀਕਲ ਸਟੋਰਾਂ ਤੇ ਨਕਲੀ ਦਵਾਈਆਂ ਦਾ ਬਹੁਤ ਜ਼ਿਆਦਾ ਬੋਲ-ਬਾਲਾ ਹੈ। ਪਤਾ ਨਹੀਂ ਕਿੰਨੀਆਂ ਹੀ ਕੰਪਨੀਆਂ ਇੱਕ ਤਰ੍ਹਾਂ ਦੀ ਦਵਾਈਆਂ ਬਣਾ ਕੇ ਬਾਜ਼ਾਰ ਵਿੱਚ ਉਤਾਰ ਦਿੰਦੀਆਂ ਹਨ। ਬੇਈਮਾਨੀ ਤੇ ਪੈਸੇ ਦੇ ਲਾਲਚੀ ਲੋਕਾਂ ਵੱਲੋਂ ਆਮ ਲੋਕਾਂ ਦੀ ਸਿਹਤ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ। ਆਮ ਤੌਰ 'ਤੇ ਸਿਹਤ ਵਿਭਾਗ ਤਿਉਹਾਰਾਂ ਦੇ ਸੀਜ਼ਨ ਵਿੱਚ ਹੀ ਸਰਗਰਮ ਹੁੰਦਾ ਹੈ। ਤਿਉਹਾਰਾਂ ਦੇ ਸੀਜ਼ਨ ਵਿੱਚ ਨਕਲੀ ਮਿਠਿਆਈਆਂ, ਖੋਆ ਕੁਇੰਟਲਾਂ ਦੇ ਹਿਸਾਬ ਨਾਲ ਫੜਿਆ ਜਾਂਦਾ ਹੈ। ਹਰ ਰੋਜ਼ ਸਿਹਤ ਮਹਿਕਮਾ ਟੀਮਾਂ ਬਣਾਕੇ ਵੱਖ-ਵੱਖ ਸ਼ਹਿਰਾਂ, ਕਸਬਿਆਂ ਵਿੱਚ ਭੇਜਦਾ ਹੈ। ਖਾਣ-ਪੀਣ ਵਾਲੀਆਂ ਵਸਤਾਂ ਦੇ ਸੈਂਪਲ ਭਰੇ ਜਾਂਦੇ ਹਨ। ਇਹ ਜ਼ਿਆਦਾਤਰ ਤਿਉਹਾਰਾਂ ਦੇ ਸੀਜ਼ਨ ਦੌਰਾਨ ਹੀ ਹੁੰਦਾ ਹੈ। ਹਰ ਸ਼ਹਿਰ ਵਿੱਚ ਸ਼ਾਮ ਨੂੰ ਕਈ ਜਗ੍ਹਾ 'ਤੇ ਜੰਕ ਫੂਡ ਦੀਆਂ ਰੇਹੜੀਆਂ ਲੱਗਦੀਆਂ ਹਨ। ਇਹ ਰੇਹੜੀਆਂ ਵਾਲੇ ਨਕਲੀ ਰਿਫਾਇੰਡ ਦੀ ਮਦਦ ਨਾਲ ਤਰ੍ਹਾਂ ਤਰ੍ਹਾਂ ਦੇ ਜੰਕ ਫੂਡ ਲੋਕਾਂ ਨੂੰ ਪਰੋਸ ਰਹੇ ਹਨ। ਲੋਕਾਂ ਦੀ ਸਿਹਤ ਨਾਲ ਖਿਲਵਾੜ ਹੋ ਰਿਹਾ ਹੈ। ਫਿਰ ਉਨ੍ਹਾਂ ਦੇ ਖ਼ਿਲਾਫ਼ ਵਿਭਾਗੀ ਕਾਰਵਾਈ ਵੀ ਹੁੰਦੀ ਹੈ। ਵਿਚਾਰਨ ਵਾਲੀ ਗੱਲ ਹੈ ਕਿ ਖਾਣ-ਪੀਣ ਦੇ ਸ਼ੌਕੀਨ ਤਾਂ ਹਰ ਰੋਜ਼ ਹੀ ਕੁਝ ਨਾ ਕੁਝ ਖਾਣ ਪੀਣ ਵਾਲੀ ਵਸਤਾਂ ਦੁਕਾਨਾਂ ਮਿਠਾਈਆਂ ਦੀ ਦੁਕਾਨਾਂ ਤੋਂ ਲੈ ਕੇ ਖਾਂਦੇ ਹਨ। ਇਹ ਜਾਂਚ-ਪੜਤਾਲ ਸਿਰਫ਼ ਤਿਉਹਾਰਾਂ ਦੇ ਸੀਜ਼ਨ ਵਿੱਚ ਹੀ ਕਿਉਂ, ਸਾਰਾ ਸਾਲ ਕਿਉਂ ਨਹੀਂ ਕੀਤੀ ਜਾਂਦੀ?

ਜੋ ਪਿੰਡਾਂ ਵਿੱਚੋਂ ਦੁੱਧ ਲੈ ਕੇ ਦੋਧੀ ਸ਼ਹਿਰ ਵੱਲ ਜਾਂਦੇ ਹਨ, ਇਨ੍ਹਾਂ ਦੇ ਹਰ ਹਫਤੇ ਡੇਅਰੀ ਵਿਭਾਗ ਵੱਲੋਂ ਕੈਂਪ ਲਗਾ ਕੇ ਨਮੂਨੇ ਭਰਨੇ ਚਾਹੀਦੇ ਹਨ। ਬਣਦੀ ਕਾਰਵਾਈ ਕਰਨੀ ਚਾਹੀਦੀ ਹੈ। ਜੋ ਡੇਅਰਿਆਂ ਤੇ ਨਕਲੀ ਦੁੱਧ, ਖੋਆ, ਪਨੀਰ ਮਿਲਦਾ ਹੈ, ਉਸ ਦੀ ਵੀ ਜਾਂਚ ਪੜਤਾਲ ਕਰਨੀ ਚਾਹੀਦੀ ਹੈ।

ਪਿੱਛੇ ਜਿਹੇ ਖ਼ਬਰ ਪੜ੍ਹਨ ਨੂੰ ਮਿਲੀ ਸੀ ਕਿ ਦਿੱਲੀ ਵਿਖੇ ਤਕਰੀਬਨ ਪਿਛਲੇ 20 ਸਾਲਾਂ ਤੋਂ ਬਿਨਾਂ ਦੁੱਧ ਤੋਂ ਵੱਖ ਵੱਖ ਰਸਾਇਣਕ ਤੱਤਾਂ, ਤੇ ਜਾਨਵਰਾਂ ਦੀ ਚਰਬੀ ਨਾਲ ਦੇਸੀ ਘਿਓ ਤਿਆਰ ਕਰਨ ਵਾਲੀ ਫੈਕਟਰੀ 'ਤੇ ਛਾਪਾ ਮਾਰਿਆ ਗਿਆ। ਪਤਾ ਨਹੀਂ ਕਿੰਨੇ ਲੋਕਾਂ ਨੇ ਅਜਿਹਾ ਨਿਰਾ ਜ਼ਹਿਰ ਖਾਇਆ ਹੋਣਾ ਹੈ। ਆਮ ਤੌਰ 'ਤੇ ਜੋ ਦੋਧੀ ਦੁੱਧ ਪਾਉਂਦੇ ਹਨ, ਉਹ ਵੀ ਤਰ੍ਹਾਂ ਤਰ੍ਹਾਂ ਦੇ ਪਾਊਡਰ ਮਿਲਾ ਕੇ ਦੁੱਧ ਵੇਚ ਰਹੇ ਹਨ। ਐੱਫਐੱਸਐੱਸਏਆਈ ਦੀ ਰਿਪੋਰਟ ਮੁਤਾਬਕ ਖ਼ੁਲਾਸਾ ਹੋਇਆ ਹੈ ਕਿ ਦੁੱਧ ਵਿੱਚ ਅਰਾਰੋਟ, ਰੰਗ, ਮਿਲਕ ਪਾਊਡਰ, ਗੁਲੂਕੋਜ਼, ਕੱਪੜੇ ਢੋਣ ਵਾਲਾ ਪਾਊਡਰ ਮਿਲਾਇਆ ਜਾਂਦਾ ਹੈ। ਸੁਣਨ ਵਿੱਚ ਆਉਂਦਾ ਹੈ ਕਿ ਨਕਲੀ ਦੁੱਧ ਵਿੱਚ ਵਾਸ਼ਿੰਗ ਪਾਊਡਰ ਤੇ ਹੋਰ ਜ਼ਹਿਰੀਲੇ ਤੱਤ ਮਿਲਾ ਕੇ ਉਸ ਨੂੰ ਪਰੋਸਿਆ ਜਾ ਰਿਹਾ ਹੈ। ਮਠਿਆਈ ਖਾਣ ਦਾ ਤਾਂ ਅੱਜਕਲ ਬਿਲਕੁਲ ਵੀ ਧਰਮ ਨਹੀਂ ਹੈ। ਤਿਉਹਾਰਾਂ ਦੇ ਸੀਜ਼ਨ ਵਿੱਚ ਤਰ੍ਹਾਂ-ਤਰ੍ਹਾਂ ਦੇ ਮਠਿਆਈਆਂ ਵਿੱਚ ਰੰਗ ਲਗਾ ਕੇ ਨਕਲੀ ਮਠਿਆਈਆਂ ਨਾਲ ਦੁਕਾਨਾਂ ਸਜ ਜਾਂਦੀਆਂ ਹਨ। ਮਿਲਾਵਟੀ ਚੀਜ਼ਾਂ ਖਾਣ ਨਾਲ ਅੱਜ ਲੋਕ ਕੈਂਸਰ, ਬਲੱਡ ਪ੍ਰੈੱਸ਼ਰ, ਦਮਾ, ਸ਼ੂਗਰ ਹੋਰ ਵੀ ਕਈ ਤਰ੍ਹਾਂ ਦੀਆਂ ਬਿਮਾਰੀਆਂ ਦੇ ਸ਼ਿਕਾਰ ਹੋ ਰਹੇ ਹਨ। ਮੁਨਾਫ਼ਾਖੋਰਾਂ ਤੇ ਸਰਕਾਰ ਨੂੰ ਸਖ਼ਤੀ ਨਾਲ ਪੇਸ਼ ਆਉਣਾ ਚਾਹੀਦਾ ਹੈ। ਅਜਿਹੇ ਲੋਕਾਂ ਖਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ ਤਾਂ ਜੋ ਹੋਰਾਂ ਨੂੰ ਵੀ ਕੰਨ ਹੋ ਜਾਣ।

ਸੰਜੀਵ ਸਿੰਘ ਸੈਣੀ

# ਟਹਿਲਣਾ ਬਹੁਤ ਫਾਇਦੇਮੰਦ ਕਸਰਤ ਹੈ



WORLD PUNJABI NEWS NETWORK ਆਪਣੀ ਸਿਹਤ ਨੂੰ ਲੰਮੇ ਸਮੇਂ ਤੱਕ ਕਾਇਮ ਰੱਖਣ ਅਤੇ ਕਿਸੇ ਕਾਰਨ ਸਿਹਤ ਨੂੰ ਹੋਏ ਨੁਕਸਾਨ ਦੀ ਪੂਰਤੀ ਕਰਨ ਲਈ ਕੀਤੀਆਂ ਜਾਣ ਵਾਲੀਆਂ ਅਨੇਕਾਂ ਕਸਰਤਾਂ ਵਿਚੋਂ ਟਹਿਲਣਾ ਸਭ ਤੋਂ ਵੱਧ ਮਹੱਤਵਪੂਰਨ ਹੈ। ਇਹ ਸਰੀਰਕ ਪੱਖੋਂ ਓਨਾ ਹੀ ਲਾਭਦਾਇਕ ਹੈ, ਜਿੰਨਾ ਮਾਨਸਿਕ ਪੱਖੋਂ।

* ਬ੍ਰਹਮ-ਮਹੂਰਤ ਨੂੰ ਟਹਿਲਣ ਦਾ ਸਭ ਤੋਂ ਵਧੀਆ ਸਮਾਂ ਦੱਸਿਆ ਗਿਆ ਹੈ। ਕਾਰਨ ਕਿ ਵਿਦਵਾਨਾਂ ਅਨੁਸਾਰ ਇਸ ਸਮੇਂ ਪ੍ਰਾਣਵਾਯੂ ਦੀ ਵਾਤਾਵਰਨ ਵਿਚ ਬਹੁਤਾਤ ਹੁੰਦੀ ਹੈ। ਸਵੇਰੇ ਹਵਾ ਦੀ ਸ਼ੁੱਧਤਾ, ਸ਼ੀਤਲਤਾ ਅਤੇ ਤਾਜ਼ਗੀ ਦਾ ਪਾਨ ਕਰਕੇ ਵਿਅਕਤੀ ਪੂਰਾ ਤਰੋਤਾਜ਼ਾ ਹੋ ਜਾਂਦਾ ਹੈ।

* ਪੈਦਲ ਚੱਲਣਾ ਸਿਰਫ ਟਹਿਲਣਾ ਨਹੀਂ ਹੈ। ਟਹਿਲਣ ਦੇ ਨਾਲ-ਨਾਲ ਜਦੋਂ ਆਰੋਗਵਰਧਕ ਮਾਨਤਾ ਜੁੜੀ ਹੁੰਦੀ ਹੈ ਤਾਂ ਇਸ ਦਾ ਸਰਬੋਤਮ ਲਾਭ ਮਿਲਦਾ ਹੈ। ਕੋਸ਼ਿਸ਼ ਅਤੇ ਭਾਵਨਾ ਦਾ ਮਿਸ਼ਰਣ ਹੀ ਟਹਿਲਣ ਵਾਲੇ ਨੂੰ ਸ਼ਕਤੀ ਦਿੰਦਾ ਹੈ। ਮਨ ਵਿਚ ਆਰੋਗ ਵਾਤਾਵਰਨ ਦੀ ਕਾਮਨਾ ਭਰ ਕੇ ਸਵੇਰ ਵੇਲੇ ਟਹਿਲਣ ਨਾਲ ਸ਼ਕਤੀਹੀਣ ਅਤੇ ਰੋਗੀ ਵਿਅਕਤੀ ਆਪਣੀ ਤੰਦਰੁਸਤੀ ਨੂੰ ਮੁੜ ਲਿਆ ਸਕਦਾ ਹੈ। ਟਹਿਲਣ ਵਿਚ ਇਕ ਨਿਯਮਤ ਯਤਨ, ਸਰਲਤਾ, ਕ੍ਰਮਬੱਧਤਾ ਤੇਜ਼ੀ, ਉਤਸ਼ਾਹ ਅਤੇ ਸਾਵਧਾਨੀ ਜ਼ਰੂਰੀ ਹੈ।

* ਟਹਿਲਦੇ ਸਮੇਂ ਸਰੀਰ ਸਿੱਧਾ ਰੱਖਣਾ ਚਾਹੀਦਾ ਹੈ। ਮੋਢੇ ਦੱਬੇ ਹੋਏ, ਸੀਨਾ ਉੱਭਰਿਆ ਹੋਇਆ, ਸਿਰ ਥੋੜ੍ਹਾ ਪਿੱਛੇ ਨੂੰ, ਨਿਗ੍ਹਾ ਇਕਦਮ ਸਾਹਮਣੇ ਰਹੇ। ਸਰੀਰ ਦੇ ਅੰਦਰ ਚੁਸਤੀ ਹੋਵੇ ਪਰ ਮਾਸਪੇਸ਼ੀਆਂ ਦੀ ਸਹਿਜਤਾ ਬਣੀ ਰਹਿਣੀ ਚਾਹੀਦੀ ਹੈ।

* ਮੂੰਹ ਬੰਦ ਕਰਕੇ ਡੂੰਘੇ ਸਾਹ ਲੈਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਡੂੰਘੇ ਸਾਹ ਲੈਣ ਨਾਲ ਸੰਪੂਰਨ ਫੇਫੜੇ ਕਿਰਿਆਸ਼ੀਲ ਹੋ ਜਾਂਦੇ ਹਨ। ਡੂੰਘੇ ਸਾਹ ਨਾਲ ਹਰ ਪਲ ਲਾਭਦਾਇਕ ਹੈ ਪਰ ਟਹਿਲਦੇ ਸਮੇਂ ਇਸ ਦਾ ਖਿਆਲ ਵਿਸ਼ੇਸ਼ ਰੂਪ ਨਾਲ ਰੱਖਿਆ ਜਾਣਾ ਚਾਹੀਦਾ ਹੈ।

* ਟਹਿਲਦੇ ਵਕਤ ਸਰੀਰ 'ਤੇ ਕੱਪੜੇ ਘੱਟ ਅਤੇ ਹਲਕੇ ਰਹਿਣ। ਇਸ ਨਾਲ ਰੋਮਾਂ ਅਤੇ ਪੂਰੀ ਚਮੜੀ ਨੂੰ ਵੀ ਉੱਤਮ ਹਵਾ ਦਾ ਫੁਰਤੀਦਾਇਕ ਸਪਰਸ਼ ਪ੍ਰਾਪਤ ਹੁੰਦਾ ਹੈ।

* ਟਹਿਲਣ ਦੇ ਨਾਲ-ਨਾਲ ਉਸ ਦੀ ਲੰਬਾਈ, ਸਮਾਂ ਅਤੇ ਗਤੀ ਵੀ ਨਿਰਧਾਰਤ ਹੈ। ਤੰਦਰੁਸਤ ਵਿਅਕਤੀ ਪ੍ਰਤੀ ਘੰਟਾ 3 ਤੋਂ 4 ਮੀਲ ਦੇ ਵਿਚ ਚੱਲਣ। ਬਿਮਾਰ, ਕਮਜ਼ੋਰ, ਬਜ਼ੁਰਗ, ਬਾਲਕ ਜਾਂ ਮੋਟੇ ਆਦਮੀ ਅਤੇ ਔਰਤਾਂ ਆਪਣੀ ਸਰੀਰਕ ਸਮਰੱਥਾ ਦਾ ਧਿਆਨ ਰੱਖ ਕੇ ਚਾਲ ਨਿਰਧਾਰਤ ਕਰਨ।

* ਟਹਿਲਣ ਦੀ ਲੋੜ ਪੈਦਲ ਚੱਲਣ ਨਾਲ ਵੀ ਪੂਰੀ ਹੋ ਸਕਦੀ ਹੈ। ਬਹੁਤ ਜ਼ਿਆਦਾ ਰੁੱਝੇ ਰਹਿਣ ਵਾਲੇ ਵਿਅਕਤੀ ਪੈਦਲ ਚਲਦੇ ਸਮੇਂ ਹੀ ਟਹਿਲਣ ਵਰਗੀ ਮਨੋਭੂਮੀ ਬਣਾ ਕੇ ਟਹਿਲਣ ਦਾ ਲਾਭ ਲੈ ਸਕਦੇ ਹਨ।

ਉਪਰੋਕਤ ਨਿਰਦੇਸ਼ਾਂ ਦਾ ਪਾਲਣ ਕਰਕੇ ਕੋਈ ਵੀ ਵਿਅਕਤੀ ਟਹਿਲਣ ਦੇ ਲਾਭ ਪ੍ਰਾਪਤ ਕਰ ਸਕਦਾ ਹੈ।

ਵਿਪਿਨ ਕੁਮਾਰ

# ਤਲਬ ਤਾਂ ਹੋਣੀ ਹੀ ਚਾਹੀਦੀ ਐ...

WORLD PUNJABI NEWS NETWORK ਤਲਬ, ਤਾਂਘ, ਤਮੰਨਾ ਤੇ ਤੜਫ਼, ਇਹ ਸਭ ਮਨ 'ਚ ਪਨਪਦਾ ਇੱਕ ਅਹਿਸਾਸ ਹੈ। ਚਿੱਤ ਵਿੱਚ ਆਸ ਰੱਖਣੀ ਅਤੇ ਇਸ ਨੂੰ ਪੂਰਾ ਕਰਨ ਲਈ ਅਭਿਆਸ ਕੀਤਾ ਜਾਂਦਾ ਹੈ। ਤਲਬਗਾਰੀ ਮਨੁੱਖੀ ਫ਼ਿਤਰਤ ਹੈ। ਇਹ ਜਿਊਣ ਦਾ ਉਸਾਰੂ ਅੰਦਾਜ਼ ਹੈ। ਇਸ ਨਾਲ ਬੰਦੇ ਨੂੰ ਪਰਵਾਜ਼ ਮਿਲਦੀ ਹੈ। ਇਹ ਆਪਣਾ ਅੰਬਰ ਗਾਹੁਣ ਦਾ ਰਿਆਜ਼ ਹੈ। ਮਨੁੱਖ ਦਾ ਸਮੁੱਚ ਹੀ ਅਜਿਹਾ ਸਾਜ਼ ਬਣ ਜਾਂਦਾ ਹੈ ਕਿ ਜਿਸ ਵਿੱਚੋਂ ਪੈਦਾ ਹੁੰਦਾ ਨਾਦ ਹੀ ਜ਼ਿੰਦਗੀ ਦਾ ਰਾਜ਼ ਬਣ ਜਾਂਦਾ ਹੈ।

ਤਲਬ ਰੱਖਣਾ, ਜਿਉਂਦੇ ਹੋਣ ਦੀ ਨਿਸ਼ਾਨੀ ਹੈ। ਕੁਝ ਖ਼ਾਸ ਕਰਨ ਦਾ ਚਾਅ ਹੈ। ਨਿਵੇਕਲੀਆਂ ਰਾਹਾਂ ਸਿਰਜਣ ਦਾ ਉਮਾਹ ਹੈ। ਮਨ ਦੀਆਂ ਤਮੰਨਾਵਾਂ ਨੂੰ ਇੱਕ ਖ਼ਾਸ ਦਿਸ਼ਾ ਵੱਲ ਸੇਧਤ ਕਰਨ ਦਾ ਅਹਿਦ ਹੈ। ਇਸ ਦੀ ਪੂਰਤੀ ਲਈ ਆਖ਼ਰੀ ਦਮ ਤੀਕ ਜੱਦੋਜਹਿਦ ਕੀਤੀ ਜਾਂਦੀ ਹੈ। ਖ਼ੁਦ ਨੂੰ ਟੀਚੇ ਪ੍ਰਤੀ ਅਰਪਿਤ ਕਰਨ ਦਾ ਸ਼ੁਦਾਅ ਹੁੰਦਾ ਹੈ। ਤਲਬਗਾਰੀ ਸੁਭਾਅ ਬੰਦੇ ਦਾ ਮੀਰੀ ਗੁਣ ਹੈ। ਇਹ ਵਿਅਕਤੀਤਵ ਦਾ ਬਹੁਤ ਸੂਖਮ ਤੇ ਸਹਿਜ ਸਰੂਪ ਹੈ। ਤਲਬ, ਤ੍ਰੇਹ, ਤੜਫ਼ ਅਤੇ ਤ੍ਰਿਪਤੀ ਵੱਖ-ਵੱਖ ਪੜਾਅ ਹਨ। ਇਨ੍ਹਾਂ ਥੀਂ ਗੁਜ਼ਰਦਿਆਂ ਹੀ ਮਨੁੱਖ ਸੰਤੁਸ਼ਟਤਾ ਵੱਲ ਪਲੇਠਾ ਕਦਮ ਉਠਾਉਂਦਾ ਹੈ। ਤਲਬਗਾਰੀ ਮਨ ਦੇ ਭਾਵਾਂ ਦਾ ਉਬਾਲ, ਮਨ ਚਾਹਿਆ ਪ੍ਰਾਪਤ ਕਰਨ ਦਾ ਖ਼ਿਆਲ, ਆਪਣੇ ਦੀ ਬੁੱਕਲ ਵਿੱਚ ਸਮਾ ਜਾਣ ਦਾ ਮਲਾਲ ਹੈ। ਤਲਬਗਾਰੀ ਸੁਪਨਿਆਂ ਦੇ ਸੱਚ ਤੋਂ ਉਨ੍ਹਾਂ ਦੇ ਭਸਮ ਹੋ ਜਾਣ ਦੀ ਤਵਾਰੀਖ਼ ਹੈ। ਮਿਲਣੀਆਂ ਤੋਂ ਵਿਛੋੜੇ ਤੀਕ ਦਾ ਇਤਿਹਾਸ ਹੈ। ਤਲਬਗਾਰੀ ਦੇ ਰੂਪ ਬਹੁਤ ਹਨ ਤੇ ਇਸ ਦਾ ਅਸੀਮ ਪਾਸਾਰ ਹੈ। ਇਸ ਦੀਆਂ ਤਹਿਆਂ ਤੇ ਬਾਰੀਕੀਆਂ ਨੂੰ ਸਮਝ ਕੇ ਹੀ ਅਸੀਂ ਆਪਣੀ ਤਲਬਗਾਰੀ ਨੂੰ ਖ਼ਾਸ ਅਹਿਮੀਅਤ ਦੇ ਕੇ, ਇਸ ਦੀ ਪੂਰਨਤਾ ਦਾ ਰੰਗ ਮਾਣ ਸਕਦੇ ਹਾਂ। ਸਿਰਫ਼ ਤਲਬਗਾਰ ਹੋਣਾ ਕਾਫ਼ੀ ਨਹੀਂ, ਸਾਨੂੰ ਮਨਚਾਹੀ ਤਲਬ ਦੀ ਹਾਸਲਤਾ ਲਈ ਇਸ ਦੇ ਹਾਣ ਦਾ ਹੋਣਾ ਵੀ ਚਾਹੀਦਾ ਹੈ। ਮੰਜ਼ਲਾਂ ਸਿਰਫ਼ ਉਨ੍ਹਾਂ ਦੇ ਪੈਰਾਂ ਵਿੱਚ ਵਿਛਦੀਆਂ ਹਨ ਜਿਨ੍ਹਾਂ ਦੇ ਮਨਾਂ ਵਿੱਚ ਮੰਜ਼ਲਾਂ ਨੂੰ ਮਿੱਥਣ ਅਤੇ ਇਨ੍ਹਾਂ 'ਤੇ ਪਹੁੰਚਣ ਦੀ ਤੜਫ਼ ਉਨ੍ਹਾਂ ਨੂੰ ਅੱਖ ਨਹੀਂ ਲਾਉਣ ਦਿੰਦੀ।

ਤਲਬਗਾਰੀ ਸਿਰਫ਼ ਉਸ ਵਿਅਕਤੀ ਦਾ ਹਾਸਲ ਹੈ ਜਿਸ ਦੇ ਮਨ ਵਿੱਚ ਮੁਸ਼ਕਿਲਾਂ ਨਾਲ ਖਹਿਣ ਦਾ ਦਮ ਹੋਵੇ, ਖੱਡੇ ਅਤੇ ਖਾਈਆਂ ਨੂੰ ਪੂਰਨ ਦਾ ਹੁਨਰ ਹੋਵੇ, ਪਰਬਤੀ ਟੀਸੀਆਂ ਨੂੰ ਸਰ ਕਰਨ ਦਾ ਗੁਣ ਹੋਵੇ, ਝੱਖੜਾਂ ਨਾਲ ਮੱਥਾ ਲਾ ਕੇ ਹਰਾਉਣ ਦਾ ਜੋਸ਼, ਜਜ਼ਬਾ ਅਤੇ ਜਨੂੰਨ ਹੋਵੇ। ਕਈ ਵਾਰ ਬੰਦਾ ਮਨ ਵਿੱਚ ਕੁਝ ਪ੍ਰਾਪਤ ਕਰਨ ਦੀ ਤਲਬ ਤਾਂ ਪੈਦਾ ਕਰਦਾ ਹੈ, ਪਰ ਹਾਰੇ ਹੋਏ ਕਦਮ, ਢਹਿੰਦੀਆਂ ਕਲਾਂ ਵਾਲੀ ਸੋਚ ਅਤੇ ਉੱਦਮਹੀਣਤਾ ਹੁੰਦੀ ਹੈ। ਅਜਿਹਿਆਂ ਲਈ ਇਹ ਸਿਰਫ਼ ਤਲਬ ਹੀਣ ਹੋਣ ਦਾ ਲਕਬ ਬਣ ਜਾਂਦਾ ਹੈ। ਨੈਣਾਂ ਨੂੰ ਸੁਪਨਿਆਂ ਦੀ ਕੇਹੀ ਤਲਬ ਕਿ ਉਹ ਕਈ ਵਾਰ ਦਿਨੇ ਵੀ ਸੁਪਨੇ ਲੈਣ ਲੱਗਦੇ ਹਨ, ਪਰ ਸੁਪਨੇ ਦੀ ਸੰਪੂਰਨਤਾ ਲਈ ਖ਼ੁਦ ਨੂੰ ਸੁਪਨਿਆਂ ਵਿੱਚੋਂ ਕੱਢ ਕੇ ਸੰਸਾਰਕ ਸੱਚ ਦੇ ਰਾਹ ਤੁਰ ਕੇ ਹੀ ਸੁਪਨਿਆਂ ਦਾ ਸੱਚ ਉਜਾਗਰ ਹੁੰਦਾ ਹੈ। ਬੁਝੇ ਹੋਏ ਦੀਦਿਆਂ ਵਿੱਚ ਜਾਗਦੇ ਸੁਪਨੇ ਲੈਣ ਦੀ ਤਮੰਨਾ ਜਦੋਂ ਪੈਦਾ ਹੋ ਜਾਵੇ ਤਾਂ ਨੈਣਾਂ ਵਿੱਚ ਉੱਗੇ ਚੰਗਿਆੜੇ ਹਨੇਰੇ ਨੂੰ ਉਡਾ ਕੇ ਰੋਸ਼ਨ-ਰੱਤੀਆਂ ਰਾਹਾਂ ਬਣ ਜਾਂਦੇ ਹਨ। ਇਹ ਰਾਹਾਂ ਫਿਰ ਮੰਜ਼ਲ ਦਾ ਸਿਰਨਾਵਾਂ ਬਣ ਜਾਂਦੀਆਂ ਹਨ।

ਸੰਦਲੀ ਸੁਪਨੇ ਲੈਣ ਦੀ ਤਲਬ ਜਦੋਂ ਹਾਵੀ ਹੋ ਜਾਵੇ ਤਾਂ ਅੱਖਾਂ ਵਿੱਚ ਉਤਰੇ ਲਾਲ ਡੋਰੇ ਸੂਹੇ ਸਮਿਆਂ ਦੀ ਸਰਦਲ ਲੰਘ ਕੇ ਸੁਪਨ-ਨਗਰੀ ਦੇ ਵਾਸੀ ਬਣ ਜਾਂਦੇ ਹਨ। ਫਿਰ ਉਹ ਆਪਣੇ ਹਿੱਸੇ ਦੇ ਅੰਬਰ ਦੀ ਛਾਵੇਂ ਸੁਪਨਿਆਂ ਦੀਆਂ ਰੰਗੀਨੀਆਂ ਵਿੱਚ ਰਾਗ-ਰਾਗਨੀ ਬਣ ਜਾਂਦੇ ਹਨ। ਗੱਲ ਤਾਂ ਤਲਬਗਾਰੀ ਹੋਣ ਦੀ ਹੈ। ਰਾਹਾਂ, ਤਦਬੀਰਾਂ ਅਤੇ ਤਕਦੀਰਾਂ ਆਪਣੇ ਆਪ ਹੀ ਮੱਥੇ 'ਤੇ ਖੁਣੀਆਂ ਜਾਂਦੀਆਂ ਹਨ। ਇਕੱਲਤਾ ਵਿੱਚ ਖ਼ੁਦ ਨਾਲ ਯੁੱਧ ਕਰ ਰਹੇ ਸ਼ਖ਼ਸ ਦੇ ਮਨ ਵਿੱਚ ਇਹ ਕੇਹੀ ਤਲਬ ਹੁੰਦੀ ਹੈ ਕਿ ਉਹ ਮੌਤ ਵਰਗੀ ਇਕੱਲ ਤੋੜਨ ਲਈ ਸਾਥ ਲਈ ਤਲਬ ਤਲਬ ਹੋ ਜਾਣਾ ਲੋਚਦਾ ਹੈ। ਉਹ ਚਾਹੁੰਦਾ ਹੈ ਕਿ ਉਸ ਦੇ ਸਾਹ ਜਿਊਣਾ ਸਿੱਖ ਜਾਣ। ਉਸ ਦੇ ਜੀਵਨ ਵਿਚਲੀ ਉਦਾਸੀ ਅਤੇ ਹਤਾਸ਼ੀ ਪਿਘਲ ਜਾਵੇ ਅਤੇ ਉਹ ਨਿੱਘੇ ਸਾਥ ਵਿੱਚ ਉਦਾਸ ਪਲਾਂ ਦੀ ਤਲੀ 'ਤੇ ਜਿਊਣ ਜੋਗੇ ਪਲ ਉਗਾ ਸਕੇ।

ਮਾਰੂਥਲ ਵਿੱਚ ਆਪਣੇ ਰਾਹੋਂ ਭਟਕ ਚੁੱਕੇ ਰਾਹੀ ਦੇ ਬੁੱਲ੍ਹਾਂ 'ਤੇ ਆਈ ਸਿੱਕਰੀ ਵਿੱਚੋਂ ਕਦੇ ਜੰਮੀ ਹੋਈ ਤਲਬ ਨੂੰ ਮਹਿਸੂਸ ਕਰਨਾ। ਉਸ ਦੀ ਤਲਬ ਬੁੱਲ੍ਹਾਂ ਦੀ ਪਿਆਸ ਮਿਟਾਉਣ ਦੇ ਨਾਲ ਨਾਲ ਗੁਆਚੇ ਰਾਹਾਂ 'ਤੇ ਫਿਰ ਤੋਂ ਤੁਰਨ ਦੀ ਰੀਝ ਵੀ ਹੁੰਦੀ ਹੈ ਤਾਂ ਕਿ ਉਹ ਮਾਰੂਥਲ ਦੀ ਕੱਕੀ ਰੇਤ ਵਿੱਚ ਵਿੱਛੜ ਗਏ ਹਾਣੀ ਦੀਆਂ ਪੈੜਾਂ ਭਾਲ, ਉਸ ਦੀ ਪੈੜ ਨੱਪਦਾ ਉਸ ਦੀ ਤੱਕਣੀ ਵਿੱਚ ਆਖ਼ਰੀ ਸਾਹ ਨੂੰ ਲੇਖੇ ਲਾ ਦੇਵੇ। ਸੰਨਵੇਂ ਖੇਤ ਦੀ ਤਲਬ ਹੁੰਦੀ ਹੈ ਕਿ ਉਹ ਅੰਨ ਦੇ ਬੋਹਲ਼ ਉਗਾਵੇ, ਪਰ ਉਸ ਦੀ ਇਹ ਤਲਬ ਜਦੋਂ ਵੱਟ 'ਤੇ ਉੱਗੀ ਟਾਹਲੀ ਦੇ ਸੁੱਕੇ ਟਾਹਣ ਨਾਲ ਲਟਕ ਕੇ ਖ਼ੁਦਕੁਸ਼ੀ ਕਰ ਲੈਂਦੀ ਹੈ ਤਾਂ ਬਾਕੀ ਖੇਤਾਂ ਨੂੰ ਤਲਬਗਾਰੀ ਹੋਣ ਤੋਂ ਵੀ ਕੋਫ਼ਤ ਹੋਣ ਲੱਗਦੀ ਹੈ। ਤਾਂ ਹੀ ਅੱਜਕੱਲ੍ਹ ਖੇਤਾਂ ਵਿੱਚ ਖੁਦਕੁਸ਼ੀਆਂ ਉੱਗਦੀਆਂ ਹਨ। ਕੁਝ ਖੇਤ ਤਾਂ ਕਬਰਾਂ ਬਣ ਗਏ, ਕੁਝ ਨੂੰ ਵੱਟਾਂ ਖਾ ਗਈਆਂ ਹਨ। ਕਾਸ਼! ਤਲਬ ਨੂੰ ਕਦੇ ਵੀ ਅਜਿਹੀ ਹੋਣੀ ਨਾ ਹੰਢਾਉਣੀ ਪਵੇ।

ਜਦੋਂ ਝੌਂਪੜੀ ਵਿੱਚ ਰਹਿੰਦੇ ਅਤੇ ਗਲੀ ਦੇ ਬਿਜਲੀ ਦੇ ਖੰਭੇ ਹੇਠ ਪੜ੍ਹ ਰਹੇ ਜੁਆਕ ਦੇ ਮਨ ਵਿੱਚ ਵਿਅਕਤੀ ਵਿਸ਼ੇਸ਼ ਬਣਨ ਦੀ ਤਲਬ ਪੈਦਾ ਹੁੰਦੀ ਹੈ ਤਾਂ ਉਸ ਲਈ ਆਰਾਮ, ਨੀਂਦ ਜਾਂ ਭੁੱਖ ਦੇ ਕੋਈ ਅਰਥ ਨਹੀਂ ਰਹਿ ਜਾਂਦੇ। ਫਿਰ ਇੱਕ ਤਲਬ ਉਸ ਨੂੰ ਉੱਚੇ ਮੁਕਾਮ ਦਾ ਹਾਸਲ ਬਣਾ ਕੇ, ਉਸ ਦੀ ਤਲਬ ਨੂੰ ਸੋਚ ਦੇ ਹਾਣ ਦਾ ਬਣਾ ਜਾਂਦੀ ਹੈ। ਉਹ ਸਾਰੀ ਹਯਾਤੀ ਆਪਣੀ ਤਲਬਗਾਰੀ ਦਾ ਰਿਣੀ ਰਹਿੰਦਾ ਹੈ। ਜਦੋਂ ਸਫ਼ਿਆਂ 'ਤੇ ਹਰਫ਼ਾਂ ਦੀ ਤਲਬਗਾਰੀ ਪਨਪਣ ਲੱਗਦੀ ਹੈ ਤਾਂ ਸ਼ਬਦਾਂ ਵਿੱਚ ਅਰਥਾਂ ਦੇ ਚਿਰਾਗ਼ ਜਗਣ ਲੱਗਦੇ ਹਨ। ਇਹ ਕਿਤਾਬ-ਰੂਪੀ ਚਿਰਾਗ਼ ਹੀ ਹੁੰਦੇ ਹਨ ਜੋ ਕਿਸੇ ਲਈ ਤਲਬਗਾਰੀ ਦਾ ਸਬੱਬ ਵੀ ਹੁੰਦੇ ਹਨ, ਕਿਸੇ ਨੂੰ ਤਲਬ ਪੂਰੀ ਕਰਨ ਦਾ ਗੁਰ ਵੀ ਸਮਝਾਉਂਦੇ ਹਨ ਅਤੇ ਕਿਸੇ ਦੇ ਮਸਤਕ ਵਿੱਚ ਤਲਬਗੀਰੀ ਵੀ ਟਿਕਾਉਂਦੇ ਹਨ। ਚੇਤੇ ਰੱਖਣਾ ਚਾਹੀਦਾ ਹੈ ਕਿ ਕਿਤਾਬਾਂ ਦੀ ਤਲਬਗਾਰੀ ਜਿੱਥੇ ਬੰਦੇ ਨੂੰ ਇਨਸਾਨੀਅਤ ਦਾ ਮਾਰਗੀ ਬਣਾਉਂਦੀ ਹੈ, ਉੱਥੇ ਬੰਦੇ ਨੂੰ ਖ਼ੁਦ ਨਾਲ ਮਿਲਾਉਂਦੀ, ਅੰਦਰਲੀਆਂ ਰਮਜ਼ਾਂ ਸਮਝਾਉਂਦੀ ਅਤੇ ਸਵੈ-ਚੇਤਨਾ ਦਾ ਜਾਗ ਲਾਉਂਦੀ ਹੈ।

ਤਲਬਗਾਰੀ ਦਾ ਇਹ ਕੇਹਾ ਰੂਪ ਹੈ ਕਿ ਬੰਦਾ ਦੁਨਿਆਵੀ ਲੋੜਾਂ ਦੀ ਬਹੁਤਾਤ ਵਿੱਚੋਂ ਵੀ ਫ਼ਕੀਰੀ ਮਾਣਨ ਅਤੇ ਅਲਮਸਤ ਭਰੀ ਜ਼ਿੰਦਗੀ ਜਿਊਣ ਦੀ ਤਮੰਨਾ ਮਨ ਵਿੱਚ ਪਾਲਣ ਲੱਗਦਾ ਹੈ। ਇਹੀ ਤਮੰਨਾ ਉਸ ਨੂੰ ਤੰਗ ਨਜ਼ਰੀਆ, ਘੁੱਣਤਰਾਂ, ਸਾਜ਼ਿਸ਼ਾਂ, ਨਫ਼ਰਤਾਂ, ਦੁਸ਼ਮਣੀਆਂ, ਲੋਭ, ਲਾਲਚ ਆਦਿ ਤੋਂ ਉੱਪਰ ਦਿਨਆਈ ਮਾਰਗ 'ਤੇ ਤੁਰਨ ਲਈ ਪ੍ਰੇਰਨਾ ਬਣਦਾ ਹੈ। ਅਜਿਹੇ ਸਮੇਂ ਵਿੱਚ ਬੰਦਾ ਮਸ਼ਹੂਰੀ ਤੋਂ ਮਹਾਨਤਾ ਵੰਨੀ ਮੋੜ ਕੱਟਦਾ ਹੈ। ਮੌਕਾ ਮਿਲੇ ਤਾਂ ਇਸ ਮਾਰਗ 'ਤੇ ਤੁਰਨ ਦੀ ਤਲਬ ਜ਼ਰੂਰ ਪੈਦਾ ਕਰਨੀ ਚਾਹੀਦੀ ਹੈ। ਮਨ ਦੀ ਧਰਾਤਲ 'ਤੇ ਉੱਗੀ ਇਹ ਕੇਹੀ ਤਲਬ ਕਿ ਬੰਦਾ ਸੱਤ ਸਮੁੰਦਰੋਂ ਪਾਰ ਰਹਿੰਦਿਆਂ ਵੀ ਆਪਣੇ ਪੁਰਾਣੇ ਘਰ, ਖੂਹਾਂ, ਜੂਹਾਂ, ਦਰਾਂ ਅਤੇ ਗਰਾਂ ਦੀਆਂ ਗੁਆਚ ਚੁੱਕੀਆਂ ਨਿਸ਼ਾਨੀਆਂ ਨੂੰ ਭਾਲਣ ਲਈ ਪਿੰਡ ਨੂੰ ਪਰਤਦਾ ਹੈ। ਇਹ ਉਸ ਦੀ ਚੇਤਨਾ ਵਿੱਚ ਸਮਾਈਆਂ ਯਾਦਾਂ ਨੂੰ ਨਵਿਆਉਣ ਦੀ ਤਲਬ ਹੀ ਹੁੰਦੀ ਹੈ ਕਿ ਉਹ ਪੁਰਾਣੇ ਯਾਰ-ਬੇਲੀਆਂ, ਪੁਰਾਣੀਆਂ ਥਾਵਾਂ ਅਤੇ ਬੀਤ ਚੁੱਕੇ ਪਲਾਂ ਰਾਹੀਂ ਆਪਣੇ ਬੀਤੇ ਹੋਏ ਨੂੰ ਮੋੜ ਲਿਆਉਣ ਲਈ ਤਰਲੋਮੱਛੀ ਹੁੰਦਾ ਹੈ। ਪਰ ਇਹ ਕਦੇ ਵੀ ਸੰਭਵ ਨਹੀਂ ਹੁੰਦਾ ਕਿਉਂਕਿ ਬਦਲਦੀਆਂ ਰੁੱਤਾਂ ਤੇ ਮੌਸਮਾਂ ਵਿੱਚ ਹਰ ਵਸਤ ਤੇ ਵਰਤਾਰੇ ਦਾ ਰੰਗ, ਨਕਸ਼ ਅਤੇ ਤਹਿਜ਼ੀਬ ਦਾ ਬਦਲ ਜਾਣਾ ਸੁਭਾਵਿਕ ਹੈ। ਬੀਤੇ ਪਲ ਕਦੋਂ ਪਰਤਦੇ ਹਨ। ਬੀਤੇ ਦੀਆਂ ਸਿਰਫ਼ ਯਾਦਾਂ ਹੁੰਦੀਆਂ ਹਨ ਜਿਹੜੀਆਂ ਸਾਡੀ ਤਲਬਗਾਰੀ ਨੂੰ ਕਈ ਵਾਰ ਹੋਰ ਵੀ ਵਧਾਉਂਦੀਆਂ ਹਨ।

ਆਪਣਿਆਂ ਤੋਂ ਟੁੱਟਣ ਅਤੇ ਦੂਸਰਿਆਂ ਨਾਲ ਜੁੜਨ ਦੀ ਇਹ ਕੇਹੀ ਮਾਰੂ ਤਲਬਗਾਰੀ ਕਿ ਰਿਸ਼ਤੇ ਹੀ ਗੁਆਚ ਗਏ। ਸਬੰਧ ਗੁੰਮਨਾਮੀ ਦੀ ਜੂਨ ਹੰਢਾਉਣ ਲਈ ਮਜਬੂਰ ਹਨ, ਦੋਸਤੀਆਂ ਨੂੰ ਸੱਪ ਸੁੰਘ ਗਿਆ ਅਤੇ ਆਖ਼ਰੀ ਸਾਹਾਂ ਤੀਕ ਯਾਰੀਆਂ ਪਾਲਣ ਵਾਲੀ ਨਸਲ ਦਾ ਤਾਂ ਬੀਅ ਹੀ ਨਾਸ ਹੋ ਗਿਆ। ਇਹ ਤਲਬਗਾਰੀ ਕਾਰਨ ਅਸੀਂ ਆਪਣੀਆਂ ਅਰਥੀਆਂ ਆਪਣੇ ਹੀ ਮੋਢਿਆਂ 'ਤੇ ਰੱਖ, ਸਿਵਿਆਂ ਵੱਲ ਭੱਜੇ ਜਾ ਰਹੇ ਹਾਂ। ਆਪਣਾ ਸਿਵਾ ਸੇਕਣ ਦੀ ਕਾਹਲ ਵਿੱਚ ਧੁਖਦੇ ਸਿਵੇ ਬਣ ਚੁੱਕੇ ਹਾਂ। ਤਲਬਗਾਰੀ ਜਦੋਂ ਤੰਗ-ਦਿਲੀ ਅਤੇ ਤੰਗ-ਦਸਤੀ ਦੀ ਜੂਨੇ ਪੈ ਜਾਵੇ ਤਾਂ ਫਿਰ ਇਹ ਸਾਹਾਂ ਨੂੰ ਸੰਗੋੜਦੀ, ਜੀਵਨ-ਦਿਸਹੱਦਿਆਂ ਨੂੰ ਧੁੰਧਲਾਉਂਦੀ, ਸਾਡੇ ਮਿੱਥੇ ਟੀਚਿਆਂ ਦੀ ਅਸੰਭਵਤਾ ਹੀ ਸਾਡੇ ਨਾਮ ਕਰਦੀ ਹੈ।

ਤਲਬਗਾਰੀ ਜਦੋਂ ਤਰਜੀਹ ਬਣ ਜਾਵੇ ਤਾਂ ਰਾਹ-ਰਸਤੇ ਆਪਣੇ ਲੱਗਦੇ ਹਨ। ਮਨਾਂ ਵਿੱਚ ਕੁਝ ਕਰਨ ਦੀ ਨਿਸ਼ਠਾ, ਸਾਧਨਾ, ਸਿਰੜ ਅਤੇ ਸਮਰਪਣ ਦੇ ਸਾਥ ਵਿੱਚ ਨਵੀਆਂ ਪਹਿਲਕਦਮੀਆਂ ਦਾ ਸਿਰਲੇਖ ਬਣ ਜਾਂਦੀ ਹੈ। ਤਲਬਗਾਰੀ ਜਦੋਂ ਤੁਹਮਤਬਾਜ਼ੀ, ਤਿਗੜਮਬਾਜ਼ੀ ਅਤੇ ਤੰਗ ਨਜ਼ਰੀਏ ਦੀ ਸ਼ਿਕਾਰ ਹੋ ਜਾਂਦੀ ਹੈ ਤਾਂ ਬੰਦੇ ਵਿਚਲਾ ਅਮਾਨਵ ਕਾਲਖ ਦਾ ਵਣਜ ਕਰਦਿਆਂ, ਹਨੇਰਿਆਂ ਦੀ ਰੁੱਤ ਹੀ ਝੋਲੀ ਵਿੱਚ ਪਵਾਉਂਦਾ ਹੈ। ਭਲਾ! ਮੱਸਿਆ ਦੀ ਰਾਤ ਵਿੱਚ ਚੰਨ-ਚਾਨਣੀ ਦੀ ਆਸ ਰੱਖੀ ਵੀ ਕਿਵੇਂ ਜਾ ਸਕਦੀ ਹੈ? ਯਾਦ ਰਹੇ ਕਿ ਤਾਰੇ ਤਾਂ ਦਿਨੇ ਵੀ ਅਸਮਾਨ ਵਿੱਚ ਹੀ ਹੁੰਦੇ ਹਨ, ਪਰ ਦਿਸਦੇ ਸਿਰਫ਼ ਰਾਤ ਨੂੰ ਹੀ ਹਨ।

ਸ਼ੁੱਭ-ਇੱਛਾਵਾਂ, ਭਾਵਾਂ, ਦੁਆਵਾਂ ਅਤੇ ਚਾਵਾਂ ਦੀ ਤਲਬ ਮਨ ਵਿੱਚ ਪੈਦਾ ਹੋਣ ਲੱਗੇ ਤਾਂ ਸਮਝੋ ਕਿ ਬੰਦੇ ਨੇ ਖ਼ੁਦ ਨੂੰ ਪਛਾਣ ਲਿਆ ਹੈ। ਇਹੀ ਪਛਾਣ ਉਸ ਦੀਆਂ ਸੋਚਾਂ ਨੂੰ ਸੇਧ ਤੇ ਸਮੁੱਤਾਂ ਦਿੰਦੀ ਹੈ, ਉਸ ਲਈ ਨਿੱਗਰ ਪ੍ਰਾਪਤੀਆਂ ਦਾ ਸੰਸਾਰ ਵੀ ਬਣ ਜਾਂਦੀ ਹੈ। ਸੋਚ, ਸਮਝ, ਸਿਆਣਪ, ਸਮਰਪਣ ਅਤੇ ਸੁਹਜ ਸਲੀਕੇ ਦੀ ਤਲਬ ਜਦੋਂ ਬੰਦੇ ਦੀ ਜੀਵਨ-ਜਾਚ ਬਣ ਜਾਂਦੀ ਹੈ ਤਾਂ ਬੰਦੇ ਨੂੰ ਜਿਊਣਾ ਆ ਜਾਂਦਾ ਹੈ। ਉਹ ਆਪਣੇ ਹਰ ਸਾਹ ਨਾਲ ਹੀ ਆਪਣੀ ਜ਼ਿੰਦਗੀ ਨੂੰ ਜਸ਼ਨ ਭਰਪੂਰ ਬਣਾ ਕੇ ਇਸ ਦੀ ਖ਼ੈਰ-ਸੁੱਖ ਵਿੱਚ ਆਨੰਦਤ ਹੋ ਜਾਂਦਾ ਹੈ।

ਤਲਬ ਦਾ ਰੂਪ ਉਮਰ ਨਾਲ ਬਦਲਦਾ ਹੈ। ਹਾਲਤਾਂ ਨਾਲ ਤਬਦੀਲ ਹੁੰਦਾ ਹੈ। ਸਮਾਜਿਕ ਪੱਧਰ, ਹੈਸੀਅਤ, ਰੁਤਬੇ ਅਤੇ ਮਾਣ ਮਰਿਆਦਾ 'ਤੇ ਵੀ ਨਿਰਭਰ ਹੁੰਦਾ ਹੈ। ਤੁਸੀਂ ਕਿਹੜੀ



ਤਲਬਗਾਰੀ ਨਾਲ ਆਪਣੇ ਆਪ ਨੂੰ ਦੂਸਰਿਆਂ ਤੋਂ ਵੱਖਰਿਆਉਣਾ, ਖ਼ੁਦ ਨੂੰ ਵਿਲੱਖਣ ਦਿਖਾਉਣਾ ਜਾਂ ਆਪਣੇ ਬਿੰਬ ਨੂੰ ਰੁਸ਼ਨਾਉਣਾ ਜਾਂ ਧੁੰਧਲਾਉਣਾ ਹੈ, ਇਹ ਤੁਹਾਡੇ 'ਤੇ ਨਿਰਭਰ ਹੈ। ਤਲਬ ਜਦ ਸਰੀਰਕ ਸੁੱਖ, ਸਬੰਧ, ਲਾਲਸਾ, ਨਿੱਜ-ਪ੍ਰਸਤੀ ਤੀਕ ਸੀਮਤ ਹੋ ਜਾਵੇ ਤਾਂ ਬੰਦਾ ਇਸ ਦੀ ਵਸੀਹਤਾ ਤੋਂ ਅਣਜਾਣ ਹੋ, ਇਸ ਦੇ ਅੰਤਰੀਵੀ ਅਤੇ ਮੀਰੀ ਰੂਪਾਂ ਤੋਂ ਵਿਰਵਾ ਰਹਿ ਜਾਂਦਾ ਹੈ। ਇਸ ਨਾਲ ਮਿਲਣ ਵਾਲੇ ਸਕੂਨ, ਸੰਤੁਸ਼ਟੀ ਅਤੇ ਸਬਰ, ਸੰਤੋਖ ਤੋਂ ਵਿਹੂਣਾ ਹੋ ਜਾਂਦਾ ਹੈ। ਉਹ ਆਪਣੀ ਨੀਚਤਾ ਤੀਕ ਹੀ ਸੀਮਤ ਹੋ ਜਾਂਦਾ ਹੈ। ਅਜਿਹੇ ਵਕਤਾਂ ਵਿੱਚ ਤਾਂ ਤਲਬਗਾਰੀ ਵੀ ਸ਼ਰਮਸਾਰ ਹੋ ਜਾਂਦੀ ਹੈ। ਕਈ ਵਾਰ ਤਾਂ ਇੰਝ ਜਾਪਦਾ;

**ਤਲਬ ਤਾਂ ਹੈ**
**ਪਰ ਪਾਣੀ ਦੀ ਨਹੀਂ**
**ਸਗੋਂ ਪਿਆਸ ਨੂੰ ਪਿਆਸ ਦਾ**
**ਹਾਣੀ ਬਣਾਉਣ ਦੀ**
**ਤਲਬ ਸੁੱਚੀ ਇਬਾਦਤ ਬਣ ਜਾਣ ਦੀ**
**ਅਤੇ ਜ਼ਿੰਦਗੀ ਦੀ ਸੋਹਣੀ ਆਦਤ ਬਣ ਜਾਣ ਦੀ**
**ਤਲਬ ਹੈ ਰੂਹੀ ਭਾਵ ਬਣ ਜਾਣ ਦੀ**
**ਅਤੇ ਮਨ-ਮੌਜ ਦੀ ਉਡਾਣ ਬਣ ਜਾਣ ਦੀ**
**ਤਲਬ ਹੈ ਅੰਤਰੀਵ ਰੁਸ਼ਨਾਉਣ ਦੀ**
**ਤੇ ਮਨ ਅੰਬਰ ਨੂੰ ਤਾਰਾ ਬਣ ਕੇ ਚਮਕਾਉਣ ਦੀ**
**ਤਲਬ ਹੈ ਸਾਂਝੇ ਸੁਪਨਿਆਂ ਦੀ ਫੁਲਕਾਰੀ ਸਜਾਉਣ ਦੀ**
**ਤੇ ਫ਼ਿਜ਼ਾਵਾਂ 'ਚ ਹਵਾ ਸੰਗ ਲਹਿਰਾਉਣ ਦੀ**
**ਤਲਬ ਹੈ ਜ਼ਿੰਦਗੀ ਦੀ ਕਿਤਾਬ ਦਾ ਪੰਨਾ ਬਣ ਜਾਣ ਦੀ**
**ਅਤੇ ਅਰਥਾਂ ਦੇ ਦੀਵੇ ਜਗਾਉਣ ਦੀ**
**ਤਲਬ ਹੈ ਹਵਾ ਨੂੰ ਮਹਿਕਾਉਣ ਦੀ**
**ਅਤੇ ਸੱਜਣਾਂ ਦੇ ਗਰਾਂ ਨੂੰ ਸੁਨੇਹਾ ਪਹੁੰਚਾਉਣ ਦੀ**
**ਤਲਬ ਹੈ ਸਰਘੀ ਦੀ ਕਿਰਨ ਵਰਗਾ ਹੋਣ ਦੀ**
**ਤੇ ਤਰੇਲ-ਤੁਪਕਿਆਂ ਤੇ ਸਤਰੰਗੀ ਸਜਾਉਣ ਦੀ**
**ਤਲਬ ਹੈ ਹਸਤ ਰੇਖਾਵਾਂ ਤੇ ਕਿਰਤ ਉਕਰਾਉਣ ਦੀ**
**ਤੇ ਝੌਂਪੜੀਆਂ ਨੂੰ ਘਰ ਬਣਾਉਣ ਦੀ**
**ਤਲਬ ਹੈ ਯਾਰ ਦਾ ਇੰਤਜ਼ਾਰ ਹੰਢਾਉਣ ਦੀ**
**ਅਤੇ ਦਰਾਂ 'ਤੇ ਉਮਰ ਜੇਡ ਉਡੀਕ ਲਿਖਵਾਉਣ ਦੀ**
**ਤਲਬ ਹੈ ਸ਼ਬਦਾਂ ਦੀ ਇਬਾਰਤ ਬਣ ਜਾਣ ਦੀ**
**ਜੀਵਨ-ਸਫ਼ੇ ਨੂੰ ਸੂਰਜ ਜੇਹਾ ਬਣਾਉਣ ਦੀ।**

ਜਦ ਇਹ ਤਲਬਗਾਰੀ ਪਾਕ ਮਨ ਵਿੱਚੋਂ ਪੁੰਗਰ ਕੇ ਬਾਹਰੀ ਸਫ਼ਰਾਂ ਦੀ ਬਜਾਏ ਅੰਤਰੀਵ ਵੱਲ ਨੂੰ ਸਫ਼ਰ ਆਰੰਭਦੀ ਹੈ, ਰੂਹਦਾਰੀ ਨਾਲ ਪੂਰਨਤਾ ਵੰਨੀ ਅਹੁਲਦੀ ਹੈ ਤਾਂ ਰੋਸ਼ਨ ਹੋਇਆ ਅੰਦਰ ਬੰਦੇ ਨੂੰ ਇਸ਼ਕ ਮਜਾਜ਼ੀ ਤੋਂ ਇਸ਼ਕ ਹਕੀਕੀ ਵੱਲ ਨੂੰ ਤੋਰਦਾ ਹੈ। ਤਲਬਗਾਰੀ ਜਦ ਮੁਹੱਬਤ ਦੀ ਗਲਵੱਕੜੀ ਦਾ ਨਿੱਘ ਲੋਚਣ ਲੱਗ ਪਵੇ ਤਾਂ ਦਿਲਦਾਰ ਦੀ ਨਿੱਘੀ ਮਿਲਣੀ ਲਈ ਤੜਫ਼ਣਾ, ਆਪਣੇ ਵਿੱਚ ਸਮੋਏ ਹੋਣ ਦਾ ਅਹਿਸਾਸ ਹੁੰਦਾ ਹੈ। ਸੱਜਣ ਦੀ ਸੰਗਤ ਦੇ ਚਾਅ ਵਿੱਚ ਘਿਉ ਦੇ ਦੀਵੇ ਜਗਾਵੇ ਤਾਂ ਸਮਝੋ ਕਿ ਤਲਬਗਾਰੀ ਨੇ ਰੂਹਾਨੀ ਮਰਤਬਾ ਪਾ ਲਿਆ ਹੈ। ਬੰਦੇ ਨੇ ਖ਼ੁਦਾ ਨੂੰ ਆਪਣੇ ਵਿੱਚ ਸਮਾ ਲਿਆ ਹੈ। ਮੁਹੱਬਤ ਵਿੱਚ ਪਿਘਲਣਾ ਤਲਬਗਾਰੀ ਦਾ ਸਭ ਤੋਂ ਉੱਤਮ ਰੂਪ ਹੈ ਜਦੋਂ ਰੂਹਾਂ ਅਭੇਦ ਅਤੇ ਅਰੂਪ ਹੁੰਦੀਆਂ ਹਨ। ਇਹੀ ਅਰੂਪਤਾ, ਤਲਬਗਾਰੀ ਨੂੰ ਨਵੇਂ ਅਰਥਾਂ ਦਾ ਮਾਣ ਬਖ਼ਸ਼ਦੀ ਹੈ।

ਤਲਬਗਾਰੀ ਕਦੇ ਚਾਵਾਂ ਦੀ, ਕਦੇ ਮਹਿਕਦੇ ਸਾਹਾਂ ਦੀ ਹੁੰਦੀ ਹੈ। ਕਦੇ ਰੰਗ ਰੱਤੇ ਰਾਹਾਂ ਦੀ ਤੇ ਕਦੇ ਰੁਮਕਦੀਆਂ ਹਵਾਵਾਂ ਦੀ ਹੁੰਦੀ ਹੈ। ਕਦੇ ਵਗਦੇ ਦਰਿਆਵਾਂ ਦੀ ਅਤੇ ਕਦੇ ਪੀਰ ਦੀ ਦਰਗਾਹ 'ਤੇ ਮੰਗੀਆਂ ਦੁਆਵਾਂ ਦੀ। ਕਦੇ ਇਹ ਜੀਵਨ-ਆਸ ਦੀ ਤੇ ਕਦੇ ਮਿਲੇ ਧਰਵਾਸ ਦੀ ਹੁੰਦੀ ਹੈ। ਕਦੇ ਬੁੱਲ੍ਹਾਂ 'ਤੇ ਲਰਜ਼ਦੀ ਪਿਆਸ ਦੀ ਅਤੇ ਕਦੇ ਖ਼ੁਦ ਤੋਂ ਖ਼ੁਦ ਦੇ ਪਰਵਾਸ ਦੀ। ਤਲਬਗਾਰੀ ਦੇ ਬਹੁਤ ਰੰਗ ਤੇ ਰੂਪ ਹਨ। ਯਾਦ ਰਹੇ ਕਿ ਤਲਬ ਉਹ ਹੀ ਪੂਰੀ ਹੁੰਦੀ ਹੈ ਜਿਹੜੀ ਹਰਦਮ ਤੁਹਾਡੇ ਵਿੱਚ ਧੜਕਦੀ, ਤੁਹਾਡੀਆਂ ਅੱਖਾਂ ਸਾਹਵੇਂ ਹਾਜ਼ਰ ਨਾਜ਼ਰ ਹੁੰਦੀ ਹੈ। ਤੁਸੀਂ ਇਸ ਦੇ ਹਾਸਲ ਨੂੰ ਕਿਆਸਦੇ ਹੋਏ ਪ੍ਰਾਪਤੀ ਦਾ ਅਹਿਸਾਸ ਮਨ ਵਿੱਚ ਪੈਦਾ ਕਰਦੇ ਹੋ। ਮਨ ਵਿੱਚ ਪੈਦਾ ਹੋਈ ਸੱਚੀ-ਸੁੱਚੀ ਤਲਬਗਾਰੀ ਨੇ ਪੂਰਨ ਜ਼ਰੂਰ ਹੋਣਾ ਹੁੰਦਾ ਹੈ। ਇਹ ਹੀ ਸਮਿਆਂ ਦਾ ਸਭ ਤੋਂ ਵੱਡਾ ਸੱਚ ਹੈ। ਕੁਝ ਸੱਜਣ ਪਿਆਰੇ ਸ਼ਰਾਬ ਵਰਗੇ ਵੀ ਹੁੰਦੇ ਹਨ ਜਿਨ੍ਹਾਂ ਦੀ ਤਲਬ ਹਰ ਸ਼ਾਮ ਨੂੰ ਮਨ 'ਤੇ ਦਸਤਕ ਦਿੰਦੀ ਹੈ ਅਤੇ ਨਸ਼ਈ ਕਰ ਜਾਂਦੀ ਹੈ। ਜਦੋਂ ਕਿਸੇ ਦੇ ਦਰਸ਼ਨਾਂ ਦੀ ਤਲਬ ਮੂੰਹਜ਼ੋਰ ਹੋ ਜਾਂਦੀ ਹੈ ਤਾਂ ਅੱਖਾਂ ਹਮੇਸ਼ਾ ਮਿੱਤਰ ਦੇ ਰਾਹ ਹੀ ਤੱਕਦੀਆਂ ਹਨ ਕਿਉਂਕਿ ਉਹ ਜਾਣਦੀਆਂ ਹਨ ਕਿ ਰੁੱਤ ਅਤੇ ਸਮਾਂ ਇੱਕ ਦਿਨ ਜ਼ਰੂਰ ਬਦਲੇਗਾ ਅਤੇ ਦਰਸ਼ਨ ਨਸੀਬ ਹੋਣਗੇ।

ਨਦੀਆਂ ਦੀ ਦਰਿਆਵਾਂ ਨੂੰ ਅਤੇ ਦਰਿਆਵਾਂ ਦੀ ਸਮੁੰਦਰ ਨੂੰ ਮਿਲਣ ਦੀ ਤਲਬ ਹੀ ਹੁੰਦੀ ਹੈ ਕਿ ਨਦੀਆਂ, ਦਰਿਆਵਾਂ ਵਿੱਚ ਰਲਣ ਲਈ ਤਤਪਰ ਅਤੇ ਦਰਿਆ, ਸਮੁੰਦਰ ਵਿੱਚ ਸਮਾਉਣ ਲਈ ਕਾਹਲੇ ਹੁੰਦੇ ਹਨ। ਕਈ ਵਾਰ ਜਦੋਂ ਰੂਹਦਾਰ ਨਾਲ ਗੱਲ ਕਰਨ ਦੀ ਤਲਬ ਪੈਦਾ ਹੋਵੇ, ਪਰ ਕੋਈ ਹੁੰਗਾਰਾ ਨਾ ਮਿਲੇ ਤਾਂ ਬੰਦੇ ਦਾ ਚੁੱਪ ਵਿੱਚ ਸਮਾ ਜਾਣਾ ਬਹੁਤ ਹੀ ਸੁਭਾਵਿਕ ਹੁੰਦਾ ਹੈ। ਤਲਬ ਦਾ ਵਾਰ ਵਾਰ ਪੈਦਾ ਹੋਣਾ, ਇਸ ਦੀ ਪੂਰਨਤਾ ਅਤੇ ਅਪੂਰਨਤਾ ਵਿੱਚੋਂ ਜ਼ਿੰਦਗੀ ਦੇ ਰਾਜ਼ਾਂ ਨੂੰ ਸਮਝਣਾ ਅਤੇ ਇਸ ਨੂੰ ਹੀ ਜਿਊਣ ਦਾ ਅੰਦਾਜ਼ ਬਣਾਉਣਾ ਜੀਵਨ ਦਾ ਕੌੜਾ ਸੱਚ ਹੈ। ਆਪਣੇ ਮੁਰਸ਼ਦ ਨੂੰ ਮਿਲਣ ਦੀ ਇਹ ਕੇਹੀ ਤਲਬ ਕਿ ਬੁੱਲੇ ਨੂੰ ਨੱਚ ਕੇ ਯਾਰ ਰਿਝਾਉਣਾ ਪਿਆ, ਮੀਰਾ ਨੇ ਕ੍ਰਿਸ਼ਨ ਨੂੰ ਧਿਆ ਕੇ ਪਾਇਆ। ਤਲਬ 'ਚੋਂ ਪ੍ਰਗਟਿਆ ਪਿਆਰ, ਨੂਰਾਨੀ ਰੂਹਾਂ ਦੀ ਨਿਸ਼ਾਨਦੇਹੀ ਕਰ ਜਾਂਦਾ ਹੈ।

ਤਲਬ, ਤਰਕੀਬਾਂ, ਤਸ਼ਬੀਹਾਂ, ਤਰਜੀਹਾਂ ਤੇ ਤਕਦੀਰਾਂ ਵਿੱਚੋਂ ਆਪਣੀ ਕਿਸਮਤ ਸਿਰਜਦੀ ਅਤੇ ਆਪਣੇ ਮਾਰਗ ਦੀ ਖ਼ੁਦ ਹੀ ਮਾਰਗੀ ਬਣ ਜਾਂਦੀ ਹੈ। ਤਲਬ ਤਾਂ ਪਿੰਜਰੇ ਵਿੱਚ ਕੈਦ ਪਰਿੰਦੇ ਦੀ ਹੁੰਦੀ ਹੈ ਕਿ ਉਹ ਖੁੱਲ੍ਹੇ ਅੰਬਰੀ ਪਰਵਾਜ਼ ਭਰੇ। ਖ਼ਾਲੀ ਆਲ੍ਹਣੇ ਨੂੰ ਹੁੰਦੀ ਹੈ ਕਿ ਉਸ ਵਿੱਚ ਬੋਟ ਚਹਿਚਹਾਉਣ। ਪਤਝੜ ਨਾਲ ਝੰਬੇ ਚਮਨ ਨੂੰ ਹੁੰਦੀ ਹੈ ਕਿ ਬਹਾਰ ਆਵੇ। ਕੋਰੇ ਵਰਕਿਆਂ ਨੂੰ ਹੁੰਦੀ ਹੈ ਕਿ ਕੋਈ ਇਨ੍ਹਾਂ 'ਤੇ ਸ਼ਬਦਕਾਰੀ ਕਰੇ। ਸਮਾਂ ਆਉਣ 'ਤੇ ਇਹ ਤਲਬਗਾਰੀਆਂ ਖ਼ੁਦ ਬ ਖ਼ੁਦ ਪੂਰੀਆਂ ਹੋ ਜਾਂਦੀਆਂ ਹਨ, ਸਿਰਫ਼ ਮਨ ਵਿੱਚ ਧੀਰਜ ਅਤੇ ਧਰਵਾਸ ਹੋਣਾ ਚਾਹੀਦਾ ਹੈ।

ਜਦੋਂ ਮਨ ਵਿੱਚ ਮੁਸਕਰਾਉਣ ਦੀ ਅਤੇ ਆਪੇ ਨੂੰ ਹਸਾਉਣ ਦੀ ਤਲਬ ਪੈਦਾ ਹੁੰਦੀ ਹੈ ਤਾਂ ਜੀਅ ਕਰਦਾ ਹੈ ਕਿ ਜੀਵਨ ਦੇ ਉਦਾਸ ਪਲ ਕੁਝ ਚਿਰ ਲਈ ਪਰਵਾਸ ਕਰ ਜਾਣ ਅਤੇ ਬੰਦਾ ਆਪਣੇ ਹਿੱਸੇ ਦੀ ਜ਼ਿੰਦਗੀ ਜੀਅ ਸਕੇ। ਤਲਬਗਾਰ ਜ਼ਰੂਰ ਹੋਵੋ ਸੂਹੇ ਸਵੇਰਿਆਂ ਦੇ, ਜਗਮਗਾਉਂਦੇ ਬਨੇਰਿਆਂ ਦੇ, ਖੁਰਲੀਆਂ 'ਤੇ ਬੱਝੇ ਲਵੇਰਿਆਂ ਦੇ, ਸ਼ੇਰਾਂ ਵਰਗੇ ਜੇਰਿਆਂ ਦੇ ਅਤੇ ਨੂਰੋ ਨੂਰ ਹੋਏ ਚਿਹਰਿਆਂ ਦੇ। ਤਦ ਤੁਹਾਡੀ ਤਲਬਗਾਰੀ ਨੂੰ ਹਰੇਕ ਸਲਾਮ ਕਰੇਗਾ।

ਡਾ. ਗੁਰਬਖ਼ਸ਼ ਸਿੰਘ ਭੰਡਾਲ

# ਯੂ.ਐੱਸ. ਏਡ ਫੰਡਿੰਗ ਬਾਰੇ ਖ਼ੁਲਾਸੇ ਪ੍ਰੇਸ਼ਾਨ ਕਰਨ ਵਾਲੇ: ਭਾਰਤ

ਨਵੀਂ ਦਿੱਲੀ/ਵਾਸ਼ਿੰਗਟਨ : ਭਾਰਤ ਨੇ ਸ਼ੁੱਕਰਵਾਰ ਨੂੰ ਕਿਹਾ ਹੈ ਕਿ ਦੇਸ਼ 'ਚ ਕੁਝ ਗਤੀਵਿਧੀਆਂ ਲਈ ਯੂਐੱਸਏਡ ਫੰਡਿੰਗ ਬਾਰੇ ਕੀਤੇ ਗਏ ਖ਼ੁਲਾਸੇ ਬੇਹੱਦ ਪ੍ਰੇਸ਼ਾਨ ਕਰਨ ਵਾਲੇ ਹਨ ਅਤੇ ਇਸ ਨਾਲ ਦੇਸ਼ ਦੇ ਅੰਦਰੂਨੀ ਮਾਮਲਿਆਂ 'ਚ ਵਿਦੇਸ਼ੀ ਦਖ਼ਲ ਨੂੰ ਲੈ ਕੇ ਚਿੰਤਾ ਪੈਦਾ ਹੋਈ ਹੈ। ਉਧਰ ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਕਿ ਮੁਲਕ ਖ਼ਿਲਾਫ਼ ਭੁਗਤ ਰਹੀਆਂ ਤਾਕਤਾਂ ਦਾ ਪਰਦਾਫ਼ਾਸ਼ ਹੋਣਾ ਚਾਹੀਦਾ ਹੈ।

ਵਿਦੇਸ਼ ਮੰਤਰਾਲੇ ਦੇ ਤਰਜਮਾਨ ਰਣਧੀਰ ਜੈਸਵਾਲ ਨੇ ਕਿਹਾ ਕਿ ਸਬੰਧਤ ਵਿਭਾਗ ਅਤੇ ਅਧਿਕਾਰੀ ਕੁਝ ਅਮਰੀਕੀ ਗਤੀਵਿਧੀਆਂ ਅਤੇ ਫੰਡਿੰਗ ਬਾਰੇ ਅਮਰੀਕੀ ਪ੍ਰਸ਼ਾਸਨ ਵੱਲੋਂ ਦਿੱਤੀ ਗਈ ਜਾਣਕਾਰੀ ਦੀ ਜਾਂਚ ਕਰ ਰਹੇ ਹਨ। ਜੈਸਵਾਲ ਨੇ ਕਿਹਾ, ''ਅਸੀਂ ਅਮਰੀਕੀ ਪ੍ਰਸ਼ਾਸਨ ਵੱਲੋਂ ਕੁਝ ਅਮਰੀਕੀ ਗਤੀਵਿਧੀਆਂ ਅਤੇ ਫੰਡਿੰਗ ਬਾਰੇ ਦਿੱਤੀ ਗਈ ਜਾਣਕਾਰੀ ਦੇਖੀ ਹੈ। ਇਹ ਸਪੱਸ਼ਟ ਤੌਰ 'ਤੇ ਬਹੁਤ ਪ੍ਰੇਸ਼ਾਨ ਕਰਨ ਵਾਲੀ ਹੈ।'' ਉਨ੍ਹਾਂ ਕਿਹਾ ਕਿ ਇਸ ਨਾਲ ਭਾਰਤ ਦੇ ਅੰਦਰੂਨੀ ਮਾਮਲਿਆਂ 'ਚ ਵਿਦੇਸ਼ੀ ਦਖ਼ਲ ਨਾਲ ਚਿੰਤਾ ਪੈਦਾ ਹੋਈ ਹੈ। ਉਨ੍ਹਾਂ ਕਿਹਾ ਕਿ ਸਬੰਧਤ ਵਿਭਾਗ ਅਤੇ ਏਜੰਸੀਆਂ ਇਸ ਮਾਮਲੇ ਦੀ ਜਾਂਚ ਕਰ ਰਹੀਆਂ ਹਨ ਅਤੇ ਇਸ ਸਮੇਂ ਕੋਈ ਟਿੱਪਣੀ ਕਰਨਾ ਜਲਦਬਾਜ਼ੀ ਹੋਵੇਗੀ।

ਉਨ੍ਹਾਂ ਕਿਹਾ ਕਿ ਜਾਂਚ ਮਗਰੋਂ ਇਸ ਬਾਰੇ ਕੁਝ ਜਾਣਕਾਰੀ ਦਿੱਤੀ ਜਾਵੇਗੀ। ਉਧਰ ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਵੀ ਯੂਐੱਸਏਡ ਫੰਡਿੰਗ 'ਤੇ ਚਿੰਤਾ ਜਤਾਈ ਅਤੇ ਕਿਹਾ ਕਿ ਜਿਹੜੇ ਲੋਕ ਦੇਸ਼ ਦੀਆਂ ਜਮਹੂਰੀ ਕਦਰਾਂ-ਕੀਮਤਾਂ 'ਤੇ ਅਜਿਹੇ ਹਮਲੇ ਦੀ ਇਜਾਜ਼ਤ ਦਿੰਦੇ ਹਨ, ਉਨ੍ਹਾਂ ਦਾ ਪਰਦਾਫ਼ਾਸ਼ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦਾ ਫਰਜ਼ ਬਣਦਾ ਹੈ ਕਿ ਉਹ ਅਜਿਹੀਆਂ ਤਾਕਤਾਂ ਖ਼ਿਲਾਫ਼ ਹਮਲੇ ਕਰਨ। ਧਿਆਨ ਸਾਧਨਾ ਬਾਰੇ ਇਕ ਸਮਾਗਮ ਨੂੰ ਸੰਬੋਧਨ ਕਰਦਿਆਂ ਧਨਖੜ ਨੇ ਕਿਹਾ ਕਿ ਹਕੀਕਤ ਇਹ ਹੈ ਕਿ ਪੈਸਾ ਦਿੱਤਾ ਗਿਆ ਸੀ।

ਉਨ੍ਹਾਂ ਵਿਵਾਦ ਦੀ ਜੜ੍ਹ ਤੱਕ ਜਾਣ ਲਈ 'ਪੰਚਾਰੀ ਨੀਤੀ' ਦੀ ਵਰਤੋਂ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਸਮੱਸਿਆ ਨੂੰ ਜੜ੍ਹੋਂ ਉਖਾੜ ਦੇਣਾ ਚਾਹੀਦਾ ਹੈ। ਇਸ ਦੌਰਾਨ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਪਿਛਲੇ ਬਾਇਡਨ ਪ੍ਰਸ਼ਾਸਨ 'ਤੇ ਹਮਲੇ ਜਾਰੀ ਰਖਦਿਆਂ ਦਾਅਵਾ ਕੀਤਾ ਕਿ ਭਾਰਤ 'ਚ ਵੋਟ ਫ਼ੀਸਦ ਵਧਾਉਣ ਲਈ 2.1 ਕਰੋੜ ਡਾਲਰ ਦੀ ਫੰਡਿੰਗ 'ਰਿਸ਼ਵਤ' ਯੋਜਨਾ ਸੀ। ਉਨ੍ਹਾਂ ਵਾਸ਼ਿੰਗਟਨ ਡੀਸੀ 'ਚ ਵੀਰਵਾਰ ਨੂੰ ਰਿਪਬਲਿਕਨ ਗਵਰਨਰਜ਼ ਐਸੋਸੀਏਸ਼ਨ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਇਹ ਟਿੱਪਣੀਆਂ ਕੀਤੀਆਂ।

### ਟਰੰਪ ਵੱਲੋਂ ਬਾਇਡਨ ਸਰਕਾਰ ਦੀ ਫੰਡਿੰਗ 'ਰਿਸ਼ਵਤ ਯੋਜਨਾ' ਕਰਾਰ

ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਪਿਛਲੇ ਬਾਇਡਨ ਪ੍ਰਸ਼ਾਸਨ 'ਤੇ ਹਮਲੇ ਜਾਰੀ ਰਖਦਿਆਂ ਦਾਅਵਾ ਕੀਤਾ ਕਿ ਭਾਰਤ 'ਚ ਵੋਟ ਫ਼ੀਸਦ ਵਧਾਉਣ ਲਈ 2.1 ਕਰੋੜ ਡਾਲਰ ਦੀ ਫੰਡਿੰਗ 'ਰਿਸ਼ਵਤ' ਯੋਜਨਾ ਸੀ।

ਉਨ੍ਹਾਂ ਵਾਸ਼ਿੰਗਟਨ ਡੀਸੀ 'ਚ ਰਿਪਬਲਿਕਨ ਗਵਰਨਰਜ਼ ਐਸੋਸੀਏਸ਼ਨ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਇਹ ਟਿੱਪਣੀਆਂ ਕੀਤੀਆਂ। ਟਰੰਪ ਨੇ ਕਿਹਾ, ''ਭਾਰਤ 'ਚ ਵੋਟ ਫ਼ੀਸਦ ਵਧਾਉਣ ਲਈ 2.1 ਕਰੋੜ ਡਾਲਰ ਦਿੱਤੇ ਗਏ। ਅਸੀਂ ਭਾਰਤ 'ਚ ਵੋਟ ਫ਼ੀਸਦ ਵਧਾਉਣ 'ਤੇ ਧਿਆਨ ਕਿਉਂ ਦੇ ਰਹੇ ਹਾਂ? ਸਾਡੀਆਂ ਆਪਣੀਆਂ ਕਈ ਸਮੱਸਿਆਵਾਂ ਹਨ। ਅਸੀਂ ਆਪਣਾ ਵੋਟ ਫ਼ੀਸਦ ਵਧਾਉਣਾ ਚਾਹੁੰਦੇ ਹਾਂ।''




### ਰਾਹੁਲ 'ਗੱਦਾਰ', ਮੁਲਕ ਨੂੰ ਕਮਜ਼ੋਰ ਕਰਨ ਲਈ ਵਿਦੇਸ਼ੀ ਤਾਕਤਾਂ ਨਾਲ ਗੰਢਤੁੱਪ: ਭਾਜਪਾ

ਯੂਐੱਸਏਡ ਫੰਡਿੰਗ ਮਾਮਲੇ 'ਤੇ ਕਾਂਗਰਸ ਨੂੰ ਘੇਰਦਿਆਂ ਭਾਜਪਾ ਨੇ ਰਾਹੁਲ ਗਾਂਧੀ ਨੂੰ 'ਗੱਦਾਰ' ਕਰਾਰ ਦਿੰਦਿਆਂ ਦੋਸ਼ ਲਾਇਆ ਕਿ ਉਹ ਭਾਰਤ ਨੂੰ ਕਮਜ਼ੋਰ ਕਰਨ ਲਈ ਵਿਦੇਸ਼ੀ ਤਾਕਤਾਂ ਨਾਲ ਗੰਢਤੁੱਪ ਕਰ ਰਹੇ ਹਨ। ਭਾਜਪਾ ਨੇ ਉਸ ਮੀਡੀਆ ਰਿਪੋਰਟ ਨੂੰ ਖਾਰਜ ਕਰ ਦਿੱਤਾ ਹੈ ਕਿ 2022 'ਚ 2.1 ਕਰੋੜ ਡਾਲਰ ਭਾਰਤ ਲਈ ਨਹੀਂ ਸਗੋਂ ਬੰਗਲਾਦੇਸ਼ ਵਾਸਤੇ ਮਨਜ਼ੂਰ ਹੋਏ ਸਨ। ਭਾਜਪਾ ਹੈੱਡਕੁਆਰਟਰ 'ਤੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਕੌਮੀ ਤਰਜਮਾਨ ਗੌਰਵ ਭਾਟੀਆ ਨੇ ਦਾਅਵਾ ਕੀਤਾ ਕਿ ਯੂਐੱਸਏਡ ਫੰਡ ਭਾਰਤ ਦੀ ਅੰਦਰੂਨੀ ਸਿਆਸਤ ਅਤੇ ਚੋਣਾਂ ਨੂੰ ਪ੍ਰਭਾਵਿਤ ਕਰਨ ਲਈ ਮੁਲਕ 'ਚ ਆਏ ਸਨ। ਉਨ੍ਹਾਂ ਕਿਹਾ, ''ਸਾਲ 2004 ਤੋਂ 2013 ਦੌਰਾਨ ਯੂਪੀਏ ਦੇ ਸ਼ਾਸਨ ਦੌਰਾਨ ਭਾਰਤ 'ਚ 200 ਕਰੋੜ ਡਾਲਰ ਤੋਂ ਵੱਧ ਦੇ ਫੰਡ ਆਏ ਸਨ। ਇੰਜ ਇਸ ਲਈ ਹੋਇਆ ਕਿਉਂਕਿ ਉਹ ਜਾਣਦੇ ਹਨ ਕਿ ਨਰਿੰਦਰ ਮੋਦੀ ਕਿਸੇ ਵੀ ਵਿਦੇਸ਼ੀ ਤਾਕਤ ਕੋਲ ਭਾਰਤ ਦੇ ਹਿੱਤਾਂ ਨੂੰ ਨਹੀਂ ਵੇਚੇਗਾ।'' ਉਨ੍ਹਾਂ ਦਾਅਵਾ ਕੀਤਾ ਕਿ ਰਾਹੁਲ ਗਾਂਧੀ ਦੀ ਭਾਰਤ ਜੋੜੋ ਯਾਤਰਾ ਦੌਰਾਨ ਐੱਨਜੀਓ ਦੀ ਫੰਡਿੰਗ 'ਚ ਵਾਧਾ ਹੋਇਆ ਸੀ ਅਤੇ ਇਸ ਯਾਤਰਾ ਦਾ ਉਦੇਸ਼ 'ਭਾਰਤ ਨੂੰ ਤੋੜਨਾ' ਸੀ। ਭਾਟੀਆ ਨੇ ਕਿਹਾ ਕਿ ਡੋਨਲਡ ਟਰੰਪ ਦੇ ਬਿਆਨ ਮਗਰੋਂ ਕੁਝ ਅਖ਼ਬਾਰਾਂ ਨੇ ਇਸ ਮਾਮਲੇ 'ਤੇ ਪਰਦਾ ਪਾਉਣ ਦੀਆਂ ਕੋਸ਼ਿਸ਼ਾਂ ਸ਼ੁਰੂ ਕਰ ਦਿੱਤੀਆਂ ਹਨ।

### ਭਾਜਪਾ ਆਪਣੇ ਗੁਨਾਹਾਂ ਤੋਂ ਧਿਆਨ ਵੰਡਾਉਣ ਲਈ ਬਿਰਤਾਂਤ ਘੜ ਰਹੀ ਹੈ: ਕਾਂਗਰਸ

ਕਾਂਗਰਸ ਨੇ ਯੂਐੱਸਏਡ ਵੱਲੋਂ ਫੰਡਿੰਗ ਨਾਲ ਜੁੜੀ ਇਕ ਖ਼ਬਰ ਨੂੰ ਲੈ ਕੇ ਭਾਜਪਾ 'ਤੇ ਵਰ੍ਹਦਿਆਂ ਕਿਹਾ ਕਿ ਹੁਣ ਸੱਚਾਈ ਸਭ ਦੇ ਸਾਹਮਣੇ ਆਉਣ ਮਗਰੋਂ ਹੁਕਮਰਾਨ ਧਿਰ ਨੂੰ ਮੁਆਫ਼ੀ ਮੰਗਣੀ ਚਾਹੀਦੀ ਹੈ। ਜੈਰਾਮ ਰਮੇਸ਼ ਨੇ ਅਖ਼ਬਾਰ ਦੀ ਰਿਪੋਰਟ ਸਾਂਝੀ ਕਰਦਿਆਂ ਕਿਹਾ, ''ਝੂਠ ਸਭ ਤੋਂ ਪਹਿਲਾਂ ਵਾਸ਼ਿੰਗਟਨ 'ਚ ਬੋਲਿਆ ਗਿਆ। ਫਿਰ ਝੂਠ ਨੂੰ ਭਾਜਪਾ ਦੀ ਝੂਠ ਸੈਨਾ ਵੱਲੋਂ ਵਧਾ-ਚੜ੍ਹਾ ਕੇ ਪੇਸ਼ ਕੀਤਾ ਗਿਆ, ਹੁਣ ਝੂਠ ਦਾ ਪੂਰੀ ਤਰ੍ਹਾਂ ਪਰਦਾਫ਼ਾਸ਼ ਹੋ ਗਿਆ ਹੈ।'' ਉਨ੍ਹਾਂ ਕਿਹਾ ਕਿ ਭਾਜਪਾ ਆਪਣੇ ਗੁਨਾਹਾਂ ਤੋਂ ਧਿਆਨ ਵੰਡਾਉਣ ਲਈ ਬਿਰਤਾਂਤ ਘੜ ਰਹੀ ਹੈ। ਇਕ ਹੋਰ ਕਾਂਗਰਸ ਆਗੂ ਪਵਨ ਖੇੜਾ ਨੇ ਕਿਹਾ, ''ਇਕ ਹਫ਼ਤੇ ਤੋਂ ਇਕ ਕਹਾਣੀ ਚਲ ਰਹੀ ਹੈ ਕਿ ਯੂਐੱਸਏਡ ਨੇ ਮੋਦੀ ਸਰਕਾਰ ਨੂੰ ਅਸਥਿਰ ਕਰਨ ਲਈ 2.1 ਕਰੋੜ ਡਾਲਰ ਦਿੱਤੇ। ਜੇ ਇੰਨੀਆਂ ਸੁਰੱਖਿਆ ਏਜੰਸੀਆਂ ਦੇ ਹੁੰਦਿਆਂ ਵੀ ਮੋਦੀ ਸਰਕਾਰ ਨੇ ਭਾਰਤ 'ਚ 2.1 ਕਰੋੜ ਡਾਲਰ ਆਉਣ ਦਿੱਤੇ ਤਾਂ ਇਹ ਸ਼ਰਮ ਦੀ ਗੱਲ ਹੈ।'' ਅੰਗਰੇਜ਼ੀ ਅਖ਼ਬਾਰ ਦੀ ਖ਼ਬਰ ਦਾ ਹਵਾਲਾ ਦਿੰਦਿਆਂ ਕਿਹਾ ਕਿ ਸੱਚਾਈ ਇਹ ਹੈ ਕਿ ਯੂਐੱਸਏਡ ਦੇ 2.1 ਕਰੋੜ ਡਾਲਰ ਬੰਗਲਾਦੇਸ਼ ਦੇ ਗ਼ੈਰ-ਸਰਕਾਰੀ ਸੰਗਠਨਾਂ ਨੂੰ ਗਏ ਹਨ।

# ਜੀ-20 ਦੀ ਅਖੰਡਤਾ ਕਾਇਮ ਰੱਖਣ 'ਚ ਚੀਨ ਸਹਿਯੋਗ ਦੇਵੇ: ਜੈਸ਼ੰਕਰ

ਨਵੀਂ ਦਿੱਲੀ/ਜੋਹੈਨਸਬਰਗ: ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ ਕਿਹਾ ਹੈ ਕਿ ਵੰਡੇ ਹੋਏ ਆਲਮੀ ਹਾਲਾਤ ਦੌਰਾਨ ਭਾਰਤ ਅਤੇ ਚੀਨ ਨੂੰ ਰਲ ਕੇ ਜੀ-20 ਦੀ ਅਖੰਡਤਾ ਕਾਇਮ ਰੱਖਣ 'ਤੇ ਜ਼ੋਰ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਸ ਉਪਰਾਲੇ ਲਈ ਦੋਵੇਂ ਮੁਲਕਾਂ ਨੇ ਸਖ਼ਤ ਮਿਹਨਤ ਕੀਤੀ ਹੈ ਜੋ ਕੌਮਾਂਤਰੀ ਸਹਿਯੋਗ ਦੀ ਅਹਿਮੀਅਤ ਨੂੰ ਦਰਸਾਉਂਦਾ ਹੈ।

ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਅਤੇ ਉਨ੍ਹਾਂ ਦੇ ਚੀਨੀ ਹਮਰੁਤਬਾ ਵਾਂਗ ਯੀ ਨੇ ਅੱਜ ਜੋਹੈਨਸਬਰਗ ਵਿੱਚ ਮੁਲਾਕਾਤ ਕੀਤੀ ਜਿਸ ਦੌਰਾਨ ਭਾਰਤ-ਚੀਨ ਸਬੰਧਾਂ, ਸਰਹੱਦੀ ਖੇਤਰਾਂ 'ਚ ਸ਼ਾਂਤੀ ਕਾਇਮ ਕਰਨ ਅਤੇ ਕੈਲਾਸ਼ ਮਾਨਸਰੋਵਰ ਯਾਤਰਾ ਦੀ ਬਹਾਲੀ 'ਤੇ ਵਿਚਾਰ-ਚਰਚਾ ਕੀਤੀ। ਜੀ-20 ਵਿਦੇਸ਼ ਮੰਤਰੀਆਂ ਦੀ ਮੀਟਿੰਗ ਦੌਰਾਨ ਇਹ ਮੁਲਾਕਾਤ ਹੋਈ।

ਵਿਦੇਸ਼ ਮੰਤਰਾਲੇ ਦੇ ਤਰਜਮਾਨ ਰਣਧੀਰ ਜੈਸਵਾਲ ਨੇ ਦੱਸਿਆ ਕਿ ਇਹ ਮੀਟਿੰਗ ਲਗਪਗ ਅੱਧਾ ਘੰਟਾ ਚੱਲੀ। ਉਨ੍ਹਾਂ ਕਿਹਾ, 'ਦੋਹਾਂ ਮੰਤਰੀਆਂ ਨੇ ਨਵੰਬਰ ਵਿੱਚ ਹੋਈ ਆਖਰੀ ਮੀਟਿੰਗ ਤੋਂ ਬਾਅਦ ਦੁਵੱਲੇ ਸਬੰਧਾਂ 'ਚ ਹੋਏ ਵਿਕਾਸ ਦੀ ਸਮੀਖਿਆ ਕੀਤੀ। ਇਸ ਦੌਰਾਨ ਸਰਹੱਦੀ ਖੇਤਰਾਂ ਵਿੱਚ ਸ਼ਾਂਤੀ ਕਾਇਮ ਕਰਨ, ਕੈਲਾਸ਼ ਮਾਨਸਰੋਵਰ ਯਾਤਰਾ ਦੀ ਮੁੜ ਸ਼ੁਰੂਆਤ ਅਤੇ ਯਾਤਰਾ ਸੁਵਿਧਾ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।' ਉਨ੍ਹਾਂ ਕਿਹਾ ਕਿ ਜੀ-20 ਅਤੇ ਐੱਸਸੀਓ 'ਤੇ ਵੀ ਵਿਚਾਰਾਂ ਹੋਈਆਂ।



### 'ਜੀ-20 ਆਲਮੀ ਏਜੰਡੇ ਨੂੰ ਅੱਗੇ ਵਧਾਉਣ ਦੀ ਕੁੰਜੀ'

ਮੌਜੂਦਾ ਭੂ-ਸਿਆਸੀ ਦ੍ਰਿਸ਼ਟੀਕੋਣ ਦੀਆਂ ਪੇਚੀਦਗੀਆਂ ਨੂੰ ਉਭਾਰਦਿਆਂ ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੇ ਕਿਹਾ ਕਿ ਵਿਚਾਰਾਂ ਨੂੰ ਇਕਸੁਰ ਕਰਨ ਦੀ ਜੀ-20 ਦੀ ਸਮਰੱਥਾ ਆਲਮੀ ਏਜੰਡੇ ਨੂੰ ਅੱਗੇ ਵਧਾਉਣ ਦੀ ਕੁੰਜੀ ਹੈ। 'ਆਲਮੀ ਭੂ-ਸਿਆਸੀ ਹਾਲਾਤ 'ਤੇ ਚਰਚਾ' ਸਿਰਲੇਖ ਵਾਲੇ ਜੀ-20 ਸੈਸ਼ਨ ਨੂੰ ਸੰਬੋਧਨ ਕਰਦਿਆਂ ਜੈਸ਼ੰਕਰ ਨੇ ਕਿਹਾ ਕਿ ਜੀ-20 ਵਿਸ਼ਵ ਦੇ ਵਧ ਰਹੇ ਬਹੁ-ਧਰੁਵੀਕਰਨ ਦਾ ਅਹਿਮ ਪ੍ਰਗਟਾਵਾ ਹੈ। ਉਨ੍ਹਾਂ ਕਿਹਾ, 'ਆਲਮੀ ਭੂ-ਸਿਆਸੀ ਹਾਲਾਤ ਹਰ ਪੱਖੋਂ ਮੁਸ਼ਕਲ ਬਣੇ ਹੋਏ ਹਨ। ਇਸ ਦੌਰਾਨ ਕੋਵਿਡ ਮਹਾਂਮਾਰੀ, ਟਕਰਾਅ ਦੀਆਂ ਸਥਿਤੀਆਂ, ਵਿੱਤੀ ਦਬਾਅ, ਖੁਰਾਕ ਸੁਰੱਖਿਆ ਅਤੇ ਜਲਵਾਯੂ ਸਬੰਧੀ ਚੁਣੌਤੀਆਂ ਬਣੀਆਂ ਹੋਈਆਂ ਹਨ।' ਜੈਸ਼ੰਕਰ ਨੇ ਕਿਹਾ ਕਿ ਕੇਂਦਰਿਤ ਸਪਲਾਈ ਚੇਨਾਂ, ਵਪਾਰ ਅਤੇ ਵਿੱਤ ਨੂੰ ਹਥਿਆਰ ਵਜੋਂ ਵਰਤਣ ਅਤੇ ਡੇਟਾ ਪ੍ਰਵਾਹ ਦੀ ਪਾਰਦਰਸ਼ਤਾ ਬਾਰੇ ਵੀ ਚਿੰਤਾਵਾਂ ਹਨ।

# ਸੰਭਲ ਹਿੰਸਾ: 12 'ਚੋਂ 6 ਮਾਮਲਿਆਂ 'ਚ ਚਾਰਜਸ਼ੀਟ ਦਾਇਰ, 80 ਦੋਸ਼ੀ ਗ੍ਰਿਫਤਾਰ

ਸੰਭਲ: ਉੱਤਰ ਪ੍ਰਦੇਸ਼ ਪੁਲੀਸ ਦੀ ਐਸਆਈਟੀ ਨੇ 24 ਨਵੰਬਰ ਨੂੰ ਵਾਪਰੀ ਸੰਭਲ ਹਿੰਸਾ ਸਬੰਧੀ 12 ਵਿੱਚੋਂ ਛੇ ਮਾਮਲਿਆਂ 'ਚ 4,000 ਪੰਨਿਆਂ ਦੀ ਚਾਰਜਸ਼ੀਟ ਦਾਖ਼ਲ ਕੀਤੀ ਹੈ। ਜ਼ਿਕਰਯੋਗ ਹੈ ਹਿੰਸਾ ਦੇ ਨਤੀਜੇ ਵਜੋਂ ਅਧਿਕਾਰੀਆਂ ਅਤੇ ਸਥਾਨਕ ਲੋਕਾਂ ਸਮੇਤ ਚਾਰ ਵਿਅਕਤੀਆਂ ਦੀ ਮੌਤ ਹੋ ਗਈ ਅਤੇ ਕਈ ਜ਼ਖਮੀ ਹੋ ਗਏ।

ਚਾਰਜਸ਼ੀਟ ਅਨੁਸਾਰ ਹੁਣ ਤੱਕ 80 ਗ੍ਰਿਫਤਾਰੀਆਂ ਕੀਤੀਆਂ ਜਾ ਚੁੱਕੀਆਂ ਹਨ ਅਤੇ 79 ਅਜੇ ਬਾਕੀ ਹਨ। ਚਾਰਜਸ਼ੀਟ ਵਿੱਚ ਇਹ ਵੀ ਦੱਸਿਆ ਗਿਆ ਹੈ ਕਿ ਹਿੰਸਾ ਵਾਲੀ ਥਾਂ ਅਤੇ ਹੋਰ ਥਾਵਾਂ ਤੋਂ ਬਰਾਮਦ ਕੀਤੇ ਗਏ ਹਥਿਆਰ ਯੂਨਾਈਟਿਡ ਕਿੰਗਡਮ, ਅਮਰੀਕਾ, ਜਰਮਨੀ ਅਤੇ ਚੈਕੋਸਲੋਵਾਕੀਆ ਵਿੱਚ ਬਣਾਏ ਗਏ ਸਨ। ਸੰਭਲ ਦੇ ਪੁਲੀਸ ਸੁਪਰਡੈਂਟ ਕ੍ਰਿਸ਼ਨ ਕੁਮਾਰ ਬਿਸ਼ਨੋਈ ਨੇ ਕਿਹਾ ਹਿੰਸਾ ਦੌਰਾਨ ਸ਼ਰਾਰਤੀ ਅਨਸਰਾਂ ਵੱਲੋਂ ਇੱਕ ਸਟੇਸ਼ਨ ਇੰਚਾਰਜ ਦੀ ਨਿੱਜੀ ਬਾਈਕ ਅਤੇ ਸਰਕਾਰੀ ਕਾਰ ਨੂੰ ਅੱਗ ਲਾਉਣ ਦੀ ਕੋਸ਼ਿਸ਼ ਕੀਤੀ ਗਈ ਸੀ। ਬਾਈਕ ਸੜਨ ਤੋਂ ਬਚ ਗਈ ਪਰ ਸਰਕਾਰੀ ਕਾਰ ਪੂਰੀ ਤਰ੍ਹਾਂ ਨਾਲ ਸੜ ਗਈ। ਇਸ ਮਾਮਲੇ ਵਿੱਚ ਕੁੱਲ 23 ਵਿਅਕਤੀਆਂ ਖ਼ਿਲਾਫ਼ ਚਾਰਜਸ਼ੀਟ ਦਾਇਰ ਕੀਤੀ ਗਈ ਹੈ।




ਅਧਿਕਾਰੀਆਂ ਨੇ ਇਨ੍ਹਾਂ ਕੋਲੋਂ ਇੱਕ 09 ਐਮ.ਐਮ. ਪਿਸਤੌਲ, ਤਿੰਨ 32 ਐਮ.ਐਮ. ਪਿਸਤੌਲ, ਇੱਕ 32 ਐਮ.ਐਮ. ਦਾ ਮੈਗਜ਼ੀਨ, ਇੱਕ 09 ਐਮ.ਐਮ. ਦਾ ਮੈਗਜ਼ੀਨ, ਤਿੰਨ 12 ਬੋਰ ਦੇਸੀ ਬੰਦੂਕਾਂ, ਪੰਜ ਜਿੰਦਾ 09 ਐਮ.ਐਮ. ਕਾਰਤੂਸ, ਇੱਕ 315 ਬੋਰ ਦਾ ਜ਼ਿੰਦਾ ਕਾਰਤੂਸ ਅਤੇ ਹੋਰ ਗੋਲੀ ਸਿੱਕਾ ਬਰਾਮਦ ਕੀਤਾ ਗਿਆ ਹੈ। ਉੱਤਰ ਪ੍ਰਦੇਸ਼ ਦੇ ਉਪ ਮੁੱਖ ਮੰਤਰੀ ਕੇਸ਼ਵ ਪ੍ਰਸਾਦ ਮੌਰਿਆ ਨੇ ਜਾਂਚ ਟੀਮ ਵੱਲੋਂ ਚਾਰਜਸ਼ੀਟ ਦਾਇਰ ਕੀਤੇ ਜਾਣ ਤੋਂ ਬਾਅਦ ਪੁਲੀਸ ਦੀ ਸ਼ਲਾਘਾ ਕੀਤੀ।

# ਟਰੰਪ ਵੱਲੋਂ ਜੁਆਇੰਟ ਚੀਫ਼ ਆਫ਼ ਸਟਾਫ਼ ਦਾ ਚੇਅਰਮੈਨ ਸੀਕਿਊ ਬ੍ਰਾਊਨ ਬਰਖ਼ਾਸਤ



ਵਾਸ਼ਿੰਗਟਨ : ਰਾਸ਼ਟਰਪਤੀ ਡੋਨਲਡ ਟਰੰਪ ਨੇ ਸ਼ੁੱਕਰਵਾਰ ਨੂੰ ਹਵਾਈ ਸੈਨਾ ਦੇ ਜਨਰਲ CQ Brown ਨੂੰ ਜੁਆਇੰਟ ਚੀਫ਼ਸ ਆਫ਼ ਸਟਾਫ਼ ਦੇ ਚੇਅਰਮੈਨ ਦੇ ਅਹੁਦੇ ਤੋਂ ਅਚਾਨਕ ਬਰਖਾਸਤ ਕਰ ਦਿੱਤਾ ਹੈ। ਟਰੰਪ ਨੇ ਇਤਿਹਾਸ ਰਚਣ ਵਾਲੇ ਲੜਾਕੂ ਪਾਇਲਟ ਤੇ ਸਤਿਕਾਰਤ ਅਧਿਕਾਰੀ ਨੂੰ ਲਾਂਭੇ ਕੀਤਾ ਹੈ ਤੇ ਉਨ੍ਹਾਂ ਦੀ ਇਹ ਕਾਰਵਾਈ ਫੌਜ ਨੂੰ ਉਨ੍ਹਾਂ ਆਗੂਆਂ ਤੋਂ ਛੁਟਕਾਰਾ ਦਿਵਾਉਣ ਦੀ ਮੁਹਿੰਮ ਦਾ ਹਿੱਸਾ ਹੈ, ਜੋ ਫੌਜੀ ਰੈਂਕਾਂ ਵਿੱਚ ਵਿਭਿੰਨਤਾ ਅਤੇ ਸਮਾਨਤਾ ਦੀ ਹਮਾਇਤ ਕਰਦੇ ਹਨ।

ਬ੍ਰਾਊਨ ਜੋ ਚੇਅਰਮੈਨ ਵਜੋਂ ਸੇਵਾ ਨਿਭਾਉਣ ਵਾਲੇ ਸਿਰਫ਼ ਦੂਜੇ ਸਿਆਹਫਾਮ ਜਨਰਲ ਹਨ, ਦੀ ਬਰਖਾਸਤਗੀ ਨਾਲ ਪੈਂਟਾਗਨ ਸਦਮੇ ਵਿਚ ਹੈ। ਉਨ੍ਹਾਂ ਆਪਣੀ ਨੌਕਰੀ ਦੇ 16 ਮਹੀਨੇ ਯੂਕਰੇਨ ਜੰਗ ਅਤੇ ਮੱਧ ਪੂਰਬ ਵਿੱਚ ਵਧੇ ਹੋਏ ਸੰਘਰਸ਼ ਵਿੱਚ ਲਾਏ ਸਨ।ਟਰੰਪ ਨੇ ਇਕ ਸੋਸ਼ਲ ਮੀਡੀਆ ਪੋਸਟ ਵਿਚ ਕਿਹਾ, ''ਮੈਂ ਜਨਰਲ ਚਾਰਲਸ ਸੀਕਿਊ ਬ੍ਰਾਊਨ ਦਾ ਸਾਡੇ ਦੇਸ਼ ਲਈ 40 ਸਾਲਾਂ ਤੋਂ ਵੱਧ ਸਮੇਂ ਦੀ ਸੇਵਾ ਲਈ ਧੰਨਵਾਦ ਕਰਨਾ ਚਾਹੁੰਦਾ ਹਾਂ, ਜਿਸ ਵਿੱਚ ਸਾਡੇ ਮੌਜੂਦਾ ਜੁਆਇੰਟ ਚੀਫ਼ਸ ਆਫ਼ ਸਟਾਫ ਦੇ ਚੇਅਰਮੈਨ ਵਜੋਂ ਕਾਰਜਕਾਲ ਵੀ ਸ਼ਾਮਲ ਹੈ। ਉਹ ਇੱਕ ਵਧੀਆ ਸੱਜਣ ਅਤੇ ਇੱਕ ਸ਼ਾਨਦਾਰ ਨੇਤਾ ਹਨ, ਅਤੇ ਮੈਂ ਉਨ੍ਹਾਂ ਅਤੇ ਉਨ੍ਹਾਂ ਦੇ ਪਰਿਵਾਰ ਲਈ ਇੱਕ ਵਧੀਆ ਭਵਿੱਖ ਦੀ ਕਾਮਨਾ ਕਰਦਾ ਹਾਂ।'' ਟਰੰਪ ਨੇ ਕਿਹਾ ਕਿ ਉਹ ਹਵਾਈ ਸੈਨਾ ਦੇ ਲੈਫਟੀਨੈਂਟ ਜਨਰਲ ਡੈਨ "ਰਾਜ਼ਿਨ" ਕੇਨ (Dan "Razin" Caine) ਨੂੰ ਅਗਲੇ ਚੇਅਰਮੈਨ ਵਜੋਂ ਨਾਮਜ਼ਦ ਕਰ ਰਹੇ ਹਨ। ਕੇਨ ਐਫ-16 ਪਾਇਲਟ ਹੈ ਜਿਸ ਨੇ ਸਰਗਰਮ ਡਿਊਟੀ ਅਤੇ ਨੈਸ਼ਨਲ ਗਾਰਡ ਵਿੱਚ ਸੇਵਾ ਨਿਭਾਈ। ਉਸ ਦੀ ਅਧਿਕਾਰਤ ਫੌਜੀ ਆਤਮਕਥਾ ਮੁਤਾਬਕ ਉਸ ਨੇ ਹਾਲ ਹੀ ਵਿੱਚ ਸੀਆਈਏ ਵਿੱਚ ਫੌਜੀ ਮਾਮਲਿਆਂ ਲਈ ਐਸੋਸੀਏਟ ਡਾਇਰੈਕਟਰ ਵਜੋਂ ਵੀ ਸੇਵਾ ਨਿਭਾਈ ਸੀ।

# ਕਾਸ਼ ਪਟੇਲ ਨੇ ਐੱਫ.ਬੀ.ਆਈ. ਡਾਇਰੈਕਟਰ ਵਜੋਂ ਹਲਫ਼ ਲਿਆ

ਵਾਸ਼ਿੰਗਟਨ: ਕਾਸ਼ ਪਟੇਲ ਨੇ ਅਮਰੀਕਾ ਦੀ ਸੰਘੀ ਜਾਂਚ ਏਜੰਸੀ (FBI) ਦੇ ਡਾਇਰੈਕਟਰ ਵਜੋਂ ਹਲਫ਼ ਲਿਆ ਹੈ। ਇਸ ਮੌਕੇ ਪਟੇਲ ਦੀ ਭੈਣ ਨਿਸ਼ਾ ਪਟੇਲ, ਮਹਿਲਾ ਮਿੱਤਰ ਅਲੈਕਸਿਸ ਵਿਲਕਿਨਸ ਤੇ ਹੋਰ ਸਕੇ ਸਬੰਧੀ ਵੀ ਮੌਜੂਦ ਸਨ। ਕਾਸ਼ ਪਟੇਲ ਨੇ 'ਭਗਵਦ ਗੀਤਾ' 'ਤੇ ਹੱਥ ਰੱਖ ਕੇ ਹਲਫ਼ ਲਿਆ। ਵ੍ਹਾਈਟ ਹਾਊਸ ਵਿਚ ਰੱਖੇ ਸਮਾਗਮ ਦੌਰਾਨ ਅਟਾਰਨੀ ਜਨਰਲ Pam Bondi ਨੇ ਕਾਸ਼ ਪਟੇਲ ਨੂੰ ਸਹੁੰ ਚੁਕਾਈ। ਕਾਸ਼ ਪਟੇਲ ਨੇ ਇਸ ਨੂੰ 'ਵੱਡਾ ਸਨਮਾਨ' ਕਰਾਰ ਦਿੱਤਾ।

ਚੇਤੇ ਰਹੇ ਕਿ ਅਮਰੀਕੀ ਸੈਨੇਟ ਨੇ ਲੰਘੇ ਦਿਨੀਂ ਵੋਟਿੰਗ ਦੌਰਾਨ 51-49 ਦੇ ਬਹੁਤ ਮਾਮੂਲੀ ਫਰਕ ਨਾਲ ਅਗਲੇ ਐੱਫਬੀਆਈ ਡਾਇਰੈਕਟਰ ਵਜੋਂ ਕਾਸ਼ ਪਟੇਲ ਦੇ ਨਾਮ 'ਤੇ ਮੋਹਰ ਲਾ ਦਿੱਤੀ ਸੀ। ਦੱਸ ਦੇਈਏ ਕਿ ਕੁਝ ਡੈਮੋਕਰੈਟ ਸੈਨੇਟਰਾਂ ਨੇ ਪਟੇਲ ਦੀ ਨਾਮਜ਼ਦਗੀ 'ਤੇ ਇਤਰਾਜ਼ ਜਤਾਇਆ ਸੀ ਕਿ ਉਹ ਟਰੰਪ ਦੇ ਹੱਥ ਦੀ ਕੱਠਪੁਤਲੀ ਬਣ ਕੇ ਉਨ੍ਹਾਂ ਦੇ ਵਿਰੋਧੀਆਂ ਨੂੰ ਨਿਸ਼ਾਨਾ ਬਣਾ ਸਕਦੇ ਹਨ।

ਕਾਸ਼ ਪਟੇਲ ਦਾ ਪੂਰਾ ਨਾਮ ਕਸ਼ਯਪ ਪ੍ਰਮੋਦ ਵਿਨੋਦ ਪਟੇਲ (44) ਤੇ ਉਹ ਐੱਫ.ਬੀ.ਆਈ. ਦੇ 9ਵੇਂ ਡਾਇਰੈਕਟਰ ਬਣੇ ਹਨ। ਉਹ ਪਹਿਲੇ ਭਾਰਤੀ ਤੇ ਏਸ਼ਿਆਈ ਮੂਲ ਦੇ ਪਹਿਲੇ ਵਿਅਕਤੀ ਹਨ, ਜੋ ਇਸ ਅਹੁਦੇ 'ਤੇ ਬਿਰਾਜਮਾਨ ਹੋਏ ਹਨ। ਪਟੇਲ ਦੇ ਮਾਤਾ-ਪਿਤਾ ਗੁਜਰਾਤ ਤੋਂ ਹਨ ਪਰ ਨਸਲੀ ਦਮਨ ਤੋਂ ਬਚਣ ਲਈ ਉਹ ਯੁਗਾਂਡਾ ਤੋਂ ਭੱਜ ਕੇ ਪਹਿਲਾ ਕੈਨੇਡਾ ਤੇ



ਉਥੋਂ ਅਮਰੀਕਾ ਆਏ ਸਨ।

ਕਾਸ਼ ਪਟੇਲ ਨਿਊਯਾਰਕ ਵਿੱਚ ਵੱਡਾ ਹੋਇਆ ਤੇ ਕਾਨੂੰਨ ਦੀ ਪੜ੍ਹਾਈ ਕੀਤੀ। ਕਾਸ਼ ਪਟੇਲ ਨੇ ਆਪਣੇ ਕਰੀਅਰ ਵਿਚ ਵੱਡੀ ਪੁਲਾਂਘ ਉਦੋਂ ਪੁੱਟੀ ਜਦੋਂ ਉਹ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦੇ ਪਹਿਲੇ ਕਾਰਜਕਾਲ ਦੌਰਾਨ ਪੈਂਟਾਗਨ ਵਿੱਚ ਚੀਫ਼ ਆਫ਼ ਸਟਾਫ਼ ਅਤੇ ਨੈਸ਼ਨਲ ਇੰਟੈਲੀਜੈਂਸ ਦੇ ਡਿਪਟੀ ਡਾਇਰੈਕਟਰ ਬਣੇ।

ਉਂਝ ਕਾਸ਼ ਪਟੇਲ ਵੱਲੋਂ ਹਲਫ਼ ਲੈਣ ਤੋਂ ਕੁਝ ਮਿੰਟ ਪਹਿਲਾਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਾਸ਼ ਪਟੇਲ ਦੀ ਇਹ ਕਹਿੰਦਿਆਂ ਪ੍ਰਸ਼ੰਸਾ ਕੀਤੀ ਕਿ ''ਪਟੇਲ 'ਸ਼ਾਇਦ ਹੁਣ ਤੱਕ ਦੇ ਸਭ ਤੋਂ ਵਧੀਆ' ਐੱਫ.ਬੀ.ਆਈ. ਡਾਇਰੈਕਟਰ ਵਜੋਂ ਯਾਦ ਕੀਤੇ ਜਾਣਗੇ।'

# ਬਿਜਲੀ ਸੈਕਟਰ ਵਿੱਚ ਕੌਮੀ ਪੱਧਰ 'ਤੇ ਪੰਜਾਬ ਦਾ ਮਾਅਰਕਾ..!



ਚੰਡੀਗੜ੍ਹ : ਬਿਜਲੀ ਖੇਤਰ ਦੀ ਕੌਮੀ ਦਰਜਾਬੰਦੀ ਵਿੱਚ ਪੰਜਾਬ ਨੇ ਮੱਲ ਮਾਰੀ ਹੈ। ਕੌਮੀ ਰੈਂਕਿੰਗ ਵਿੱਚ ਪਹਿਲਾਂ ਪੰਜਾਬ ਪਿੱਛੇ ਸੀ, ਪਰ ਹੁਣ ਇਸ ਵਿੱਚ ਸੁਧਾਰ ਹੋਇਆ ਹੈ। ਪਾਵਰਕੌਮ ਨੇ ਕਈ ਨੁਕਤਿਆਂ ਰਾਹੀਂ ਕਾਰਗੁਜ਼ਾਰੀ ਬਿਹਤਰ ਬਣਾਈ ਹੈ। ਪਾਵਰਕੌਮ ਨੂੰ ਸਾਲ 2023-24 ਦੀ ਕੌਮੀ ਰੈਂਕਿੰਗ ਵਿੱਚ ਸਮੁੱਚੇ ਰੂਪ ਵਿੱਚ ਸੱਤਵਾਂ ਰੈਂਕ (ਕੈਟਾਗਰੀ ਵਾਈਜ਼) ਮਿਲਿਆ ਹੈ। ਜਨਤਕ ਖੇਤਰ ਦੀਆਂ ਕੰਪਨੀਆਂ ਵਾਲੇ ਸੂਬਿਆਂ 'ਚੋਂ ਐਤਕੀਂ ਪੰਜਾਬ, ਦੇਸ਼ ਭਰ 'ਚੋਂ ਤੀਜੇ ਨੰਬਰ 'ਤੇ ਹੈ ਜਦੋਂ ਕਿ ਕੇਰਲਾ ਤੇ ਹਰਿਆਣਾ ਦਾ ਸਥਾਨ ਉੱਪਰ ਹੈ।

ਕੇਂਦਰੀ ਬਿਜਲੀ ਮੰਤਰਾਲੇ ਵੱਲੋਂ 13ਵੀਂ ਏਕੀਕ੍ਰਿਤ ਰੇਟਿੰਗ ਰਿਪੋਰਟ ਜਾਰੀ ਕੀਤੀ ਗਈ ਹੈ ਜਿਸ ਵਿੱਚ ਪੰਜਾਬ ਨੂੰ ਬਿਜਲੀ ਖੇਤਰ ਵਿੱਚ 'ਏ' ਗਰੇਡ ਹਾਸਲ ਹੋਇਆ ਹੈ ਜਦੋਂ ਕਿ ਉਸ ਤੋਂ ਪਹਿਲਾਂ 'ਬੀ' ਗਰੇਡ ਮਿਲਿਆ ਸੀ। ਪਾਵਰਕੌਮ ਨੇ ਆਪਣੀ ਸਥਿਤੀ ਬਿਹਤਰ ਬਣਾਈ ਹੈ। ਪੰਜਾਬ ਨੂੰ ਸਮੁੱਚੇ ਤੌਰ 'ਤੇ 77 ਅੰਕ ਹਾਸਲ ਹੋਏ ਹਨ ਜਦੋਂ ਕਿ ਪਿਛਲੀ ਵਾਰ ਉਸ ਦੇ 61.6 ਅੰਕ ਸਨ। ਹਰਿਆਣਾ ਅਤੇ ਗੁਜਰਾਤ ਦਾ ਗਰੇਡ 'ਏ+' ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਲੰਘੇ ਵਰ੍ਹੇ ਪਾਵਰਕੌਮ ਨੂੰ ਬਿਜਲੀ ਸੁਧਾਰਾਂ ਦਾ ਟੀਚਾ ਦਿੱਤਾ ਸੀ। ਪਾਵਰਕੌਮ ਦੇ ਸੀਐੱਮਡੀ ਬਲਦੇਵ ਸਿੰਘ ਸਰਾਂ ਜੋ ਹੁਣ ਸੇਵਾਮੁਕਤ ਹੋ ਚੁੱਕੇ ਹਨ, ਨੇ ਬਿਜਲੀ ਸੁਧਾਰਾਂ ਲਈ ਵੱਡੇ ਕਦਮ ਉਠਾਏ ਸਨ। ਵੱਖ-ਵੱਖ ਨੁਕਤਿਆਂ ਦੀ ਕਾਰਗੁਜ਼ਾਰੀ ਦੇਖੀਏ ਤਾਂ ਪਾਵਰਕੌਮ ਵੱਲੋਂ ਸਾਲ 2023-24 ਵਿੱਚ ਬਿਜਲੀ ਸਪਲਾਈ ਦੇਣ ਵਿੱਚ ਕਾਰਗੁਜ਼ਾਰੀ ਚੰਗੀ ਰਹੀ ਹੈ ਜਿਸ ਦੇ ਬਦਲੇ ਵਿੱਚ 'ਏ' ਗਰੇਡ ਪਾਵਰਕੌਮ ਨੂੰ ਮਿਲਿਆ ਹੈ। ਕੌਮੀ ਦਰਜਾਬੰਦੀ ਦਾ ਆਧਾਰ ਖ਼ਪਤਕਾਰ ਸੇਵਾਵਾਂ ਨੂੰ ਵੀ ਬਣਾਇਆ ਜਾਂਦਾ ਹੈ।

ਕੇਂਦਰੀ ਬਿਜਲੀ ਮੰਤਰਾਲੇ ਦੀ ਇਸ ਗੱਲੋਂ ਤਸੱਲੀ ਰਹੀ ਹੈ ਕਿ ਪਾਵਰਕੌਮ ਵਿੱਤੀ ਤੌਰ 'ਤੇ ਮਜ਼ਬੂਤ ਰਿਹਾ ਹੈ। ਸਾਲ 2023-24 ਦੌਰਾਨ ਪਾਵਰਕੌਮ ਨੇ ਕਰੀਬ 800 ਕਰੋੜ ਰੁਪਏ ਮੁਨਾਫ਼ਾ ਕਮਾਇਆ ਹੈ ਅਤੇ ਵਿੱਤੀ ਤੇ ਤਕਨੀਕੀ ਘਾਟਿਆਂ ਵਿੱਚ ਕਟੌਤੀ ਕੀਤੀ ਹੈ। ਪੰਜਾਬ ਸਰਕਾਰ ਵੱਲੋਂ ਪਾਵਰਕੌਮ ਨੂੰ ਲੰਘੇ ਸਾਲ ਸਬਸਿਡੀ ਦੀ ਰਾਸ਼ੀ ਵੀ ਸਮੇਂ ਸਿਰ ਦਿੱਤੀ ਜਾਂਦੀ ਰਹੀ ਹੈ। ਖ਼ਪਤਕਾਰਾਂ ਕੋਲੋਂ ਬਿਜਲੀ ਬਿੱਲਾਂ ਦੀ ਵਸੂਲੀ ਵਿੱਚ ਵੀ ਸੁਧਾਰ ਹੋਇਆ ਹੈ।

ਆਪ' ਸਰਕਾਰ ਵੱਲੋਂ ਮੁਫ਼ਤ ਬਿਜਲੀ ਯੂਨਿਟ ਦਿੱਤੇ ਜਾਣ ਮਗਰੋਂ ਸਬਸਿਡੀ ਦਾ ਬਿੱਲ ਵੀ ਕਾਫ਼ੀ ਵਧ ਗਿਆ ਹੈ ਪ੍ਰੰਤੂ ਪਾਵਰਕੌਮ ਨੂੰ ਲੰਘੇ ਸਾਲ ਸਰਕਾਰ ਵੱਲੋਂ ਸਬਸਿਡੀ ਵੇਲੇ ਸਿਰ ਦਿੱਤੀ ਜਾਂਦੀ ਰਹੀ ਹੈ।

**ਸਮਾਰਟ ਮੀਟਰ ਲਾਉਣ ਲਈ ਮਿਲਿਆ 'ਬੀ' ਗਰੇਡ**

ਪੰਜਾਬ ਵਿੱਚ ਸਮਾਰਟ ਮੀਟਰ ਲਾਉਣ ਸਬੰਧੀ ਬਹੁਤ ਅੜਿੱਕੇ ਹਨ ਜਿਸ ਕਰ ਕੇ ਮੀਟਰ ਲਾਉਣ ਆਦਿ ਦੇ ਮਾਮਲੇ ਵਿੱਚ 'ਬੀ' ਗਰੇਡ ਹੀ ਮਿਲਿਆ ਹੈ। ਸਮਾਰਟ ਮੀਟਰ ਲਗਾਉਣ ਵਿੱਚ ਕਾਫ਼ੀ ਮੁਸ਼ਕਿਲਾਂ ਹਨ। ਹਾਲਾਂਕਿ, ਕਾਫ਼ੀ ਅੜਿੱਕੇ ਪਾਵਰਕੌਮ ਨੂੰ ਝੱਲਣੇ ਵੀ ਪਏ ਹਨ। ਪੰਜਾਬ ਸਰਕਾਰ ਦੇ ਵਿਭਾਗਾਂ ਵੱਲ ਬਿਜਲੀ ਬਕਾਏ ਕਰੋੜਾਂ ਵਿੱਚ ਖੜ੍ਹੇ ਹਨ ਅਤੇ ਸਰਕਾਰਾਂ ਨੇ ਸਮੇਂ ਸਿਰ ਟੈਰਿਫ਼ ਵਿੱਚ ਵਾਧਾ ਨਹੀਂ ਕਰਨ ਦਿੱਤਾ। ਇੱਕ ਸੀਨੀਅਰ ਅਧਿਕਾਰੀ ਦਾ ਕਹਿਣਾ ਸੀ ਕਿ ਜੇਕਰ ਇਹ ਅੜਿੱਕੇ ਦੂਰ ਹੋ ਜਾਂਦੇ ਤਾਂ ਪਾਵਰਕੌਮ ਦਾ ਕੌਮੀ ਦਰਜਾਬੰਦੀ ਵਿੱਚ ਪਹਿਲਾ ਰੈਂਕ ਹੋਣਾ ਸੀ।

# ਨਸ਼ੀਲੇ ਪਦਾਰਥ ਅਤਿਵਾਦ ਮਾਮਲਾ: ਸੁਪਰੀਮ ਕੋਰਟ ਵੱਲੋਂ ਜ਼ਮਾਨਤ ਪਟੀਸ਼ਨ ਖਾਰਜ



ਨਵੀਂ ਦਿੱਲੀ: ਸੁਪਰੀਮ ਕੋਰਟ ਨੇ ਅਟਾਰੀ ਵਿੱਚ 2700 ਕਰੋੜ ਰੁਪਏ ਮੁੱਲ ਦੀ 532 ਕਿੱਲੋ ਹੈਰੋਇਨ ਅਤੇ 52 ਕਿੱਲੋ ਮਿਕਸਡ ਨਸ਼ੀਲੇ ਪਦਾਰਥ ਜ਼ਬਤ ਕਰਨ ਨਾਲ ਸਬੰਧਤ ਕਥਿਤ ਨਸ਼ੀਲੇ ਪਦਾਰਥ ਅਤਿਵਾਦ ਮਾਮਲੇ ਵਿੱਚ ਮੁਲਜ਼ਮ ਦੀ ਜ਼ਮਾਨਤ ਪਟੀਸ਼ਨ ਅੱਜ ਖਾਰਜ ਕਰ ਦਿੱਤੀ।

ਜਸਟਿਸ ਐੱਮ.ਐੱਮ. ਸੁੰਦਰੇਸ਼ ਤੇ ਜਸਟਿਸ ਪ੍ਰਸ਼ਾਂਤ ਕੁਮਾਰ ਮਿਸ਼ਰਾ ਦੇ ਬੈਂਚ ਨੇ ਤਾਰਿਕ ਅਹਿਮਦ ਲੋਨ ਵੱਲੋਂ ਪੇਸ਼ ਸੀਨੀਅਰ ਵਕੀਲ ਕੋਲਿਨ ਗੋਂਜ਼ਾਲਵਿਸ ਦੀ ਇਸ ਦਲੀਲ ਨੂੰ ਖਾਰਜ ਕਰ ਦਿੱਤਾ ਕਿ ਉਸ ਨੂੰ ਜ਼ਮਾਨਤ ਦਿੱਤੀ ਜਾਣੀ ਚਾਹੀਦੀ ਹੈ ਕਿਉਂਕਿ ਉਸ ਕੋਲੋਂ ਪਾਬੰਦੀਸ਼ੁਦਾ ਨਸ਼ੀਲਾ ਪਦਾਰਥ ਬਰਾਮਦ ਨਹੀਂ ਹੋਇਆ ਹੈ।

ਬੈਂਚ ਨੇ ਜ਼ਮਾਨਤ ਪਟੀਸ਼ਨ ਖਾਰਜ ਕਰਦੇ ਹੋਏ ਕਿਹਾ, "ਦੋਸ਼ ਬਹੁਤ ਗੰਭੀਰ ਹਨ।" ਮੁਲਜ਼ਮਾਂ 'ਤੇ 2019 ਵਿੱਚ ਅਟਾਰੀ ਸਾਂਝੀ ਚੈੱਕ ਪੋਸਟ ਰਾਹੀਂ ਪਾਕਿਸਤਾਨ ਤੋਂ ਭਾਰਤ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਦੀ ਕੋਸ਼ਿਸ਼ ਕਰਨ ਦੇ ਦੋਸ਼ ਹੇਠ ਕੇਸ ਦਰਜ ਕੀਤਾ ਗਿਆ ਸੀ ਅਤੇ ਦੋਸ਼ ਪੱਤਰ ਦਾਖ਼ਲ ਕੀਤਾ ਗਿਆ ਸੀ। ਜੰਮੂ ਕਸ਼ਮੀਰ ਦੇ ਕੁਪਵਾੜਾ ਦੇ ਵਸਨੀਕ ਲੋਨ ਨੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ 4 ਅਕਤੂਬਰ 2024 ਦੇ ਹੁਕਮਾਂ ਖ਼ਿਲਾਫ਼ ਸੁਪਰੀਮ ਕੋਰਟ ਦਾ ਰੁਖ਼ ਕੀਤਾ, ਜਿਸ ਵਿੱਚ ਉਸ ਨੂੰ ਮਾਮਲੇ ਵਿੱਚ ਜ਼ਮਾਨਤ ਦੇਣ ਤੋਂ ਇਨਕਾਰ ਕਰ ਦਿੱਤਾ ਗਿਆ ਸੀ। ਮੁਹਾਲੀ ਵਿੱਚ ਕੌਮੀ ਜਾਂਚ ਏਜੰਸੀ ਦੀ ਇਕ ਵਿਸ਼ੇਸ਼ ਅਦਾਲਤ ਨੇ 11 ਫਰਵਰੀ 2021 ਨੂੰ ਉਸ ਦੀ ਜ਼ਮਾਨਤ ਪਟੀਸ਼ਨ ਖਾਰਜ ਕਰ ਦਿੱਤੀ ਸੀ। ਬੈਂਚ ਨੇ ਲੋਨ ਨੂੰ ਹਾਲਾਤ ਬਦਲਣ 'ਤੇ ਨਵੇਂ ਸਿਰੇ ਤੋਂ ਜ਼ਮਾਨਤ ਪਟੀਸ਼ਨ ਦਾਇਰ ਕਰਨ ਦੀ ਛੋਟ ਦਿੱਤੀ।

# ED ਨੇ BBC ਇੰਡੀਆ 'ਤੇ 3.44 ਕਰੋੜ ਰੁਪਏ ਤੋਂ ਵਧ ਦਾ ਜੁਰਮਾਨਾ ਲਗਾਇਆ




ਨਵੀਂ ਦਿੱਲੀ: ਈ.ਡੀ. ਨੇ ਸਿੱਧੇ ਵਿਦੇਸ਼ੀ ਨਿਵੇਸ਼ ਨੇਮਾਂ ਦੀ ਕਥਿਤ ਉਲੰਘਣਾ ਦੇ ਮਾਮਲੇ 'ਚ ਬੀ.ਬੀ.ਸੀ. ਵਰਲਡ ਸਰਵਿਸ ਇੰਡੀਆ 'ਤੇ 3.44 ਕਰੋੜ ਰੁਪਏ ਤੋਂ ਵਧ ਦਾ ਜੁਰਮਾਨਾ ਲਗਾਇਆ ਹੈ। ਏਜੰਸੀ ਨੇ ਵਿਦੇਸ਼ੀ ਐਕਸਚੇਂਜ ਪ੍ਰਬੰਧਨ ਐਕਟ (FEMA) ਤਹਿਤ ਬ੍ਰਿਟਿਸ਼ ਬ੍ਰਾਡਕਾਸਟਰ ਖ਼ਿਲਾਫ਼ ਹੁਕਮ ਜਾਰੀ ਕਰਦਿਆਂ ਉਸ ਦੇ ਤਿੰਨ ਡਾਇਰੈਕਟਰਾਂ 'ਚੋਂ ਹਰੇਕ 'ਤੇ 1.14-1.14 ਕਰੋੜ ਰੁਪਏ ਤੋਂ ਵਧ ਦਾ ਜੁਰਮਾਨਾ ਲਗਾਇਆ ਹੈ। ਇਸ ਕਾਨੂੰਨ ਤਹਿਤ ਬੀ.ਬੀ.ਸੀ. ਇੰਡੀਆ, ਉਸ ਦੇ ਤਿੰਨ ਡਾਇਰੈਕਟਰਾਂ ਤੇ ਵਿੱਤ ਮੁਖੀ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਜਾਣ ਮਗਰੋਂ ਕਾਰਵਾਈ ਕੀਤੀ ਗਈ ਹੈ।

# ਮੋਦੀ ਸੋਮਵਾਰ ਨੂੰ ਜਾਰੀ ਕਰਨਗੇ ਪੀਐੱਮ-ਕਿਸਾਨ ਯੋਜਨਾ ਦੀ 19ਵੀਂ ਕਿਸ਼ਤ



ਨਵੀਂ ਦਿੱਲੀ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸੋਮਵਾਰ ਨੂੰ ਪੀਐੱਮ-ਕਿਸਾਨ ਯੋਜਨਾ ਦੀ 19ਵੀਂ ਕਿਸ਼ਤ ਜਾਰੀ ਕਰਨਗੇ। ਇਸ ਤਹਿਤ 9.8 ਕਰੋੜ ਕਿਸਾਨਾਂ ਦੇ ਖਾਤਿਆਂ ਵਿੱਚ ਲਗਪਗ 22,000 ਕਰੋੜ ਰੁਪਏ ਟਰਾਂਸਫਰ ਕੀਤੇ ਜਾਣਗੇ। ਸਰਕਾਰ ਕਿਸਾਨਾਂ ਦੀ ਆਮਦਨ ਵਧਾਉਣ ਵਾਸਤੇ ਇਸ ਯੋਜਨਾ ਤਹਿਤ ਹਰ ਲਾਭਪਾਤਰੀ ਨੂੰ ਚਾਰ ਮਹੀਨਿਆਂ ਵਿੱਚ 2,000 ਰੁਪਏ ਦਿੰਦੀ ਹੈ। ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਇਕ ਪੱਤਰਕਾਰ ਸੰਮੇਲਨ ਦੌਰਾਨ ਕਿਹਾ, "ਪ੍ਰਧਾਨ ਮੰਤਰੀ 24 ਫਰਵਰੀ ਨੂੰ ਬਿਹਾਰ ਦੇ ਭਾਗਲਪੁਰ ਵਿੱਚ ਸਮਾਰੋਹ 'ਚ ਪੀਐੱਮ-ਕਿਸਾਨ ਯੋਜਨਾ ਦੀ 19ਵੀਂ ਕਿਸ਼ਤ ਜਾਰੀ ਕਰਨਗੇ।" 18ਵੀਂ ਕਿਸ਼ਤ ਵਿੱਚ ਲਾਭਪਾਤਰੀਆਂ ਦੀ ਗਿਣਤੀ 9.6 ਕਰੋੜ ਸੀ।

# ਪੰਜਾਬ ਸਰਕਾਰ ਨੇ ਸੱਤ SSPs ਸਣੇ 21 IPS ਅਧਿਕਾਰੀ ਬਦਲੇ



ਪੰਜਾਬ ਸਰਕਾਰ ਨੇ ਅੱਜ ਪੁਲੀਸ ਵਿਭਾਗ 'ਚ ਵੱਡਾ ਪ੍ਰਸ਼ਾਸਕੀ ਫੇਰਬਦਲ ਕਰਦਿਆਂ ਸੱਤ ਐੱਸ.ਐੱਸ.ਪੀ.ਜ਼ ਸਮੇਤ 21 ਆਈ.ਪੀ.ਐੱਸ. ਅਧਿਕਾਰੀਆਂ ਦਾ ਤੁਰੰਤ ਪ੍ਰਭਾਵ ਤੋਂ ਤਬਾਦਲਾ ਕਰ ਦਿੱਤਾ ਹੈ। ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੀ ਆਈ.ਪੀ.ਐੱਸ. ਪਤਨੀ ਡਾ. ਜਯੋਤੀ ਯਾਦਵ ਨੂੰ ਐੱਸ.ਐੱਸ.ਪੀ. ਖੰਨਾ ਲਾਇਆ ਗਿਆ ਹੈ ਜੋ ਇਸ ਵੇਲੇ ਮੁਹਾਲੀ 'ਚ ਐੱਸ.ਪੀ. ਵਜੋਂ ਤਾਇਨਾਤ ਸਨ। ਇਸ ਤੋਂ ਇਲਾਵਾ ਧਨਪ੍ਰੀਤ ਕੌਰ ਨੂੰ ਲੁਧਿਆਣਾ ਰੇਂਜ ਤੋਂ ਬਦਲ ਕੇ ਜਲੰਧਰ ਦੀ ਪੁਲੀਸ ਕਮਿਸ਼ਨਰ ਵਜੋਂ ਤਾਇਨਾਤ ਕੀਤਾ ਗਿਆ ਹੈ। ਕਾਊਂਟਰ ਇੰਟੈਲੀਜੈਂਸ ਦੇ ਡੀ.ਆਈ.ਜੀ. ਜਗਦਲੇ ਨਿਲਾਂਬਰੀ ਨੂੰ ਲੁਧਿਆਣਾ ਦਾ ਡੀ.ਆਈ.ਜੀ. ਲਗਾਇਆ ਗਿਆ ਹੈ।ਵਿਜੀਲੈਂਸ ਬਿਊਰੋ ਦੇ ਮੁੱਖ ਡਾਇਰੈਕਟਰ ਰਹੇ ਵਰਿੰਦਰ ਕੁਮਾਰ ਨੂੰ ਹਾਲੇ ਨਵੀਂ ਨਿਯੁਕਤੀ ਨਹੀਂ ਦਿੱਤੀ ਗਈ ਹੈ। ਜਲੰਧਰ ਦੇ ਪੁਲੀਸ ਕਮਿਸ਼ਨਰ ਸਵਪਨ ਸ਼ਰਮਾ ਨੂੰ ਹੁਣ ਫ਼ਿਰੋਜ਼ਪੁਰ ਰੇਂਜ ਦਾ ਡੀ.ਆਈ.ਜੀ. ਲਾਇਆ ਗਿਆ ਹੈ। ਆਈ.ਪੀ.ਐੱਸ. ਅਧਿਕਾਰੀ ਸੁਧਾਂਸ਼ੂ ਸ੍ਰੀਵਾਸਤਵ ਨੂੰ ਏ.ਡੀ.ਜੀ.ਪੀ. ਸਿਕਿਓਰਿਟੀ ਦੇ ਨਾਲ ਨਾਲ ਏ.ਡੀ.ਜੀ.ਪੀ. ਪ੍ਰੋਵਿਜ਼ਨਿੰਗ ਦਾ ਵਾਧੂ ਚਾਰਜ ਦਿੱਤਾ ਗਿਆ ਹੈ। ਨਵੇਂ ਹੁਕਮਾਂ ਅਨੁਸਾਰ ਮੁਹੰਮਦ ਸਰਫ਼ਰਾਜ਼ ਆਲਮ ਨੂੰ ਐੱਸ.ਐੱਸ.ਪੀ. ਬਰਨਾਲਾ, ਮਨਿੰਦਰ ਸਿੰਘ ਨੂੰ ਐੱਸ.ਐੱਸ.ਪੀ. ਅੰਮ੍ਰਿਤਸਰ ਦਿਹਾਤੀ, ਅਦਿੱਤਿਆ ਨੂੰ ਐੱਸ.ਐੱਸ.ਪੀ. ਗੁਰਦਾਸਪੁਰ, ਸ਼ੁਭਮ ਅਗਰਵਾਲ ਨੂੰ ਐੱਸ.ਐੱਸ.ਪੀ. ਫ਼ਤਿਹਗੜ੍ਹ ਸਾਹਿਬ, ਅੰਕੁਰ ਗੁਪਤਾ ਨੂੰ ਐੱਸ.ਐੱਸ.ਪੀ. ਲੁਧਿਆਣਾ ਦਿਹਾਤੀ, ਸੰਦੀਪ ਕੁਮਾਰ ਨੂੰ ਐੱਸ.ਐੱਸ.ਪੀ. ਹੁਸ਼ਿਆਰਪੁਰ, ਗੁਰਮੀਤ ਚੌਹਾਨ ਨੂੰ ਐੱਸ.ਐੱਸ.ਪੀ. ਫ਼ਿਰੋਜ਼ਪੁਰ ਅਤੇ ਅਖਿਲ ਚੌਧਰੀ ਨੂੰ ਐੱਸ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ ਲਾਇਆ ਗਿਆ ਹੈ। ਹੁਸ਼ਿਆਰਪੁਰ ਦੇ ਐੱਸ.ਐੱਸ.ਪੀ. ਸੁਰੇਂਦਰ ਲਾਂਬਾ ਦਾ ਏ.ਆਈ.ਜੀ. ਪਰਸੋਨਲ-1 'ਚ ਤਬਾਦਲਾ ਕੀਤਾ ਗਿਆ ਹੈ। ਅੰਮ੍ਰਿਤਸਰ ਦਿਹਾਤੀ ਦੇ ਐੱਸ.ਐੱਸ.ਪੀ. ਚਰਨਜੀਤ ਸਿੰਘ ਅਤੇ ਗੁਰਦਾਸਪੁਰ ਦੇ ਐੱਸ.ਐੱਸ.ਪੀ. ਦਯਾਮਾ ਹਰੀਸ਼ ਕੁਮਾਰ ਓਮਪ੍ਰਕਾਸ਼ ਨੂੰ ਏ.ਆਈ.ਜੀ. (ਇੰਟੈਲੀਜੈਂਸ) ਲਗਾਇਆ ਗਿਆ ਹੈ। ਫ਼ਿਰੋਜ਼ਪੁਰ ਦੇ ਐੱਸ.ਐੱਸ.ਪੀ. ਸੌਮਿਆ ਮਿਸ਼ਰਾ ਨੂੰ ਏ.ਆਈ.ਜੀ. ਪਰਸੋਨਲ-11, ਬਣਾਇਆ ਗਿਆ ਹੈ। ਫ਼ਤਿਹਗੜ੍ਹ ਸਾਹਿਬ ਦੇ ਐੱਸ.ਐੱਸ.ਪੀ. ਰਵਜੋਤ ਗਰੇਵਾਲ ਦਾ ਏ.ਆਈ.ਜੀ., ਤਕਨੀਕੀ ਸੇਵਾਵਾਂ ਵਜੋਂ ਤਬਾਦਲ ਕੀਤਾ ਗਿਆ ਹੈ। ਲੁਧਿਆਣਾ ਦਿਹਾਤੀ ਦੇ ਐੱਸ.ਐੱਸ.ਪੀ. ਨਵਨੀਤ ਸਿੰਘ ਬੈਂਸ ਨੂੰ ਏ.ਆਈ.ਜੀ. (ਕ੍ਰਾਈਮ) ਪੰਜਾਬ ਲਾਇਆ ਗਿਆ ਹੈ। ਅਸ਼ਵਨੀ ਗੋਟਯਾਲ ਨੂੰ ਏ.ਆਈ.ਜੀ. (ਐੱਚ.ਆਰ.ਡੀ.) ਬਣਾਇਆ ਗਿਆ ਹੈ। ਫ਼ਿਰੋਜ਼ਪੁਰ ਦੇ ਐੱਸ.ਪੀ. (ਜਾਂਚ) ਰਣਧੀਰ ਸਿੰਘ ਨੂੰ ਰਾਜਪਾਲ ਦਾ ਏ.ਡੀ.ਸੀ. ਲਾਇਆ ਗਿਆ ਹੈ।

# ਰੂਬੀ ਢੱਲਾ ਲਿਬਰਲ ਪਾਰਟੀ ਦੇ ਆਗੂ ਦੀ ਦੌੜ 'ਚੋਂ ਬਾਹਰ



ਵੈਨਕੂਵਰ: ਰੂਬੀ ਢੱਲਾ ਕੈਨੇਡਾ ਦੀ ਸੱਤਾਧਾਰੀ ਲਿਬਰਲ ਪਾਰਟੀ ਦੇ ਨਵੇਂ ਆਗੂ ਦੀ 9 ਮਾਰਚ ਨੂੰ ਹੋਣ ਵਾਲੀ ਚੋਣ ਲਈ ਪਾਰਟੀ ਹਾਈ ਕਮਾਂਡ ਨੇ ਪੰਜਾਬੀ ਮੂਲ ਦੀ ਸਾਬਕਾ ਸੰਸਦ ਮੈਂਬਰ ਰੂਬੀ ਢੱਲਾ ਦੀ ਉਮੀਦਵਾਰੀ ਖਾਰਜ ਕਰ ਦਿੱਤੀ ਹੈ। ਰੂਬੀ ਢੱਲਾ ਉੱਤੇ ਅਣਐਲਾਨੇ ਤੇ ਬੇਹਿਸਾਬੇ ਖਰਚੇ ਕਰਨ, ਸ਼ੱਕੀ ਚੋਣ ਫੰਡ, ਬਾਹਰੀ ਹਮਾਇਤ ਅਤੇ ਪਾਰਟੀ ਵਲੋਂ ਨਿਰਧਾਰਤ ਚੋਣ ਮਰਿਆਦਾਵਾਂ ਭੰਗ ਕਰਨ ਦੇ ਦੋਸ਼ ਲਗਾਏ ਗਏ ਹਨ। ਰੂਬੀ ਢੱਲਾ ਨੂੰ ਦੌੜ 'ਚੋਂ ਬਾਹਰ ਕੀਤੇ ਜਾਣ ਮਗਰੋਂ ਹੁਣ ਪਾਰਟੀ ਆਗੂ ਦੀ ਦੌੜ ਵਿਚ ਚਾਰ ਉਮੀਦਵਾਰ ਮੈਦਾਨ ਵਿਚ ਰਹਿ ਗਏ ਹਨ, ਜਿਨ੍ਹਾਂ ਦੀ ਜਨਤਕ ਬਹਿਸ 24 ਤੇ 25 ਫਰਵਰੀ ਨੂੰ ਮੌਂਟਰੀਅਲ ਵਿੱਚ ਅੰਗਰੇਜ਼ੀ ਅਤੇ ਫਰਾਂਸੀਸੀ ਭਾਸ਼ਾ ਵਿੱਚ ਹੋਵੇਗੀ।

ਕਈ ਸਾਲਾਂ ਤੋਂ ਸਿਆਸਤ 'ਚੋਂ ਲਾਂਭੇ ਹੋ ਕੇ ਆਪਣੇ ਵਪਾਰਕ ਅਦਾਰੇ ਸੰਭਾਲ ਰਹੀ ਰੂਬੀ ਅਚਾਨਕ ਮੁੜ ਸਿਆਸਤ ਵਿੱਚ ਕੁੱਦਣ ਅਤੇ ਪਾਰਟੀ ਦੀ ਸਿਖਰਲੀ ਚੋਣ 'ਚ ਉਮੀਦਵਾਰੀ ਜਤਾਉਣ ਕਰਕੇ ਸ਼ੁਰੂਆਤ ਤੋਂ ਹੀ ਸਵਾਲਾਂ ਵਿੱਚ ਘਿਰ ਗਈ ਸੀ, ਜਿਨ੍ਹਾਂ ਦੀ ਪਾਰਟੀ ਜਾਂਚ ਕਰ ਰਹੀ ਸੀ। ਪਾਰਟੀ ਨੇ ਲੰਘੇ ਸੋਮਵਾਰ ਨੂੰ ਉਸ ਨੂੰ 27 ਸਵਾਲਾਂ ਦੀ ਸੂਚੀ ਭੇਜ ਕੇ ਜਵਾਬ ਮੰਗਿਆ ਸੀ। ਇਹ ਤਾਂ ਪਤਾ ਨਹੀਂ ਲੱਗਾ ਕਿ ਉਸ ਨੇ ਕੋਈ ਜਵਾਬ ਦਿੱਤਾ ਜਾਂ ਨਹੀਂ, ਪਰ ਪਾਰਟੀ ਨੇ ਉਸ ਦੀ ਉਮੀਦਵਾਰੀ ਖਾਰਜ ਕਰਨ ਦਾ ਐਲਾਨ ਕਰ ਦਿੱਤਾ ਹੈ।

ਰੂਬੀ ਢੱਲਾ ਨੇ ਪਾਰਟੀ ਦੇ ਇਸ ਫੈਸਲੇ 'ਤੇ ਆਪਣੀ ਪ੍ਰਤੀਕਿਰਿਆ ਵਿਚ ਐਕਸ 'ਤੇ ਪੋਸਟ ਪਾ ਕੇ ਹੈਰਾਨੀ ਪ੍ਰਗਟਾਈ ਹੈ। ਢੱਲਾ ਨੇ ਕਿਹਾ ਕਿ ਉਸ ਨੂੰ ਇਸ ਬਾਰੇ ਸੂਚਿਤ ਕਰਨ ਦੀ ਥਾਂ ਪਾਰਟੀ ਹਾਈ ਕਮਾਂਡ ਨੇ ਇਹ ਗੱਲ ਮੀਡੀਆ ਨੂੰ ਲੀਕ ਕਿਵੇਂ ਕਰ ਦਿੱਤੀ ? ਉਸ ਨੇ ਕਿਹਾ ਕਿ ਉਸ 'ਤੇ ਲੱਗੇ ਦੋਸ਼ਾਂ 'ਚੋਂ ਕੋਈ ਵੀ ਸੱਚਾ ਨਹੀਂ ਸੀ, ਜਿਸ ਬਾਰੇ ਉਸ ਨੇ ਪਾਰਟੀ ਨੂੰ ਦੱਸ ਦਿੱਤਾ ਸੀ। ਰੂਬੀ ਨੇ ਕਿਹਾ ਕਿ ਉਸ 'ਤੇ ਲੱਗੇ ਸਾਰੇ ਦੋਸ਼ ਬੇਬੁਨਿਆਦ ਹਨ। ਉਸ ਨੇ ਖਦਸ਼ਾ ਜਤਾਇਆ ਕਿ ਵਿਦੇਸ਼ੀ ਮੂਲ ਦੀ ਹੋਣ ਕਰਕੇ ਉਸ ਦੀ ਉਮੀਦਵਾਰੀ ਨਕਾਰੀ ਗਈ ਹੈ। ਰੂਬੀ ਨੇ ਇਸ ਗੱਲ 'ਤੇ ਵਿਸ਼ੇਸ ਜ਼ੋਰ ਦਿੱਤਾ ਕਿ ਪਾਰਟੀ ਨੇ ਬੈਂਕ ਆਫ ਕੈਨੇਡਾ ਦੇ ਸਾਬਕਾ ਗਵਰਨਰ ਮਾਰਕ ਕਾਰਨੀ ਨੂੰ ਲੀਡਰ ਬਣਾਉਣ ਲਈ ਉਸ ਨੂੰ ਮੁਕਾਬਲੇ 'ਚੋਂ ਬਾਹਰ ਕੀਤਾ ਹੈ। ਰੂਬੀਨੇ ਕਿਹਾ ਕਿ ਉਦੀ ਸੋਚ ਪ੍ਰਗਤੀਵਾਦੀ ਹੈ, ਪਰ ਪਾਰਟੀ ਨਹੀਂ ਚਾਹੁੰਦੀ ਕਿ ਅਜਿਹੀ ਸੋਚ ਵਾਲਾ ਕੋਈ ਵਿਅਕਤੀ ਪਾਰਟੀ ਲੀਡਰ ਬਣ ਕੇ ਦੇਸ਼ ਵਿੱਚ ਪ੍ਰਗਤੀਵਾਦੀ ਲਹਿਰ ਖੜੀ ਕਰੇ। ਉਸ ਨੇ ਕਿਹਾ ਕਿ 24 ਫਰਵਰੀ ਨੂੰ ਮੌਂਟਰੀਅਲ ਵਿੱਚ ਉਮੀਦਵਾਰਾਂ ਦੀ ਹੋਣ ਵਾਲੀ ਬਹਿਸ ਵਿੱਚ ਉਸ ਵਲੋਂ ਅਜਿਹੇ ਵਿਚਾਰ ਪ੍ਰਗਟਾਏ ਜਾਣ ਦੇ ਖਦਸ਼ਿਆਂ ਕਾਰਨ ਪਾਰਟੀ ਵਲੋਂ ਉਸ ਨੂੰ ਚੋਣ 'ਚੋਂ ਲਾਂਭੇ ਕੀਤਾ ਗਿਆ ਹੈ। ਰੂਬੀ ਨੇ ਕਿਹਾ ਕਿ ਉਹ ਪਾਰਟੀ ਆਗੂ ਦੀ ਦੌੜ 'ਚੋਂ ਬਾਹਰ ਕੀਤੇ ਜਾਣ ਦੇ ਬਾਵਜੂਦ ਉਹ ਦੇਸ਼ ਦੀ ਬਿਹਤਰੀ ਤੇ ਚੰਗੇ ਭਵਿੱਖ ਲਈ ਕੰਮ ਕਰਦੀ ਰਹੇਗੀ।

ਉਧਰ ਲਿਬਰਲ ਪਾਰਟੀ ਨੇ ਕਿਹਾ ਕਿ ਲੀਡਰਸ਼ਿਪ ਖਰਚਿਆਂ ਬਾਰੇ 10 ਮੈਂਬਰੀ ਕਮੇਟੀ ਦੀ ਰਿਪੋਰਟ ਸਮੇਤ ਚੋਣ ਪ੍ਰੀਕਿਰਿਆ ਦੇ ਨਿਯਮਾਂ ਦੀ ਪਾਲਣਾ ਨਾ ਕਰਨ ਅਤੇ ਬਾਹਰੀ ਲੋਕਾਂ ਦੀ ਹਮਾਇਤ ਜੁਟਾਉਣ ਸਮੇਤ 10 ਬੇਨੇਮੀਆਂ ਕਰਕੇ ਰੂਬੀ ਢੱਲਾ ਦੀ ਉਮੀਦਵਾਰੀ ਰੱਦ ਕੀਤੀ ਗਈ ਹੈ। ਹੁਣ ਪਾਰਟੀ ਆਗੂ ਦੀ ਦੌੜ ਵਿਚ ਚਾਰ ਉਮੀਦਵਾਰ ਮੈਦਾਨ ਚ ਰਹਿ ਗਏ ਹਨ, ਜਿਨ੍ਹਾਂ ਦੀ ਜਨਤਕ ਬਹਿਸ 24 ਤੇ 25 ਫਰਵਰੀ ਨੂੰ ਮੌਂਟਰੀਅਲ ਵਿੱਚ ਅੰਗਰੇਜ਼ੀ ਅਤੇ ਫਰਾਂਸੀਸੀ ਭਾਸ਼ਾ ਵਿੱਚ ਕਰਵਾਈ ਜਾਣੀ ਹੈ।

# ਝਾਰਖੰਡ ਵਾਸੀਆਂ ਨੇ 19 ਹਜ਼ਾਰ ਤੋਂ ਵੱਧ ਰਕਬੇ 'ਚ ਕੀਤੀ ਗ਼ੈਰ-ਕਾਨੂੰਨੀ ਖੇਤੀ



ਰਾਂਚੀ: ਝਾਰਖੰਡ ਵਿੱਚ ਪਿਛਲੇ ਦੋ ਮਹੀਨਿਆਂ ਵਿੱਚ ਕਰੀਬ 19,000 ਏਕੜ ਜ਼ਮੀਨ 'ਤੇ ਕੀਤੀ ਗਈ ਅਫ਼ੀਮ ਦੀ ਗ਼ੈਰ-ਕਾਨੂੰਨੀ ਖੇਤੀ ਨੂੰ ਨਸ਼ਟ ਕਰ ਦਿੱਤਾ ਗਿਆ ਅਤੇ ਇਸ ਸਬੰਧੀ 190 ਜਣਿਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇੱਕ ਅਧਿਕਾਰੀ ਨੇ ਅੱਜ ਇੱਥੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੂਬੇ ਭਰ ਵਿੱਚ ਅਫ਼ੀਮ ਦੀ ਗ਼ੈਰ-ਕਾਨੂੰਨੀ ਖੇਤੀ ਖ਼ਿਲਾਫ਼ ਜਨਵਰੀ ਤੋਂ ਵੱਡੇ ਪੱਧਰ 'ਤੇ ਮੁਹਿੰਮ ਚਲਾਈ ਜਾ ਰਹੀ ਹੈ।

ਮੁੱਖ ਸਕੱਤਰ ਦੇ ਸਾਹਮਣੇ ਸ਼ੁੱਕਰਵਾਰ ਨੂੰ ਪੇਸ਼ ਕੀਤੇ ਗਏ ਅੰਕੜਿਆਂ ਅਨੁਸਾਰ ਸੂਬੇ ਵਿੱਚ 19,086 ਏਕੜ ਜ਼ਮੀਨ 'ਤੇ ਅਫ਼ੀਮ ਦੀ ਗ਼ੈਰ-ਕਾਨੂੰਨੀ ਖੇਤੀ ਨੂੰ ਨਸ਼ਟ ਕੀਤਾ ਗਿਆ, ਜੋ ਪਿਛਲੇ ਸਾਲ ਦੀ ਤੁਲਨਾ ਵਿੱਚ ਚਾਰ ਗੁਣਾ ਵੱਧ ਹੈ।

ਇੱਕ ਅਧਿਕਾਰਕ ਬਿਆਨ ਵਿੱਚ ਕਿਹਾ ਗਿਆ ਕਿ ਅਫ਼ੀਮ ਦੀ ਗ਼ੈਰ-ਕਾਨੂੰਨੀ ਖੇਤੀ ਸਬੰਧੀ ਹੁਣ ਤੱਕ 283 ਮਾਮਲੇ ਦਰਜ ਕੀਤੇ ਗਏ ਹਨ ਅਤੇ 190 ਜਣਿਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਵਿੱਚ ਕਿਹਾ ਗਿਆ ਕਿ ਚਤਰਾ, ਖੂੰਟੀ, ਲਾਤੇਹਾਰ, ਰਾਂਚੀ, ਪਲਾਮੂ, ਚਾਈਬਾਸਾ, ਸਰਾਏਕੇਲਾ ਅਤੇ ਹਜ਼ਾਰੀਬਾਗ ਜ਼ਿਲ੍ਹਿਆਂ ਵਿੱਚ ਅਫ਼ੀਮ ਦੀ ਖੇਤੀ ਕੀਤੀ ਗਈ।

ਝਾਰਖੰਡ ਦੀ ਮੁੱਖ ਸਕੱਤਰ ਅਲਕਾ ਤਿਵਾੜੀ ਨੇ ਸਬੰਧਿਤ ਅਧਿਕਾਰੀਆਂ ਨੂੰ ਅਫ਼ੀਮ ਦੀ ਖੇਤੀ ਨੂੰ ਪੂਰੀ ਤਰ੍ਹਾਂ ਨਸ਼ਟ ਕਰਨ ਅਤੇ 15 ਮਾਰਚ ਤੱਕ ਮੁਹਿੰਮ ਜਾਰੀ ਰੱਖਣ ਲਈ ਕਿਹਾ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ, "ਅਫ਼ੀਮ ਦੀ ਖੇਤੀ ਖ਼ਿਲਾਫ਼ ਮੁਹਿੰਮ ਦੇ ਸਾਕਾਰਤਮਕ ਨਤੀਜੇ ਸਾਹਮਣੇ ਆ ਰਹੇ ਹਨ ਪਰ ਅਫ਼ੀਮ ਦੀ ਫ਼ਸਲ ਨੂੰ ਸੌ ਫ਼ੀਸਦੀ ਨਸ਼ਟ ਕੀਤਾ ਜਾਣਾ ਯਕੀਨੀ ਬਣਾਇਆ ਜਾਣਾ ਚਾਹੀਦਾ।

# ਪੰਜਾਬ ਸਰਕਾਰ ਵੱਲੋਂ 52 ਦਾਗ਼ੀ ਪੁਲੀਸ ਅਧਿਕਾਰੀ ਬਰਖ਼ਾਸਤ



ਚੰਡੀਗੜ੍ਹ : ਮੁੱਖ ਮੰਤਰੀ ਭਗਵੰਤ ਮਾਨ ਨੇ ਸਿਵਲ ਪ੍ਰਸ਼ਾਸਨ ਤੋਂ ਬਾਅਦ ਹੁਣ ਪੁਲੀਸ ਦੇ ਭ੍ਰਿਸ਼ਟ ਅਫ਼ਸਰਾਂ ਤੇ ਮੁਲਾਜ਼ਮਾਂ ਖ਼ਿਲਾਫ਼ ਵੱਡੀ ਕਾਰਵਾਈ ਕੀਤੀ ਹੈ। ਫੋਰਸ ਵਿਚੋਂ 52 ਪੁਲੀਸ ਅਧਿਕਾਰੀਆਂ ਤੇ ਮੁਲਾਜ਼ਮਾਂ ਨੂੰ ਨੌਕਰੀ ਤੋਂ ਬਰਖ਼ਾਸਤ ਕਰ ਦਿੱਤਾ ਗਿਆ ਹੈ। ਇਨ੍ਹਾਂ ਵਿੱਚ ਇੱਕ ਇੰਸਪੈਕਟਰ, ਪੰਜ ਸਹਾਇਕ ਸਬ-ਇੰਸਪੈਕਟਰ (ਏਐਸ ਆਈ), ਚਾਰ ਹੌਲਦਾਰ (ਐਚਸੀ) ਅਤੇ 42 ਸਿਪਾਹੀ ਸ਼ਾਮਲ ਹਨ। ਡੀ.ਜੀ.ਪੀ. ਗੌਰਵ ਯਾਦਵ ਨੇ ਪ੍ਰੈਸ ਕਾਨਫ਼ਰੰਸ ਦੌਰਾਨ ਇਹ ਵੇਰਵੇ ਸਾਂਝੇ ਕੀਤੇ ਹਨ। ਉਨ੍ਹਾਂ ਦੱਸਿਆ ਕਿ ਸਾਦਿਕ ਦੇ ਐਸ.ਐਚ.ਓ. ਅਤੇ ਫ਼ਰੀਦਕੋਟ ਦੇ ਦੋ ਸਿਪਾਹੀ ਫਿਰੌਤੀ ਮੰਗਣ ਦੇ ਇਲਜ਼ਾਮਾਂ ਤਹਿਤ ਹਾਲ ਹੀ ਵਿੱਚ ਗ੍ਰਿਫ਼ਤਾਰ ਕੀਤੇ ਗਏ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਪੁਲੀਸ ਨੂੰ ਪੂਰੀ ਤਰ੍ਹਾਂ ਪਾਰਦਰਸ਼ੀ ਬਣਾਇਆ ਜਾ ਰਿਹਾ ਹੈ ਅਤੇ ਜੁਆਬਦੇਹੀ ਤੈਅ ਕੀਤੀ ਜਾ ਰਹੀ ਹੈ। ਪੁਲੀਸ 'ਚ ਭ੍ਰਿਸ਼ਟਾਚਾਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਚੇਤੇ ਰਹੇ ਕਿ ਮੁੱਖ ਮੰਤਰੀ ਨੇ ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ਦੇ ਦੂਜੇ ਪੜਾਅ ਤਹਿਤ ਦੋ ਦਿਨ ਪਹਿਲਾਂ ਸ੍ਰੀ ਮੁਕਤਸਰ ਸਾਹਿਬ ਦੇ ਡਿਪਟੀ ਕਮਿਸ਼ਨਰ ਨੂੰ ਮੁਅੱਤਲ ਕੀਤਾ ਸੀ ਅਤੇ ਉਸ ਖ਼ਿਲਾਫ਼ ਵਿਜੀਲੈਂਸ ਜਾਂਚ ਦੇ ਹੁਕਮ ਦਿੱਤੇ ਹਨ। ਡੀਜੀਪੀ ਨੇ ਦੱਸਿਆ ਕਿ 52 ਪੁਲੀਸ ਅਧਿਕਾਰੀਆਂ ਤੇ ਮੁਲਾਜ਼ਮਾਂ ਨੂੰ ਭ੍ਰਿਸ਼ਟਾਚਾਰ, ਦੁਰਵਿਵਹਾਰ ਜਾਂ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦੇ ਮਾਮਲੇ ਵਿੱਚ ਬਰਖ਼ਾਸਤ ਕੀਤਾ ਗਿਆ ਹੈ।

ਵੇਰਵਿਆਂ ਅਨੁਸਾਰ ਜ਼ਿਲ੍ਹਾ ਪਟਿਆਲਾ ਦੇ ਸਭ ਤੋਂ ਵੱਧ ਪੰਜ ਮੁਲਾਜ਼ਮ ਤੇ ਅਧਿਕਾਰੀ ਬਰਖ਼ਾਸਤ ਕੀਤੇ ਗਏ ਹਨ ਜਦੋਂ ਕਿ ਕਪੂਰਥਲਾ ਅਤੇ ਸੀਪੀ ਲੁਧਿਆਣਾ ਦੇ ਚਾਰ-ਚਾਰ ਮੁਲਾਜ਼ਮ ਬਰਖ਼ਾਸਤ ਕੀਤੇ ਗਏ ਹਨ। ਬਰਖ਼ਾਸਤ ਕੀਤੇ ਗਏ ਅਧਿਕਾਰੀਆਂ ਖ਼ਿਲਾਫ਼ ਪਹਿਲਾਂ ਹੀ ਜਾਂਚ ਚੱਲ ਰਹੀ ਹੈ ਤੇ ਪੁਲੀਸ ਮਾਮਲਿਆਂ ਵਿਚ ਲੋੜੀਂਦੇ ਮੁਲਾਜ਼ਮਾਂ ਦੀ ਸ਼ਨਾਖ਼ਤ ਕੀਤੀ ਗਈ ਹੈ। ਇਸ ਮਗਰੋਂ ਉਪਰੋਕਤ ਮੁਲਾਜ਼ਮਾਂ ਨੂੰ ਬਰਖ਼ਾਸਤ ਕੀਤਾ ਗਿਆ ਹੈ।

ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ ਕਿ ਪੰਜਾਬ ਪੁਲੀਸ ਮੋਟਰ ਵਾਹਨ ਚੋਰੀ ਲਈ ਈ-ਐਫ.ਆਈ.ਆਰ. ਸਹੂਲਤ ਸ਼ੁਰੂ ਕਰ ਰਹੀ ਹੈ ਜਿਸ ਨਾਲ ਲੋਕ ਆਨਲਾਈਨ ਪਲੇਟਫ਼ਾਰਮ ਜਾਂ ਸਾਂਝ ਕੇਂਦਰਾਂ ਵਿੱਚ ਜਾ ਕੇ ਐਫਆਈਆਰ ਦਰਜ ਕਰ ਸਕਣਗੇ। ਸੂਬਾ ਪੱਧਰ 'ਤੇ ਇੱਕ ਈ-ਪੁਲੀਸ ਸਟੇਸ਼ਨ ਵੀ ਸਥਾਪਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਹਾਈ ਕੋਰਟ ਨੂੰ ਵੀ ਬੇਨਤੀ ਕਰਾਂਗੇ ਕਿ ਹਰੇਕ ਜ਼ਿਲ੍ਹੇ ਵਿੱਚ ਈ-ਕੋਰਟਾਂ ਨੂੰ ਅਧਿਸੂਚਿਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਾਂਝ ਪ੍ਰਾਜੈਕਟ ਤਹਿਤ ਪੰਜਾਬ ਪੁਲੀਸ 43 ਸੇਵਾਵਾਂ ਨੂੰ ਆਨਲਾਈਨ ਕਰ ਰਹੀ ਹੈ। ਯਾਦਵ ਨੇ ਅੱਗੇ ਦੱਸਿਆ ਕਿ ਪੰਜਾਬ ਪੁਲੀਸ ਨੇ ਇੰਡੀਅਨ ਪੁਲੀਸ ਫਾਊਂਡੇਸ਼ਨ ਦੇ ਸਹਿਯੋਗ ਨਾਲ ਅੰਦਰੂਨੀ ਪੁਲੀਸ ਸੁਧਾਰਾਂ 'ਤੇ ਇੱਕ ਪ੍ਰਾਜੈਕਟ ਸ਼ੁਰੂ ਕੀਤਾ ਹੈ। ਪਹਿਲਾਂ ਐਸ.ਏ.ਐਸ. ਨਗਰ ਅਤੇ ਰੂਪਨਗਰ ਵਿੱਚ ਸ਼ੁਰੂ ਕੀਤੇ ਇਸ ਪ੍ਰਾਜੈਕਟ ਨੂੰ ਹੁਣ ਫ਼ਤਿਹਗੜ੍ਹ ਸਾਹਿਬ ਅਤੇ ਖੰਨਾ ਸਮੇਤ ਦੋ ਹੋਰ ਜ਼ਿਲ੍ਹਿਆਂ ਵਿੱਚ ਸ਼ੁਰੂ ਕੀਤਾ ਜਾ ਰਿਹਾ ਹੈ।

ਉੱਚ ਅਧਿਕਾਰਤ ਸੂਤਰਾਂ ਅਨੁਸਾਰ ਪੰਜਾਬ ਸਰਕਾਰ ਵੱਡੇ ਪੁਲੀਸ ਅਧਿਕਾਰੀਆਂ ਨੂੰ ਭ੍ਰਿਸ਼ਟਾਚਾਰ ਦੇ ਮਾਮਲੇ 'ਚ ਨਿਸ਼ਾਨਾ ਬਣਾ ਕੇ ਪੰਜਾਬ 'ਚ ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ਦਾ ਸਖ਼ਤ ਸੁਨੇਹਾ ਦੇਣਾ ਚਾਹੁੰਦੀ ਸੀ ਪ੍ਰੰਤੂ ਸ਼ੱਕੀ ਉੱਚ ਪੁਲੀਸ ਅਧਿਕਾਰੀ ਇਸ ਤੋਂ ਬਚ ਗਏ ਹਨ। ਸਰਕਾਰ ਨੇ ਭ੍ਰਿਸ਼ਟ ਅਧਿਕਾਰੀਆਂ 'ਚੋਂ 80 ਫ਼ੀਸਦੀ ਸਿਪਾਹੀਆਂ ਨੂੰ ਬਰਖ਼ਾਸਤ ਕਰ ਦਿੱਤਾ ਹੈ ਤੇ ਇਨ੍ਹਾਂ ਵਿੱਚ ਪੁਲੀਸ ਇੰਸਪੈਕਟਰਾਂ ਦੀ ਗਿਣਤੀ ਸਿਰਫ਼ ਇੱਕ ਹੀ ਹੈ। ਪ੍ਰਸ਼ਾਸਕੀ ਹਲਕਿਆਂ 'ਚ ਚਰਚੇ ਹਨ ਕਿ ਪੰਜਾਬ ਪੁਲੀਸ ਵਿਚਲੇ 'ਮਗਰਮੱਛ' ਫ਼ਿਲਹਾਲ ਵਾਲ ਵਾਲ ਬਚ ਗਏ ਹਨ।

### ਕਾਲੀਆਂ ਭੇਡਾਂ ਨੂੰ ਬਖ਼ਸ਼ਾਂਗੇ ਨਹੀਂ : DGP

ਡੀ.ਜੀ.ਪੀ. ਗੌਰਵ ਯਾਦਵ ਨੇ ਕਿਹਾ ਕਿ ਪੰਜਾਬ ਪੁਲੀਸ ਵਿਚ ਕਾਲੀਆਂ ਭੇਡਾਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਭ੍ਰਿਸ਼ਟਾਚਾਰ ਵਿੱਚ ਸ਼ਾਮਲ ਕੋਈ ਵੀ ਅਨਸਰ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਉਨ੍ਹਾਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ। ਦੱਸਣਯੋਗ ਹੈ ਕਿ ਪੰਜਾਬ ਵਿਧਾਨ ਸਭਾ ਸੈਸ਼ਨ ਵਿੱਚ ਪੁਲੀਸ ਵਿਚਲੀਆਂ ਕਾਲੀਆਂ ਭੇਡਾਂ ਦੀ ਚਰਚਾ ਹੋਈ ਸੀ ਅਤੇ ਕੱਲ੍ਹ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਆਉਂਦੇ ਸੈਸ਼ਨ ਵਿਚ 'ਕਾਲੀਆਂ ਭੇਡਾਂ' ਦੀ ਸੂਚੀ ਸਦਨ 'ਚ ਰੱਖਣ ਲਈ ਕਿਹਾ ਹੈ।

# ਪੰਜਾਬ ਵਿੱਚ ਮੌਸਮ ਨੇ ਬਦਲਿਆ ਮਿਜ਼ਾਜ; ਕਿਸਾਨ ਪ੍ਰੇਸ਼ਾਨ

ਚੰਡੀਗੜ੍ਹ : ਪੰਜਾਬ ਵਿੱਚ ਮੌਸਮ ਨੇ ਆਪਣਾ ਮਿਜ਼ਾਜ ਬਦਲ ਲਿਆ ਹੈ। ਇਸੇ ਦੇ ਚਲਦਿਆਂ ਪੰਜਾਬ ਭਰ ਵਿੱਚ ਬੀਤੀ ਰਾਤ ਤੋਂ ਤੇਜ਼ ਹਨੇਰੀ ਚੱਲਣ ਤੋਂ ਬਾਅਦ ਮੀਂਹ ਪਿਆ। ਇਸ ਦੌਰਾਨ ਕਈ ਥਾਵਾਂ 'ਤੇ ਗੜੇਮਾਰੀ ਵੀ ਹੋਈ ਹੈ। ਮੀਂਹ, ਤੇਜ਼ ਹਵਾਵਾਂ ਤੇ ਗੜੇਮਾਰੀ ਕਾਰਨ ਤਾਪਮਾਨ ਵਿੱਚ ਮਾਮੂਲੀ ਗਿਰਾਵਟ ਦਰਜ ਕੀਤੀ ਗਈ ਹੈ। ਉੱਧਰ 40 ਤੋਂ 50 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਚੱਲ ਰਹੀਆਂ ਹਵਾਵਾਂ ਨੇ ਕਿਸਾਨਾਂ ਦੇ ਸਾਹ ਸੂਤ ਦਿੱਤੇ ਹਨ। ਤੇਜ਼ ਹਵਾਵਾਂ ਕਾਰਨ ਕਈ ਥਾਵਾਂ 'ਤੇ ਦਰੱਖ਼ਤ ਡਿੱਗਣ ਦੀਆਂ ਘਟਨਾਵਾਂ ਵੀ ਸਾਹਮਣੇ ਆਈਆਂ ਹਨ।

ਪ੍ਰਾਪਤ ਜਾਣਕਾਰੀ ਅਨੁਸਾਰ ਪਹਿਲਾਂ ਅੱਜ ਤੜਕੇ ਮਾਨਸਾ, ਭਵਾਨੀਗੜ੍ਹ, ਭਦੌੜ ਦੇ ਆਲੇ-ਦੁਆਲੇ ਇਲਾਕਿਆਂ ਵਿੱਚ ਗੜੇਮਾਰੀ ਹੋਈ। ਜਦੋਂ ਕਿ ਅੱਜ ਸ਼ਾਮ ਵੇਲੇ ਜਲੰਧਰ, ਤਰਨ ਤਾਰਨ ਅਤੇ ਹੋਰ ਕਈ ਇਲਾਕਿਆਂ ਵਿੱਚ ਗੜੇਮਾਰੀ ਹੋਈ। ਇਸ ਦੌਰਾਨ ਗੜੇਮਾਰੀ ਕਾਰਨ ਸੜਕਾਂ 'ਤੇ ਬਰਫ਼ ਦੀ ਸਫੈਦ ਚਾਦਰ ਵਿਛ ਗਈ। ਜ਼ਿਕਰਯੋਗ ਹੈ ਕਿ ਪੰਜਾਬ ਦੇ ਜ਼ਿਆਦਾਤਰ ਇਲਾਕਿਆਂ ਵਿੱਚ ਬੀਤੀ ਰਾਤ 10-11 ਵਜੇ ਹੀ ਤੇਜ਼ ਹਨੇਰੀ ਤੋਂ ਬਾਅਦ ਮੀਂਹ ਪੈਣਾ ਸ਼ੁਰੂ ਹੋ ਗਿਆ ਸੀ, ਜੋ ਕਿ ਸਾਰੀ ਰਾਤ ਰੁੱਕ-ਰੁੱਕ ਕੇ ਪੈਂਦਾ ਰਿਹਾ ਹੈ। ਅੱਜ ਦਿਨ ਚੜ੍ਹਦਿਆਂ ਹੀ ਜ਼ਿਆਦਾਤਰ ਥਾਵਾਂ ਤੋਂ ਮੀਂਹ ਹਟ ਗਿਆ ਪਰ ਤੇਜ਼ ਹਵਾਵਾਂ ਦਾ ਕਹਿਰ ਜਾਰੀ ਰਿਹਾ।

ਹਾਲਾਂਕਿ ਪੰਜਾਬ ਭਰ ਵਿੱਚ ਸਾਰਾ ਦਿਨ 40 ਤੋਂ 50 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਹਵਾਵਾਂ ਚੱਲਦੀਆਂ ਰਹੀਆਂ। ਉੱਧਰ ਬਾਅਦ ਦੁਪਹਿਰ ਮੁੜ ਤੋਂ ਮੌਸਮ ਨੇ ਆਪਣਾ ਮਿਜ਼ਾਜ ਬਦਲ ਲਿਆ ਅਤੇ ਸ਼ਾਮ ਹੁੰਦਿਆਂ ਹੀ ਫੇਰ ਮੀਂਹ ਪੈਣਾ ਸ਼ੁਰੂ ਹੋ ਗਿਆ। ਤੇਜ਼ ਹਵਾਵਾਂ ਤੇ ਗੜੇਮਾਰੀ



ਕਾਰਨ ਪੱਕਣ ਕਿਨਾਰੇ ਖੜ੍ਹੀ ਕਣਕ ਦੀ ਫ਼ਸਲ ਦਾ ਵੀ ਨੁਕਸਾਨ ਹੋਣ ਦਾ ਖਦਸ਼ਾ ਜਤਾਇਆ ਜਾ ਰਿਹਾ ਹੈ।

ਮੌਸਮ ਵਿਭਾਗ ਤੋਂ ਮਿਲੀ ਜਾਣਕਾਰੀ ਅਨੁਸਾਰ ਚੰਡੀਗੜ੍ਹ ਵਿੱਚ 2.5 ਐਮਐਮ, ਅੰਮ੍ਰਿਤਸਰ ਵਿੱਚ 36 ਐਮਐਮ, ਲੁਧਿਆਣਾ ਵਿੱਚ 6 ਐਮਐਮ, ਪਟਿਆਲਾ ਵਿੱਚ 9.2 ਐਮਐਮ, ਫਰੀਦਕੋਟ ਵਿੱਚ 11 ਐਮਐਮ, ਹੁਸ਼ਿਆਰਪੁਰ ਵਿੱਚ 15.5 ਐਮਐਮ, ਪਠਾਨਕੋਟ ਵਿੱਚ 4.2 ਐਮਐਮ, ਬਠਿੰਡਾ ਵਿੱਚ 4.4 ਐਮਐਮ, ਗੁਰਦਾਸਪੁਰ ਵਿੱਚ 5 ਐਮਐਮ, ਨਵਾਂ ਸ਼ਹਿਰ ਵਿੱਚ 5.3 ਐਮਐਮ, ਫਤਹਿਗੜ੍ਹ ਸਾਹਿਬ ਵਿੱਚ 4 ਐਮਐਮ, ਫਿਰੋਜ਼ਪੁਰ ਵਿੱਚ 5 ਐਮਐਮ, ਮੋਗਾ ਵਿੱਚ 8 ਐਮਐਮ, ਰੋਪੜ ਵਿੱਚ 2.5 ਐਮਐਮ ਮੀਂਹ ਪਿਆ ਹੈ। ਮੌਸਮ ਵਿਗਿਆਨੀਆਂ ਨੇ ਆਉਣ ਵਾਲੇ ਦੋ-ਤਿੰਨ ਦਿਨ ਮੌਸਮ ਸਾਫ਼ ਰਹਿਣ ਦੀ ਪੇਸ਼ੀਨਗੋਈ ਕੀਤੀ ਹੈ।

# ਏਅਰਲਾਈਨ ਵਲੋਂ ਯਾਤਰੀਆਂ ਨੂੰ 26 ਲੱਖ ਰੁਪਏ ਦੇ ਮੁਆਵਜ਼ੇ ਦਾ ਐਲਾਨ

ਵੈਨਕੂਵਰ : ਸੋਮਵਾਰ ਨੂੰ ਟੋਰਾਂਟੋ ਦੇ ਪੀਅਰਸਨ ਕੌਮਾਂਤਰੀ ਹਵਾਈ ਅੱਡੇ 'ਤੇ ਲੈਂਡ ਕਰਦਿਆਂ ਹਵਾਈ ਪਟੜੀ ਤੋਂ ਤਿਲਕਣ ਕਰਕੇ ਪਲਟੇ ਡੈਲਟਾ ਏਅਰਲਾਈਨ ਜਹਾਜ਼ ਦੇ ਜ਼ਖ਼ਮੀ ਯਾਤਰੀਆਂ ਨੂੰ ਹਸਪਤਾਲਾਂ ਤੋਂ ਛੁੱਟੀ ਮਿਲ ਗਈ ਹੈ। ਏਅਰਲਾਈਨ ਨੇ ਜਹਾਜ਼ ਦੇ ਹਰੇਕ ਯਾਤਰੀ ਨੂੰ 30 ਹਜ਼ਾਰ ਅਮਰੀਕਨ ਡਾਲਰ (ਸਵਾ 26 ਲੱਖ ਰੁਪਏ) ਦਾ ਮੁਆਵਜ਼ਾ ਦੇਣ ਦਾ ਐਲਾਨ ਕੀਤਾ ਹੈ।

ਮਿਨੀਐਪਲਸ ਤੋਂ ਆਏ ਜਹਾਜ਼ ਵਿੱਚ 76 ਯਾਤਰੀ ਸਵਾਰ ਸਨ, ਜਿਨ੍ਹਾਂ 'ਚੋਂ 3 ਨੂੰ ਗੰਭੀਰ ਸੱਟਾਂ ਲੱਗੀਆਂ ਹਨ। ਉਂਝ ਇਸ ਹਾਦਸੇ ਵਿਚ ਕੁੱਲ 17 ਜਣੇ ਜ਼ਖ਼ਮੀ ਹੋਏ ਸਨ।

ਏਅਰਲਾਈਨ ਦੇ ਬੁਲਾਰੇ ਮੋਰਗਨ ਡੁਰੈਂਟ ਨੇ ਕਿਹਾ ਕਿ ਹਰੇਕ ਯਾਤਰੀ ਨੂੰ ਉਕਤ ਰਕਮ ਬਿਨਾਂ ਕਿਸੇ ਸ਼ਰਤ ਦੇ ਦਿੱਤੀ ਜਾਏਗੀ, ਜਿਸ ਦੀ ਅਦਾਇਗੀ ਲਈ ਯਾਤਰੀਆਂ ਤੋਂ ਸਹਿਮਤੀ ਪ੍ਰਾਪਤ ਕੀਤੀ ਜਾ ਰਹੀ ਹੈ।

ਉਨ੍ਹਾਂ ਸਪਸ਼ਟ ਕੀਤਾ ਕਿ ਮੁਆਵਜ਼ਾ ਦੇ ਕੇ ਯਾਤਰੀਆਂ ਤੋਂ ਹੋਰ ਚਾਰਾਜੋਈ ਦੇ ਹੱਕ ਨਹੀਂ ਖੋਹੇ ਜਾ ਰਹੇ। ਬੇਸ਼ੱਕ ਕੈਨੇਡਾ ਤੇ ਅਮਰੀਕਾ ਦੇ ਸੇਫਟੀ ਬੋਰਡ ਹਾਦਸੇ ਦੇ ਕਾਰਨ ਲੱਭਣ ਵਿੱਚ ਜੁਟੇ ਹੋਏ ਹਨ, ਪਰ ਅਜੇ ਕਿਸੇ ਠੋਸ ਨਤੀਜੇ 'ਤੇ ਨਹੀਂ ਪਹੁੰਚਿਆ ਗਿਆ।

ਡੁਰੈਂਟ ਨੇ ਦੱਸਿਆ ਕਿ ਏਅਰਲਾਈਨ ਵਲੋਂ 50 ਤੋਂ ਵੱਧ ਲੋਕਾਂ ਦੀਆਂ ਸੇਵਾਵਾਂ ਲੈ ਕੇ ਜਹਾਜ਼ ਦਾ ਮਲਬਾ ਘਟਨਾ ਸਥਾਨ ਤੋਂ ਹਟਾ ਕੇ ਸਫਾਈ ਕਰਵਾ ਦਿੱਤੀ ਗਈ ਹੈ ਤੇ ਹਵਾਈ




ਆਵਾਜਾਈ ਵਿੱਚ ਪੈਂਦੇ ਅੜਿੱਕੇ ਖਤਮ ਕਰ ਦਿੱਤੇ ਗਏ ਹਨ। ਉਧਰ ਮੌਸਮੀ ਖਰਾਬੀ ਕਰਕੇ ਸੰਨਵਿੰਗ ਸਮੇਤ ਕੁਝ ਹਵਾਈ ਕੰਪਨੀਆਂ ਨੇ ਟੋਰਾਂਟੋ ਹਵਾਈ ਅੱਡੇ ਤੋਂ ਆਪਣੀਆਂ ਉਡਾਣਾਂ ਸੀਮਤ ਕਰ ਦਿੱਤੀਆਂ ਹਨ। ਉਨ੍ਹਾਂ ਨੂੰ ਡਰ ਹੈ ਕਿ ਹਵਾਈ ਪੱਟੜੀਆਂ ਨੇੜਲੇ ਸਥਾਨਾਂ ਤੇ ਬਰਫ ਦੀ ਤਿੰਨ ਫੁੱਟ ਤੋਂ ਉੱਚੀ ਤਹਿ ਕਾਰਣ ਸੰਚਾਲਣ ਸਧਾਰਨ ਗੱਲ ਨਹੀਂ ਰਹੀ, ਪਰ ਗ੍ਰੇਟਰ ਟੋਰਾਂਟੋ ਏਅਰਪੋਰਟ ਅਥਾਰਿਟੀ ਨੇ ਖਤਰੇ ਨੂੰ ਨਕਾਰਿਆ ਹੈ।

ਏਟੀਸੀ ਦੇ ਇੱਕ ਸੂਤਰ ਨੇ ਗੈਰ-ਰਸਮੀ ਗੱਲਬਾਤ ਦੌਰਾਨ ਮੰਨਿਆ ਕਿ ਅਜਿਹੇ ਹਾਲਾਤ ਵਿੱਚ ਪਾਇਲਟਾਂ ਨੂੰ ਉਡਾਣ ਭਰਨ ਜਾਂ ਉਤਾਰਨ ਲਈ ਵਧੇਰੇ ਚੌਕਸੀ ਵਰਤਣ ਦੀ ਲੋੜ ਪੈਂਦੀ ਹੈ ਤੇ ਥੋੜ੍ਹੀ ਜਿਹੀ ਵੀ ਅਣਗਹਿਲੀ ਯਾਤਰੀਆਂ ਦੀ ਜਾਨ ਖ਼ਤਰੇ ਵਿੱਚ ਪਾ ਸਕਦੀ ਹੈ।

# ਜੰਡਿਆਲਾ ਗੁਰੂ 'ਚ ਗੋਲੀਆਂ ਚੱਲੀਆਂ, ਨਾਬਾਲਗ ਲੜਕਾ ਜ਼ਖ਼ਮੀ

ਜੰਡਿਆਲਾ ਗੁਰੂ : ਇਥੇ ਗਊਸ਼ਾਲਾ ਰੋਡ 'ਤੇ ਸ਼ਮਸ਼ਾਨਘਾਟ ਦੇ ਬਾਹਰ ਕੁਝ ਹਮਲਾਵਰਾਂ ਨੇ ਲੜਕੇ 'ਤੇ ਅੰਨ੍ਹੇਵਾਹ ਗੋਲੀਆਂ ਚਲਾ ਕੇ ਉਸ ਨੂੰ ਜ਼ਖ਼ਮੀ ਕਰ ਦਿੱਤਾ। ਬੀਤੀ ਦੇਰ ਰਾਤ ਵੀ ਮੁਹੱਲਾ ਸ਼ੇਖੂਪੁਰਾ ਵਿੱਚ ਕੁਝ ਹਮਲਾਵਰਾਂ ਨੇ ਇੱਕ ਵਿਅਕਤੀ 'ਤੇ ਗੋਲੀਆਂ ਚਲਾਈਆਂ ਸਨ। ਅੱਜ ਦੀ ਘਟਨਾ ਬਾਰੇ ਜਾਣਕਾਰੀ ਦਿੰਦਿਆਂ ਜ਼ਖ਼ਮੀ ਦੀ ਮਾਤਾ ਨੇ ਦੱਸਿਆ ਉਸ ਦਾ ਲੜਕਾ ਅਕਾਸ਼ਦੀਪ (17) ਬਾਜ਼ਾਰ ਤੋਂ ਘਰ ਪਰਤ ਰਿਹਾ ਸੀ ਤਾਂ ਘਰ ਨਜ਼ਦੀਕ ਹੀ ਦੋ ਮੋਟਰਸਾਈਕਲਾਂ 'ਤੇ ਸਵਾਰ ਪੰਜ ਹਮਲਾਵਰਾਂ ਨੇ ਉਸ ਉੱਪਰ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ। ਹਮਲੇ ਦੌਰਾਨ ਇੱਕ ਗੋਲੀ ਉਸ ਦੇ ਪੈਰ ਵਿੱਚ ਵੱਜੀ, ਜਿਸ ਕਾਰਨ ਉਹ ਗੰਭੀਰ ਜ਼ਖ਼ਮੀ ਹੋ ਗਿਆ। ਮੌਕੇ 'ਤੇ ਮੌਜੂਦ ਲੋਕਾਂ ਨੇ ਵੀ ਇੱਟਾਂ ਰੋੜਿਆਂ ਨਾਲ ਹਮਲਾਵਰਾਂ 'ਤੇ ਹੱਲਾ ਬੋਲ ਦਿੱਤਾ ਤੇ ਉਹ ਆਪਣਾ ਮੋਟਰਸਾਈਕਲ ਸੁੱਟ ਕੇ ਭੱਜ ਗਏ। ਜ਼ਖ਼ਮੀ ਅਕਾਸ਼ਦੀਪ ਦੀ ਮਾਤਾ ਨੇ ਦੱਸਿਆ ਕਰੀਬ ਸਾਲ ਪਹਿਲਾਂ ਇਸੇ ਥਾਂ 'ਤੇ



ਅਕਾਸ਼ਦੀਪ ਦੇ ਪਿਤਾ ਦੀ ਵੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਡੀਐੱਸਪੀ ਧਰਮਿੰਦਰ ਕਲਿਆਣ ਨੇ ਕਿਹਾ ਸੀਸੀਟੀਵੀ ਕੈਮਰਿਆਂ ਦੀ ਜਾਂਚ ਕੀਤੀ ਜਾ ਰਹੀ ਹੈ, ਜਲਦੀ ਹੀ ਮੁਲਜ਼ਮਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਬੀਤੀ ਰਾਤ ਹੋਈ ਫਾਇਰਿੰਗ ਬਾਰੇ ਉਨ੍ਹਾਂ ਕਿਹਾ ਕਿ ਕੇਸ ਦਰਜ ਕਰ ਲਿਆ ਗਿਆ ਹੈ, ਦੋ ਧਿਰਾਂ ਦੀ ਆਪਸੀ ਰੰਜਿਸ਼ ਕਾਰਨ ਰਾਤ ਦੀ ਘਟਨਾ ਵਾਪਰੀ ਸੀ।

# ਕਾਰਾਂ ਦੀ ਆਹਮੋ-ਸਾਹਮਣੀ ਟੱਕਰ ਕਾਰਨ ਪਤੀ-ਪਤਨੀ ਦੀ ਮੌਤ, 9 ਜ਼ਖ਼ਮੀ

ਫਗਵਾੜਾ : ਫਗਵਾੜਾ-ਹੁਸ਼ਿਆਰਪੁਰ ਹਾਈਵੇ 'ਤੇ ਵੀਰਵਾਰ ਦੇਰ ਰਾਤ ਢੱਡੇ ਮੋੜ ਨੇੜੇ ਵਾਪਰੇ ਇਕ ਸੜਕ ਹਾਦਸੇ 'ਚ ਬਜ਼ੁਰਗ ਜੋੜੇ ਦੀ ਮੌਤ ਹੋ ਗਈ ਅਤੇ 9 ਲੋਕ ਜ਼ਖ਼ਮੀ ਹੋ ਗਏ। ਥਾਣਾ ਸਦਰ ਦੇ ਐੱਸਐੱਚਓ ਦਿਲਬਾਗ ਸਿੰਘ ਅਨੁਸਾਰ ਮ੍ਰਿਤਕਾਂ ਦੀ ਪਛਾਣ ਮੁਖ਼ਤਿਆਰ ਸਿੰਘ (70) ਅਤੇ ਉਨ੍ਹਾਂ ਦੀ ਪਤਨੀ ਧਰਮ ਕੌਰ ਦੋਵੇਂ ਵਾਸੀ ਫਗਵਾੜਾ ਨੇੜਲੇ ਪਿੰਡ ਜਗਜੀਤਪੁਰ ਵਜੋਂ ਹੋਈ ਹੈ।

ਉਨ੍ਹਾਂ ਦੱਸਿਆ ਕਿ ਇਹ ਹਾਦਸਾ ਉਸ ਸਮੇਂ ਵਾਪਰਿਆ ਜਦੋਂ ਮੁਖ਼ਤਿਆਰ ਸਿੰਘ ਆਪਣੀ ਕਾਰ ਵਿੱਚ ਇੱਕ ਵਿਆਹ ਸਮਾਗਮ ਤੋਂ ਘਰ ਪਰਤ ਰਿਹਾ ਸੀ। ਜਦ ਉਹ ਢੱਡੇ-ਮੋੜ ਨੇੜੇ ਪਹੁੰਚੇ ਤਾਂ ਫਗਵਾੜਾ ਵਾਲੇ ਪਾਸੇ ਤੋਂ ਆ ਰਹੀ ਇੱਕ ਕਾਰ ਨੇ ਉਨ੍ਹਾਂ ਦੀ ਗੱਡੀ ਨੂੰ ਟੱਕਰ ਮਾਰ ਦਿੱਤੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਮੁਖ਼ਤਿਆਰ ਸਿੰਘ ਅਤੇ ਉਸ ਦੀ ਪਤਨੀ ਦੀ ਮੌਕੇ 'ਤੇ ਹੀ ਮੌਤ ਹੋ ਗਈ। ਇਸ ਹਾਦਸੇ 'ਚ 9 ਹੋਰ ਲੋਕ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਸਿਵਲ ਹਸਪਤਾਲ ਪਹੁੰਚਾਇਆ ਗਿਆ। ਜ਼ਖ਼ਮੀਆਂ ਵਿੱਚ ਸੁਖਵਿੰਦਰ ਸਿੰਘ ਅਤੇ ਉਸ ਦੇ ਬੱਚੇ



ਨੈਨਾ ਦੇਵੀ, ਅਵਲੀਨ ਕੌਰ, ਸਮਰਵੀਰ ਅਤੇ ਗੁਰਲਾਜ ਕੌਰ ਤੋਂ ਇਲਾਵਾ ਕਾਰ ਵਿੱਚ ਸਵਾਰ ਮੋਹਨ ਲਾਲ, ਬਿੰਦਰ, ਮਮਤਾ ਅਤੇ ਬਰਖਾ ਸ਼ਾਮਲ ਹਨ। ਸਾਰੇ ਜ਼ਖ਼ਮੀਆਂ ਦੀ ਹਾਲਤ ਸਥਿਰ ਦੱਸੀ ਜਾ ਰਹੀ ਹੈ। ਐੱਸਐੱਚਓ ਦਿਲਬਾਗ ਸਿੰਘ ਨੇ ਦੱਸਿਆ ਕਿ ਮੁੱਢਲੀ ਜਾਂਚ ਵਿੱਚ ਇਹ ਹਾਦਸਾ ਬਰਸਾਤ ਕਾਰਨ ਵਾਪਰਿਆ ਜਾਪਦਾ ਹੈ। ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ।

## ਭਾਰੀ ਬਰਫ਼ਬਾਰੀ ਕਰਕੇ ਲਾਹੌਲ ਸਪਿਤੀ 'ਚ ਸੜਕ ਆਵਾਜਾਈ ਪ੍ਰਭਾਵਿਤ, ਮਨਾਲੀ-ਲੇਹ ਹਾਈਵੇ ਬੰਦ

ਮੰਡੀ : ਭਾਰੀ ਬਰਫ਼ਬਾਰੀ ਨੇ ਲਾਹੌਲ ਘਾਟੀ ਨੂੰ ਹਿਮਾਚਲ ਪ੍ਰਦੇਸ਼ ਦੇ ਬਾਕੀ ਹਿੱਸੇ ਨਾਲੋਂ ਕੱਟ ਦਿੱਤਾ ਹੈ। ਬਰਫ਼ਬਾਰੀ ਕਰਕੇ ਮਨਾਲੀ-ਲੇਹ ਹਾਈਵੇਅ ਬੰਦ ਹੋ ਗਿਆ ਹੈ ਅਤੇ ਆਮ ਲੋਕ ਤੇ ਯਾਤਰੀ ਫਸ ਗਏ ਹਨ। ਅਟਲ ਸੁਰੰਗ ਦੇ ਉੱਤਰੀ ਪੋਰਟਲ ਨੂੰ ਕੇਲੌਂਗ-ਜਿਸਪਾ ਨਾਲ ਜੋੜਨ ਵਾਲੀ ਸੜਕ 'ਤੇ 60 ਸੈਂਟੀਮੀਟਰ ਤੱਕ ਬਰਫ਼ ਜਮ੍ਹਾਂ ਹੋ ਗਈ ਹੈ। ਲਾਹੌਲ-ਸਪਿਤੀ ਪੁਲੀਸ ਨੇ ਇਕ ਐਡਵਾਈਜ਼ਰੀ ਜਾਰੀ ਕਰਦਿਆਂ ਯਾਤਰੀਆਂ ਨੂੰ ਅਗਲੇ ਹੁਕਮਾਂ ਤੱਕ ਮਨਾਲੀ-ਲੇਹ ਰੂਟ ਵੱਲ ਨਾ ਜਾਣ ਤੇ ਘਰਾਂ ਵਿਚ ਰਹਿਣ ਦੀ ਅਪੀਲ ਕੀਤੀ ਹੈ। ਹਾਈਵੇਅ ਬੰਦ ਹੋਣ ਨਾਲ ਆਵਾਜਾਈ 'ਤੇ ਵੱਡਾ ਅਸਰ ਪਿਆ ਹੈ। ਵਾਹਨ ਚਾਲਕਾਂ ਅਤੇ ਸੈਲਾਨੀਆਂ ਨੂੰ ਆਪਣੀ ਯਾਤਰਾ ਅੱਗੇ ਪਾਉਣ ਦੀ ਸਲਾਹ ਦਿੱਤੀ ਗਈ ਹੈ।

ਲਾਹੌਲ-ਸਪਿਤੀ ਦੇ ਡਿਪਟੀ ਕਮਿਸ਼ਨਰ ਰਾਹੁਲ ਕੁਮਾਰ ਨੇ ਮੌਜੂਦਾ ਸਥਿਤੀ ਦੇ ਹਵਾਲੇ ਨਾਲ ਸਥਾਨਕ ਲੋਕਾਂ ਤੇ ਸੈਲਾਨੀਆਂ ਨੂੰ ਭਰੋਸਾ ਦਿਵਾਇਆ ਕਿ ਮੌਸਮ ਵਿੱਚ ਸੁਧਾਰ ਹੁੰਦੇ ਹੀ ਸੜਕ ਸੰਪਰਕ ਬਹਾਲ ਕਰਨ ਦੀਆਂ ਕੋਸ਼ਿਸ਼ਾਂ ਸ਼ੁਰੂ ਕਰ ਦਿੱਤੀਆਂ ਜਾਣਗੀਆਂ। ਉਨ੍ਹਾਂ ਕਿਹਾ, ''ਸਰਹੱਦੀ ਸੜਕ ਸੰਗਠਨ (BRO) ਅਤੇ ਲੋਕ ਨਿਰਮਾਣ ਵਿਭਾਗ (PWD)



ਤਿਆਰ ਹਨ ਅਤੇ ਮੌਸਮ ਠੀਕ ਹੋਣ 'ਤੇ ਲਾਹੌਲ ਅਤੇ ਸਪਿਤੀ ਵਿੱਚ ਮੁੱਖ ਸੜਕਾਂ ਨੂੰ ਸਾਫ਼ ਕਰਨ ਲਈ ਆਪਣੇ ਕਰਮਚਾਰੀਆਂ ਅਤੇ ਮਸ਼ੀਨਰੀ ਨੂੰ ਤਾਇਨਾਤ ਕਰਨਗੇ।''

ਖਰਾਬ ਮੌਸਮ ਅਤੇ ਭਾਰੀ ਬਰਫ਼ਬਾਰੀ ਕਾਰਨ ਪੈਦਾ ਹੋਏ ਮੌਜੂਦਾ ਖ਼ਤਰੇ ਦੇ ਮੱਦੇਨਜ਼ਰ, ਡਿਪਟੀ ਕਮਿਸ਼ਨਰ ਨੇ ਸਥਾਨਕ ਲੋਕਾਂ ਅਤੇ ਸੈਲਾਨੀਆਂ ਦੋਵਾਂ ਲਈ ਇੱਕ ਸਖ਼ਤ ਚੇਤਾਵਨੀ ਵੀ ਜਾਰੀ ਕੀਤੀ। ਉਨ੍ਹਾਂ ਖਾਸ ਕਰਕੇ ਉੱਚੀਆਂ ਪਹਾੜੀਆਂ ਵਾਲੇ ਖੇਤਰਾਂ ਵਿਚ ਬੇਲੋੜੀ ਯਾਤਰਾ ਤੋਂ ਬਚਣ ਦੀ ਸਲਾਹ ਦਿੱਤੀ ਹੈ। ਇਹ ਖੇਤਰ ਬੇਮੌਸਮੀ ਲਈ ਜਾਣਿਆ ਜਾਂਦਾ ਹੈ, ਅਤੇ ਲੰਘੇ ਦਿਨੀਂ ਬਦਲੇ ਮੌਸਮ ਦੇ ਮਿਜ਼ਾਜ ਨੇ ਬਰਫ਼ਬਾਰੀ ਦੇ ਜੋਖਮ ਨੂੰ ਵਧਾ ਦਿੱਤਾ ਹੈ।

# “ਮੈਨੂੰ ਕੱਲ੍ਹ ਹੀ ਪਤਾ ਲੱਗੈ ਕਿ ਅਕਾਲ ਤਖ਼ਤ ਦੇ ਹੁਕਮ ਚਾਰਦੀਵਾਰੀ ਤੱਕ ਸੀਮਤ”

## ਸ੍ਰੀ ਅਕਾਲ ਤਖਤ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ



ਅੰਮ੍ਰਿਤਸਰ: ਸ੍ਰੀ ਅਕਾਲ ਤਖਤ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਆਪਣਾ ਅਸਤੀਫਾ ਵਾਪਸ ਲੈਣ ਅਤੇ ਆਪਣੀਆਂ ਜ਼ਿੰਮੇਵਾਰੀਆਂ ਸਾਂਭਣ ਦੀ ਅਪੀਲ ਕੀਤੀ ਹੈ। ਉਂਝ ਜਥੇਦਾਰ ਨੇ ਸਾਫ਼ ਕਰ ਦਿੱਤਾ ਕਿ ਉਨ੍ਹਾਂ ਨੂੰ ਕੱਲ੍ਹ ਹੀ ਪਤਾ ਲੱਗਾ ਹੈ ਕਿ ਅਕਾਲ ਤਖ਼ਤ ਦੇ ਹੁਕਮ ਸਿਰਫ਼ ਇਸ ਦੀ ਚਾਰਦੀਵਾਰੀ ਤੱਕ ਸੀਮਤ ਹਨ। ਉਨ੍ਹਾਂ ਅੱਜ ਸਵੇਰੇ ਇੱਥੇ ਮੀਡੀਆ ਨਾਲ ਗੱਲਬਾਤ ਕਰਦਿਆਂ ਇਹ ਪ੍ਰਗਟਾਵਾ ਕੀਤਾ ਹੈ। ਇਸ ਦੌਰਾਨ ਦਿੱਲੀ ਸਰਕਾਰ ’ਚ ਮੰਤਰੀ ਤੇ ਸਿੱਖ ਆਗੂ ਮਨਜਿੰਦਰ ਸਿੰਘ ਸਿਰਸਾ ਨੇ ਅੱਜ ਸ੍ਰੀ ਹਰਿਮੰਦਰ ਸਾਹਿਬ ਵਿਚ ਮੱਥਾ ਟੇਕ ਕੇ ਸ਼ੁਕਰਾਨਾ ਕੀਤਾ।

ਪਿਛਲੇ ਕੁਝ ਦਿਨਾਂ ਤੋਂ ਲਗਾਤਾਰ ਵਾਪਰ ਰਹੇ ਘਟਨਾਕ੍ਰਮ ਬਾਰੇ ਆਪਣੀ ਚੁੱਪੀ ਤੋੜਦਿਆਂ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਆਪਣਾ ਅਸਤੀਫਾ ਵਾਪਸ ਲੈਣਾ ਚਾਹੀਦਾ ਹੈ ਅਤੇ ਆਪਣੀ ਜ਼ਿੰਮੇਵਾਰੀ ਸੰਭਾਲਣੀ ਚਾਹੀਦੀ ਹੈ। ਜਥੇਦਾਰ ਨੇ ਕਿਹਾ ਕਿ ਅਕਾਲ ਤਖਤ ਵੱਲੋਂ ਉਨ੍ਹਾਂ ਨੂੰ ਸੱਤ ਮੈਂਬਰੀ ਕਮੇਟੀ ਦੇ ਮੁਖੀ ਵਜੋਂ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ ਉਸ ਦਾ ਵੀ ਕੰਮ ਸ਼ੁਰੂ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਧਾਮੀ ਨੇ ਆਪਣੇ ਅਸਤੀਫੇ ਵਿੱਚ ਜ਼ਿਕਰ ਕੀਤਾ ਹੈ ਕਿ ਉਨ੍ਹਾਂ ਮੇਰੇ ਵੱਲੋਂ ਪਾਈ ਇੱਕ ਪੋਸਟ ਦੇ ਆਧਾਰ ’ਤੇ ਨੈਤਿਕ ਜ਼ਿੰਮੇਵਾਰੀ ਲੈਂਦਿਆ ਅਸਤੀਫਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਹ ਪੋਸਟ ਉਨ੍ਹਾਂ ਆਪਣੇ ਨਿੱਜੀ ਸੋਸ਼ਲ ਮੀਡੀਆ ਪੇਜ ’ਤੇ ਪਾਈ ਸੀ ਅਤੇ ਕਿਸੇ ਨੂੰ ਆਦੇਸ਼ ਨਹੀਂ ਕੀਤਾ ਸੀ ਤੇ ਇਹ ਉਨ੍ਹਾਂ ਦੇ ਆਪਣੇ ਮਨ ਦੇ ਵਲਵਲੇ ਸਨ। ਉਨ੍ਹਾਂ ਕਿਹਾ ਕਿ ਧਾਮੀ ਨੇ ਜਿਵੇਂ ਨੈਤਿਕ ਆਧਾਰ ’ਤੇ ਅਸਤੀਫਾ ਦਿੱਤਾ ਹੈ ਉਸੇ ਤਰ੍ਹਾਂ ਉਹ ਵੀ ਨੈਤਿਕ ਆਧਾਰ ’ਤੇ ਉਨ੍ਹਾਂ ਨੂੰ ਅਪੀਲ ਕਰਦੇ ਹਨ ਕਿ ਉਹ ਆਪਣਾ ਅਸਤੀਫਾ ਵਾਪਸ ਲੈ ਕੇ ਪ੍ਰਧਾਨ ਦੀ ਜ਼ਿੰਮੇਵਾਰੀ ਅਤੇ ਸੱਤ ਮੈਂਬਰੀ ਕਮੇਟੀ ਦੇ ਮੁਖੀ ਦੀ ਜ਼ਿੰਮੇਵਾਰੀ ਸੰਭਾਲਣ।

ਇੱਕ ਸਵਾਲ ਦੇ ਜਵਾਬ ਵਿੱਚ ਜਥੇਦਾਰ ਨੇ ਕਿਹਾ ਕਿ ਹੋ ਸਕਦਾ ਹੈ ਕਿ ਉਹ ਕਿਸੇ ਦਬਾਅ ਹੇਠ ਹੋਣ, ਕਿਉਂਕਿ ਪਿਛਲੇ ਕੁਝ ਸਮੇਂ ਤੋਂ ਲੱਗ ਰਿਹਾ ਸੀ ਕਿ ਉਹ ਦਬਾਅ ਮਹਿਸੂਸ ਕਰ ਰਹੇ ਹਨ। ਉਹ ਇੱਕ ਇਮਾਨਦਾਰ, ਨਿਤਨੇਮੀ, ਗੁਰੂ ਦੀ ਭੈ ਭਾਵਨਾ ਨੂੰ ਮੰਨਣ ਵਾਲੀ ਚੰਗੀ ਸ਼ਖਸੀਅਤ ਹਨ।

ਜਥੇਦਾਰ ਨੇ ਦੱਸਿਆ ਕਿ ਬੀਤੇ ਕੱਲ੍ਹ ਅਤਰਿੰਗ ਕਮੇਟੀ ਦੇ ਮੈਂਬਰ ਮਿਲੇ ਸਨ ਅਤੇ ਸਿੱਖ ਗੁਰਦੁਆਰਾ ਐਕਟ ਦੇ ਮੁਤਾਬਕ ਅਧਿਕਾਰਾਂ ਦੀ ਗੱਲ ਕੀਤੀ ਹੈ। ਉਨ੍ਹਾਂ ਕਿਹਾ ਕਿ ਐਕਟ ਮੁਤਾਬਿਕ ਸ਼੍ਰੋਮਣੀ ਕਮੇਟੀ ਨੂੰ ਕਰਮਚਾਰੀਆਂ, ਗ੍ਰੰਥੀਆਂ ਅਤੇ ਜਥੇਦਾਰਾਂ ਦੀ ਨਿਯੁਕਤੀ ਦੇ ਅਧਿਕਾਰ ਪ੍ਰਾਪਤ ਹਨ। ਪਰ ਕੱਲ੍ਹ ਹੋਈ ਗੱਲਬਾਤ ਨੇ ਉਨ੍ਹਾਂ ਨੂੰ ਅਹਿਸਾਸ ਕਰਵਾਇਆ ਹੈ ਕਿ ਸ੍ਰੀ ਅਕਾਲ ਤਖ਼ਤ ਦੇ ਹੁਕਮ ਸਿਰਫ ਸ੍ਰੀ ਅਕਾਲ ਤਖਤ ਦੀ ਚਾਰਦੀਵਾਰੀ ਤੱਕ ਹੀ ਸੀਮਤ ਹਨ ਜਦੋਂ ਕਿ ਉਹ ਸਮਝਦੇ ਸਨ ਕਿ ਅਕਾਲ ਤਖਤ ਵੱਲੋਂ ਕੀਤੇ ਗਏ ਹੁਕਮ ਸਾਰੀ ਦੁਨੀਆਂ ਵਿੱਚ ਵੱਸਦੇ ਸਿੱਖਾਂ ’ਤੇ ਲਾਗੂ ਹੁੰਦੇ ਹਨ। ਜਥੇਦਾਰ ਦੀ ਇਸ ਗੱਲ ਨੇ ਇਹ ਵੀ ਸਾਬਤ ਕੀਤਾ ਹੈ ਕਿ ਉਹ ਅੰਤਰਿੰਗ ਕਮੇਟੀ ਵੱਲੋਂ ਅਧਿਕਾਰਾਂ ਸਬੰਧੀ ਕੀਤੀ ਗਈ ਚਰਚਾ ਤੋਂ ਨਾਖੁਸ਼ ਹਨ।

ਆਪਣੇ ਅਸਤੀਫ਼ੇ ਸਬੰਧੀ ਚੱਲ ਰਹੀ ਚਰਚਾ ਦੇ ਸੰਦਰਭ ਵਿਚ ਜਥੇਦਾਰ ਰਘਬੀਰ ਸਿੰਘ ਨੇ ਕਿਹਾ ਕਿ ਗੁਰੂ ਨੂੰ ਜੋ ਪ੍ਰਵਾਨ ਹੋਏਗਾ ਉਸੇ ਮੁਤਾਬਕ ਸਭ ਕੁਝ ਹੀ ਹੋਵੇਗਾ। ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਸਬੰਧੀ ਕੀਤੀਆਂ ਜਾ ਰਹੀਆਂ ਟਿੱਪਣੀਆਂ ਬਾਰੇ ਉਨ੍ਹਾਂ ਕਿਹਾ ਕਿ ਦੁਖਦਾਈ ਹੈ। ਉਨ੍ਹਾਂ ਕਿਹਾ ਕਿ ਸਾਰਿਆਂ ਨੂੰ ਸੰਜਮ ਤੋਂ ਕੰਮ ਲੈਣਾ ਚਾਹੀਦਾ ਹੈ ਅਤੇ ਹਰ ਇੱਕ ਨੂੰ ਇੱਕ ਦੂਜੇ ਦੇ ਅਹੁਦੇ ਦਾ ਸਤਿਕਾਰ ਕਰਨਾ ਚਾਹੀਦਾ ਹੈ। ਉਨ੍ਹਾਂ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖਾਂ ਦੀਆਂ ਸਿਰਮੌਰ ਸੰਸਥਾਵਾਂ ਹਨ ਜੋ ਬਜ਼ੁਰਗਾਂ ਦੀਆਂ ਸ਼ਹੀਦੀਆਂ ਤੋਂ ਬਾਅਦ ਪ੍ਰਾਪਤ ਹੋਈਆਂ ਹਨ। ਇਨ੍ਹਾਂ ਸੰਸਥਾਵਾਂ ਦੀ ਚੜ੍ਹਦੀ ਕਲਾ ਲਈ ਹਰ ਸਿੱਖ ਨੂੰ ਕੰਮ ਕਰਨਾ ਚਾਹੀਦਾ ਹੈ। ਇਸ ਦੌਰਾਨ ਨਵੀਂ ਦਿੱਲੀ ਦੇ ਰਾਜੌਰੀ ਗਾਰਡਨ ਤੋਂ ਵਿਧਾਇਕ ਮਨਜਿੰਦਰ ਸਿੰਘ ਸਿਰਸਾ ਸ੍ਰੀ ਹਰਿਮੰਦਰ ਸਾਹਿਬ ਵਿਚ ਨਤਮਸਤਕ ਹੋਣ ਲਈ ਪੁੱਜੇ ਹਨ। ਸਿਰਸਾ ਨੇ ਕਿਹਾ ਕਿ ਉਹ ਦਿੱਲੀ ਸਰਕਾਰ ’ਚ ਕੈਬਨਿਟ ਮੰਤਰੀ ਬਣਨ ਮਗਰੋਂ ਸ਼ੁਕਰਾਨੇ ਵਜੋਂ ਮੱਥਾ ਟੇਕਣ ਲਈ ਦਰਬਾਰ ਸਾਹਿਬ ਆਏ ਹਨ।

# ਸਿੱਖ ਦੰਗੇ: ਸੱਜਣ ਕੁਮਾਰ ਦੀ ਜ਼ਮਾਨਤ ਖ਼ਿਲਾਫ਼ ‘ਸਿਟ’ ਦੀ ਅਪੀਲ ਰੱਦ



ਨਵੀਂ ਦਿੱਲੀ : ਦਿੱਲੀ ਹਾਈ ਕੋਰਟ ਨੇ 1984 ਦੇ ਸਿੱਖ ਵਿਰੋਧੀ ਦੰਗਿਆਂ ਦੇ ਕੇਸ ਵਿੱਚ ਸਾਬਕਾ ਕਾਂਗਰਸੀ ਆਗੂ ਸੱਜਣ ਕੁਮਾਰ ਨੂੰ ਮਿਲੀ ਜ਼ਮਾਨਤ ਖ਼ਿਲਾਫ਼ ਦਾਇਰ ਅਪੀਲ ਨੂੰ ਰੱਦ ਕਰ ਦਿੱਤਾ ਹੈ। ਦਰਅਸਲ, ਇਸ ਤੋਂ ਪਹਿਲਾਂ ਅਦਾਲਤ ਨੂੰ ਇਹ ਦੱਸਿਆ ਗਿਆ ਕਿ ਉਸ ਨੂੰ ਇਸ ਮਾਮਲੇ ’ਚ ਦੋਸ਼ੀ ਕਰਾਰ ਦਿੱਤਾ ਜਾ ਚੁੱਕਾ ਹੈ। ਜਸਟਿਸ ਵਿਕਾਸ ਮਹਾਜਨ ਨੇ ਇਸ ਪਟੀਸ਼ਨ ਨੂੰ ਬੇਅਰਥ ਕਰਾਰ ਦਿੰਦਿਆਂ ਇਸ ਨੂੰ ਰੱਦ ਕਰ ਦਿੱਤਾ।

ਅਦਾਲਤ ਨੇ ਕਿਹਾ,‘ਅਪੀਲਕਰਤਾ (ਐੱਸ.ਆਈ.ਟੀ.) ਵੱਲੋਂ ਕੇਂਦਰ ਸਰਕਾਰ ਦੇ ਵਕੀਲ ਨੇ ਦਲੀਲ ਦਿੱਤੀ ਹੈ ਕਿ ਸੱਜਣ ਕੁਮਾਰ ਨੂੰ ਮਾਮਲੇ ਵਿੱਚ ਦੋਸ਼ੀ ਕਰਾਰ ਦਿੱਤਾ ਜਾ ਚੁੱਕਾ ਹੈ ਤੇ ਰਸਮੀ ਤੌਰ ’ਤੇ ਹਿਰਾਸਤ ’ਚ ਲਿਆ ਗਿਆ ਹੈ। ਇਸ ਲਈ ਇਹ ਅਪੀਲ ਬੇਅਰਥ ਹੈ। ਦੱਸਣਯੋਗ ਹੈ ਕਿ ਦਿੱਲੀ ਦੇ ਸਰਸਵਤੀ ਵਿਹਾਰ ਇਲਾਕੇ ਵਿੱਚ ਹੋਏ ਦੰਗਿਆਂ ’ਚ ਦੋ ਵਿਅਕਤੀਆਂ ਦੇ ਕਤਲ ਨਾਲ ਸਬੰਧਤ ਕੇਸ ਵਿੱਚ ਸਾਬਕਾ ਕਾਂਗਰਸੀ ਆਗੂ ਨੂੰ 12 ਫਰਵਰੀ ਨੂੰ ਹੇਠਲੀ ਅਦਾਲਤ ਵੱਲੋਂ ਦੋਸ਼ੀ ਕਰਾਰ ਦਿੱਤਾ ਗਿਆ ਸੀ।

# ਪੰਜਾਹ ਲੱਖ ਤੋਂ ਵੱਧ ਨੇਪਾਲੀ ਸ਼ਰਧਾਲੂਆਂ ਵੱਲੋਂ ਸੰਗਮ ’ਚ ਇਸ਼ਨਾਨ



ਮਹਾਂਕੁੰਭ ਨਗਰ (ਯੂਪੀ) : ਪ੍ਰਯਾਗਰਾਜ ਵਿੱਚ ਚੱਲ ਰਹੇ ਮਹਾਂਕੁੰਭ ਵਿੱਚ ਤ੍ਰਿਵੇਣੀ ਸੰਗਮ ’ਚ ਹੁਣ ਤੱਕ ਮਾਂ ਜਾਨਕੀ ਦੀ ਜਨਮਭੂਮੀ ਨੇਪਾਲ ਤੋਂ 50 ਲੱਖ ਤੋਂ ਵੱਧ ਸ਼ਰਧਾਲੂ ਇਸ਼ਨਾਨ ਕਰ ਚੁੱਕੇ ਹਨ। ਸਰਕਾਰੀ ਜਾਣਕਾਰੀ ਮੁਤਾਬਕ ਮਹਾਂਕੁੰਭ ਦੌਰਾਨ ਗੁਆਂਢੀ ਮੁਲਕ ਨੇਪਾਲ ’ਚ ਸਥਿਤ ਮਾਂ ਸੀਤਾ ਦੀ ਜਨਮਭੂਮੀ ਤੇ ਭਗਵਾਨ ਰਾਮ ਦੇ ਸਹੁਰਾ ਪਰਿਵਾਰ ਦੇ ਨਿਵਾਸ ਅਸਥਾਨ ਜਨਕਪੁਰ ਤੋਂ ਵੱਡੀ ਗਿਣਤੀ ’ਚ ਸ਼ਰਧਾਲੂ ਪਵਿੱਤਰ ‘ਅਕਸ਼ਤ’ (ਚਾਵਲ) ਅਤੇ ਹੋਰ ਪਵਿੱਤਰ ਵਸਤਾਂ ਬੜੇ ਹਨੂਮਾਨ ਜੀ ਨੂੰ ਭੇਟ ਕਰਨ ਲਈ ਲਿਆ ਰਹੇ ਹਨ। ਇਸੇ ਤਰ੍ਹਾਂ ਉਹ ਆਪਣੇ ਨਾਲ ਸੰਗਮ ਤੋਂ ਗੰਗਾ ਜਲ ਅਤੇ ਮਿੱਟੀ ਲਿਜਾ ਰਹੇ ਹਨ। ਇਨ੍ਹਾਂ ਸ਼ਰਧਾਲੂਆਂ ਦੀ ਬੜੇ ਹਨੂਮਾਨ ਮੰਦਰ ਅਤੇ ਅਕਸ਼ੈ ਵਾਟ ਪ੍ਰਤੀ ਡੂੰਘੀ ਆਸਥਾ ਇਨ੍ਹਾਂ ਦੀਆਂ ਰੀਤਾਂ ਤੇ ਸਤਿਕਾਰ ’ਚ ਸਾਫ਼ ਤੌਰ ’ਤੇ ਦੇਖੀ ਜਾ ਸਕਦੀ ਹੈ। ਇਸ ਤੋਂ ਇਲਾਵਾ ਉਹ ਅਯੁੱਧਿਆ ’ਚ ਸ੍ਰੀ ਰਾਮ ਮੰਦਰ ਤੇ ਕਾਸ਼ੀ ਵਿੱਚ ਬਾਬਾ ਵਿਸ਼ਵਨਾਥ ਦੇ ਦਰਸ਼ਨ ਕਰਨ ਲਈ ਵੀ ਵੱਡੀ ਗਿਣਤੀ ’ਚ ਜਾ ਰਹੇ ਹਨ। ਇਸ ਦੌਰਾਨ ਨੇਪਾਲ ਐਸੋਸੀਏਸ਼ਨ ਆਫ਼ ਟੂਰ ਐਂਡ ਟਰੈਵਲ ਏਜੰਟਸ (ਬਾਂਕੇ ਚੈਪਟਰ) ਦੇ ਪ੍ਰਧਾਨ ਸ੍ਰੀ ਰਾਮ ਸਿਗਦੇਲ ਨੇ ਸੰਗਮ ਦੀ ਮਿੱਟੀ ਤੇ ਗੰਗਾ ਜਲ ਦੀ ਅਹਿਮੀਅਤ ਦਾ ਜ਼ਿਕਰ ਕੀਤਾ।

# ਡਿਜੀਟਲ ਦੁਨੀਆ ’ਚ ਮਨੁੱਖੀ ਨਿੱਜਤਾ ਦੀ ਸੁਰੱਖਿਆ ਜ਼ਰੂਰੀ: ਰਾਮਾਸੁਬਰਾਮਨੀਅਨ



ਵੀਂ ਦਿੱਲੀ : ਕੌਮੀ ਮਨੁੱਖੀ ਅਧਿਕਾਰ ਕਮਿਸ਼ਨ (ਐੱਨਐੱਚਆਰਸੀ) ਦੇ ਪ੍ਰਧਾਨ ਜਸਟਿਸ (ਸੇਵਾਮੁਕਤ) ਵੀ. ਰਾਮਾਸੁਬਰਾਮਨੀਅਨ ਨੇ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਡਿਜੀਟਲ ਦੁਨੀਆ ’ਚ ਮਨੁੱਖੀ ਅਧਿਕਾਰ ਵਜੋਂ ਨਿੱਜਤਾ ਦੀ ਸੁਰੱਖਿਆ ਜ਼ਰੂਰੀ ਹੈ ਅਤੇ ਨਾਲ ਹੀ ਉਨ੍ਹਾਂ ਆਖਿਆ ਕਿ ਮਨੁੱਖੀ ਕਦਰਾਂ-ਕੀਮਤਾਂ ਵਿੱਚ ‘ਕਾਫੀ ਨਿਘਾਰ’ ਆਇਆ ਹੈ, ਜਿਸ ਦੇ ਨਤੀਜੇ ਭੁਗਤਣੇ ਪੈਣਗੇ। ਕਮਿਸ਼ਨ ਵੱਲੋਂ ਅੱਜ ਜਾਰੀ ਬਿਆਨ ਮੁਤਾਬਕ ਐੱਨਐੱਚਆਰਸੀ ਮੁਖੀ ਨੇ ਕਮਿਸ਼ਨ ਦੇ ਕੰਪਲੈਕਸ ਵਿੱਚ ‘ਡਿਜੀਟਲ ਯੁੱਗ ’ਚ ਨਿੱਜਤਾ ਤੇ ਮਨੁੱਖੀ ਅਧਿਕਾਰ ਯਕੀਨੀ ਬਣਾਉਣਾ: ਕਾਰਪੋਰੇਟ ਡਿਜੀਟਲ ਜ਼ਿੰਮੇਵਾਰੀ ’ਤੇ ਧਿਆਨ’’ ਵਿਸ਼ੇ ’ਤੇ ਚਰਚਾ ਦੌਰਾਨ ਇਹ ਟਿੱਪਣੀ ਕੀਤੀ। ਚਰਚਾ ਦੌਰਾਨ ਕਈ ਅਹਿਮ ਸੁਝਾਅ ਸਾਹਮਣੇ ਆਏ, ਜਿਨ੍ਹਾਂ ’ਚ ਖਪਤਕਾਰ ਦੀ ਸਮਝ ਤੇ ਵਿਅਕਤੀਗਤ ਡਾਟਾ ’ਤੇ ਕੰਟਰੋਲ ਵਧਾਉਣਾ, ਖਪਤਕਾਰ ਸਮਝੌਤਾ ਤੇ ਨੀਤੀਗਤ ਢਾਂਚੇ ਨੂੰ ਸਰਲ ਬਣਾਉਣਾ, ਵਿਸ਼ੇਸ਼ ਤੌਰ ’ਤੇ ਖੋਜ ਸੰਸਥਾਵਾਂ ਤੇ ਤੀਜੀ ਧਿਰ ਦੇ ਡਾਟਾ ਪ੍ਰੋਸੈਸਰ ਲਈ ‘ਸਪੱਸ਼ਟ ਜਵਾਬਦੇਹੀ’ ਤੈਅ ਕਰਨਾ ਅਤੇ ਵੱਧ ਪਾਰਦਰਸ਼ਤਾ ਲਈ ਖਪਤਕਾਰ ਰਜ਼ਾਮੰਦੀ ਪ੍ਰਣਾਲੀ ਨੂੰ ਮਜ਼ਬੂਤ ਬਣਾਉਣਾ ਆਦਿ ਸ਼ਾਮਲ ਹੈ। ਬਿਆਨ ਮੁਤਾਬਕ, ‘‘ਪਾਲਣਾ ਨਾ ਕਰਨ ’ਤੇ ਸਪੱਸ਼ਟ ਸਜ਼ਾ ਦਾ ਪ੍ਰਬੰਧ ਕਰਨ, ਡਾਟਾ ਸਾਂਝਾ ਕਰਨ ਸਬੰਧੀ ਫਿਕਰਾਂ ਨੂੰ ਦੂਰ ਕਰਨ ਲਈ ਹੋਰ ਮੁਲਕਾਂ ਨਾਲ ਦੁਵੱਲੇ ਸਮਝੌਤਿਆਂ ਦੀ ਲੋੜ, ਸਖ਼ਤ ਡਾਟਾ ਸਥਾਨੀਕਰਨ ਲਾਜ਼ਮੀ ਸ਼ਰਤਾਂ ਤੋਂ ਪੈਦਾ ਚੁਣੌਤੀਆਂ ਦੇ ਹੱਲ ਅਤੇ ਨਾਬਾਲਗਾਂ ਵਾਸਤੇ ਤਸਦੀਕ ਲਈ ਮਾਤਾ-ਪਿਤਾ ਦੀ ਸਹਿਮਤੀ ਲੈਣ ਲਈ ਸਪੱਸ਼ਟ ਦਿਸ਼ਾ-ਨਿਰਦੇਸ਼ ਤਿਆਰ ਕਰਨ ਦਾ ਵੀ ਸੁਝਾਅ ਦਿੱਤਾ ਗਿਆ। ਬਿਆਨ ’ਚ ਕਿਹਾ ਗਿਆ ਕਿ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਮੁਖੀ ਰਾਮਾਸੁਬਰਾਮਨੀਅਨ ਨੇ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਡਿਜੀਟਲ ਦੁਨੀਆ ’ਚ ਨਿੱਜਤਾ ਨੂੰ ਮਨੁੱਖੀ ਅਧਿਕਾਰ ਵਜੋਂ ਸੁਰੱਖਿਅਤ ਰੱਖਣਾ ਜ਼ਰੂਰੀ ਹੈ।’’ ਉਨ੍ਹਾਂ ਕਿਹਾ ਕਿ ਤਕਨੀਕੀ ਵਿਕਾਸ ਦੇ ਨਾਲ-ਨਾਲ ਮੌਲਿਕ ਅਧਿਕਾਰਾਂ ਤੇ ਨਿੱਜਤਾ ਦੀ ਸੁਰੱਖਿਆ ਦਾ ਵੀ ਧਿਆਨ ਰੱਖਿਆ ਜਾਣਾ ਚਾਹੀਦਾ ਹੈ ਤੇ ਜ਼ਿੰਮੇਵਾਰੀ ਵਿਅਕਤੀਗਤ ਖਪਤਕਾਰ ਤੋਂ ਸ਼ੁਰੂ ਹੋਣੀ ਚਾਹੀਦੀ ਹੈ।

# ਰੇਖਾ ਗੁਪਤਾ ਨੇ ਦਿੱਲੀ ਦੀ ਮੁੱਖ ਮੰਤਰੀ ਵਜੋਂ ਹਲਫ਼ ਲਿਆ

## BJP ਆਗੂਆਂ ਤੇ NDA ਮੁੱਖ ਮੰਤਰੀਆਂ ਨੇ ਸਮਾਗਮ ’ਚ ਸ਼ਮੂਲੀਅਤ ਕੀਤੀ



ਭਾਜਪਾ ਦੀ ਪਹਿਲੀ ਵਾਰ ਵਿਧਾਇਕ ਬਣੀ ਰੇਖਾ ਗੁਪਤਾ ਨੇ ਅੱਜ ਦਿੱਲੀ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ। ਇਸ ਦੇ ਨਾਲ ਹੀ ਭਾਜਪਾ ਦੀ 26 ਸਾਲਾਂ ਤੋਂ ਵੱਧ ਸਮੇਂ ਬਾਅਦ ਕੌਮੀ ਰਾਜਧਾਨੀ ਵਿੱਚ ਸੱਤਾ ’ਚ ਵਾਪਸੀ ਹੋਈ ਹੈ। ਰੇਖਾ ਗੁਪਤਾ ਦੇ ਨਾਲ ਪਰਵੇਸ਼ ਵਰਮਾ, ਆਸ਼ੀਸ਼ ਸੂਦ, ਮਨਜਿੰਦਰ ਸਿੰਘ ਸਿਰਸਾ, ਕਪਿਲ ਮਿਸ਼ਰਾ, ਰਵਿੰਦਰ ਇੰਦਰਰਾਜ ਸਿੰਘ ਅਤੇ ਪੰਕਜ ਸਿੰਘ ਨੂੰ ਵੀ ਉਪ ਰਾਜਪਾਲ ਵੀਕੇ ਸਕਸੈਨਾ ਨੇ ਅਹੁਦੇ ਦੀ ਸਹੁੰ ਚੁਕਾਈ। ਰੇਖਾ ਗੁਪਤਾ ਨੇ ਹਿੰਦੀ ਵਿੱਚ ਅਹੁਦੇ ਦੀ ਸਹੁੰ ਚੁੱਕੀ। ਮਨਜਿੰਦਰ ਸਿਰਸਾ ਤੋਂ ਇਲਾਵਾ ਬਾਕੀ ਮੰਤਰੀਆਂ ਨੇ ਵੀ ਹਿੰਦੀ ਵਿੱਚ ਹਲਫ਼ ਲਿਆ, ਜਦੋਂਕਿ ਮਨਜਿੰਦਰ ਸਿਰਸਾ ਨੇ ਪੰਜਾਬੀ ਵਿੱਚ ਸਹੁੰ ਚੁੱਕੀ। ਇਤਿਹਾਸਕ ਰਾਮਲੀਲਾ ਮੈਦਾਨ ਵਿੱਚ ਹੋਏ ਹਲਫ਼ਦਾਰੀ ਸਮਾਗਮ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਣੇ ਭਾਜਪਾ ਦੇ ਵੱਡੇ ਆਗੂਆਂ ਅਤੇ ਐੱਨਡੀਏ ਦੇ ਮੁੱਖ ਮੰਤਰੀਆਂ ਨੇ ਵੀ ਸ਼ਿਰਕਤ ਕੀਤੀ। ਰੇਖਾ ਗੁਪਤਾ ਦਿੱਲੀ ਦੀ ਚੌਥੀ ਮਹਿਲਾ ਮੁੱਖ ਮੰਤਰੀ ਹੈ। ਸ਼ਾਲੀਮਾਰ ਬਾਗ ਤੋਂ 50 ਸਾਲਾ ਇਹ ਵਿਧਾਇਕਾ, ਐੱਨਡੀਏ ਦੇ ਮੁੱਖ ਮੰਤਰੀਆਂ ਦੀ ਟੀਮ ਵਿੱਚ ਇਕਲੌਤੀ ਮਹਿਲਾ ਵੀ ਹੈ। ਉਂਝ, ਉਹ ਦਿੱਲੀ ਦੀ ਨੌਵੀਂ ਮੁੱਖ ਮੰਤਰੀ ਹੈ ਅਤੇ ਭਾਜਪਾ ਵੱਲੋਂ ਵੀ ਦਿੱਲੀ ਦੀ ਚੌਥੀ ਮੁੱਖ ਮੰਤਰੀ ਬਣੀ ਹੈ। ਸਮਾਗਮ ਵਿੱਚ ਪੁੱਜੀਆਂ ਹੋਰ ਅਹਿਮ ਸ਼ਖ਼ਸੀਅਤਾਂ ਵਿੱਚ ਐੱਨਡੀਏ ਵਿਚਲੀ ਭਾਈਵਾਲ ਪਾਰਟੀਆਂ ਦੇ ਰਾਜ ਵਾਲੇ ਰਾਜਾਂ ਦੇ ਮੁੱਖ ਮੰਤਰੀ ਸ਼ਾਮਲ ਸਨ, ਜਿਵੇਂ ਕਿ ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ, ਆਂਧਰਾ ਪ੍ਰਦੇਸ਼ ਦੇ ਮੁੱਖ ਮੰਤਰੀ ਚੰਦਰਬਾਬੂ ਨਾਇਡੂ, ਗੋਆ ਦੇ ਮੁੱਖ ਮੰਤਰੀ ਪ੍ਰਮੋਦ ਸਾਵੰਤ, ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅਤੇ ਮੇਘਾਲਿਆ ਦੇ ਮੁੱਖ ਮੰਤਰੀ ਕੋਨਰਾਡ ਸੰਗਮਾ। ਉੱਤਰ ਪ੍ਰਦੇਸ਼ ਦੇ ਉਪ ਮੁੱਖ ਮੰਤਰੀ ਕੇਸ਼ਵ ਪ੍ਰਸਾਦ ਮੌਰੀਆ ਤੇ ਬ੍ਰਜੇਸ਼ ਪਾਠਕ ਤੋਂ ਇਲਾਵਾ ਆਂਧਰਾ ਪ੍ਰਦੇਸ਼ ਦੇ ਪਵਨ ਕਲਿਆਣ ਵੀ ਮੌਜੂਦ ਸਨ। ਇਸ ਦੌਰਾਨ ਮੰਤਰੀਆਂ ਨੇ ‘ਭਾਰਤ ਮਾਤਾ ਕੀ ਜੈ’ ਅਤੇ ‘ਜੈ ਸ੍ਰੀਰਾਮ’ ਆਦਿ ਨਾਅਰੇ ਲਾਏ।

# ਬੰਬੀਹਾ ਗਰੁੱਪ ਦਾ ਸ਼ੂਟਰ ਨਜਾਇਜ਼ ਹਥਿਆਰਾਂ ਸਮੇਤ ਕਾਬੂ





ਜਲੰਧਰ। ਸੰਗਠਿਤ ਅਪਰਾਧਾਂ ਵਿਰੁੱਧ ਵੱਡੀ ਕਾਰਵਾਈ ਕਰਦਿਆਂ ਜਲੰਧਰ ਦਿਹਾਤੀ ਪੁਲਿਸ ਨੇ ਬੰਬੀਹਾ ਗਰੋਹ ਦੇ ਇੱਕ ਸ਼ੂਟਰ ਨੂੰ ਗ੍ਰਿਫ਼ਤਾਰ ਕਰਕੇ ਅਤਿ ਆਧੁਨਿਕ ਹਥਿਆਰ ਬਰਾਮਦ ਕੀਤੇ ਹਨ। ਇਹ ਗ੍ਰਿਫ਼ਤਾਰੀ ਥਾਣਾ ਮਕਸੂਦਾ ਅਧੀਨ ਪੈਂਦੇ ਪਿੰਡ ਲਿੱਦੜਾ ਵਿੱਚ ਇੱਕ ਰਣਨੀਤਕ ਕਾਰਵਾਈ ਦੌਰਾਨ ਕੀਤੀ ਗਈ। ਫੜੇ ਗਏ ਵਿਅਕਤੀ ਦੀ ਪਛਾਣ ਅਮਨ ਕੁਮਾਰ ਉਰਫ ਗੋਲਡਨ ਪੁੱਤਰ ਗੁਲਾਬ ਚੰਦ ਮੂਲ ਰੂਪ 'ਚ ਪਿੰਡ ਪਦਰੂਣ, ਥਾਣਾ ਖੁਸ਼ੀਨਗਰ, ਜ਼ਿਲ੍ਹਾ ਗੋਰਖਪੁਰ (ਯੂ.ਪੀ.) ਦਾ ਰਹਿਣ ਵਾਲਾ ਹੈ ਅਤੇ ਮੌਜੂਦਾ ਸਮੇਂ 'ਚ ਮਕਾਨ ਨੰਬਰ 1218, ਗਲੀ ਨੰਬਰ 7, ਨਿਊ ਬੇਅੰਤ ਨਗਰ, ਜਲੰਧਰ ਵਿਖੇ ਰਹਿ ਰਿਹਾ ਹੈ। ਸੀਨੀਅਰ ਪੁਲਿਸ ਕਪਤਾਨ, ਜਲੰਧਰ ਦਿਹਾਤੀ ਹਰਕਮਲਪ੍ਰੀਤ ਸਿੰਘ ਖੱਖ ਨੇ ਦੱਸਿਆ ਕਿ ਖਾਸ ਖੁਫੀਆ ਸੂਚਨਾ ਦੇ ਆਧਾਰ 'ਤੇ 19 ਫਰਵਰੀ 2025 ਨੂੰ ਐਸ.ਪੀ ਇਨਵੈਸਟੀਗੇਸ਼ਨ ਜਸਰੂਪ ਕੌਰ ਅਤੇ ਡੀ.ਐਸ.ਪੀ ਇਨਵੈਸਟੀਗੇਸ਼ਨ ਸਰਵਨਜੀਤ ਸਿੰਘ ਦੀ ਅਗਵਾਈ ਹੇਠ ਇਹ ਅਪਰੇਸ਼ਨ ਚਲਾਇਆ ਗਿਆ ਸੀ। ਸਬ-ਇੰਸਪੈਕਟਰ ਅਮਨਦੀਪ ਵਰਮਾ, ਇੰਚਾਰਜ ਕ੍ਰਾਈਮ ਬ੍ਰਾਂਚ, ਜਲੰਧਰ ਦੇਹਟੀ ਦੀ ਅਗਵਾਈ ਹੇਠਲੀ ਪੁਲਸ ਟੀਮ ਨੇ ਪਿੰਡ ਲਿੱਡਾ ਸਥਿਤ ਓਮਕਾਰ ਕੋਲਡ ਸਟੋਰ ਨੇੜੇ ਇਕ ਵਿਅਕਤੀ ਨੂੰ ਰੋਕਿਆ, ਤਾਂ ਉਸ ਦੇ ਕਬਜ਼ੇ 'ਚੋਂ 30 ਬੋਰ ਦੇ ਦੋ ਪਿਸਤੌਲ ਅਤੇ 10 ਜਿੰਦਾ ਕਾਰਤੂਸ ਬਰਾਮਦ ਹੋਏ। ਉਨ੍ਹਾਂ ਦੱਸਿਆ ਕਿ ਮੁਢਲੀ ਪੁੱਛਗਿੱਛ ਦੌਰਾਨ ਮੁਲਜ਼ਮ ਨੇ ਦਿੱਲੀ ਦੀ ਰੋਹਿਣੀ ਜੇਲ੍ਹ ਵਿੱਚ ਬੰਦ ਬੰਬੀਹਾ ਗਰੋਹ ਦੇ ਸਰਗਨਾ ਸਤਨਾਮ ਸਿੰਘ ਦੇ ਪੁੱਤਰ ਹਰਮੰਦਰ ਸਿੰਘ ਨਾਲ ਆਪਣੇ ਸਬੰਧਾਂ ਦਾ ਖੁਲਾਸਾ ਕੀਤਾ ਹੈ। ਉਸ ਨੇ ਕਿਹਾ ਕਿ ਗ੍ਰਿਫਤਾਰੀ ਨੇ ਸੰਭਾਵੀ ਤੌਰ 'ਤੇ ਗੰਭੀਰ ਅਪਰਾਧ ਨੂੰ ਰੋਕ ਦਿੱਤਾ ਹੈ ਕਿਉਂਕਿ ਹਥਿਆਰਾਂ ਦੀ ਵਰਤੋਂ ਹਰਮੰਦਰ ਸਿੰਘ ਦੀ ਜਲੰਧਰ ਵਿੱਚ ਅਦਾਲਤ ਵਿੱਚ ਪੇਸ਼ੀ ਦੌਰਾਨ ਕੀਤੀ ਗਈ ਸੀ। ਫੜਿਆ ਗਿਆ ਸ਼ੂਟਰ ਪਹਿਲਾਂ ਵੀ ਕਈ ਗੰਭੀਰ ਅਪਰਾਧਾਂ ਵਿੱਚ ਸ਼ਾਮਲ ਰਿਹਾ ਹੈ। ਜੂਨ 2018 ਵਿਚ, ਉਸ 'ਤੇ ਜਲੰਧਰ ਦੇ ਰਾਮਾ ਮੰਡੀ ਥਾਣੇ ਵਿਚ ਇਕ ਨਾਬਾਲਗ ਨਾਲ ਜਿਨਸੀ ਸ਼ੋਸ਼ਣ ਕਰਨ ਦਾ ਮਾਮਲਾ ਦਰਜ ਕੀਤਾ ਗਿਆ ਸੀ। ਉਸਦਾ ਹਿੰਸਕ ਅਪਰਾਧਿਕ ਰਿਕਾਰਡ ਮਈ 2022 ਵਿੱਚ ਸਾਹਮਣੇ ਆਇਆ, ਜਦੋਂ ਉਸਨੇ ਕਤਲ ਦੀ ਕੋਸ਼ਿਸ਼ ਕੀਤੀ ਅਤੇ ਕਬੀਰਪੁਰ, ਕਪੂਰਥਲਾ ਵਿੱਚ ਇੱਕ ਦੰਗੇ ਵਿੱਚ ਹਿੱਸਾ ਲਿਆ, ਜਿੱਥੇ ਉਸਦੇ ਕਬਜ਼ੇ ਵਿੱਚੋਂ ਗੈਰ ਕਾਨੂੰਨੀ ਹਥਿਆਰ ਵੀ ਬਰਾਮਦ ਕੀਤੇ ਗਏ। ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਬੰਬੀਹਾ ਗੈਂਗ ਦਾ ਸਰਗਰਮ ਮੈਂਬਰ ਹੈ, ਜੋ ਸਿੱਧੇ ਤੌਰ 'ਤੇ ਨਾਮਜ਼ਦ ਅੱਤਵਾਦੀ ਅਰਸ਼ ਡੱਲਾ ਦੇ ਨਿਰਦੇਸ਼ਾਂ 'ਤੇ ਕੰਮ ਕਰਦਾ ਸੀ। ਉਨ੍ਹਾਂ ਕਿਹਾ ਕਿ ਇਸ ਸ਼ੂਟਰ ਦੀ ਗ੍ਰਿਫ਼ਤਾਰੀ ਨਾਲ ਇਲਾਕੇ ਦੇ ਬੰਬੀਹਾ ਗੈਂਗ ਨੂੰ ਵੱਡਾ ਝਟਕਾ ਲੱਗਾ ਹੈ। ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਅਗਲੇਰੀ ਜਾਂਚ ਦੌਰਾਨ ਸੰਭਾਵਿਤ ਯੋਜਨਾਬੱਧ ਅਪਰਾਧਿਕ ਗਤੀਵਿਧੀਆਂ ਦਾ ਪਤਾ ਲਗਾਇਆ ਜਾਵੇਗਾ।

ਉਨ੍ਹਾਂ ਕਿਹਾ ਕਿ ਜਲੰਧਰ ਦਿਹਾਤੀ ਪੁਲਿਸ ਵੱਲੋਂ ਜ਼ਿਲ੍ਹੇ ਵਿੱਚ ਅਮਨ-ਕਾਨੂੰਨ ਨੂੰ ਬਰਕਰਾਰ ਰੱਖਣ ਅਤੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਆਪਰੇਸ਼ਨ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਅਪਰਾਧੀ ਸੀ।

# ਅਮਰੀਕਾ ਤੋਂ ਡਿਪੋਰਟ 300 ਵਿਅਕਤੀ ਪਨਾਮਾ ਦੇ ਹੋਟਲ ’ਚ ਨਜ਼ਰਬੰਦ



ਪਨਾਮਾ ਸ਼ਹਿਰ : ਅਮਰੀਕਾ ਤੋਂ ਡਿਪੋਰਟ ਕੀਤੇ ਜਾਣ ਵਾਲੇ ਤਿੰਨ ਸੌ ਦੇ ਕਰੀਬ ਲੋਕਾਂ ਨੂੰ ਪਨਾਮਾ ਦੇ ਇਕ ਹੋਟਲ ਵਿਚ ਨਜ਼ਰਬੰਦ ਕੀਤਾ ਗਿਆ ਹੈ। ਇਹ ਗ਼ੈਰਕਾਨੂੰਨੀ ਪਰਵਾਸੀ ਕੌਮਾਂਤਰੀ ਅਥਾਰਿਟੀਜ਼ ਵੱਲੋਂ ਉਨ੍ਹਾਂ ਨੂੰ ਆਪੋ ਆਪਣੇ ਮੁਲਕ ਵਾਪਸ ਭੇਜਣ ਦੀ ਉਡੀਕ ਕਰ ਰਹੇ ਹਨ। ਇਨ੍ਹਾਂ ਗੈਰਕਾਨੂੰਨੀ ਪਰਵਾਸੀਆਂ ਵਿਚੋਂ ਬਹੁਤੇ ਇਰਾਨ, ਭਾਰਤ, ਨੇਪਾਲ, ਸ੍ਰੀਲੰਕਾ, ਪਾਕਿਸਤਾਨ, ਅਫ਼ਗਾਨਿਸਤਾਨ, ਚੀਨ ਤੇ ਹੋਰਨਾਂ ਏਸ਼ਿਆਈ ਮੁਲਕਾਂ ਨਾਲ ਸਬੰਧਤ ਹਨ। ਅਥਾਰਿਟੀਜ਼ ਦਾ ਕਹਿਣਾ ਹੈ ਕਿ ਇਨ੍ਹਾਂ ਵਿਚੋਂ 40 ਫੀਸਦ ਤੋਂ ਵੱਧ ਪਰਵਾਸੀ ਸਵੈ-ਇੱਛਾ ਨਾਲ ਆਪੋ-ਆਪਣੇ ਮੁਲਕਾਂ ਨੂੰ ਵਾਪਸ ਜਾਣਾ ਚਾਹੁੰਦੇ ਹਨ।
ਅਮਰੀਕਾ ਨੂੰ ਇਨ੍ਹਾਂ ਵਿੱਚੋਂ ਕੁਝ ਨੂੰ ਸਿੱਧੇ ਉਨ੍ਹਾਂ ਦੇ ਮੁਲਕ ਡਿਪੋਰਟ ਕਰਨ ਵਿਚ ਮੁਸ਼ਕਲ ਆ ਰਹੀ ਹੈ, ਲਿਹਾਜ਼ਾ ਪਨਾਮਾ ਨੂੰ ਰਸਤੇ ਵਿਚ ਠਹਿਰ ਵਜੋਂ ਵਰਤਿਆ ਜਾ ਰਿਹਾ ਹੈ।
ਪਨਾਮਾ ਦੇ ਸੁਰੱਖਿਆ ਮੰਤਰੀ ਫਰੈਂਕ ਅਬਰੇਗੋ ਨੇ ਮੰਗਲਵਾਰ ਨੂੰ ਕਿਹਾ ਕਿ ਪਨਾਮਾ ਅਤੇ ਅਮਰੀਕਾ ਦਰਮਿਆਨ ਪਰਵਾਸ ਸਮਝੌਤੇ ਤਹਿਤ ਪਰਵਾਸੀਆਂ ਨੂੰ ਡਾਕਟਰੀ ਸਹਾਇਤਾ ਅਤੇ ਭੋਜਨ ਮਿਲ ਰਿਹਾ ਹੈ। ਉਨ੍ਹਾਂ ਨੇ ਇਨ੍ਹਾਂ ਦੋਸ਼ਾਂ ਤੋਂ ਇਨਕਾਰ ਕੀਤਾ ਕਿ ਵਿਦੇਸ਼ੀ ਨਾਗਰਿਕਾਂ ਨੂੰ ਹੋਟਲ ਵਿਚ ਗੈਰ-ਕਾਨੂੰਨੀ ਹਿਰਾਸਤ ’ਚ ਰੱਖਿਆ ਗਿਆ ਹੈ। ਉਂਝ ਇਹ ਵਿਦੇਸ਼ੀ ਨਾਗਰਿਕ ਆਪਣੇ ਕਮਰਿਆਂ ਵਿਚੋਂ ਬਾਹਰ ਨਹੀਂ ਆ ਸਕਦੇ। ਹੋਟਲ ਦੇ ਬਾਹਰ ਪੁਲੀਸ ਦਾ ਪਹਿਰਾ ਹੈ।
ਪਨਾਮਾ ਸਰਕਾਰ ਹੁਣ ਡਿਪੋਰਟੀਆਂ ਲਈ ਇੱਕ ‘ਪੁਲ’ ਜਾਂ ਟਰਾਂਜ਼ਿਟ ਦੇਸ਼ ਵਜੋਂ ਕੰਮ ਕਰਨ ਲਈ ਸਹਿਮਤ ਹੋ ਗਈ ਹੈ, ਜਦੋਂ ਕਿ ਅਮਰੀਕਾ ਕਾਰਵਾਈ ਦੇ ਸਾਰੇ ਖਰਚੇ ਸਹਿਣ ਕਰੇਗਾ। ਇਸ ਸਮਝੌਤੇ ਦਾ ਐਲਾਨ ਇਸ ਮਹੀਨੇ ਦੇ ਸ਼ੁਰੂ ਵਿੱਚ ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਦੀ ਫੇਰੀ ਮਗਰੋਂ ਕੀਤਾ ਗਿਆ ਸੀ। ਪਨਾਮਾ ਦੇ ਰਾਸ਼ਟਰਪਤੀ ਜੋਸ ਰਾਊਲ ਮੁਲੀਨੋ ਨੇ ਪਿਛਲੇ ਵੀਰਵਾਰ ਨੂੰ ਡਿਪੋਰਟੀਜ਼ ਦੀਆਂ ਪਹਿਲੀਆਂ ਉਡਾਣਾਂ ਦੇ ਆਉਣ ਦਾ ਐਲਾਨ ਕੀਤਾ ਸੀ।

### ਜ਼ਿਆਦਾ ਡਿਪੋਰਟੀ ਪੰਜਾਬ ਦੇ ਹੋਣ ਕਾਰਨ ਅੰਮ੍ਰਿਤਸਰ ’ਚ ਉਤਾਰੀਆਂ ਉਡਾਣਾਂ: ਕੇਂਦਰ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਭਾਰਤੀ ਡਿਪੋਰਟੀਆਂ ਨੂੰ ਲੈ ਕੇ ਆਉਣ ਵਾਲੀਆਂ ਅਮਰੀਕੀ ਉਡਾਣਾਂ ਅੰਮ੍ਰਿਤਸਰ ਉਤਾਰਨ ਸਬੰਧੀ ਜਤਾਏ ਗਏ ਇਤਰਾਜ਼ ’ਤੇ ਕੇਂਦਰ ਨੇ ਕਿਹਾ ਕਿ ਇਨ੍ਹਾਂ ਗੈਰ-ਕਾਨੂੰਨੀ ਪਰਵਾਸੀਆਂ ਦਾ ਸਭ ਤੋਂ ਵੱਡਾ ਹਿੱਸਾ ਇਸੇ ਸੂਬੇ ਦਾ ਹੈ। 5 ਫਰਵਰੀ ਤੋਂ ਭਾਰਤ ਪਹੁੰਚੀਆਂ ਤਿੰਨ ਉਡਾਣਾਂ ਦੇ ਅੰਕੜੇ ਸਾਂਝੇ ਕਰਦਿਆਂ ਸੂਤਰਾਂ ਨੇ ਕਿਹਾ ਕਿ ਅਮਰੀਕੀ ਫ਼ੌਜੀ ਜਹਾਜ਼ਾਂ ਰਾਹੀਂ ਵਾਪਸ ਭੇਜੇ ਗਏ 333 ਪਰਵਾਸੀਆਂ ’ਚੋਂ ਕੁੱਲ 126 ਪੰਜਾਬ ਦੇ ਵਸਨੀਕ ਹਨ। ਇਸ ਤੋਂ ਬਾਅਦ ਗੁਆਂਢੀ ਸੂਬੇ ਹਰਿਆਣਾ ਤੋਂ 110 ਅਤੇ ਗੁਜਰਾਤ ਤੋਂ 74 ਲੋਕ ਹਨ। ਸੂਤਰਾਂ ਨੇ ਦੱਸਿਆ ਕਿ ਮਈ 2020 ਤੋਂ ਹੁਣ ਤੱਕ ਡਿਪੋਰਟ ਕੀਤੇ ਭਾਰਤੀਆਂ ਨੂੰ ਲੈ ਕੇ 23 ਉਡਾਣਾਂ ਦੇਸ਼ ਪਹੁੰਚੀਆਂ ਹਨ ਅਤੇ ਇਹ ਸਾਰੀਆਂ ਅੰਮ੍ਰਿਤਸਰ ਹੀ ਉੱਤਰੀਆਂ ਹਨ।

### ਮੋਦੀ ਨੂੰ ਜਵਾਬੀ ਟੈਕਸਾਂ ਦੇ ਮੁੱਦੇ ’ਤੇ ਟਰੰਪ ਵੱਲੋਂ ਕੋਰਾ ਜਵਾਬ

ਅਮਰੀਕਾ ਦੇ ਰਾਸ਼ਟਰਪਤੀ ਡੋਨਲਡ ਟਰੰਪ ਨੇ ਕਿਹਾ ਹੈ ਕਿ ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਸਪੱਸ਼ਟ ਕਰ ਦਿੱਤਾ ਹੈ ਕਿ ਭਾਰਤ ਨੂੰ ਵਾਸ਼ਿੰਗਟਨ ਦੇ ਜਵਾਬੀ ਟੈਕਸਾਂ ਤੋਂ ਛੋਟ ਨਹੀਂ ਦਿੱਤੀ ਜਾਵੇਗੀ। ਟਰੰਪ ਨੇ ਕਿਹਾ ਕਿ ਟੈਕਸਾਂ ਦੇ ਮੁੱਦੇ ’ਤੇ ਕੋਈ ਵੀ ਉਨ੍ਹਾਂ ਨਾਲ ਬਹਿਸ ਨਹੀਂ ਕਰ ਸਕਦਾ ਹੈ। ਅਮਰੀਕੀ ਰਾਸ਼ਟਰਪਤੀ ਨੇ ‘ਫੌਕਸ ਨਿਊਜ਼’ ਨੂੰ ਦਿੱਤੇ ਇੰਟਰਵਿਊ ਦੌਰਾਨ ਇਹ ਟਿੱਪਣੀਆਂ ਕੀਤੀਆਂ। ਫੌਕਸ ਨਿਊਜ਼ ਨੇ ਰਾਸ਼ਟਰਪਤੀ ਟਰੰਪ ਅਤੇ ਅਰਬਪਤੀ ਐਲਨ ਮਸਕ ਨਾਲ ਕੀਤਾ ਗਿਆ ਸਾਂਝਾ ਇੰਟਰਵਿਊ ਮੰਗਲਵਾਰ ਰਾਤ ਪ੍ਰਸਾਰਿਤ ਕੀਤਾ ਹੈ। ਅਮਰੀਕੀ ਰਾਸ਼ਟਰਪਤੀ ਨੇ 13 ਫਰਵਰੀ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਦੁਵੱਲੀ ਮੀਟਿੰਗ ਤੋਂ ਕੁਝ ਘੰਟੇ ਪਹਿਲਾਂ ਜਵਾਬੀ ਟੈਕਸ ਲਗਾਉਣ ਦਾ ਐਲਾਨ ਕੀਤਾ ਸੀ। ਇੰਟਰਵਿਊ ਦੌਰਾਨ ਟਰੰਪ ਨੇ ਅਮਰੀਕਾ ਅਤੇ ਭਾਰਤ ਸਮੇਤ ਹੋਰ ਭਾਈਵਾਲਾਂ ਵਿਚਕਾਰ ਮੌਜੂਦਾ ਟੈਕਸ ਬਣਤਰਾਂ ’ਤੇ ਆਪਣਾ ਰੁਖ਼ ਦੁਹਰਾਇਆ। ਇੰਟਰਵਿਊ ਦੌਰਾਨ ਟਰੰਪ ਨੇ ਕਿਹਾ, ‘‘ਪ੍ਰਧਾਨ ਮੰਤਰੀ ਮੋਦੀ ਜਦੋਂ ਇਥੇ ਸਨ ਤਾਂ ਮੈਂ ਉਨ੍ਹਾਂ ਨੂੰ ਕਿਹਾ ਸੀ ਕਿ ਅਸੀਂ ਬਰਾਬਰੀ ਦਾ ਜਵਾਬੀ ਟੈਕਸ ਲਗਾਉਣ ਜਾ ਰਹੇ ਹਾਂ। ਤੁਸੀਂ ਜੋ ਵੀ ਟੈਕਸ ਵਸੂਲੋਗੇ, ਅਸੀ ਵੀ ਓਨਾ ਹੀ ਟੈਕਸ ਲਾਵਾਂਗੇ। ਮੈਂ ਹਰ ਮੁਲਕ ਨਾਲ ਇੰਜ ਹੀ ਕਰ ਰਿਹਾ ਹਾਂ।’’ ਅਮਰੀਕਾ ਤੋਂ ਬਰਾਮਦ ’ਤੇ ਭਾਰਤ ਬਹੁਤ ਜ਼ਿਆਦਾ ਟੈਕਸ ਲਗਾਉਂਦਾ ਹੈ ਜਿਵੇਂ ਆਟੋਮੋਬਾਈਲ ਸੈਕਟਰ ’ਚ ਭਾਰਤ 100 ਫ਼ੀਸਦ ਟੈਕਸ ਲਗਾਉਂਦਾ ਹੈ। ਇੰਟਰਵਿਊ ਦੌਰਾਨ ਮਸਕ ਨੇ ਕਿਹਾ, ‘‘ਆਟੋ ਬਰਾਮਦ ’ਤੇ 100 ਫ਼ੀਸਦ ਟੈਕਸ ਹੈ। ਇਹ ਬਹੁਤ ਜ਼ਿਆਦਾ ਹੈ ਅਤੇ ਕੁਝ ਹੋਰ ਵਸਤਾਂ ’ਤੇ ਵੀ ਇੰਜ ਹੀ ਹੈ। ਮੈਂ ਆਖਿਆ ਕਿ ਅਸੀਂ ਜਵਾਬੀ ਟੈਕਸ ਲਗਾਉਣ ਜਾ ਰਹੇ ਹਾਂ। ਜੋ ਤੁਸੀਂ ਵਸੂਲੋਗੇ, ਮੈਂ ਵੀ ਓਨਾ ਹੀ ਟੈਕਸ ਲਗਾਵਾਂਗਾ।’’ ਟਰੰਪ ਨੇ ਕਿਹਾ ਕਿ ਉਨ੍ਹਾਂ ਨਾਲ ਕੋਈ ਵੀ ਬਹਿਸ ਨਹੀਂ ਕਰ ਸਕਦਾ ਹੈ ਕਿਉਂਕਿ ਜੇ ਅਸੀਂ 25 ਫ਼ੀਸਦ ਟੈਕਸ ਲਾਵਾਂਗੇ ਤਾਂ ਉਹ ਆਖਦੇ ਨੇ ਇਹ ਬਹੁਤ ਖ਼ਤਰਨਾਕ ਹੈ ਪਰ ਮੈਂ ਹੁਣ ਇਹ ਨਹੀਂ ਆਖਦਾ ਹਾਂ ਅਤੇ ਅਸੀਂ ਜਵਾਬੀ ਟੈਕਸ ਲਾਵਾਂਗੇ ਕਿਉਂਕਿ ਸਾਨੂੰ ਪਤਾ ਹੈ ਕਿ ਉਹ ਇੰਜ ਹੀ ਰੁਕਣਗੇ।
ਜ਼ਿਕਰਯੋਗ ਹੈ ਕਿ ਅਮਰੀਕੀ ਰਾਸ਼ਟਰਪਤੀ ਵਜੋਂ ਆਪਣੇ ਪਹਿਲੇ ਕਾਰਜਕਾਲ ਦੌਰਾਨ ਟਰੰਪ ਨੇ ਭਾਰਤ ਨੂੰ ‘ਟੈਰਿਫ਼ ਕਿੰਗ’ ਆਖਿਆ ਸੀ ਅਤੇ ਮਈ 2019 ’ਚ ਉਨ੍ਹਾਂ ਭਾਰਤ ਦੀ ਤਰਜੀਹੀ ਮਾਰਕੀਟ ਪਹੁੰਚ ਨੂੰ ਰੱਦ ਕਰ ਦਿੱਤਾ ਸੀ। ਇੰਟਰਵਿਊ ਦੌਰਾਨ ਮਸਕ ਨੇ ਇਹ ਵੀ ਦਾਅਵਾ ਕੀਤਾ ਕਿ ਭਾਰਤੀ ਮੂਲ ਦੀ ਸੁਨੀਤਾ ਵਿਲੀਅਮਜ਼ ਸਮੇਤ ਦੋ ਪੁਲਾੜ ਯਾਤਰੀਆਂ ਨੂੰ ਜਾਣ ਬੁੱਝ ਕੇ ਸਿਆਸੀ ਉਦੇਸ਼ ਲਈ ਬਾਇਡਨ ਪ੍ਰਸ਼ਾਸਨ ਨੇ ਉਥੇ ਫਸਾ ਕੇ ਰੱਖਿਆ ਹੋਇਆ ਹੈ। ਮਸਕ ਦੇ ਸਪੇਸਐਕਸ ਵੱਲੋਂ ਵਿਲੀਅਮਜ਼ ਅਤੇ ਬੁਚ ਵਿਲਮੋਰ ਨੂੰ ਧਰਤੀ ’ਤੇ ਲਿਆਉਣ ਲਈ ਛੇਤੀ ਕੋਸ਼ਿਸ਼ਾਂ ਕੀਤੀਆਂ ਜਾਣਗੀਆਂ।

### ਭਾਰਤ ਕੋਲ ਬਹੁਤ ਸਾਰੀ ਮਾਇਆ, ਅਸੀਂ 2.1 ਕਰੋੜ ਡਾਲਰ ਕਿਉਂ ਦੇਈਏ: ਟਰੰਪ

ਨਿਊਯਾਰਕ/ਫਲੋਰਿਡਾ: ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਭਾਰਤ ’ਚ ‘ਵੋਟਰਾਂ ਦੀ ਸ਼ਮੂਲੀਅਤ ਵਧਾਉਣ’ ਲਈ 2.1 ਕਰੋੜ ਡਾਲਰ ਦੀ ਦਿੱਤੀ ਜਾਂਦੀ ਮਾਲੀ ਮਦਦ ’ਤੇ ਸਵਾਲ ਖੜ੍ਹੇ ਕਰਦਿਆਂ ਦੁਹਾਇਆ ਕਿ ਭਾਰਤ ’ਚ ਟੈਕਸ ਵਧ ਹੋਣ ਕਾਰਨ ਅਮਰੀਕਾ ਉਥੇ ਵਪਾਰ ਨਹੀਂ ਕਰ ਸਕਦਾ ਹੈ। ਟਰੰਪ ਨੇ ਕਿਹਾ, ‘‘ਭਾਰਤ ਦੁਨੀਆ ’ਚ ਸਭ ਤੋਂ ਵੱਧ ਟੈਕਸ ਲਗਾਉਣ ਵਾਲੇ ਮੁਲਕਾਂ ’ਚੋਂ ਇਕ ਹੈ।’’ ਮਾਰ-ਏ-ਲਾਗੋ ’ਚ ਮੰਗਲਵਾਰ ਨੂੰ ਹੁਕਮਾਂ ’ਤੇ ਦਸਤਖ਼ਤ ਕਰਦਿਆਂ ਟਰੰਪ ਨੇ ਕਿਹਾ, ‘‘ਭਾਰਤ ਨੂੰ ਅਮਰੀਕਾ 2.1 ਕਰੋੜ ਡਾਲਰ ਦੀ ਸਹਾਇਤਾ ਕਿਉਂ ਦੇ ਰਿਹਾ ਹੈ? ਉਨ੍ਹਾਂ ਕੋਲ ਬਹੁਤ ਸਾਰੀ ਮਾਇਆ ਹੈ। ਭਾਰਤ ਦੁਨੀਆ ’ਚ ਸਭ ਤੋਂ ਵੱਧ ਟੈਕਸ ਲਗਾਉਣ ਵਾਲੇ ਮੁਲਕਾਂ ’ਚੋਂ ਇਕ ਹੈ। ਟੈਕਸ ਜ਼ਿਆਦਾ ਹੋਣ ਕਾਰਨ ਅਸੀਂ ਉਥੇ ਮੁਸ਼ਕਲ ਨਾਲ ਹੀ ਵਪਾਰ ਕਰ ਪਾਉਂਦੇ ਹਾਂ।’’ ਜ਼ਿਕਰਯੋਗ ਹੈ ਕਿ ਟਰੰਪ ਨੇ ਪਿਛਲੇ ਮਹੀਨੇ ਟੈਸਲਾ ਦੇ ਸੀਈਓ ਐਲਨ ਮਸਕ ਨੂੰ ਨਵੇਂ ਪ੍ਰਸ਼ਾਸਕੀ ਕੁਸ਼ਲਤਾ ਬਾਰੇ ਵਿਭਾਗ (ਡੀਓਜੀਈ) ਦਾ ਮੁਖੀ ਲਾਇਆ ਹੈ। ਸ਼ਾਸਨ ਵਿੱਚ ਸੁਧਾਰ ਕਰਨ ਅਤੇ ਵਾਧੂ ਖ਼ਰਚਿਆਂ ਨੂੰ ਰੋਕਣ ਤਹਿਤ ਡੀਓਜੀਈ ਨੇ 15 ਫਰਵਰੀ ਨੂੰ ਟੈਕਸਦਾਤਾਵਾਂ ਦੇ ਕਰੋੜਾਂ ਡਾਲਰਾਂ ਦੀ ਲਾਗਤ ਵਾਲੇ ਕਈ ਪ੍ਰੋਗਰਾਮਾਂ ਨੂੰ ਰੱਦ ਕਰਨ ਦਾ ਐਲਾਨ ਕੀਤਾ ਸੀ।

# ਚੀਨ ਅਤੇ ਹਾਂਗਕਾਂਗ ‘ਤੇ ਸ਼ਿੰਕਜਾ, ਪਲੇ ਸਟੋਰ ‘ਤੇ 119 ਐਪਸ ਬਲਾਕ

ਭਾਰਤ ਨੇ ਚੀਨ ਦੀ ਚਾਲਬਾਜ਼ੀ ਨੂੰ ਖਤਮ ਕਰਨ ਲਈ ਇੱਕ ਵਾਰ ਫਿਰ ਪਲੇ ਸਟੋਰ ਤੋਂ ਮੋਬਾਈਲ ਐਪਸ ਨੂੰ ਬਲਾਕ ਕਰ ਦਿੱਤਾ ਹੈ। ਇਸ ਵਾਰ ਸਰਕਾਰ ਨੇ 119 ਐਪਸ ਨੂੰ ਬਲਾਕ ਕਰ ਦਿੱਤਾ ਹੈ, ਜੋ ਚੀਨ ਅਤੇ ਹਾਂਗਕਾਂਗ ਨਾਲ ਜੁੜੇ ਹੋਏ ਹਨ। ਇਸ ਤੋਂ ਪਹਿਲਾਂ ਸਾਲ 2020 ਵਿੱਚ ਵੀ, ਸਰਕਾਰ ਨੇ ਕਈ ਚੀਨੀ ਐਪਸ ਨੂੰ ਬਲਾਕ ਕਰ ਦਿੱਤਾ ਸੀ, ਜਿਸ ਵਿੱਚ TikTok ਅਤੇ ShareIt ਵਰਗੇ ਵੀਡੀਓ ਸ਼ੇਅਰਿੰਗ ਪਲੇਟਫਾਰਮ ਸ਼ਾਮਲ ਸਨ। ਇਸ ਵਾਰ ਵੀ, ਬਲਾਕ ਕੀਤੀਆਂ ਗਈਆਂ ਜ਼ਿਆਦਾਤਰ ਐਪਾਂ ਵੀਡੀਓ ਅਤੇ ਵੌਇਸ ਚੈਟ ਪਲੇਟਫਾਰਮ ਹਨ, ਜੋ ਚੀਨ ਅਤੇ ਹਾਂਗਕਾਂਗ ਵਿੱਚ ਵਿਕਸਤ ਕੀਤੀਆਂ ਗਈਆਂ ਸਨ।
ਗੂਗਲ ਨੇ ਹਾਰਵਰਡ ਯੂਨੀਵਰਸਿਟੀ ਦੁਆਰਾ ਚਲਾਈ ਜਾਣ ਵਾਲੀ ਸਮੱਗਰੀ ਟਰੈਕਿੰਗ ਸਾਈਟ ਲੂਮੇਨ ਡੇਟਾਬੇਸ ’ਤੇ ਇਹ ਜਾਣਕਾਰੀ ਦਿੱਤੀ ਹੈ ਕਿ ਭਾਰਤ ਸਰਕਾਰ ਨੇ ਗੂਗਲ ਪਲੇ ਸਟੋਰ ਤੋਂ 119 ਚੀਨੀ ਐਪਸ ਨੂੰ ਹਟਾਉਣ ਲਈ ਕਿਹਾ ਹੈ। ਇਨ੍ਹਾਂ 119 ਐਪਾਂ ਵਿੱਚੋਂ, ਹੁਣ ਤੱਕ ਸਿਰਫ਼ 15 ਐਪਾਂ ’ਤੇ ਹੀ ਪਾਬੰਦੀ ਲਗਾਈ ਗਈ ਹੈ। ਬਾਕੀ ਸਾਰੀਆਂ ਐਪਾਂ ਵੀ 20 ਫਰਵਰੀ ਨੂੰ ਪਲੇ ਸਟੋਰ ’ਤੇ ਡਾਊਨਲੋਡ ਕਰਨ ਲਈ ਉਪਲਬਧ ਹਨ। ਮਨੀਕੰਟਰੋਲ ਦੇ ਅਨੁਸਾਰ, ਚੀਨ ਤੋਂ ਇਲਾਵਾ, ਇਨ੍ਹਾਂ 119 ਐਪਸ ਵਿੱਚੋਂ ਕੁਝ ਸਿੰਗਾਪੁਰ, ਅਮਰੀਕਾ, ਯੂਕੇ ਅਤੇ ਆਸਟ੍ਰੇਲੀਆ ਤੋਂ ਵੀ ਹਨ।

### ਪਹਿਲਾਂ ਵੀ ਕੀਤੀ ਗਈ ਸੀ ਕਾਰਵਾਈ

ਸੂਤਰਾਂ ਅਨੁਸਾਰ ਇਹ ਹਦਾਇਤਾਂ ਸੂਚਨਾ ਤਕਨਾਲੋਜੀ ਐਕਟ ਦੀ ਧਾਰਾ 69ਏ ਤਹਿਤ ਜਾਰੀ ਕੀਤੀਆਂ ਗਈਆਂ ਹਨ। ਇਹ ਧਾਰਾ ਕੇਂਦਰ ਸਰਕਾਰ ਨੂੰ ਰਾਸ਼ਟਰੀ ਸੁਰੱਖਿਆ, ਪ੍ਰਭੂਸੱਤਾ ਜਾਂ ਜਨਤਕ ਵਿਵਸਥਾ ਦੇ ਹਿੱਤ ਵਿੱਚ ਔਨਲਾਈਨ ਸਮੱਗਰੀ ਤੱਕ ਜਨਤਕ ਪਹੁੰਚ ਨੂੰ ਰੋਕਣ ਦੀ ਸ਼ਕਤੀ ਦਿੰਦੀ ਹੈ। ਇਸ ਧਾਰਾ ਦੇ ਤਹਿਤ ਪਹਿਲਾਂ ਦੇ ਆਦੇਸ਼ਾਂ ਨੇ ਚੀਨੀ



ਐਪਸ ਨੂੰ ਨਿਸ਼ਾਨਾ ਬਣਾਇਆ ਸੀ, ਖਾਸ ਕਰਕੇ ਭਾਰਤ ਅਤੇ ਚੀਨ ਵਿਚਕਾਰ ਭੂ-ਰਾਜਨੀਤਿਕ ਤਣਾਅ ਤੋਂ ਬਾਅਦ। ਕਾਰਵਾਈ ਤੋਂ ਪ੍ਰਭਾਵਿਤ ਤਿੰਨ ਐਪ ਡਿਵੈਲਪਰਾਂ ਨੇ ਕਿਹਾ ਕਿ ਉਨ੍ਹਾਂ ਨੂੰ ਗੂਗਲ ਵੱਲੋਂ ਕੀਤੀ ਗਈ ਕਾਰਵਾਈ ਬਾਰੇ ਸੂਚਿਤ ਕੀਤਾ ਗਿਆ ਹੈ ਅਤੇ ਉਹ ਇਸ ਮੁੱਦੇ ਨੂੰ ਹੱਲ ਕਰਨ ਲਈ ਭਾਰਤ ਸਰਕਾਰ ਨਾਲ ਕੰਮ ਕਰਨ ਲਈ ਤਿਆਰ ਹਨ।

### ਐਪਸ ਅਜੇ ਤੱਕ ਬੰਦ ਕਿਉਂ ਨਹੀਂ ਕੀਤੇ ਗਏ?

ਸਰਕਾਰ ਦੇ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ, ਇਨ੍ਹਾਂ ਐਪਸ ਦੀ ਸੂਚੀ 18 ਫਰਵਰੀ ਨੂੰ ਲੂਮੇਨ ਦੀ ਸਾਈਟ ’ਤੇ ਪ੍ਰਕਾਸ਼ਤ ਕੀਤੀ ਗਈ ਸੀ, ਜਿਸ ਨੂੰ ਹੁਣ ਹਟਾ ਦਿੱਤਾ ਗਿਆ ਹੈ। ਹਾਲਾਂਕਿ, ਗੂਗਲ ਦੇ ਖੁਲਾਸੇ ਵਿੱਚ ਇਹ ਨਹੀਂ ਦੱਸਿਆ ਗਿਆ ਕਿ ਬਾਕੀ ਐਪਸ ’ਤੇ ਪਾਬੰਦੀ ਲਾਗੂ ਕਰਨ ਵਿੱਚ ਦੇਰੀ ਤਕਨੀਕੀ ਜਾਂ ਪ੍ਰਕਿਰਿਆਤਮਕ ਕਾਰਨਾਂ ਕਰਕੇ ਸੀ। ਸਿੰਗਾਪੁਰ ਸਥਿਤ Mangostar Team ਦੁਆਰਾ ਵਿਕਸਤ ਕੀਤੀ ਗਈ ChillChat ਐਪ ਦੇ Google Play Store ’ਤੇ 10 ਲੱਖ ਤੋਂ ਵੱਧ ਡਾਊਨਲੋਡ ਹਨ ਅਤੇ ਇਸਦੀ ਰੇਟਿੰਗ 4.1 ਹੈ। ਇੱਕ ਬੁਲਾਰੇ ਨੇ ਪੁਸ਼ਟੀ ਕੀਤੀ ਕਿ Google ਨੇ ਉਨ੍ਹਾਂ ਨੂੰ ਉਨ੍ਹਾਂ ਦੀ ਐਪ ਦੇ ਸੰਭਾਵੀ ਬਲਾਕਿੰਗ ਬਾਰੇ ਸੂਚਿਤ ਕੀਤਾ ਸੀ।

# ਅਲਕਾ ਲਾਂਬਾ ਨੇ ਰੇਖਾ ਗੁਪਤਾ ਨਾਲ ਪੁਰਾਣੇ ਦਿਨਾਂ ਨੂੰ ਯਾਦ ਕੀਤਾ

ਨਵੀਂ ਦਿੱਲੀ :ਬੱਸ ਟਾਈਮ ਟਾਈਮ ਦੀ ਗੱਲ ਹੈ। ਦਿੱਲੀ ਦੀ ਮਨੋਨੀਤ ਮੁੱਖ ਮੰਤਰੀ ਰੇਖਾ ਗੁਪਤਾ ਕਦੇ ਵਿਦਿਆਰਥੀ ਸਿਆਸਤ ਵਿਚ ਸਰਗਰਮ ਸੀ। ਸਾਲ 1995 ਵਿਚ ਉਨ੍ਹਾਂ ਦਿੱਲੀ ਯੂਨੀਵਰਸਿਟੀ ਵਿਦਿਆਰਥੀ ਯੂਨੀਅਨ (DUSU) ਦੀ ਚੋਣ ਲੜੀ ਤੇ ਜਨਰਲ ਸਕੱਤਰ ਦੇ ਅਹੁਦੇ ’ਤੇ ਜਿੱਤ ਦਰਜ ਕੀਤੀ ਜਦੋਂਕਿ ਅਲਕਾ ਲਾਂਬਾ ਉਦੋਂ ਵਿਦਿਆਰਥੀ ਐਸੋਸੀਏਸ਼ਨ ਦੀ ਪ੍ਰਧਾਨ ਸੀ।
ਰੇਖਾ ਗੁਪਤਾ, ਏਬੀਵੀਪੀ ਤੋਂ ਬਾਅਦ ਹੁਣ ਭਾਜਪਾ ਵਿੱਚ ਹੈ, ਜਦੋਂ ਕਿ ਅਲਕਾ ਲਾਂਬਾ ਆਪਣੇ ਵਿਦਿਆਰਥੀ ਜੀਵਨ ਦੌਰਾਨ ਕਾਂਗਰਸ ਵਿਦਿਆਰਥੀ ਸੰਗਠਨ ਨਾਲ ਜੁੜੀ ਹੋਈ ਸੀ। ਮਗਰੋਂ ਉਹ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਈ ਅਤੇ ਹੁਣ ਮੁੜ ਕਾਂਗਰਸ ਵਿੱਚ ਹੈ।
ਅਲਕਾ ਲਾਂਬਾ ਨੇ ਇਸ ਮਹੀਨੇ ਵਿਧਾਨ ਸਭਾ ਚੋਣਾਂ ਵਿੱਚ ਕਾਲਕਾਜੀ ਸੀਟ ਤੋਂ ਆਮ ਆਦਮੀ ਪਾਰਟੀ (ਆਪ) ਦੀ ਆਤਿਸ਼ੀ ਖਿਲਾਫ ਚੋਣ ਲੜੀ ਸੀ। ਅਲਕਾ ਲਾਂਬਾ ਨੇ ਆਪਣੇ ਸੋਸ਼ਲ ਮੀਡੀਆ ਪਲੈਟਫਾਰਮ ਐਕਸ ’ਤੇ ਇੱਕ ਪੋਸਟ ਸਾਂਝੀ ਕੀਤੀ। ਇਸ ਪੋਸਟ ਵਿਚ ਉਸ ਨੇ ਇੱਕ ਪੁਰਾਣੀ ਫੋਟੋ ਵੀ ਸਾਂਝੀ ਕੀਤੀ ਹੈ, ਜਿਸ ਵਿੱਚ ਲਾਂਬਾ ਅਤੇ ਰੇਖਾ ਗੁਪਤਾ ਦਿਖਾਈ ਦੇ ਰਹੇ ਹਨ। ਅਲਕਾ ਲਾਂਬਾ ਨੇ ਲਿਖਿਆ, ‘‘ਇਹ ਯਾਦਗਾਰੀ ਫੋਟੋ 1995 ਦੀ ਹੈ-ਜਦੋਂ ਮੈਂ ਅਤੇ ਰੇਖਾ ਗੁਪਤਾ ਨੇ ਇਕੱਠੇ ਸਹੁੰ ਚੁੱਕੀ ਸੀ। ਮੈਂ NSUI ਤੋਂ ਦਿੱਲੀ ਯੂਨੀਵਰਸਿਟੀ ਵਿਦਿਆਰਥੀ ਯੂਨੀਅਨ (DUSU) ਦੇ ਪ੍ਰਧਾਨ ਦਾ ਅਹੁਦਾ ਜਿੱਤਿਆ ਅਤੇ ਰੇਖਾ ਨੇ ABVP ਤੋਂ ਜਨਰਲ ਸਕੱਤਰ ਦਾ ਅਹੁਦਾ ਜਿੱਤਿਆ। ਰੇਖਾ ਗੁਪਤਾ ਨੂੰ ਵਧਾਈਆਂ ਅਤੇ ਸ਼ੁਭਕਾਮਨਾਵਾਂ। ਦਿੱਲੀ ਨੂੰ ਚੌਥੀ ਮਹਿਲਾ ਮੁੱਖ ਮੰਤਰੀ ਮਿਲਣ ਦੀਆਂ ਵਧਾਈਆਂ। ਅਸੀਂ



ਦਿੱਲੀ ਵਾਲੇ ਉਮੀਦ ਕਰਦੇ ਹਾਂ ਕਿ ਯਮੁਨਾ ਸਾਫ਼ ਹੋਵੇਗੀ ਅਤੇ ਧੀਆਂ ਸੁਰੱਖਿਅਤ ਰਹਿਣਗੀਆਂ।’’
ਰੇਖਾ ਗੁਪਤਾ ਦੀ ਨਿਯੁਕਤੀ ਨਾਲ, ਦਿੱਲੀ ਨੂੰ ਹੁਣ ਚੌਥੀ ਮਹਿਲਾ ਮੁੱਖ ਮੰਤਰੀ ਮਿਲੀ ਹੈ। ਉਨ੍ਹਾਂ ਤੋਂ ਪਹਿਲਾਂ ਸੁਸ਼ਮਾ ਸਵਰਾਜ (ਭਾਜਪਾ), ਸ਼ੀਲਾ ਦੀਕਸ਼ਿਤ (ਕਾਂਗਰਸ) ਅਤੇ ਆਤਿਸ਼ੀ (ਆਪ) ਇਸ ਅਹੁਦੇ ’ਤੇ ਰਹਿ ਚੁੱਕੇ ਹਨ। ਰੇਖਾ ਗੁਪਤਾ ਨੇ ਹਾਲ ਹੀ ਵਿੱਚ ਹੋਈਆਂ ਵਿਧਾਨ ਸਭਾ ਚੋਣਾਂ ਵਿੱਚ ਸ਼ਾਲੀਮਾਰ ਬਾਗ ਸੀਟ ਤੋਂ ‘ਆਪ’ ਦੀ ਵੰਦਨਾ ਕੁਮਾਰੀ ਨੂੰ 29,000 ਤੋਂ ਵੱਧ ਵੋਟਾਂ ਦੇ ਫਰਕ ਨਾਲ ਹਰਾਇਆ ਸੀ।
ਰੇਖਾ ਗੁਪਤਾ ਅਤੇ ਅਲਕਾ ਲਾਂਬਾ, ਜੋ 1995 ਵਿੱਚ DUSU ਚੋਣਾਂ ਦੌਰਾਨ ਯੁਵਾ ਰਾਜਨੀਤੀ ਵਿੱਚ ਸਰਗਰਮ ਸਨ, ਅੱਜ ਵੀ ਰਾਜਨੀਤੀ ਵਿੱਚ ਆਪਣੀ ਛਾਪ ਛੱਡ ਰਹੀਆਂ ਹਨ। ਹੁਣ, ਤਿੰਨ ਦਹਾਕਿਆਂ ਬਾਅਦ, ਰੇਖਾ ਗੁਪਤਾ ਦਿੱਲੀ ਦੀ ਮੁੱਖ ਮੰਤਰੀ ਬਣਨ ਲਈ ਤਿਆਰ ਹੈ, ਜਿਸ ਨਾਲ ਭਾਜਪਾ ਨੂੰ ਮਹਿਲਾ ਲੀਡਰਸ਼ਿਪ ਨੂੰ ਮਜ਼ਬੂਤ ਕਰਨ ਦਾ ਮੌਕਾ ਮਿਲੇਗਾ।

# ਹਰਿਆਣਾ ਸਰਕਾਰ ਵੱਲੋਂ ਅਨੁਰਾਗ ਰਸਤੋਗੀ ਮੁੱਖ ਸਕੱਤਰ ਨਿਯੁਕਤ

ਚੰਡੀਗੜ੍ਹ: ਹਰਿਆਣਾ ਸਰਕਾਰ ਨੇ 1990 ਬੈਚ ਦੇ ਸੀਨੀਅਰ ਆਈ.ਏ.ਐਸ. ਅਧਿਕਾਰੀ ਅਨੁਰਾਗ ਰਸਤੋਗੀ ਨੂੰ ਮੁੱਖ ਸਕੱਤਰ (Chief Secretary) ਨਿਯੁਕਤ ਕੀਤਾ ਹੈ। ਹਰਿਆਣਾ ਸਰਕਾਰ ਨੇ ਰਸਤੋਗੀ ਨੂੰ ਵਿੱਤ ਅਤੇ ਪਲੈਨਿੰਗ ਵਿਭਾਗ ਦੀ ਵਾਧੂ ਜ਼ਿੰਮੇਵਾਰੀ ਵੀ ਦਿੱਤੀ ਹੈ। ਉਹ ਵਿਵੇਕ ਜੋਸ਼ੀ ਦੀ ਥਾਂ ਲੈਣਗੇ, ਜਿਨ੍ਹਾਂ ਨੂੰ ਪਿਛਲੇ ਦਿਨੀਂ ਚੋਣ ਕਮਿਸ਼ਨਰ (EC) ਨਿਯੁਕਤ ਕੀਤਾ ਗਿਆ ਹੈ। ਨਾਇਬ ਸਿੰਘ ਸੈਣੀ ਸਰਕਾਰ ਨੇ ਇਸ ਸਬੰਧੀ ਬੁੱਧਵਾਰ ਦੇਰ ਰਾਤ ਆਦੇਸ਼ ਜਾਰੀ ਕੀਤੇ ਹਨ।
ਹਰਿਆਣਾ ਦੇ ਨਵੇਂ ਮੁੱਖ ਸਕੱਤਰ ਅਨੁਰਾਗ ਰਸਤੋਗੀ ਅੱਜ ਆਪਣਾ ਅਹੁਦਾ ਸੰਭਾਲ ਸਕਦੇ ਹਨ। ਜ਼ਿਕਰਯੋਗ ਹੈ ਕਿ ਅਨੁਰਾਗ ਰਸਤੋਗੀ 30 ਜੂਨ ਨੂੰ ਸੇਵਾ ਮੁਕਤ ਹੋਣਗੇ।
ਪ੍ਰਾਪਤ ਜਾਣਕਾਰੀ ਅਨੁਰਾਗ ਰਸਤੋਗੀ ਉੱਤਰ ਪ੍ਰਦੇਸ਼ ਦੇ ਮੁਰਾਦਾਬਾਦ ਦੇ ਰਹਿਣ ਵਾਲੇ ਹਨ। ਉਨ੍ਹਾਂ ਨੇ ਸਾਲ 1990 ਵਿੱਚ ਆਈ.ਏ.ਐਸ. ਦੀ ਪ੍ਰੀਖਿਆ ਪਾਸ ਕਰਨ ਉਪਰੰਤ ਡਿਊਟੀ ਜੁਆਇਨ ਕਰ ਲਈ ਸੀ। ਉਪਰੰਤ ਉਹ ਸਾਲ 1992 ਵਿੱਚ ਹਰਿਆਣਾ ਦੇ ਨਾਰਨੌਲ ਵਿੱਚ ਬਤੌਰ ਐਸ.ਡੀ.ਐਮ. ਨਿਯੁਕਤ ਕੀਤੇ ਗਏ ਸਨ। ਉਸ ਤੋਂ ਬਾਅਦ




ਉਨ੍ਹਾਂ ਹਰਿਆਣਾ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਬਤੌਰ ਡਿਪਟੀ ਕਮਿਸ਼ਨਰ ਅਤੇ ਹੋਰ ਕਈ ਸੀਨੀਅਰ ਅਹੁਦਿਆਂ ’ਤੇ ਸੇਵਾਵਾਂ ਨਿਭਾਈਆਂ।

# ਪੰਜਾਬ 'ਚ ਹੁਣ ਨਸ਼ਾ ਤਸਕਰਾਂ ਦੀ ਖ਼ੈਰ ਨਹੀਂ: DGP ਯਾਦਵ

## DGP ਨੇ ਜਾਰੀ ਕੀਤਾ ਵਟਸਐਪ ਨੰਬਰ, ਇਸ ਨੰਬਰ 'ਤੇ ਕਰੋ ਸ਼ਿਕਾਇਤ



ਪੰਜਾਬ ਦੀ ਭਗਵੰਤ ਮਾਨ ਸਰਕਾਰ ਪੂਰੇ ਐਕਸ਼ਨ ਮੋਡ ਵਿੱਚ ਹੈ। ਪੰਜਾਬ ਸਰਕਾਰ ਨੇ ਭ੍ਰਿਸ਼ਟਾਚਾਰ 'ਖ਼ਿਲਾਫ਼ ਵੱਡਾ ਐਕਸ਼ਨ ਲਿਆ ਹੈ। ਉਨ੍ਹਾ ਨੇ ਪੁਲਿਸ ਵਿਭਾਗ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵੱਡੀ ਕਾਰਵਾਈ ਕੀਤੀ ਹੈ। ਮਾਨ ਸਰਕਾਰ ਨੇ ਭ੍ਰਿਸ਼ਟਾਚਾਰ ਵਿੱਚ ਸ਼ਾਮਲ 52 ਪੁਲਿਸ ਮੁਲਾਜ਼ਮਾਂ ਨੂੰ ਬਰਖਾਸਤ ਕਰ ਦਿੱਤਾ ਹੈ।

ਪੰਜਾਬ ਦੇ ਡੀ.ਜੀ.ਪੀ. ਗੌਰਵ ਯਾਦਵ ਨੇ ਪ੍ਰੈਸ ਕਾਨਫਰੰਸ ਦੌਰਾਨ ਜਾਣਕਾਰੀ ਦਿੱਤੀ ਕਿ ਦੋ ਦਿਨ ਪਹਿਲਾਂ, ਮੁਕਸਰ ਦੇ ਡੀਸੀ ਨੂੰ ਮੁਅੱਤਲ ਕਰ ਦਿੱਤਾ ਗਿਆ ਸੀ। ਪੰਜਾਬ ਸਰਕਾਰ ਭ੍ਰਿਸ਼ਟਾਚਾਰ ਵਿਰੁੱਧ ਲਗਾਤਾਰ ਕਾਰਵਾਈ ਕਰ ਰਹੀ ਹੈ। ਜਿਨ੍ਹਾਂ 52 ਪੁਲਿਸ ਮੁਲਾਜ਼ਮਾਂ ਨੂੰ ਬਰਖਾਸਤ ਕੀਤਾ ਗਿਆ ਹੈ, ਉਨ੍ਹਾਂ ਵਿੱਚ ਕਾਂਸਟੇਬਲ ਤੋਂ ਲੈ ਕੇ ਇੰਸਪੈਕਟਰ ਪੱਧਰ ਤੱਕ ਦੇ ਅਧਿਕਾਰੀ ਸ਼ਾਮਲ ਹਨ।

ਡੀ.ਜੀ.ਪੀ. ਗੌਰਵ ਯਾਦਵ ਨੇ ਕਿਹਾ ਕਿ ਭਾਵੇਂ ਉਹ ਕੋਈ ਵੀ ਅਧਿਕਾਰੀ ਹੋਵੇ ਜਾਂ ਕਾਂਸਟੇਬਲ, ਗਲਤ ਕੰਮ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਫਰੀਦਕੋਟ ਵਿੱਚ ਇੱਕ ਅਧਿਕਾਰੀ ਨੇ ਕੁਝ ਗਲਤ ਕੀਤਾ ਅਤੇ ਉਸ ਵਿਰੁੱਧ ਕਾਰਵਾਈ ਕੀਤੀ ਗਈ ਹੈ।

ਇਸ ਮੌਕੇ ਡੀ.ਜੀ.ਪੀ. ਪੰਜਾਬ ਯਾਦਵ ਨੇ ਨਸ਼ਿਆਂ ਦੀ ਰੋਕਥਾਮ ਲਈ ਇੱਕ ਵਟਸਐਪ ਨੰਬਰ ਵੀ (9779100200) ਜਾਰੀ ਕੀਤਾ ਹੈ। ਇਸ ਨੰਬਰ 'ਤੇ ਡਰੱਗ ਦੀ ਸ਼ਿਕਾਇਤ ਮਿਲਣ ਤੋਂ ਬਾਅਦ ਤੁਰੰਤ ਕਾਰਵਾਈ ਕੀਤੀ ਜਾਵੇਗੀ। ਡੀਜੀਪੀ ਗੌਰਵ ਯਾਦਵ ਨੇ ਪ੍ਰੈਸ ਕਾਨਫਰੰਸ ਕਰਦਿਆਂ ਕਿਹਾ ਕਿ ਡਰੱਗ ਖ਼ਿਲਾਫ਼ ਲੜਾਈ ਪੁਲਿਸ ਦੀ ਮੁੱਖ ਤਰਜ਼ੀਹ ਹੈ।

ਦੱਸ ਦਈਏ ਕਿ ਬੀਤੇ ਦਿਨੀਂ ਭ੍ਰਿਸ਼ਟਾਚਾਰ ਖਿਲਾਫ ਕਾਰਵਾਈ ਕਰਦਿਆਂ ਪੰਜਾਬ ਸਰਕਾਰ ਨੇ ਸ੍ਰੀ ਮੁਕਤਸਰ ਸਾਹਿਬ ਦੇ ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਨੂੰ ਭ੍ਰਿਸ਼ਟਾਚਾਰ ਦੇ ਇੱਕ ਮਾਮਲੇ ਵਿੱਚ ਮੁਅੱਤਲ ਕਰ ਦਿੱਤਾ। ਮੁਅੱਤਲੀ ਤੋਂ ਪਹਿਲਾਂ ਉਨ੍ਹਾਂ ਨੂੰ ਉਸਦੇ ਅਹੁਦੇ ਤੋਂ ਹਟਾ ਦਿੱਤਾ ਗਿਆ ਸੀ।

ਮਾਨ ਸਰਕਾਰ ਨੇ ਕਾਰਵਾਈ ਕਰਦਿਆਂ ਵਿਜੀਲੈਂਸ ਮੁਖੀ ਨੂੰ ਵੀ ਬਦਲ ਦਿੱਤਾ ਹੈ। ਵਰਿੰਦਰ ਕੁਮਾਰ ਨੂੰ ਹਟਾ ਦਿੱਤਾ ਗਿਆ ਹੈ ਅਤੇ ਨਾਗੇਸ਼ਵਰ ਰਾਓ ਨੂੰ ਨਵੀਂ ਜ਼ਿੰਮੇਵਾਰੀ ਸੌਂਪੀ ਗਈ ਹੈ। ਰਾਜੇਸ਼ ਤ੍ਰਿਪਾਠੀ ਸ਼ਾਇਦ ਪੰਜਾਬ ਦੇ ਪਹਿਲੇ ਡੀ.ਸੀ. ਹਨ ਜਿਨ੍ਹਾਂ ਨੂੰ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਮੁਅੱਤਲ ਕੀਤਾ ਗਿਆ। ਇਸ ਤੋਂ ਪਹਿਲਾਂ ਫਿਰੋਜ਼ਪੁਰ ਦੇ ਡਿਪਟੀ ਕਮਿਸ਼ਨਰ ਡੀ.ਕੇ. ਤਿਵਾੜੀ ਨੂੰ ਵੀ ਮੁਅੱਤਲ ਕਰ ਦਿੱਤਾ ਗਿਆ ਸੀ।

# ਕੈਨੇਡਾ ਵੀ ਟਰੰਪ ਵਾਲੇ ਰਾਹ!, ਸਟੱਡੀ ਤੇ ਵਰਕ ਪਰਮਿਟ ਵਾਲਿਆਂ ਨੂੰ ਝਟਕਾ



ਕੈਨੇਡਾ ਵਿਚ ਪੜ੍ਹਨ ਅਤੇ ਕੰਮ ਕਰਨ ਦੀ ਯੋਜਨਾ ਬਣਾਉਣ ਵਾਲੇ ਲੋਕਾਂ ਦੀਆਂ ਮੁਸ਼ਕਿਲਾਂ ਹੁਣ ਵਧ ਗਈਆਂ ਹਨ। ਦਰਅਸਲ ਕੈਨੇਡਾ ਨੇ ਆਪਣੇ ਇਮੀਗ੍ਰੇਸ਼ਨ ਨਿਯਮਾਂ ਨੂੰ ਪਹਿਲਾਂ ਨਾਲੋਂ ਜ਼ਿਆਦਾ ਸਖ਼ਤ ਕਰ ਦਿੱਤਾ ਹੈ। ਨਵੇਂ ਨਿਯਮਾਂ ਦੇ ਤਹਿਤ ਬਾਰਡਰ ਅਤੇ ਇਮੀਗ੍ਰੇਸ਼ਨ ਅਧਿਕਾਰੀ ਹੁਣ ਸਟੱਡੀ ਅਤੇ ਵਰਕ ਪਰਮਿਟ ਵਰਗੇ ਅਸਥਾਈ ਰਿਹਾਇਸ਼ੀ ਵੀਜ਼ੇ ਨੂੰ ਸਿੱਧੇ ਤੌਰ ਉਤੇ ਰੱਦ ਕਰ ਸਕਣਗੇ। ਇਹ ਤਬਦੀਲੀਆਂ ਇਮੀਗ੍ਰੇਸ਼ਨ, ਰਫਿਊਜੀ ਅਤੇ ਸਿਟੀਜ਼ਨਸ਼ਿਪ ਕੈਨੇਡਾ (IRCC) ਦੁਆਰਾ ਲਾਗੂ ਕੀਤੀਆਂ ਗਈਆਂ ਹਨ। ਇਹ ਨਿਯਮ 31 ਜਨਵਰੀ, 2025 ਤੋਂ ਲਾਗੂ ਹੋ ਗਏ ਹਨ ਅਤੇ ਕੈਨੇਡਾ ਗਜ਼ਟ II ਵਿਚ ਵੀ ਪ੍ਰਕਾਸ਼ਿਤ ਕੀਤੇ ਗਏ ਹਨ। IRCC ਨੇ ਇਸ ਮਾਮਲੇ ਵਿਚ ਇਕ ਬਿਆਨ ਜਾਰੀ ਕੀਤਾ ਹੈ। ਆਪਣੇ ਬਿਆਨ ਵਿਚ IRCC ਨੇ ਕਿਹਾ, "ਅਸੀਂ ਪ੍ਰਕਿਰਿਆਵਾਂ ਵਿੱਚ ਸੁਧਾਰ ਕਰਨਾ ਜਾਰੀ ਰੱਖਾਂਗੇ ਅਤੇ ਸਰਹੱਦ ਨੂੰ ਸੁਰੱਖਿਅਤ ਕਰਨ ਅਤੇ ਇਮੀਗ੍ਰੇਸ਼ਨ ਪ੍ਰਣਾਲੀ ਦੀ ਸੁਰੱਖਿਆ ਲਈ ਉਪਕਰਣਾਂ ਵਿਚ ਨਿਵੇਸ਼ ਕਰਨਾ ਜਾਰੀ ਰੱਖਾਂਗੇ।" ਨਵੇਂ ਨਿਯਮਾਂ ਤਹਿਤ ਅਧਿਕਾਰੀ ਇਲੈਕਟ੍ਰਾਨਿਕ ਟਰੈਵਲ ਅਥਾਰਾਈਜ਼ੇਸ਼ਨ (ETA) ਅਤੇ ਪਰਮਾਨੈਂਟ ਰੈਜ਼ੀਡੈਂਸ ਵੀਜ਼ਾ (TRV) ਨੂੰ ਰੱਦ ਕਰ ਸਕਦੇ ਹਨ। ਹਾਲਾਂਕਿ, ਇਹ ਉਦੋਂ ਹੋ ਸਕਦਾ ਹੈ ਜੇਕਰ ਕੋਈ ਵਿਅਕਤੀ ਅਯੋਗ ਹੈ ਜਾਂ ਗਲਤ ਜਾਣਕਾਰੀ ਪ੍ਰਦਾਨ ਕਰਦਾ ਹੈ ਜਾਂ ਉਸ ਦਾ ਅਪਰਾਧਿਕ ਰਿਕਾਰਡ ਹੈ। ਇਸ ਤੋਂ ਇਲਾਵਾ ਹੁਣ ਸਟੱਡੀ ਅਤੇ ਵਰਕ ਪਰਮਿਟ ਵੀ ਕੁਝ ਖਾਸ ਹਾਲਾਤਾਂ ਵਿਚ ਰੱਦ ਕੀਤੇ ਜਾ ਸਕਦੇ ਹਨ। ਉਦਾਹਰਣ ਵਜੋਂ, ਜੇਕਰ ਪਰਮਿਟ ਧਾਰਕ ਕੈਨੇਡਾ ਦਾ ਸਥਾਈ ਨਿਵਾਸੀ ਬਣ ਜਾਂਦਾ ਹੈ, ਉਸ ਦੀ ਮੌਤ ਹੋ ਜਾਂਦੀ ਹੈ ਜਾਂ ਉਸ ਦੇ ਦਸਤਾਵੇਜ਼ਾਂ ਵਿੱਚ ਕੋਈ ਪ੍ਰਸ਼ਾਸਕੀ ਗਲਤੀ ਹੈ, ਤਾਂ ਅਜਿਹੀ ਸਥਿਤੀ ਵਿੱਚ ਪਰਮਿਟ ਰੱਦ ਕੀਤਾ ਜਾ ਸਕਦਾ ਹੈ। ਕੈਨੇਡਾ 'ਚ ਇਮੀਗ੍ਰੇਸ਼ਨ ਸਬੰਧੀ ਨਿਯਮਾਂ 'ਚ ਬਦਲਾਅ ਕੀਤੇ ਜਾ ਰਹੇ ਹਨ ਅਤੇ ਇਸ ਦਾ ਸਭ ਤੋਂ ਵੱਧ ਅਸਰ ਭਾਰਤੀਆਂ ਉਤੇ ਦੇਖਣ ਨੂੰ ਮਿਲ ਰਿਹਾ ਹੈ।

**ਇਮੀਗ੍ਰੇਸ਼ਨ ਨਿਯਮ ਕਿਉਂ ਬਦਲੇ ਗਏ?**

ਦਰਅਸਲ, ਕੈਨੇਡਾ ਸਰਕਾਰ ਨੇ ਇਨ੍ਹਾਂ ਨਿਯਮਾਂ ਵਿਚ ਬਦਲਾਅ ਕੀਤੇ ਹਨ ਤਾਂ ਜੋ ਕੈਨੇਡਾ ਦੀ ਇਮੀਗ੍ਰੇਸ਼ਨ ਪ੍ਰਣਾਲੀ ਦੀ ਭਰੋਸੇਯੋਗਤਾ ਬਿਹਤਰ ਬਣੀ ਰਹੇ। ਇਹ ਇਹ ਵੀ ਯਕੀਨੀ ਬਣਾਉਂਦਾ ਹੈ ਕਿ ਅਸਥਾਈ ਨਿਵਾਸੀ ਆਪਣੇ ਵੀਜ਼ਾ ਦੀਆਂ ਸ਼ਰਤਾਂ ਦੀ ਸਖਤੀ ਨਾਲ ਪਾਲਣਾ ਕਰਦੇ ਹਨ। ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ ਅਧਿਕਾਰੀਆਂ ਨੂੰ ਵੀਜ਼ਾ ਅਤੇ ਪਰਮਿਟ ਦੀਆਂ ਅਰਜ਼ੀਆਂ ਰੱਦ ਕਰਨ ਦਾ ਅਧਿਕਾਰ ਸੀ, ਪਰ ਜੋ ਪਰਮਿਟ ਜਾਰੀ ਕੀਤੇ ਗਏ ਸਨ, ਉਨ੍ਹਾਂ ਨੂੰ ਸੀਮਤ ਸ਼ਕਤੀਆਂ ਨਾਲ ਰੱਦ ਕੀਤਾ ਜਾ ਸਕਦਾ ਸੀ। ਹਾਲਾਂਕਿ ਨਵੇਂ ਨਿਯਮਾਂ ਦੇ ਲਾਗੂ ਹੋਣ ਤੋਂ ਬਾਅਦ ਉਨ੍ਹਾਂ ਪਰਮਿਟਾਂ ਨੂੰ ਰੱਦ ਕਰਨ ਦੀ ਪੂਰੀ ਸ਼ਕਤੀ ਦਿੱਤੀ ਗਈ ਹੈ।

# ਸਰਾਫਾ ਬਾਜ਼ਾਰ: ਸੋਨੇ ਦੀ ਕੀਮਤ ਮੁੜ ਸਭ ਤੋਂ ਉੱਚੇ ਪੱਧਰ 'ਤੇ



ਨਵੀਂ ਦਿੱਲੀ: ਮਜ਼ਬੂਤ ਆਲਮੀ ਰੁਝਾਨਾਂ ਵਿਚਾਲੇ ਕੌਮੀ ਰਾਜਧਾਨੀ ਦੇ ਸਰਾਫਾ ਬਾਜ਼ਾਰ ਵਿੱਚ ਅੱਜ ਸੋਨੇ ਦੀ ਕੀਮਤ 900 ਰੁਪਏ ਵਧ ਕੇ 89,400 ਰੁਪਏ ਪ੍ਰਤੀ 10 ਗ੍ਰਾਮ ਦੇ ਸਭ ਤੋਂ ਉੱਚੇ ਪੱਧਰ 'ਤੇ ਪਹੁੰਚ ਗਈ ਹੈ। ਆਲ ਇੰਡੀਆ ਸਰਾਫਾ ਐਸੋਸੀਏਸ਼ਨ ਨੇ ਇਹ ਜਾਣਕਾਰੀ ਦਿੱਤੀ। ਪਿਛਲੇ ਕਾਰੋਬਾਰੀ ਸੈਸ਼ਨ ਵਿੱਚ 99.9 ਫੀਸਦ ਸ਼ੁੱਧਤਾ ਵਾਲਾ ਸੋਨਾ 88,500 ਰੁਪਏ ਪ੍ਰਤੀ 10 ਗ੍ਰਾਮ 'ਤੇ ਬੰਦ ਹੋਇਆ ਸੀ। 14 ਫਰਵਰੀ ਨੂੰ ਇਹ ਸਥਾਨਕ ਬਾਜ਼ਾਰਾਂ ਵਿੱਚ 1,300 ਰੁਪਏ ਵਧ ਕੇ 89,400 ਰੁਪਏ ਪ੍ਰਤੀ 10 ਗ੍ਰਾਮ ਦੇ ਸਭ ਤੋਂ ਉੱਚੇ ਪੱਧਰ 'ਤੇ ਪਹੁੰਚ ਗਿਆ ਸੀ। ਇਸ ਸਾਲ ਹੁਣ ਤੱਕ ਸੋਨੇ ਦੀ ਕੀਮਤ 10,010 ਰੁਪਏ ਜਾਂ 12.6 ਫੀਸਦ ਵਧ ਗਈ ਹੈ। ਪਹਿਲੀ ਜਨਵਰੀ ਨੂੰ ਇਸ ਦੀ ਕੀਮਤ 79,390 ਰੁਪਏ ਪ੍ਰਤੀ 10 ਗ੍ਰਾਮ ਸੀ। ਉਧਰ ਚਾਂਦੀ ਦੀਆਂ ਕੀਮਤ ਵੀ ਅੱਜ 600 ਰੁਪਏ ਵਧ ਕੇ 99,600 ਰੁਪਏ ਪ੍ਰਤੀ ਕਿਲੋ ਹੋ ਗਈ ਹੈ।

# ਖ਼ਬਰ ਪ੍ਰਕਾਸ਼ਿਤ ਕਰਨ ਤੋਂ ਪਹਿਲਾਂ ਮੀਡੀਆ ਸਾਵਧਾਨੀ ਵਰਤੇ: ਸੁਪਰੀਮ ਕੋਰਟ



ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਕਿਹਾ ਹੈ ਕਿ ਮੀਡੀਆ 'ਚ ਅਹਿਮ ਅਹੁਦਿਆਂ 'ਤੇ ਕੰਮ ਕਰ ਰਹੇ ਵਿਅਕਤੀਆਂ ਨੂੰ ਕੋਈ ਵੀ ਬਿਆਨ, ਖ਼ਬਰ ਜਾਂ ਵਿਚਾਰ ਪ੍ਰਕਾਸ਼ਿਤ ਕਰਨ ਤੋਂ ਪਹਿਲਾਂ ਵਧੇਰੇ ਸਾਵਧਾਨੀ ਵਰਤਣੀ ਚਾਹੀਦੀ ਹੈ। ਉਂਜ ਸਿਖਰਲੀ ਅਦਾਲਤ ਨੇ ਇਹ ਵੀ ਕਿਹਾ ਹੈ ਕਿ ਬੋਲਣ ਅਤੇ ਪ੍ਰਗਟਾਵੇ ਦੀ ਆਜ਼ਾਦੀ ਦਾ ਹੱਕ ਸੁਪਰੀਮ ਹੈ। ਜਸਟਿਸ ਜੇਬੀ ਪਾਰਦੀਵਾਲਾ ਅਤੇ ਜਸਟਿਸ ਆਰ. ਮਹਾਦੇਵਨ ਦੇ ਬੈਂਚ ਨੇ ਕਿਹਾ ਕਿ ਲੋਕਾਂ ਦੀ ਰਾਏ ਨੂੰ ਆਕਾਰ ਦੇਣ 'ਚ ਮੀਡੀਆ ਦੀ ਭੂਮਿਕਾ ਅਹਿਮ ਹੈ ਅਤੇ ਪ੍ਰੈੱਸ ਬਹੁਤ ਤੇਜ਼ੀ ਨਾਲ ਲੋਕਾਂ ਦੀਆਂ ਭਾਵਨਾਵਾਂ ਪ੍ਰਭਾਵਿਤ ਕਰਨ ਅਤੇ ਧਾਰਨਾਵਾਂ ਬਦਲਣ ਦੀ ਸਮਰੱਥਾ ਰਖਦੀ ਹੈ। ਬੈਂਚ ਨੇ ਇਹ ਟਿੱਪਣੀ ਅੰਗਰੇਜ਼ੀ ਅਖ਼ਬਾਰ 'ਟਾਈਮਜ਼ ਆਫ਼ ਇੰਡੀਆ' ਦੇ ਸੰਪਾਦਕੀ ਡਾਇਰੈਕਟਰ ਅਤੇ ਹੋਰ ਪੱਤਰਕਾਰਾਂ ਖ਼ਿਲਾਫ਼ ਮਾਣਹਾਨੀ ਦਾ ਮਾਮਲਾ ਖਾਰਜ ਕਰਦਿਆਂ ਕੀਤੀ, ਜਿਨ੍ਹਾਂ 'ਤੇ 'ਬਿਡ ਐਂਡ ਹੈਮਰ-ਫਾਈਨ ਆਰਟ ਔਕਸ਼ਨੀਅਰਜ਼' ਵੱਲੋਂ ਨਿਲਾਮ ਕੀਤੀ ਜਾਣ ਵਾਲੀਆਂ ਕੁਝ ਪੇਂਟਿੰਗਾਂ ਦੀ ਪ੍ਰਮਾਣਿਕਤਾ ਬਾਰੇ ਕਥਿਤ ਤੌਰ 'ਤੇ ਅਪਮਾਨਜਨਕ ਖ਼ਬਰਾਂ ਪ੍ਰਕਾਸ਼ਿਤ ਕਰਨ ਦਾ ਦੋਸ਼ ਲਗਾਇਆ ਗਿਆ ਸੀ। ਬੈਂਚ ਨੇ 18 ਫਰਵਰੀ ਦੇ ਆਪਣੇ ਫ਼ੈਸਲੇ 'ਚ ਕਿਹਾ, "ਅਸੀਂ ਇਸ ਗੱਲ 'ਤੇ ਜ਼ੋਰ ਦੇਣਾ ਜ਼ਰੂਰੀ ਸਮਝਦੇ ਹਾਂ ਕਿ ਭਾਰਤ ਦੇ ਸੰਵਿਧਾਨ ਦੀ ਧਾਰਾ 19(1)(ਏ) ਤਹਿਤ ਮਿਲੇ ਬੋਲਣ ਅਤੇ ਪ੍ਰਗਟਾਵੇ ਦੀ ਆਜ਼ਾਦੀ ਦਾ ਹੱਕ ਸਭ ਤੋਂ ਉਪਰ ਹੈ। ਮੀਡੀਆ 'ਚ ਕੰਮ ਕਰਨ ਵਾਲੇ ਵਿਅਕਤੀਆਂ, ਖਾਸ ਕਰਕੇ ਅਹਿਮ ਅਹੁਦਿਆਂ 'ਤੇ ਤਾਇਨਾਤ ਵਿਅਕਤੀਆਂ, ਲੇਖਕਾਂ ਆਦਿ ਨੂੰ ਕੋਈ ਵੀ ਬਿਆਨ, ਖ਼ਬਰ ਜਾਂ ਵਿਚਾਰ ਪ੍ਰਕਾਸ਼ਿਤ ਕਰਨ ਤੋਂ ਪਹਿਲਾਂ ਵਧੇਰੇ ਸਾਵਧਾਨੀ ਵਰਤਣੀ ਚਾਹੀਦੀ ਹੈ ਅਤੇ ਜ਼ਿੰਮੇਵਾਰੀ ਨਾਲ ਕੰਮ ਕਰਨਾ ਚਾਹੀਦਾ ਹੈ।"

**ਲੇਖ ਜਾਂ ਰਿਪੋਰਟ ਕਾਰਨ ਲੋਕਾਂ ਦੇ ਮਾਣ-ਸਨਮਾਨ ਨੂੰ ਪਹੁੰਚ ਸਕਦੀ ਹੈ ਠੇਸ**

ਸਿਖਰਲੀ ਅਦਾਲਤ ਨੇ ਬ੍ਰਿਟਿਸ਼ ਲੇਖਕ ਬੁਲਵਰ ਲਿਟਨ ਦਾ ਹਵਾਲਾ ਦਿੰਦਿਆਂ ਕਿਹਾ, "ਕਲਮ ਤਲਵਾਰ ਤੋਂ ਵੀ ਵੱਧ ਤਾਕਤਵਰ ਹੈ।" ਬੈਂਚ ਨੇ ਕਿਹਾ ਕਿ ਮੀਡੀਆ ਦੀ ਵਿਆਪਕ ਪਹੁੰਚ ਨੂੰ ਦੇਖਦਿਆਂ ਕੋਈ ਲੇਖ ਜਾਂ ਰਿਪੋਰਟ ਲੱਖਾਂ ਲੋਕਾਂ ਨੂੰ ਪ੍ਰਭਾਵਿਤ ਕਰ ਸਕਦੀ ਹੈ ਅਤੇ ਉਨ੍ਹਾਂ ਦੇ ਫ਼ੈਸਲੇ ਨੂੰ ਆਕਾਰ ਦੇ ਸਕਦੀ ਹੈ। ਕਿਸੇ ਮੀਡੀਆ ਰਿਪੋਰਟ ਜਾਂ ਲੇਖ ਨਾਲ ਸਬੰਧਤ ਲੋਕਾਂ ਦੇ ਮਾਣ-ਸਨਮਾਨ ਨੂੰ ਗੰਭੀਰ ਨੁਕਸਾਨ ਪਹੁੰਚ ਸਕਦਾ ਹੈ ਜਿਸ ਦੇ ਸਿੱਟੇ ਸਥਾਈ ਹੋ ਸਕਦੇ ਹਨ। ਬੈਂਚ ਨੇ ਕਿਹਾ, "ਇਹ ਮੀਡੀਆ ਰਿਪੋਰਟਿੰਗ 'ਚ ਸਟੀਕਤਾ ਅਤੇ ਨਿਰਪੱਖਤਾ ਦੀ ਅਹਿਮੀਅਤ ਨੂੰ ਉਜਾਗਰ ਕਰਦਾ ਹੈ, ਖਾਸ ਕਰਕੇ ਅਜਿਹੇ ਮਾਮਲਿਆਂ ਨਾਲ ਸਿੱਝਣ 'ਚ, ਜੋ ਵਿਅਕਤੀਆਂ ਜਾਂ ਅਦਾਰਿਆਂ ਦੀ ਇਮਾਨਦਾਰੀ ਨੂੰ ਅਸਰਅੰਦਾਜ਼ ਕਰਨ ਦੀ ਸਮਰੱਥਾ ਰਖਦੇ ਹਨ। ਇਨ੍ਹਾਂ ਤੱਥਾਂ ਨੂੰ ਧਿਆਨ 'ਚ ਰਖਦਿਆਂ ਲੇਖਾਂ ਦਾ ਪ੍ਰਕਾਸ਼ਨ ਲੋਕਾਂ ਦੇ ਹਿੱਤ ਅਤੇ ਚੰਗੀ ਭਾਵਨਾ ਨਾਲ ਕੀਤਾ ਜਾਣਾ ਚਾਹੀਦਾ ਹੈ।"

# ਗਿਆਨੇਸ਼ ਕੁਮਾਰ ਨੇ ਮੁੱਖ ਚੋਣ ਕਮਿਸ਼ਨਰ ਵਜੋਂ ਚਾਰਜ ਸੰਭਾਲਿਆ



ਨਵੀਂ ਦਿੱਲੀ: ਗਿਆਨੇਸ਼ ਕੁਮਾਰ ਨੇ ਦੇਸ਼ ਦੇ 26ਵੇਂ ਮੁੱਖ ਚੋਣ ਕਮਿਸ਼ਨਰ (CIC) ਵਜੋਂ ਜਦੋਂਕਿ ਵਿਵੇਕ ਜੋਸ਼ੀ ਨੇ ਚੋਣ ਕਮਿਸ਼ਨਰ (EC) ਵਜੋਂ ਚਾਰਜ ਸੰਭਾਲ ਲਿਆ ਹੈ। ਕੁਮਾਰ ਮਾਰਚ 2024 ਤੋਂ ਚੋਣ ਕਮਿਸ਼ਨਰ ਸਨ ਤੇ ਉਨ੍ਹਾਂ ਨੂੰ ਸੋਮਵਾਰ ਨੂੰ ਤਰੱਕੀ ਦੇ ਕੇ ਮੁੱਖ ਚੋਣ ਕਮਿਸ਼ਨਰ ਬਣਾਇਆ ਗਿਆ ਹੈ। ਗਿਆਨੇਸ਼ ਕੁਮਾਰ ਨੇ ਰਾਜੀਵ ਕੁਮਾਰ ਦੀ ਥਾਂ ਲਈ ਹੈ। ਸੁਖਬੀਰ ਸਿੰਘ ਸੰਧੂ ਦੂਜੇ ਚੋਣ ਕਮਿਸ਼ਨਰ ਹਨ। ਜੋਸ਼ੀ ਨੂੰ ਸੋਮਵਾਰ ਨੂੰ ਚੋਣ ਕਮਿਸ਼ਨਰ ਨਿਯੁਕਤ ਕੀਤਾ ਗਿਆ ਸੀ। ਗਿਆਨੇਸ਼ ਕੁਮਾਰ ਨੇ ਅਹੁਦੇ ਸੰਭਾਲਣ ਮਗਰੋਂ ਕਿਹਾ, 'ਦੇਸ਼ ਨਿਰਮਾਣ ਲਈ ਪਹਿਲਾ ਕਦਮ ਵੋਟਿੰਗ ਹੈ। ਲਿਹਾਜ਼ਾ ਭਾਰਤ ਦੇ ਹਰੇਕ ਨਾਗਰਿਕ, ਜਿਸ ਦੀ ਉਮਰ 18 ਸਾਲ ਤੋਂ ਉੱਤੇ ਹੈ, ਨੂੰ ਵੋਟ ਜ਼ਰੂਰ ਪਾਉਣੀ ਚਾਹੀਦੀ ਹੈ।' ਗਿਆਨੇਸ਼ ਕੁਮਾਰ ਨੇ ਆਖਿਆ, 'ਚੋਣ ਕਮਿਸ਼ਨ ਵੋਟਰਾਂ ਨਾਲ ਹਮੇਸ਼ਾ ਖੜ੍ਹਾ ਸੀ, ਹੈ ਤੇ ਰਹੇਗਾ।' ਕੁਮਾਰ ਦਾ ਕਾਰਜਕਾਲ 26 ਜਨਵਰੀ 2029 ਤੱਕ ਹੋਵੇਗਾ।

# ਮੁੱਖ ਮੰਤਰੀ ਨੇ ਜਲ ਟ੍ਰਿਬਿਊਨਲ ਤੋਂ ਪੰਜਾਬ ਲਈ ਨਿਆਂ ਮੰਗਿਆ



ਚੰਡੀਗੜ੍ਹ : ਮੁੱਖ ਮੰਤਰੀ ਭਗਵੰਤ ਮਾਨ ਨੇ ਰਾਵੀ-ਬਿਆਸ ਜਲ ਟ੍ਰਿਬਿਊਨਲ ਅੱਗੇ ਪੰਜਾਬ ਦਾ ਕੇਸ ਪੇਸ਼ ਕਰਦਿਆਂ ਕਿਹਾ ਕਿ ਕਿਸੇ ਹੋਰ ਸੂਬੇ ਨਾਲ ਸਾਂਝਾ ਕਰਨ ਲਈ ਪੰਜਾਬ ਕੋਲ ਵਾਧੂ ਪਾਣੀ ਨਹੀਂ ਹੈ। ਉਨ੍ਹਾਂ ਮੰਗ ਉਠਾਈ ਕਿ ਕੌਮਾਂਤਰੀ ਨਿਯਮਾਂ ਅਨੁਸਾਰ ਦਰਿਆਈ ਪਾਣੀ ਦੀ ਉਪਲੱਬਧਤਾ ਦਾ ਮੁੜ ਮੁਲਾਂਕਣ ਕੀਤਾ ਜਾਵੇ। ਉਨ੍ਹਾਂ ਰਾਵੀ ਜਲ ਪ੍ਰਣਾਲੀ ਨੂੰ ਵਾਚਣ ਲਈ ਸੂਬੇ ਦੇ ਦੌਰੇ 'ਤੇ ਆਏ ਟ੍ਰਿਬਿਊਨਲ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਦੇ ਲੋਕਾਂ ਨੂੰ ਇਨਸਾਫ਼ ਦਿਵਾਏ। ਮੁੱਖ ਮੰਤਰੀ ਨੇ ਪੰਜਾਬ ਦੇ ਤਿੰਨ ਦਿਨਾਂ ਦੌਰੇ ਲਈ ਆਏ ਟ੍ਰਿਬਿਊਨਲ ਕੋਲ ਦੇਰ ਸ਼ਾਮ ਆਪਣਾ ਪੱਖ ਰੱਖਿਆ। ਟ੍ਰਿਬਿਊਨਲ ਵੀਰਵਾਰ ਤੋਂ ਆਪਣਾ ਪੰਜਾਬ ਦੌਰਾ ਸ਼ੁਰੂ ਕਰੇਗਾ। ਅੱਜ ਇੱਥੇ ਮੁੱਖ ਮੰਤਰੀ ਨੇ ਟ੍ਰਿਬਿਊਨਲ ਦੇ ਚੇਅਰਮੈਨ ਅਤੇ ਮੈਂਬਰਾਂ ਆਦਿ ਨੂੰ ਰਾਤਰੀ ਭੋਜ ਦਿੱਤਾ।

ਮੁੱਖ ਮੰਤਰੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਪੰਜਾਬ ਕੋਲ ਦੂਜੇ ਸੂਬਿਆਂ ਨੂੰ ਦੇਣ ਲਈ ਪਾਣੀ ਦੀ ਇੱਕ ਬੂੰਦ ਵੀ ਵਾਧੂ ਨਹੀਂ ਹੈ। ਚੇਅਰਮੈਨ ਜਸਟਿਸ ਵਿਨੀਤ ਸਰਨ ਦੀ ਅਗਵਾਈ ਹੇਠਲੇ ਟ੍ਰਿਬਿਊਨਲ, ਜਿਸ 'ਚ ਜਸਟਿਸ ਪੀ ਨਵੀਨ ਰਾਓ, ਜਸਟਿਸ ਸੁਮਨ ਸ਼ਿਆਮ ਅਤੇ ਰਜਿਸਟਰਾਰ ਰੀਟਾ ਚੋਪੜਾ ਸ਼ਾਮਲ ਹਨ, ਨਾਲ ਕੀਤੀ ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਸੂਬੇ ਦੇ ਜ਼ਮੀਨੀ ਪਾਣੀਆਂ ਦੀ ਸਥਿਤੀ ਤੋਂ ਵੀ ਜਾਣੂ ਕਰਾਇਆ।

ਮੁੱਖ ਮੰਤਰੀ ਨੇ ਟ੍ਰਿਬਿਊਨਲ ਨੂੰ ਦੱਸਿਆ ਕਿ ਰਾਵੀ ਅਤੇ ਬਿਆਸ ਦਰਿਆਵਾਂ ਵਾਂਗ ਯਮੁਨਾ ਨਦੀ ਵੀ ਪੁਨਰਗਠਨ ਤੋਂ ਪਹਿਲਾਂ ਪੰਜਾਬ ਦੇ ਪੁਰਾਣੇ ਸੂਬਾਈ ਰਕਬੇ ਵਿੱਚੋਂ ਲੰਘਦੀ ਸੀ ਪਰ ਦਰਿਆਈ ਪਾਣੀਆਂ ਦੀ ਵੰਡ ਕਰਦੇ ਸਮੇਂ ਪੰਜਾਬ ਅਤੇ ਹਰਿਆਣਾ ਵਿਚਕਾਰ ਯਮੁਨਾ ਦੇ ਪਾਣੀਆਂ 'ਤੇ ਵਿਚਾਰ ਨਹੀਂ ਕੀਤਾ ਗਿਆ ਜਦੋਂ ਕਿ ਵੰਡ ਲਈ ਰਾਵੀ ਅਤੇ ਬਿਆਸ ਦੇ ਪਾਣੀਆਂ ਨੂੰ ਧਿਆਨ ਵਿੱਚ ਰੱਖਿਆ ਗਿਆ ਸੀ। ਉਨ੍ਹਾਂ ਕਿਹਾ ਕਿ ਸੂਬੇ ਵੱਲੋਂ ਕਈ ਵਾਰ ਯਮੁਨਾ ਦੇ ਪਾਣੀਆਂ ਦੀ ਵੰਡ ਲਈ ਗੱਲਬਾਤ ਵਿੱਚ ਆਪਣੇ ਸਰੋਕਾਰ ਦਰਸਾਏ ਗਏ ਹਨ ਪ੍ਰੰਤੂ ਪੰਜਾਬ ਦੇ ਪੱਖ 'ਤੇ ਵਿਚਾਰ ਨਹੀਂ ਕੀਤਾ ਗਿਆ। ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਰਾਵੀ ਅਤੇ ਬਿਆਸ ਦਰਿਆਵਾਂ ਦਾ ਬੇਸਿਨ ਸੂਬਾ ਨਹੀਂ ਹੈ ਪਰ ਪੰਜਾਬ ਨੂੰ ਇਨ੍ਹਾਂ ਦਰਿਆਵਾਂ ਦਾ ਪਾਣੀ ਹਰਿਆਣਾ ਨਾਲ ਸਾਂਝਾ ਕਰਨ ਲਈ ਮਜਬੂਰ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜੇ ਹਰਿਆਣਾ ਨੂੰ ਪੰਜਾਬ ਦੇ ਉੱਤਰਾਧਿਕਾਰੀ ਰਾਜ ਵਜੋਂ ਰਾਵੀ-ਬਿਆਸ ਦਾ ਪਾਣੀ ਮਿਲਦਾ ਹੈ ਤਾਂ ਉਸੇ ਸਮਾਨਤਾ ਦੇ ਆਧਾਰ 'ਤੇ ਯਮੁਨਾ ਦਾ ਪਾਣੀ ਵੀ ਪੰਜਾਬ ਦੇ ਉੱਤਰਾਧਿਕਾਰੀ ਰਾਜ ਵਜੋਂ ਸਾਂਝਾ ਕੀਤਾ ਜਾਣਾ ਚਾਹੀਦਾ ਹੈ। ਭਗਵੰਤ ਮਾਨ ਨੇ ਇਹ ਵੀ ਦੱਸਿਆ ਕਿ ਪੰਜਾਬ ਦੇ 76.5 ਫ਼ੀਸਦੀ ਬਲਾਕਾਂ (153 ਵਿੱਚੋਂ 117) ਦੀ ਸਥਿਤੀ ਬਹੁਤ ਗੰਭੀਰ ਹੈ ਜਦੋਂ ਕਿ ਹਰਿਆਣਾ ਵਿੱਚ ਮਹਿਜ਼ 61.5 ਫ਼ੀਸਦੀ ਬਲਾਕ (143 ਵਿੱਚੋਂ 88) ਅਤਿ-ਸ਼ੋਸ਼ਿਤ ਹਨ। ਉਨ੍ਹਾਂ ਕਿਹਾ ਕਿ ਸੂਬੇ ਦੇ ਜ਼ਿਆਦਾਤਰ ਦਰਿਆਈ ਸਰੋਤ ਸੁੱਕ ਚੁੱਕੇ ਹਨ ਜਿਸ ਕਰਕੇ ਪੰਜਾਬ ਨੂੰ ਆਪਣੀਆਂ ਸਿੰਜਾਈ ਜ਼ਰੂਰਤਾਂ ਪੂਰਾ ਕਰਨ ਲਈ ਹੋਰ ਪਾਣੀ ਦੀ ਲੋੜ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪਾਣੀ ਦੀ ਇੰਨੀ ਘਾਟ ਹੋਣ ਦੇ ਬਾਵਜੂਦ ਪੰਜਾਬ ਵੱਲੋਂ ਦੂਜੇ ਸੂਬਿਆਂ ਲਈ ਅਨਾਜ ਪੈਦਾ ਕੀਤਾ ਜਾ ਰਿਹਾ ਹੈ ਤਾਂ ਜੋ ਪੂਰੇ ਦੇਸ਼ ਨੂੰ ਅੰਨ ਦੀ ਕੋਈ ਕਿੱਲਤ ਦਾ ਸਾਹਮਣਾ ਨਾ ਕਰਨਾ ਪਵੇ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨਹਿਰੀ ਪਾਣੀ ਨੂੰ ਸਿੰਜਾਈ ਲਈ ਵਰਤਣ ਦੇ ਸਖ਼ਤ ਯਤਨ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਦੇ ਯਤਨਾਂ ਸਦਕਾ ਧਰਤੀ ਹੇਠਲੇ ਪਾਣੀ ਦਾ ਪੱਧਰ ਵਧਣ ਲੱਗ ਪਿਆ ਹੈ ਅਤੇ ਕੇਂਦਰ ਸਰਕਾਰ ਦੀ ਰਿਪੋਰਟ ਅਨੁਸਾਰ ਇਸ ਵਿੱਚ ਇੱਕ ਮੀਟਰ ਦਾ ਵਾਧਾ ਹੋਇਆ ਹੈ।

## ਭਾਰਤ ਅਤੇ ਕਤਰ ਵਿੱਚ 'ਰਣਨੀਤਕ ਭਾਈਵਾਲੀ' ਕਾਇਮ ਕਰਨ ਦਾ ਫ਼ੈਸਲਾ



ਨਵੀਂ ਦਿੱਲੀ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਇੱਥੇ ਕਤਰ ਦੇ ਅਮੀਰ ਸ਼ੇਖ ਤਮੀਮ ਬਿਨ ਹਮਦ ਅਲ-ਥਾਨੀ ਨਾਲ ਵੱਖ-ਵੱਖ ਮੁੱਦਿਆਂ 'ਤੇ ਵਿਆਪਕ ਗੱਲਬਾਤ ਕੀਤੀ। ਮੁਲਕਾਤ ਦੌਰਾਨ ਦੋਵਾਂ ਆਗੂਆਂ ਨੇ ਵਪਾਰ, ਨਿਵੇਸ਼, ਤਕਨਾਲੋਜੀ, ਊਰਜਾ ਤੇ ਲੋਕਾਂ ਦੇ ਆਪਸੀ ਸਬੰਧਾਂ 'ਤੇ ਬਾਰੇ ਵਿਚਾਰ ਕਰਦਿਆਂ ਭਾਰਤ-ਕਤਰ ਸਬੰਧਾਂ ਨੂੰ "ਰਣਨੀਤਕ ਭਾਈਵਾਲੀ" ਤੱਕ ਵਧਾਉਣ ਦਾ ਫ਼ੈਸਲਾ ਕੀਤਾ ਤਾਂ ਕਿ ਦੋਵਾਂ ਮੁਲਕਾਂ ਵਿਚਾਲੇ ਗੂੜ੍ਹੇ ਸਬੰਧਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ। ਵਿਦੇਸ਼ ਮੰਤਰਾਲੇ ਨੇ ਦੱਸਿਆ ਕਿ ਦੋਵਾਂ ਆਗੂਆਂ ਨੇ ਦੁਵੱਲੇ ਹਿੱਤਾਂ ਦੇ 'ਖੇਤਰੀ ਤੇ ਆਲਮੀ ਮੁੱਦਿਆਂ' ਉੱਤੇ ਵਿਚਾਰ-ਵਟਾਂਦਰਾ ਵੀ ਕੀਤਾ। ਕਤਰ ਦੇ ਅਮੀਰ ਪ੍ਰਧਾਨ ਮੰਤਰੀ ਮੋਦੀ ਦੇ ਸੱਦੇ 'ਤੇ ਦੋ ਰੋਜ਼ਾ ਭਾਰਤ ਦੌਰੇ 'ਤੇ ਹਨ। ਉਨ੍ਹਾਂ ਦਾ 2015 ਤੋਂ ਬਾਅਦ ਇਹ ਭਾਰਤ ਦਾ ਇਹ ਦੂਜਾ ਦੌਰਾ ਹੈ।

## ਜਲੰਧਰ-ਜੰਮੂ ਹਾਈਵੇਅ 'ਤੇ ਤਿੰਨ ਗੱਡੀਆਂ ਦੀ ਟੱਕਰ, 3 ਹਲਾਕ, 8 ਜ਼ਖ਼ਮੀ

ਜਲੰਧਰ-ਜੰਮੂ ਨੈਸ਼ਨਲ ਹਾਈਵੇਅ 'ਤੇ ਸੋਮਵਾਰ ਦੁਪਹਿਰ ਤਿੰਨ ਗੱਡੀਆਂ ਆਪਸ 'ਚ ਟਕਰਾ ਗਈਆਂ। ਹਾਦਸਾ ਇੰਨਾ ਭਿਆਨਕ ਸੀ ਕਿ ਤਿੰਨ ਗੱਡੀਆਂ 'ਚ ਸਵਾਰ 8 ਲੋਕ ਗੰਭੀਰ ਰੂਪ ਨਾਲ ਜ਼ਖਮੀ ਹੋ ਗਏ। ਇਕ ਔਰਤ ਦੀ ਮੌਕੇ 'ਤੇ ਹੀ ਮੌਤ ਹੋ ਗਈ। ਜ਼ਖਮੀਆਂ ਦੀ ਹਾਲਤ ਅਜੇ ਵੀ ਨਾਜ਼ੁਕ ਬਣੀ ਹੋਈ ਹੈ। ਮੰਗਲਵਾਰ ਨੂੰ ਇਲਾਜ ਦੌਰਾਨ ਇਕ ਨੌਜਵਾਨ ਔਰਤ ਅਤੇ ਇਕ ਨੌਜਵਾਨ ਦੀ ਮੌਤ ਹੋ ਗਈ। ਇਸ ਹਾਦਸੇ 'ਚ ਕੁੱਲ ਤਿੰਨ ਲੋਕਾਂ ਦੀ ਮੌਤ ਹੋ ਗਈ ਹੈ। ਮ੍ਰਿਤਕਾਂ ਦੀ ਪਛਾਣ ਲਵਪ੍ਰੀਤ ਵਾਸੀ ਜੰਡਿਆਲਾ ਅਤੇ ਗੁਰਮੁਖ ਸਿੰਘ ਵਾਸੀ ਪਿੰਡ ਸੁੰਨਦ ਕਲਾਂ ਵਜੋਂ ਹੋਈ ਹੈ। ਮੰਗਲਵਾਰ ਨੂੰ ਪੋਸਟਮਾਰਟਮ ਕੀਤਾ ਗਿਆ ਅਤੇ ਸ਼ਾਮ ਨੂੰ ਪੁਲਿਸ ਨੇ ਪਰਿਵਾਰ ਨੂੰ ਸੌਂਪ ਦਿੱਤਾ। ਪੋਸਟਮਾਰਟਮ ਲਈ ਮੌਕੇ 'ਤੇ ਪਹੁੰਚੇ ਏ.ਐਸ.ਆਈ. ਰਾਜਿੰਦਰ ਸਿੰਘ ਨੇ ਦੱਸਿਆ ਕਿ ਕੱਲ੍ਹ ਡੀ.ਏ.ਵੀ. ਯੂਨੀਵਰਸਿਟੀ ਨੇੜੇ ਹੋਏ ਹਾਦਸੇ ਵਿੱਚ ਤਿੰਨ ਵਾਹਨ ਬੁਰੀ ਤਰ੍ਹਾਂ ਨੁਕਸਾਨੇ ਗਏ ਸਨ। ਇਸ ਹਾਦਸੇ 'ਚ 8 ਲੋਕ ਗੰਭੀਰ ਰੂਪ ਨਾਲ ਜ਼ਖਮੀ ਹੋ ਗਏ। ਇਸ ਦੌਰਾਨ ਇਕ ਔਰਤ ਦੀ ਮੌਕੇ 'ਤੇ ਹੀ ਮੌਤ ਹੋ ਗਈ। ਇਸ ਤੋਂ ਬਾਅਦ ਇਲਾਜ ਦੌਰਾਨ ਇਕ ਲੜਕੀ ਅਤੇ ਇਕ ਲੜਕੇ ਦੀ ਮੌਤ ਹੋ ਗਈ। ਤਿੰਨਾਂ ਦੀਆਂ ਲਾਸ਼ਾਂ ਪੋਸਟਮਾਰਟਮ ਤੋਂ ਬਾਅਦ ਪਰਿਵਾਰ ਨੂੰ ਸੌਂਪ ਦਿੱਤੀਆਂ ਗਈਆਂ ਹਨ। ਪੋਸਟਮਾਰਟਮ ਲਈ ਮੌਕੇ 'ਤੇ ਪਹੁੰਚੇ ਸੁੰਨਦ ਕਲਾ ਦੇ ਸਰਪੰਚ ਦਲਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਪਿੰਡ ਦੇ ਵਸਨੀਕ ਗੁਰਮੁਖ ਸਿੰਘ ਦੀ ਕੱਲ੍ਹ ਕਾਰ ਹਾਦਸੇ 'ਚ ਜ਼ਖਮੀ ਹੋਣ ਤੋਂ ਬਾਅਦ ਇਲਾਜ ਦੌਰਾਨ ਮੌਤ ਹੋ ਗਈ। ਉਸ ਨੂੰ ਇਲਾਜ ਲਈ ਦੂਜੇ ਹਸਪਤਾਲ ਲਿਜਾਇਆ ਜਾ ਰਿਹਾ ਸੀ ਜਦੋਂ ਰਸਤੇ ਵਿਚ ਹੀ ਉਸ ਦੀ ਮੌਤ ਹੋ ਗਈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਕਾਰ 'ਚ ਪਿੰਡ ਦਾ ਇਕ ਹੋਰ ਨੌਜਵਾਨ ਸੀ, ਜਿਸ ਦੀ ਹਾਲਤ ਅਜੇ ਵੀ ਨਾਜ਼ੁਕ ਬਣੀ ਹੋਈ ਹੈ ਅਤੇ ਉਸ ਦਾ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ। ਮ੍ਰਿਤਕ ਲੜਕੀ ਲਵਪ੍ਰੀਤ ਦੇ ਪਿਤਾ ਕੁਲਵਿੰਦਰ ਨੇ ਦੱਸਿਆ ਕਿ ਉਨ੍ਹਾਂ ਦੀ ਬੇਟੀ ਡੀ.ਏ.ਵੀ. ਯੂਨੀਵਰਸਿਟੀ 'ਚ ਪੜ੍ਹਦੀ ਸੀ। ਉਹ ਸੋਮਵਾਰ ਨੂੰ ਯੂਨੀਵਰਸਿਟੀ ਛੱਡਣ ਤੋਂ ਬਾਅਦ ਸੜਕ ਪਾਰ ਕਰ ਰਹੀ ਸੀ ਜਦੋਂ ਕਾਰ ਹਾਦਸੇ ਦਾ ਸ਼ਿਕਾਰ ਹੋ ਗਈ। ਉਸ ਨੂੰ ਇਲਾਜ ਲਈ ਨੇੜਲੇ ਨਿੱਜੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਪਰ ਉੱਥੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ।

## ਬਠਿੰਡਾ 'ਚ ਵਿਆਹ ਤੋਂ ਪਰਤ ਰਗੀ NRI ਔਰਤ ਤੋਂ 25 ਤੋਲੇ ਸੋਨਾ ਲੁੱਟਿਆ

ਅੰਮ੍ਰਿਤਸਰ: ਅੰਮ੍ਰਿਤਸਰ ਪੁਲਿਸ ਨੇ ਮੰਗਲਵਾਰ ਨੂੰ 3 ਵੱਖ-ਵੱਖ ਮੁਕੱਦਮਿਆਂ 'ਚ 9 ਮੁਲਜ਼ਮਾਂ ਨੂੰ ਕਾਬੂ ਕਰ ਕੇ 2 ਕਿੱਲੋ ਹੈਰੋਇਨ ਅਤੇ 5 ਪਿਸਤੌਲਾਂ ਬਰਾਮਦਗੀ ਕੀਤੀਆਂ ਹਨ। ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦਸਿਆ ਕਿ ਇਨ੍ਹਾਂ 'ਚੋਂ ਕੁਨਣ ਸਿੰਘ, ਬਲਵਿੰਦਰ ਸਿੰਘ ਤੇ ਰਾਜਵਿੰਦਰ ਸਿੰਘ ਵਿਰੁਧ ਪਹਿਲਾਂ ਵੀ ਮਾਮਲੇ ਦਰਜ ਹਨ।



ਪਹਿਲੇ ਮਾਮਲੇ 'ਚ ਗੁਰਪ੍ਰੀਤ ਸਿੰਘ ਉਰਫ ਗੋਪੀ ਪੁੱਤਰ ਬਗੀਚਾ ਸਿੰਘ ਵਾਸੀ ਪਿੰਡ ਬੋਲੜਵਾਲ ਥਾਣਾ ਅਜਨਾਲਾ ਜਿਲ੍ਹਾ ਅੰਮ੍ਰਿਤਸਰ ਦਿਹਾਤੀ, ਕੁੰਨਣ ਸਿੰਘ ਪੁੱਤਰ ਧੰਨਾ ਸਿੰਘ ਵਾਸੀ ਪਿੰਡ ਬੱਲੜਵਾਲ ਥਾਣਾ ਅਜਨਾਲਾ, ਅੰਮ੍ਰਿਤਸਰ ਦਿਹਾਤੀ, ਬਲਵਿੰਦਰ ਸਿੰਘ ਉਰਫ ਬੱਬਾ ਪੁੱਤਰ ਪੂਰਨ ਸਿੰਘ ਵਾਸੀ ਪਿੰਡ ਬੱਲੜਵਾਲ ਥਾਣਾ ਅਜਨਾਲਾ, ਅੰਮ੍ਰਿਤਸਰ ਦਿਹਾਤੀ, ਪ੍ਰੇਮ ਸਿੰਘ ਉਰਫ ਕਾਲਾ ਪੁੱਤਰ ਦਰਸਨ ਸਿੰਘ, ਥਾਣਾ ਅਜਨਾਲਾ, ਜਿਲਾ ਅੰਮ੍ਰਿਤਸਰ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

ਦੂਜੇ ਮਾਮਲੇ 'ਚ ਬਲਵਿੰਦਰ ਸਿੰਘ (29) ਉਰਫ ਗੋਪੀ ਪੁੱਤਰ ਦਲਬੀਰ ਸਿੰਘ ਵਾਸੀ ਪਿੰਡ ਜਗਤਪੁਰਾ, ਜਿਲਾ ਤਰਨ ਤਾਰਨ, ਸਾਬਰ ਸੰਧੂ (40) ਉਰਫ ਤਰਲੋਕ ਬਾਬਾ ਪੁੱਤਰ ਬਰਕਤ ਮਸੀਹ ਵਾਸੀ ਪਿੰਡ ਉਮਰਪੁਰਾ ਥਾਣਾ ਅਜਨਾਲਾ ਜਿਲਾ ਅੰਮ੍ਰਿਤਸਰ ਦਿਹਾਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਜਿਨ੍ਹਾਂ ਕੋਲੋਂ 1 ਕਿਲੋਂ ਹੈਰੋਇੰਨ, 02 ਪਿਸਟਲ (ਇੱਕ .30 ਬੋਰ ਅਤੇ ਇੱਕ .32 ਬੋਰ) ਬਰਾਮਦ ਹੋਏ।

ਤੀਜੇ ਮਾਮਲੇ 'ਚ ਵਰਿੰਦਰ ਸਿੰਘ (23) ਪੁੱਤਰ ਧੀਰਾ ਸਿੰਘ ਵਾਸੀ ਪਿੰਡ ਮੇਹਣੀਆ ਕੁਹਾਰਾ ਥਾਣਾ ਕੰਬੋਅ, ਜਿਲ੍ਹਾ ਅੰਮ੍ਰਿਤਸਰ ਦਿਹਾਤੀ ਨੂੰ ਗ੍ਰਿਫ਼ਤਾਰ ਕੀਤਾ ਗਿਅ ਜਿਸ ਕੋਲੋਂ 03 ਪਿਸਟਲ .32 ਬੋਰ ਸਮੇਤ 02 ਰੌਂਦ ਜਿੰਦਾ ਬਰਾਮਦ ਹੋਏ।


ਤੀਜੇ ਮਾਮਲੇ 'ਚ ਰਾਜਵਿੰਦਰ ਸਿੰਘ (31) ਪੁੱਤਰ ਅਵਤਾਰ ਸਿੰਘ ਵਾਸੀ ਪਿੰਡ ਤੇੜਾ ਥਾਣਾ ਝੰਡੇਰ ਜਿਲ੍ਹਾ ਅੰਮ੍ਰਿਤਸਰ ਦਿਹਾਤੀ ਅਤੇ ਰਵਿੰਦਰ ਸਿੰਘ (25) ਵਾਸੀ ਪਿੰਡ ਤੇੜਾ ਥਾਣਾ ਝੰਡੇਰ ਜਿਲ੍ਹਾ ਅੰਮ੍ਰਿਤਸਰ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਨ੍ਹਾਂ ਕੋਲੋਂ 1 ਕਿੱਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ। ਪੁਲਿਸ ਕਮਿਸ਼ਨਰ ਨੇ ਦਸਿਆ ਕਿ ਮੁਲਜ਼ਮਾਂ 'ਚੋਂ ਇਕ ਦਰਗਾਹ ਦਾ ਸੇਵਾਦਾਰ ਵੀ ਹੈ ਜੋ ਦਰਗਾਹ ਦੇ ਪਰਦੇ ਹੇਠ ਹੀਰੋਇਨ ਦਾ ਧੰਦਾ ਕਰਦਾ ਸੀ।

ਪੁਲਿਸ ਕਮਿਸ਼ਨਰ ਨੇ ਦਸਿਆ ਕਿ ਇਕ ਗੁਰੂ ਨਾਨਕ ਦੇਵ ਯੂਨੀਵਰਸਿਟੀ ਦਾ ਚੌਂਕੀਦਾਰ ਵੀ ਹੈ ਜਿਸ ਕੋਲੋਂ ਇਕ ਕਿਲੋ ਦੇ ਕਰੀਬ ਹੀਰੋਇਨ ਬਰਾਮਦ ਕੀਤੀ ਗਈ ਹੈ ਜੋ ਕਿ ਤਰਨਤਾਰਨ ਦਾ ਰਹਿਣ ਵਾਲਾ ਹੈ।

ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦਸਿਆ ਕਿ ਸਰਹੱਦ ਪਾਰ ਤੋਂ ਡਰੋਨ ਦੇ ਰਾਹੀਂ ਆਉਣ ਵਾਲੀ ਹੀਰੋਇਨ ਨੂੰ ਦਰਗਾਹ ਦਾ ਬਾਬਾ ਪ੍ਰਾਪਤ ਕਰਦਾ ਸੀ। ਏ.ਐਸ.ਆਈ. ਕਰਤਾਰ ਸਿੰਘ ਵਲੋਂ ਇਨ੍ਹਾਂ ਸਾਰੇ ਨੌਜਵਾਨਾਂ ਨੂੰ ਅਦਾਲਤ 'ਚ ਪੇਸ਼ ਕਰ ਕੇ ਇਨ੍ਹਾਂ ਦਾ ਰਿਮਾਂਡ ਹਾਸਲ ਕੀਤਾ ਜਾਵੇਗਾ। ਰਿਮਾਂਡ ਦੌਰਾਨ ਇਹ ਪਤਾ ਲਗਾਇਆ ਜਾਵੇਗਾ ਕਿ ਇਨ੍ਹਾਂ ਦੇ ਹੋਰ ਕਿਸ ਕਿਸ ਨਾਲ ਸੰਪਰਕ ਹਨ ਅਤੇ ਇਹ ਹੀਰੋਇਨ ਕਿਸ ਦੇ ਰਾਹੀਂ ਕਿੱਥੋਂ ਮੰਗਵਾਉਂਦੇ ਸਨ।

## 1984 ਸਿੱਖ ਵਿਰੋਧੀ ਦੰਗਿਆਂ ਦੇ ਮਾਮਲੇ ਵਿੱਚ ਸੱਜਣ ਕੁਮਾਰ 'ਤੇ ਫ਼ੈਸਲਾ ਟਲਿਆ
## ਇਸਤਗਾਸਾ ਪੱਖ ਦੇ ਵਕੀਲ ਨੇ ਸੱਜਣ ਕੁਮਾਰ ਲਈ ਮੌਤ ਦੀ ਸਜ਼ਾ ਦੀ ਮੰਗ ਕੀਤੀ

ਨਵੀਂ ਦਿਲੀ: 1984 Anti Sikh Riots Case: ਇਸਤਗਾਸਾ ਪੱਖ ਨੇ ਸਾਬਕਾ ਕਾਂਗਰਸ ਸੰਸਦ ਮੈਂਬਰ ਸੱਜਣ ਕੁਮਾਰ ਲਈ ਮੌਤ ਦੀ ਸਜ਼ਾ ਦੀ ਮੰਗ ਕੀਤੀ ਹੈ। ਉਸ ਨੂੰ ਨਵੰਬਰ 1984 ਵਿੱਚ ਸਰਸਵਤੀ ਵਿਹਾਰ ਖੇਤਰ ਵਿੱਚ ਪਿਤਾ-ਪੁੱਤਰ ਦੀ ਜੋੜੀ ਦੀ ਹੱਤਿਆ ਦੇ ਇੱਕ ਮਾਮਲੇ ਵਿੱਚ ਦੋਸ਼ੀ ਠਹਿਰਾਇਆ ਗਿਆ ਸੀ। ਸਰਕਾਰੀ ਵਕੀਲ ਨੇ ਆਪਣੀਆਂ ਲਿਖਤੀ ਦਲੀਲਾਂ ਦਾਇਰ ਕਰਨੀਆਂ ਹਨ। ਉਹ ਨਿਰਭਯਾ ਅਤੇ ਹੋਰ ਮਾਮਲਿਆਂ ਵਿੱਚ ਦਿਸ਼ਾ-ਨਿਰਦੇਸ਼ਾਂ ਵਿੱਚ ਮੌਤ ਦੀ ਸਜ਼ਾ ਲਈ ਦਬਾਅ ਪਾ ਰਿਹਾ ਹੈ। ਸੀਨੀਅਰ ਵਕੀਲ ਵੀ ਆਪਣੀਆਂ ਲਿਖਤੀ ਦਲੀਲਾਂ ਦਾਇਰ ਕਰਦੇ ਹਨ। ਅਦਾਲਤ ਨੇ ਸਜ਼ਾ 'ਤੇ ਦਲੀਲਾਂ ਸੁਣਨ ਲਈ ਮਾਮਲੇ ਨੂੰ 21 ਫ਼ਰਵਰੀ ਨੂੰ ਸੂਚੀਬੱਧ ਕੀਤਾ ਹੈ। ਇਹ 41 ਸਾਲ ਪੁਰਾਣਾ ਮਾਮਲਾ 1984 ਦੇ ਸਿੱਖ ਵਿਰੋਧੀ ਦੰਗਿਆਂ ਦੌਰਾਨ ਸਰਸਵਤੀ ਵਿਹਾਰ ਵਿੱਚ ਦੋ ਸਿੱਖਾਂ ਦੇ ਕਤਲ ਨਾਲ ਸਬੰਧਤ ਹੈ। ਸੱਜਣ ਵਿਰੁੱਧ ਦਿੱਲੀ ਦੰਗਿਆਂ ਵਿੱਚ 3 ਤੋਂ ਵੱਧ



ਮਾਮਲੇ ਚੱਲ ਰਹੇ ਹਨ। ਇੱਕ ਮਾਮਲੇ ਵਿੱਚ ਉਸਨੂੰ ਬਰੀ ਕਰ ਦਿੱਤਾ ਗਿਆ ਹੈ। ਇਸ ਤੋਂ ਪਹਿਲਾਂ ਦਸੰਬਰ 2018 ਵਿੱਚ, ਦਿੱਲੀ ਹਾਈ ਕੋਰਟ ਦੇ ਦੋਹਰੇ ਬੈਂਚ ਨੇ ਉਸਨੂੰ ਹਿੰਸਾ ਅਤੇ ਦੰਗੇ ਭੜਕਾਉਣ ਦਾ ਦੋਸ਼ੀ ਪਾਇਆ ਅਤੇ ਉਸਨੂੰ ਉਮਰ ਕੈਦ ਦੀ ਸਜ਼ਾ ਸੁਣਾਈ। ਇਸ ਵੇਲੇ ਸੱਜਣ ਕੁਮਾਰ ਤਿਹਾੜ ਜੇਲ੍ਹ ਵਿੱਚ ਆਪਣੀ ਸਜ਼ਾ ਕੱਟ ਰਿਹਾ ਹੈ।

## ਧਰਮਸ਼ਾਲਾ (ਹਿਮਾਚਲ) 'ਚ ਟ੍ਰੈਕਿੰਗ ਦੌਰਾਨ ਹਾਦਸਾ, ਬ੍ਰਿਟਿਸ਼ ਸੈਲਾਨੀ ਦੀ ਮੌਤ

ਹਿਮਾਚਲ ਪ੍ਰਦੇਸ਼ ਦੇ ਕਾਂਗੜਾ ਜ਼ਿਲ੍ਹੇ ਦੇ ਮਸ਼ਹੂਰ ਟ੍ਰੈਕਿੰਗ ਸਪਾਟ ਟ੍ਰਿਉਂਡ ਵਿਖੇ ਵਾਪਰੇ ਇੱਕ ਦਰਦਨਾਕ ਹਾਦਸੇ ਵਿੱਚ ਇੱਕ ਬ੍ਰਿਟਿਸ਼ ਸੈਲਾਨੀ ਦੀ ਮੌਤ ਹੋ ਗਈ ਜਦੋਂ ਕਿ ਉਸ ਦਾ ਸਾਥੀ ਜ਼ਖ਼ਮੀ ਹੋ ਗਿਆ। ਪੁਲਿਸ ਅਨੁਸਾਰ ਮ੍ਰਿਤਕ ਦੀ ਪਛਾਣ ਹਾਵਰਡ ਥਾਮਸ ਹੈਰੀ (27) ਵਜੋਂ ਹੋਈ ਹੈ, ਜਦੋਂ ਕਿ ਜ਼ਖ਼ਮੀ ਸੈਲਾਨੀ ਰੌਬਰਟ ਜੌਹਨ ਐਮਰਟਨ (27) ਦਾ ਧਰਮਸ਼ਾਲਾ ਦੇ ਜ਼ੋਨਲ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ। ਕਾਂਗੜਾ ਦੀ ਪੁਲਿਸ ਸੁਪਰਡੈਂਟ ਸ਼ਾਲਿਨੀ ਅਗਨੀਹੋਤਰੀ ਨੇ ਦੱਸਿਆ ਕਿ ਦੋਵੇਂ ਵਿਦੇਸ਼ੀ ਨਾਗਰਿਕ ਟ੍ਰਾਈਂਡ ਟ੍ਰੈਕਿੰਗ 'ਤੇ ਗਏ ਸਨ, ਪਰ ਖੱਡ 'ਚ ਡਿੱਗਣ ਕਾਰਨ ਗੰਭੀਰ ਰੂਪ 'ਚ ਜ਼ਖ਼ਮੀ ਹੋ ਗਏ। ਹਾਦਸੇ ਦੀ ਸੂਚਨਾ ਮਿਲਦੇ ਹੀ ਪੁਲਿਸ ਅਤੇ ਐਸਡੀਆਰਐਫ਼ ਦੀ ਟੀਮ ਮੌਕੇ 'ਤੇ ਪਹੁੰਚ ਗਈ ਅਤੇ ਬਚਾਅ ਕਾਰਜ ਚਲਾਇਆ ਪਰ ਬਦਕਿਸਮਤੀ ਨਾਲ ਧਰਮਸ਼ਾਲਾ ਪਹੁੰਚਣ ਤੋਂ ਪਹਿਲਾਂ ਹੀ ਹਾਵਰਡ ਦੀ ਮੌਤ ਹੋ ਗਈ। ਪੁਲਿਸ ਅਨੁਸਾਰ ਦੋਵੇਂ ਵਿਦੇਸ਼ੀ ਨਾਗਰਿਕ ਬ੍ਰਿਟੇਨ ਦੇ ਵਸਨੀਕ ਸਨ ਅਤੇ ਟੂਰਿਸਟ ਵੀਜ਼ੇ 'ਤੇ ਭਾਰਤ ਆਏ ਸਨ। ਪੁਲਿਸ ਹਾਦਸੇ ਦੀ ਜਾਂਚ ਕਰ ਰਹੀ ਹੈ। ਹਰ ਸਾਲ ਵੱਡੀ ਗਿਣਤੀ 'ਚ ਵਿਦੇਸ਼ੀ ਅਤੇ ਭਾਰਤੀ ਸੈਲਾਨੀ ਧਰਮਸ਼ਾਲਾ ਅਤੇ ਟ੍ਰਿੰਡ ਟ੍ਰੈਕ 'ਤੇ ਆਉਂਦੇ ਹਨ।

## ਤਰਨਤਾਰਨ ਵਿਚ ਵਾਪਰਿਆ ਵੱਡਾ ਹਾਦਸਾ, 4 ਲੋਕਾਂ ਦੀ ਹੋਈ ਮੌਤ

ਤਰਨਤਾਰਨ ਵਿਚ ਵੱਡਾ ਹਾਦਸਾ ਵਾਪਰਿਆ ਹੈ। ਇਥੇ ਪਿੰਡ ਗੰਡੀਵਿੰਡ ਵਿਖੇ ਦੋ ਮੋਟਰਸਾਈਕਲਾਂ ਦੀ ਆਪਸ ਵਿਚ ਭਿਆਨਕ ਟੱਕਰ ਹੋ ਗਈ। ਇਸ ਹਾਦਸੇ ਵਿਚ ਪਤੀ ਪਤਨੀ ਸਮੇਤ ਚਾਰ ਵਿਅਕਤੀਆਂ ਦੀ ਦਰਦਨਾਕ ਮੌਤ ਹੋ ਗਈ। ਮਿਲੀ ਜਾਣਕਾਰੀ ਅਨੁਸਾਰ ਗੌਰਵ (30) ਪੁੱਤਰ ਹਰਭਜਨ ਸਿੰਘ ਅਤੇ ਉਸ ਦੀ ਪਤਨੀ ਮਾਨਸੀ ਵਾਸੀ ਗੰਡੀਵਿੰਡ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਦੇਰ ਰਾਤ ਝਬਾਲ ਨੂੰ ਆ ਰਹੇ ਸਨ, ਜਦੋਂ ਕਿ ਰਾਹੁਲ ਦੀਪ ਸਿੰਘ ਪੁੱਤਰ ਪਿਆਰਾ ਸਿੰਘ ਬਿੱਟੂ ਅਤੇ ਜਸ਼ਨਦੀਪ ਸਿੰਘ ਪੁੱਤਰ ਗੁਰਪ੍ਰੀਤ ਸਿੰਘ ਵਾਸੀ ਗਹਿਰੀ ਮੋਟਰਸਾਈਕਲ 'ਤੇ ਸਵਾਰ ਹੋ ਝਬਾਲ ਆ ਰਹੇ ਸਨ। ਜਦ ਉਹ ਅੱਪਰਬਾਰੀ ਦੁਆਬ ਨਹਿਰ ਦੇ ਨਜ਼ਦੀਕ ਪੁੱਜੇ ਤਾਂ ਮੋਟਰਸਾਈਕਲ ਬੇਕਾਬੂ ਹੋ ਕੇ ਇਕ ਦੂਜੇ ਵਿਚ ਜਾ ਵੱਜੇ। ਇਸ ਹਾਦਸੇ ਵਿਚ ਚਾਰਾਂ ਮੋਟਰਸਾਈਕਲ ਸਵਾਰਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ।

## ਆਸਟਰੇਲੀਆ ਤੋਂ ਆਏ NRI ਜੋੜੇ ਨਾਲ ਲੁੱਟ ਦੀ ਵਾਰਦਾਤ ਨਿਕਲੀ ਝੂਠੀ
## ਮਦਦ ਲਈ ਰੁਕੇ ਕਬੱਡੀ ਖਿਡਾਰੀਆਂ ਉੱਪਰ ਹੀ ਲਗਾ ਦਿਤਾ ਸੀ ਲੁੱਟ ਦਾ ਇਲਜ਼ਾਮ

ਚੰਡੀਗੜ੍ਹ। 16 ਅਤੇ 17 ਫ਼ਰਵਰੀ ਦੀ ਰਾਤ ਨੂੰ NRI ਜੋੜੇ ਨਾਲ ਹੋਈ ਲੁੱਟ ਦੀ ਵਾਰਦਾਤ ਵਿਚ ਇੱਕ ਨਵਾਂ ਮੋੜ ਆਇਆ ਹੈ। ਜੋੜੇ ਨਾਲ ਲੁੱਟ ਦੀ ਇਹ ਵਾਰਦਾਤ ਝੂਠੀ ਨਿਕਲੀ ਹੈ। ਆਸਟਰੇਲੀਆ ਤੋਂ ਆਏ NRI ਜੋੜੇ ਨੇ ਖੁਦ ਹੀ ਲੁੱਟ ਦੀ ਝੂਠੀ ਕਹਾਣੀ ਘੜੀ ਸੀ। ਹਾਲਾਂਕਿ ਲੁੱਟ ਦੀ ਕੋਈ ਘਟਨਾ ਨਹੀਂ ਵਾਪਰੀ। NRI ਜੋੜੇ ਨੇ ਮਦਦ ਲਈ ਰੁਕੇ ਕਬੱਡੀ ਖਿਡਾਰੀਆਂ ਉੱਪਰ ਹੀ ਲੁੱਟ ਦਾ ਇਲਜ਼ਾਮ ਲਗਾ ਦਿੱਤਾ। ਬਠਿੰਡਾ ਪੁਲਿਸ ਲਈ ਗੁੱਥੀ ਬਣੀ ਇਹ ਵਾਰਦਾਤ ਲੋਕਾਂ ਵਿੱਚ ਚਰਚਾ ਦਾ ਵਿਸ਼ਾ ਬਣੀ ਹੋਈ ਸੀ। ਪੁਲਿਸ ਨੇ ਸਖਤ ਮਿਹਨਤ ਅਤੇ ਤੇਜ਼ੀ ਨਾਲ ਜਾਂਚ ਕਰਦਿਆਂ ਲੁੱਟ ਦੀ ਇਸ ਗੁੱਥੀ ਨੂੰ ਸੁਲਝਾ ਲਿਆ। ਮੀਡੀਆ ਨਾਲ ਗੱਲਬਾਤ ਕਰਦੇ ਬਠਿੰਡਾ ਐਸ.ਐਸ.ਪੀ. ਅਮਨੀਤ ਕੋਂਡਲ ਨੇ ਕਿਹਾ ਹੈ ਕਿ ਸਾਡੇ ਵੱਲੋਂ ਪਤੀ ਪਤਨੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਜੋ ਕਿ ਆਸਟਰੇਲੀਆ ਦੇ ਰਹਿਣ ਵਾਲੇ ਹਨ ਇਹਨਾਂ ਵੱਲੋਂ ਬੀਤੇ ਦਿਨ ਪੁਲਿਸ ਨੂੰ ਇੱਕ ਝੂਠੀ ਇਤਲਾਹ ਦਿੱਤੀ ਗਈ ਸੀ ਕਿ ਉਹ ਵਿਆਹ ਤੋਂ ਪਰਤ ਰਹੇ ਸਨ ਅਤੇ ਉਹਨਾਂ ਦੇ ਸੋਨੇ ਦੇ ਗਹਿਣੇ ਕੁਝ ਵਿਅਕਤੀ ਲੁੱਟ ਕੇ ਫਰਾਰ ਹੋ ਗਏ ਹਨ। ਉਨ੍ਹਾਂ ਦੱਸਿਆ ਕਿ ਇਸ ਤੋਂ ਬਾਅਦ ਥਾਣਾ ਨੇਹੀਆਂਵਾਲਾ ਦੇ ਐਸ.ਐਚ.ਓ. ਘਟਨਾ ਸਥਾਨ 'ਤੇ ਪੁੱਜੇ, ਜਿੱਥੇ ਉਨ੍ਹਾਂ ਨੂੰ ਆਸਟਰੇਲੀਆ ਤੋਂ ਆਏ ਰਜਿੰਦਰ ਕੌਰ ਉਰਫ ਸੋਨੀਆ ਅਤੇ ਉਸ ਦਾ ਪਤੀ ਸਾਹਿਲ ਸਿੰਘ ਵਾਸੀ ਪਿੰਡ ਚੱਕਬਖਤੂ ਮਿਲੇ, ਜਿਨ੍ਹਾਂ ਨੇ ਦੱਸਿਆ ਕਿ ਉਹ ਪਿੰਡ ਕੋਠੇ ਨੱਥਾ ਸਿੰਘ ਵਾਲਾ ਤੋਂ ਇਕ ਵਿਆਹ ਸਮਾਗਮ ਵਿੱਚ ਸ਼ਾਮਲ ਹੋ ਕੇ ਵਾਪਸ ਆਪਣੇ ਪਿੰਡ ਚੱਕ ਬਖਤੂ ਵੱਲ ਜਾ ਰਹੇ ਸਨ ਕਿ ਜਦੋਂ ਉਹ ਜੈਤੋ ਬਾਈਪਾਸ ਸੂਏ ਦੇ ਪੁਲ ਨੇੜੇ ਗੋਨਿਆਣਾ ਵਿਖੇ ਪੁੱਜੇ ਤਾਂ ਉਹਨਾਂ ਦੇ ਬੱਚੇ ਨੂੰ ਉਲਟੀ ਆਉਣ ਕਾਰਨ ਸੜਕ ਕਿਨਾਰੇ ਉਨ੍ਹਾਂ ਗੱਡੀ ਰੋਕ ਲਈ। ਰਜਿੰਦਰ ਕੌਰ ਨੇ ਪੁਲਿਸ ਨੂੰ ਦੱਸਿਆ ਸੀ ਕਿ ਜਦੋਂ ਉਹ ਗੱਡੀ ਵਿੱਚੋਂ ਨਿਕਲ ਕੇ ਆਪਣੇ ਬੱਚੇ ਨੂੰ ਉਲਟੀ ਕਰਵਾ ਰਹੀ ਸੀ ਤਾਂ ਪਿੱਛੋਂ ਇਕ ਆਰਟੀਗਾ ਗੱਡੀ ਆਈ, ਜਿਸ ਵਿੱਚ ਸੱਤ ਅੱਠ ਨੌਜਵਾਨ ਸਵਾਰ ਸਨ। ਉਸ ਨੇ ਪੁਲਿਸ ਨੂੰ ਦੱਸਿਆ ਸੀ ਕਿ ਉਹ ਹਥਿਆਰਬੰਦ ਨੌਜਵਾਨਾਂ ਨੇ ਉਸ ਪਿਸਤੌਲ ਦਿਖਾਈ ਅਤੇ ਸਾਰੇ ਗਹਿਣੇ ਗੱਟੇ ਦੇਣ ਲਈ ਕਿਹਾ। ਐਸ.ਐਸ.ਪੀ. ਨੇ ਦੱਸਿਆ ਕਿ ਰਜਿੰਦਰ ਕੌਰ ਨੇ ਕਿਹਾ ਕਿ ਉਸ ਦੇ ਹੱਥਾਂ ਵਿਚ 28 ਤੋਲੇ ਸੋਨੇ ਦੀਆਂ ਚੂੜੀਆਂ, 9 ਤੋਲੇ ਸੋਨੇ ਦਾ ਰਾਣੀਹਾਰ ਅਤੇ ਉਸਦੇ ਪਤੀ ਸਾਹਿਲ ਦੇ ਹੱਥ ਵਿੱਚ ਪਾਇਆ 2 ਤੋਲੇ ਸੋਨੇ ਦਾ ਬ੍ਰੈਸਲਟ ਜ਼ਬਰਦਸਤੀ ਖੋਹ ਕੇ ਲੈ ਗਏ। NRI ਜੋੜੇ ਨੇ ਕਾਰ ਵਿੱਚ ਭੱਜ ਰਹੇ ਕੁਝ ਲੋਕਾਂ ਦੀ



ਵੀਡੀਓ ਵੀ ਪੁਲਿਸ ਨੂੰ ਸੌਂਪੀ, ਜਿਸ ਤੋਂ ਪੁਲਿਸ ਨੇ ਆਰਟੀਗਾ ਗੱਡੀ ਦਾ ਨੰਬਰ ਟਰੇਸ ਕਰ ਲਿਆ।

ਐਸ.ਐਸ.ਪੀ. ਨੇ ਦੱਸਿਆ ਕਿ ਪੁਲਿਸ ਨੇ ਆਰਟੀਗਾ ਗੱਡੀ ਦੇ ਚਾਲਕ ਮਦਨ ਲਾਲ ਪੁੱਤਰ ਹਰੀ ਰਾਮ ਵਾਸੀ ਖੂਹੀ ਖੇੜਾ ਜ਼ਿਲ੍ਹਾ ਫਾਜ਼ਿਲਕਾ ਨੂੰ ਹਿਰਾਸਤ ਵਿੱਚ ਲੈ ਕੇ ਪੁੱਛ ਗਿੱਛ ਕੀਤੀ ਤਾਂ ਉਸ ਨੇ ਦੱਸਿਆ ਕਿ ਉਸ ਦਿਨ ਉਸ ਦੀ ਕਾਰ ਵਿੱਚ ਵਾਲੀਬਾਲ ਦੇ ਖਿਡਾਰੀ ਸੁਰੇਸ਼ ਕੁਮਾਰ, ਸੌਰਵ ਕੁਮਾਰ, ਸੰਦੀਪ ਕੁਮਾਰ, ਪੰਕਜ ਕੁਮਾਰ, ਵਿਜੇਪਾਲ, ਪਵਨ ਕੁਮਾਰ, ਵਿਨੋਦ ਕੁਮਾਰ ਅਤੇ ਸਚਿਨ ਵਾਸੀ ਸਤੀਰਵਾਲਾ ਜ਼ਿਲ੍ਹਾ ਫਾਜ਼ਿਲਕਾ ਸਵਾਰ ਸਨ। ਐਸ.ਐਸ.ਪੀ. ਨੇ ਦੱਸਿਆ ਕਿ ਉਕਤ ਪਤੀ ਪਤਨੀ ਸੜਕ ਕਿਨਾਰੇ ਲੜ ਰਹੇ ਸਨ ਅਤੇ ਉਕਤ ਕਬੱਡੀ ਖਿਡਾਰੀ ਮਹਿਲਾ ਦੀ ਮਦਦ ਕਰਨ ਲਈ ਕਾਰ ਰੋਕ ਕੇ ਉਨ੍ਹਾਂ ਕੋਲ ਆਏ ਸਨ। ਐਸ.ਐਸ.ਪੀ. ਨੇ ਦੱਸਿਆ ਕਿ NRI ਜੋੜੇ ਨੇ ਮਦਦ ਕਰਨ ਲਈ ਰੁਕੇ ਵਾਲੀਬਾਲ ਖਿਡਾਰੀਆਂ ਉੱਪਰ ਹੀ ਲੁੱਟ ਖੋਹ ਦਾ ਦੋਸ਼ ਲਗਾ ਦਿੱਤਾ ਤੇ ਮਨ ਘੜਤ ਕਹਾਣੀ ਬਣਾ ਕੇ ਪੁਲਿਸ ਨੂੰ ਇਤਲਾਹ ਦੇ ਦਿੱਤੀ। ਉਨ੍ਹਾਂ ਦੱਸਿਆ ਕਿ ਪੁਲਿਸ ਨੇ NRI ਜੋੜੇ ਦੀ ਸ਼ਿਕਾਇਤ ਤੋਂ ਬਾਅਦ ਅਣਪਛਾਤੇ ਲੁਟੇਰਿਆਂ ਖ਼ਿਲਾਫ਼ ਕੇਸ ਦਰਜ ਕੀਤਾ ਸੀ, ਪਰ ਹੁਣ ਲੁੱਟ ਦੀ ਕਹਾਣੀ ਝੂਠੀ ਨਿਕਲਣ ਤੋਂ ਬਾਅਦ ਆਸਟਰੇਲੀਆ ਨਿਵਾਸੀ ਰਜਿੰਦਰ ਕੌਰ ਅਤੇ ਉਸ ਦੇ ਪਤੀ ਸਾਹਿਲ ਸਿੰਘ ਖ਼ਿਲਾਫ਼ ਪੁਲਿਸ ਨੂੰ ਝੂਠੀ ਇਤਲਾਹ ਦੇਣ ਦਾ ਕੇਸ ਦਰਜ ਕੀਤਾ ਗਿਆ ਹੈ। ਐਸ.ਐਸ.ਪੀ. ਨੇ ਲੋਕਾਂ ਨੂੰ ਕਿਹਾ ਹੈ ਕਿ ਉਹ ਪੁਲਿਸ ਕੋਲ ਸੱਚੀ ਇਤਲਾਹ ਹੀ ਦੇਣ, ਜੇਕਰ ਕਿਸੇ ਨੇ ਪੁਲਿਸ ਨੂੰ ਝੂਠੀ ਇਤਲਾਹ ਤੇ ਸ਼ਿਕਾਇਤ ਦਿੱਤੀ ਤਾਂ ਉਸ ਖਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਐਸ.ਪੀ. ਸਿਟੀ ਨਰਿੰਦਰ ਸਿੰਘ, ਡੀ.ਐਸ.ਪੀ. ਭੁੱਚੋ ਰਵਿੰਦਰ ਸਿੰਘ ਰੰਧਾਵਾ ਅਤੇ ਸੀ.ਆਈ.ਏ. ਸਟਾਫ਼ ਦੇ ਇੰਚਾਰਜ ਕਰਨਦੀਪ ਸਿੰਘ ਹਾਜ਼ਰ ਸਨ।

## ਰਾਸ਼ਟਰਪਤੀ ਨੇ ਸਤੇਂਦਰ ਜੈਨ ਵਿਰੁਧ ਮੁਕੱਦਮਾ ਚਲਾਉਣ ਦੀ ਮਨਜ਼ੂਰੀ ਦਿਤੀ



ਨਵੀਂ ਦਿੱਲੀ: ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਆਮ ਆਦਮੀ ਪਾਰਟੀ (ਆਪ) ਦੇ ਨੇਤਾ ਅਤੇ ਦਿੱਲੀ ਦੇ ਸਾਬਕਾ ਮੰਤਰੀ ਸਤੇਂਦਰ ਜੈਨ ’ਤੇ ਮਨੀ ਲਾਂਡਰਿੰਗ ਦੇ ਮਾਮਲੇ ’ਚ ਮੁਕੱਦਮਾ ਚਲਾਉਣ ਦੀ ਮਨਜ਼ੂਰੀ ਦੇ ਦਿਤੀ ਹੈ। ਦਿੱਲੀ ਦੇ 60 ਸਾਲ ਦੇ ਸਾਬਕਾ ਸਿਹਤ ਮੰਤਰੀ ਵਿਰੁਧ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 218 ਤਹਿਤ ਮਨਜ਼ੂਰੀ ਮੰਗੀ ਗਈ ਸੀ।

ਸੂਤਰਾਂ ਨੇ ਦਸਿਆ ਕਿ ਗ੍ਰਹਿ ਮੰਤਰਾਲੇ ਨੇ ਰਾਸ਼ਟਰਪਤੀ ਨੂੰ ਬੇਨਤੀ ਕੀਤੀ ਸੀ ਕਿ ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਦੀ ਜਾਂਚ ਅਤੇ ਢੁਕਵੇਂ ਸਬੂਤਾਂ ਦੀ ਮੌਜੂਦਗੀ ਦੇ ਆਧਾਰ ’ਤੇ ਜੈਨ ’ਤੇ ਮੁਕੱਦਮਾ ਚਲਾਉਣ ਦੀ ਮਨਜ਼ੂਰੀ ਦਿਤੀ ਜਾਵੇ। ਬੀ.ਐਨ.ਐਸ.ਐਸ. ਦੀ ਧਾਰਾ 218 ਸਰਕਾਰੀ ਕਰਮਚਾਰੀਆਂ ਅਤੇ ਜੱਜਾਂ ਵਿਰੁਧ ਮੁਕੱਦਮਾ ਚਲਾਉਣ ਨੂੰ ਕੰਟਰੋਲ ਕਰਦੀ ਹੈ। ਇਹ ਅਪਣੇ ਅਧਿਕਾਰਤ ਫਰਜ਼ਨਿਭਾਉਂਦੇ ਸਮੇਂ ਕੀਤੇ ਗਏ ਕਥਿਤ ਅਪਰਾਧਾਂ ਲਈ ਦੋਸ਼ੀ ਵਿਰੁਧ ਦੋਸ਼ ਲਗਾਉਣ ਦੀ ਪ੍ਰਕਿਰਿਆ ਦੀ ਰੂਪ ਰੇਖਾ ਤਿਆਰ ਕਰਦਾ ਹੈ। ਸੂਤਰਾਂ ਨੇ ਦਸਿਆ ਕਿ ਈ.ਡੀ. ਹੁਣ ਇਕ ਨਵੀਂ ਪੂਰਕ ਚਾਰਜਸ਼ੀਟ ਦਾਇਰ ਕਰ ਸਕਦੀ ਹੈ, ਜਿਸ ਵਿਚ ਰਾਸ਼ਟਰਪਤੀ ਦੀ ਮੁਕੱਦਮਾ ਚਲਾਉਣ ਦੀ ਮਨਜ਼ੂਰੀ ਬਾਰੇ ਅਦਾਲਤ ਨੂੰ ਸੂਚਿਤ ਕੀਤਾ ਜਾ ਸਕਦਾ ਹੈ। ਸੰਘੀ ਏਜੰਸੀ ਨੇ ਜੈਨ ’ਤੇ ਕਥਿਤ ਹਵਾਲਾ ਲੈਣ-ਦੇਣ ਨਾਲ ਜੁੜੇ ਮਨੀ ਲਾਂਡਰਿੰਗ ਦੇ ਮਾਮਲੇ ’ਚ ਮਾਮਲਾ ਦਰਜ ਕੀਤਾ ਸੀ ਅਤੇ ਮਈ 2022 ’ਚ ਉਸ ਨੂੰ ਗ੍ਰਿਫ਼ਤਾਰ ਕੀਤਾ ਸੀ। ਜਦੋਂ ਜੈਨ ਨੂੰ ਈ.ਡੀ. ਦੀ ਹਿਰਾਸਤ ’ਚ ਲਿਆ ਗਿਆ ਸੀ ਤਾਂ ਉਨ੍ਹਾਂ ਕੋਲ ਸਿਹਤ, ਸ਼ਕਤੀ ਅਤੇ ਕੁੱਝ ਹੋਰ ਵਿਭਾਗ ਸਨ। ਉਹ ਫਿਲਹਾਲ ਜ਼ਮਾਨਤ ’ਤੇ ਬਾਹਰ ਹੈ ਅਤੇ ਈ.ਡੀ. ਨੇ ਉਸ ’ਤੇ ਚਾਰਜਸ਼ੀਟ ਦਾਇਰ ਕੀਤੀ ਹੈ।

## ਕਸ਼ਮੀਰ ਵਿੱਚ ਪਾਣੀ ਦਾ ਸੰਕਟ, ਪਹਿਲੀ ਵਾਰ ਸੁੱਕਿਆ ਇੱਛਾਬਲ ਝਰਨਾ




ਜੰਮੂ: ਮੌਸਮ ਵਿਭਾਗ ਦੇ ਅਧਿਕਾਰੀਆਂ ਨੇ ਦਸਿਆ ਕਿ ਕਸ਼ਮੀਰ ’ਚ ਇਸ ਸਾਲ ਸਰਦੀ ਦਾ ਮੌਸਮ ਖੁਸ਼ਕ ਰਿਹਾ ਹੈ ਅਤੇ ਜਨਵਰੀ ਅਤੇ ਫ਼ਰਵਰੀ ਦੇ ਮਹੀਨਿਆਂ ’ਚ ਕਰੀਬ 80 ਫ਼ੀ ਸਦੀ ਮੀਂਹ ਦੀ ਕਮੀ ਦਰਜ ਕੀਤੀ ਗਈ ਹੈ, ਜਿਸ ਕਾਰਨ ਇਸ ਗਰਮੀ ’ਚ ਵਾਦੀ ’ਚ ਸੋਕੇ ਦੀ ਸੰਭਾਵਨਾ ਵਧ ਗਈ ਹੈ। ਅਧਿਕਾਰੀਆਂ ਨੇ ਦਸਿਆ ਕਿ ਕਈ ਥਾਵਾਂ ’ਤੇ ਕਈ ਜਲ ਸਰੋਤ ਸਿਫ਼ਰ ਦੇ ਪੱਧਰ ਤੋਂ ਹੇਠਾਂ ਵਹਿ ਰਹੇ ਹਨ, ਜਦਕਿ ਦਖਣੀ ਕਸ਼ਮੀਰ ’ਚ ਪਾਣੀ ਦਾ ਪੱਧਰ ਘਟਣ ਕਾਰਨ ਇਤਿਹਾਸਕ ਇੱਛਾਬਲ ਝਰਨੇ ਸਮੇਤ ਕੁੱਝ ਝਰਨੇ ਪੂਰੀ ਤਰ੍ਹਾਂ ਸੁੱਕ ਗਏ ਹਨ। ਉਨ੍ਹਾਂ ਕਿਹਾ ਕਿ ਜਨਵਰੀ ਮਹੀਨੇ ’ਚ 79 ਫ਼ੀ ਸਦੀ ਘੱਟ ਮੀਂਹ ਪਿਆ ਅਤੇ ਫ਼ਰਵਰੀ ’ਚ ਹੁਣ ਤਕ ਸਥਿਤੀ ਹੋਰ ਵੀ ਖਰਾਬ ਹੈ। ਮੌਸਮ ਵਿਭਾਗ ਦੇ ਇਕ ਅਧਿਕਾਰੀ ਨੇ ਕਿਹਾ ਕਿ ਜੇਕਰ ਮੌਸਮ ਖੁਸ਼ਕ ਰਿਹਾ ਤਾਂ ਵਾਦੀ ਦੇ ਵਸਨੀਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇਗਾ ਕਿਉਂਕਿ ਪੀਣ ਜਾਂ ਖੇਤਾਂ ਨੂੰ ਸਿੰਜਾਈ ਲਈ ਲੋੜੀਂਦਾ ਪਾਣੀ ਨਹੀਂ ਹੋਵੇਗਾ। ਸਿੰਚਾਈ ਅਤੇ ਹੜ੍ਹ ਕੰਟਰੋਲ ਵਿਭਾਗ ਦੇ ਇਕ ਅਧਿਕਾਰੀ ਨੇ ਦਸਿਆ ਕਿ ਜੇਹਲਮ ਨਦੀ ਅਤੇ ਕਈ ਹੋਰ ਜਲ ਸਰੋਤਾਂ ਵਿਚ ਪਾਣੀ ਦਾ ਪੱਧਰ ਸਾਲ ਦੇ ਇਸ ਸਮੇਂ ਲਈ ਆਮ ਪਾਣੀ ਦੇ ਪੱਧਰ ਤੋਂ ਇਕ ਮੀਟਰ ਤੋਂ ਵੀ ਘੱਟ ਸੀ। ਉਨ੍ਹਾਂ ਕਿਹਾ ਕਿ ਜੇਕਰ ਅਗਲੇ ਪੰਦਰਵਾੜੇ ’ਚ ਮੀਂਹ ਜਾਂ ਬਰਫਬਾਰੀ ਨਹੀਂ ਹੁੰਦੀ ਤਾਂ ਪੀਣ ਅਤੇ ਸਿੰਚਾਈ ਦੇ ਉਦੇਸ਼ਾਂ ਲਈ ਪਾਣੀ ਦੇ ਸਬੰਧ ’ਚ ਸੰਕਟ ਪੈਦਾ ਹੋਣ ਦੀ ਸੰਭਾਵਨਾ ਹੈ। ਲੋੜੀਂਦੀ ਬਰਫਬਾਰੀ ਦੀ ਕਮੀ ਕਾਰਨ ਅਧਿਕਾਰੀਆਂ ਨੂੰ 22 ਫ਼ਰਵਰੀ ਤੋਂ ਸ਼ੁਰੂ ਹੋਣ ਵਾਲੀਆਂ ‘ਖੇਲੋ ਇੰਡੀਆ ਵਿੰਟਰ ਗੇਮਜ਼’ ਦੇ ਪੰਜਵੇਂ ਐਡੀਸ਼ਨ ਨੂੰ ਮੁਲਤਵੀ ਕਰਨ ਲਈ ਮਜਬੂਰ ਹੋਣਾ ਪਿਆ ਹੈ। ਹਾਲਾਂਕਿ ਗੁਲਮਰਗ ਜ਼ਿਆਦਾਤਰ ਬਰਫ ਨਾਲ ਢਕਿਆ ਹੋਇਆ ਹੈ, ਪ੍ਰਸਿੱਧ ਸਕੀਇੰਗ ਮੰਜ਼ਿਲ ਦੇ ਉੱਚੇ ਇਲਾਕਿਆਂ ’ਚ ਖੇਡ ਗਤੀਵਿਧੀਆਂ ਦੇ ਸੁਰੱਖਿਅਤ ਸੰਚਾਲਨ ਲਈ ਲੋੜੀਂਦੀ ਬਰਫ ਨਹੀਂ ਹੈ।

## ਰਣਵੀਰ ਸਿੰਘ ਅਲਾਹਾਬਾਦੀਆ ਨੂੰ ਗ੍ਰਿਫ਼ਤਾਰੀ ਤੋਂ ਰਾਹਤ ਮਿਲੀ



ਨਵੀਂ ਦਿੱਲੀ। ਸੁਪਰੀਮ ਕੋਰਟ ਨੇ ਯੂ-ਟਿਊਬ ਪ੍ਰੋਗਰਾਮ ਦੌਰਾਨ ਕਥਿਤ ਤੌਰ ’ਤੇ ਇਤਰਾਜ਼ਯੋਗ ਟਿੱਪਣੀ ਕਰਨ ਲਈ ਸੋਸ਼ਲ ਮੀਡੀਆ ਇਨਫਲੂਐਂਸਰ ਰਣਵੀਰ ਅਲਾਹਾਬਾਦੀਆ ਖ਼ਿਲਾਫ਼ ਦਰਜ ਕਈ FIRs ਨੂੰ ਲੈ ਕੇ ਮੰਗਲਵਾਰ ਨੂੰ ਉਸ ਨੂੰ ਗ੍ਰਿਫ਼ਤਾਰੀ ਤੋਂ ਰਾਹਤ ਪ੍ਰਦਾਨ ਕੀਤੀ ਪਰ ਉਨ੍ਹਾਂ ਟਿੱਪਣੀਆਂ ਲਈ ਉਸ ਦੀ ਸਖ਼ਤ ਸ਼ਬਦਾਂ ਵਿੱਚ ਆਲੋਚਨਾ ਕਰਦੇ ਹੋਏ ਇਸਨੂੰ ‘ਵਿਗੜੀ ਮਾਨਸਿਕਤਾ ਦਾ ਪ੍ਰਦਰਸ਼ਨ’ ਕਰਾਰ ਦਿੱਤਾ। ‘ਬੀਅਰਬਾਇਸੈਪਸ’ ਦੇ ਨਾਮ ਨਾਲ ਮਸ਼ਹੂਰ ਅਲਾਹਾਬਾਦੀਆਂ ਖ਼ਿਲਾਫ਼ ਹਾਸ ਕਲਾਕਾਰ ਸਮਯ ਰੈਨਾ ਦੇ ਯੂਟਿਊ ਪ੍ਰੋਗਰਾਮ ‘ਇੰਡੀਆ’ਜ਼ ਗੌਟ ਟੈਲੇਂਟ’ ਵਿੱਚ ਮਾਪਿਆਂ ਅਤੇ ਜਿਨਸੀ ਸਬੰਧਾਂ ਨੂੰ ਲੈ ਕੇ ਟਿੱਪਣੀ ਕਰਨ ਵਾਸਤੇ ਕਈ FIRs ਦਰਜ ਕੀਤੀਆਂ ਗਈਆਂ ਹਨ। ਪ੍ਰੋਗਰਾਮ ਵਿੱਚ ਅਲਾਹਾਬਾਦੀਆ ਦੀਆਂ ‘ਇਤਰਾਜ਼ਯੋਗ ਨਾਮਨਜ਼ੂਰ ਟਿੱਪਣੀਆਂ’ ਤੋਂ ਖ਼ਫ਼ਾ ਅਦਾਲਤ ਨੇ ਕਾਰਵਾਈ ਸ਼ੁਰੂ ਹੋਣ ’ਤੇ ਇਨਫਲੂਐਂਸਰ ਦੀ ਝਾੜਝੰਬ ਕੀਤੀ ਅਤੇ ਕਿਹਾ, "ਉਸ ਦੇ ਦਿਮਾਗ ਵਿੱਚ ਕੁਝ ਗੰਦ ਹੈ ਜਿਸ ਨੂੰ ਉਸ ਨੇ ਯੂ-ਟਿਊਬ ਦੇ ਪ੍ਰੋਗਰਾਮ ਵਿੱਚ ਕੱਢਿਆ।"

## ਪਤੀ-ਪਤਨੀ ਨੇ ਸਰਹਿੰਦ ਨਹਿਰ ’ਚ ਛਾਲ ਮਾਰ ਕੇ ਆਤਮ ਹੱਤਿਆ ਕੀਤੀ



ਮਾਛੀਵਾੜਾ। ਇੱਥੋਂ ਦੇ ਪਿੰਡ ਹੇਡੋਂ ਦੇ ਵਾਸੀ ਜਸਵੰਤ ਸਿੰਘ (38) ਅਤੇ ਉਸ ਦੀ ਪਤਨੀ ਨੇਹਾ ਰਾਣੀ ਨੇ ਕੱਲ੍ਹ ਸਰਹਿੰਦ ਨਹਿਰ ’ਚ ਛਾਲ ਮਾਰ ਕੇ ਜਾਨ ਦੇ ਦਿੱਤੀ। ਕਿਸੇ ਵਿਅਕਤੀ ਨੇ ਪੁਲੀਸ ਨੂੰ ਸੂਚਿਤ ਕੀਤਾ ਕਿ ਕਾਰ ਸਰਹਿੰਦ ਨਹਿਰ ਕਿਨਾਰੇ ਖੜ੍ਹੀ ਹੈ। ਸੂਚਨਾ ਮਿਲਦੇ ਹੀ ਪੁਲੀਸ ਅਧਿਕਾਰੀ ਮੌਕੇ ’ਤੇ ਪਹੁੰਚੇ ਅਤੇ ਦੇਖਿਆ ਕਿ ਕਾਰ ਦੇ ਨੇੜੇ ਚੱਪਲਾਂ ਤੇ ਮੋਬਾਈਲ ਪਿਆ ਸੀ। ਇਸ ਦੌਰਾਨ ਪਰਿਵਾਰਕ ਮੈਂਬਰ ਵੀ ਦੋਵਾਂ ਦੀ ਭਾਲ ਕਰਦੇ ਹੋਏ ਮੌਕੇ ’ਤੇ ਪਹੁੰਚ ਗਏ। ਜਸਵੰਤ ਸਿੰਘ ਦੇ ਭਰਾ ਗੁਰਜੰਟ ਸਿੰਘ ਨੇ ਦੱਸਿਆ ਕਿ ਉਸ ਦਾ ਭਰਾ ਤੇ ਭਰਜਾਈ ਕੱਲ੍ਹ ਬਾਅਦ ਦੁਪਹਿਰ ਲਗਪਗ 3:30 ਵਜੇ ਘਰੋਂ ਕਾਰ ’ਚ ਗਏ ਸਨ। ਕੁਝ ਸਮੇਂ ਬਾਅਦ ਜਾ ਕੇ ਦੇਖਿਆ ਕਿ ਉਨ੍ਹਾਂ ਨੇ ਸਰਹਿੰਦ ਨਹਿਰ ’ਚ ਛਾਲ ਮਾਰ ਦਿੱਤੀ। ਗੁਰਜੰਟ ਸਿੰਘ ਨੇ ਦੱਸਿਆ ਕਿ ਪਿੰਡ ਦੇ ਦੋ ਤਿੰਨ ਵਿਅਕਤੀ ਉਸ ਦੇ ਭਰਾ ਤੇ ਭਰਜਾਈ ਨੂੰ ਪ੍ਰੇਸ਼ਾਨ ਕਰਦੇ ਸਨ ਕਿਉਂਕਿ ਉਨ੍ਹਾਂ ਕੋਲ ਕੁਝ ਇਤਰਾਜ਼ਯੋਗ ਤਸਵੀਰਾਂ ਜਾਂ ਵੀਡੀਓਜ਼ ਸਨ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਸਬੰਧੀ ਉਸ ਦੇ ਭਰਾ-ਭਰਜਾਈ ਦਾ ਦੂਜੀ ਧਿਰ ਨਾਲ ਅਦਾਲਤ ’ਚ ਕੇਸ ਚੱਲਦਾ ਸੀ। ਗੁਰਜੰਟ ਸਿੰਘ ਨੇ ਦੋਸ਼ ਲਾਇਆ ਕਿ ਦੋਵਾਂ ਨੇ ਇਨ੍ਹਾਂ ਵਿਅਕਤੀਆਂ ਤੋਂ ਪ੍ਰੇਸ਼ਾਨ ਹੋ ਕੇ ਨਹਿਰ ਵਿੱਚ ਛਾਲ ਮਾਰ ਦਿੱਤੀ। ਅੱਜ ਬਾਅਦ ਦੁਪਹਿਰ ਨਹਿਰ ’ਚੋਂ ਗੋਤਾਖੋਰਾਂ ਨੇ ਨੇਹਾ ਰਾਣੀ ਦੀ ਲਾਸ਼ ਬਰਾਮਦ ਕਰ ਲਈ ਹੈ ਜਿਸ ਨੂੰ ਪੋਸਟਮਾਰਟਮ ਲਈ ਭਿਜਵਾ ਦਿੱਤਾ, ਜਦੋਂ ਕਿ ਉਸ ਦੇ ਪਤੀ ਜਸਵੰਤ ਸਿੰਘ ਦੀ ਲਾਸ਼ ਹਾਲੇ ਨਹੀਂ ਮਿਲੀ। ਥਾਣਾ ਮੁਖੀ ਹਰਵਿੰਦਰ ਸਿੰਘ ਨੇ ਦੱਸਿਆ ਕਿ ਨੇਹਾ ਨੇ 2023 ਵਿੱਚ ਪਿੰਡ ਦੇ ਗੁਰਪ੍ਰੀਤ ਸਿੰਘ ਖ਼ਿਲਾਫ਼ ਘਰ ਆ ਕੇ ਕੁੱਟਮਾਰ ਕਰਨ ਅਤੇ ਅਸ਼ਲੀਲ ਹਰਕਤਾਂ ਕਰਨ ਦਾ ਮਾਮਲਾ ਦਰਜ ਕਰਵਾਇਆ ਸੀ ਜਿਸ ਸਬੰਧੀ ਹੁਣ ਅਦਾਲਤ ’ਚ ਕੇਸ ਚੱਲ ਰਿਹਾ ਸੀ। ਉਨ੍ਹਾਂ ਕਿਹਾ ਕਿ ਪਰਿਵਾਰਕ ਮੈਂਬਰਾਂ ਅਨੁਸਾਰ ਕੇਸ ਹੀ ਆਤਮ ਹੱਤਿਆ ਦਾ ਕਾਰਨ ਬਣਿਆ। ਪੁਲੀਸ ਅਨੁਸਾਰ ਬਿਆਨ ਦਰਜ ਕਰ ਲਏ ਹਨ ਤੇ ਪੜਤਾਲ ਮਗਰੋਂ ਕਾਰਵਾਈ ਕੀਤੀ ਜਾਵੇਗੀ।

## ਫ਼ਰੀਦਕੋਟ ਨੇੜੇ ਬੱਸ ਸੇਮ ਨਾਲੇ ’ਚ ਡਿੱਗੀ, ਪੰਜ ਵਿਅਕਤੀਆਂ ਦੀ ਮੌਤ




ਅਬੋਹਰ ਤੋਂ ਫ਼ਰੀਦਕੋਟ ਆ ਰਹੀ ਨਿਊ ਦੀਪ ਟਰਾਂਸਪੋਰਟ ਕੰਪਨੀ ਦੀ ਇੱਕ ਬੱਸ ਫ਼ਰੀਦਕੋਟ ਸ਼ਹਿਰ ਦੇ ਬਾਹਰਵਾਰ ਅੱਜ ਸਵੇਰੇ ਸੇਮ ਨਾਲੇ ਵਿੱਚ ਡਿੱਗ ਪਈ। ਸੂਚਨਾ ਅਨੁਸਾਰ ਤੇਜ਼ ਰਫ਼ਤਾਰ ਬੱਸ ਪਹਿਲਾਂ ਇੱਕ ਟਰਾਲੇ ਨਾਲ ਟਕਰਾਈ ਅਤੇ ਉਸ ਤੋਂ ਬਾਅਦ ਸੇਮ ਨਾਲੇ ਵਿੱਚ ਡਿੱਗ ਪਈ। ਇਸ ਹਾਦਸੇ ਵਿੱਚ ਇੱਕ ਔਰਤ ਸਮੇਤ ਪੰਜ ਵਿਅਕਤੀਆਂ ਦੀ ਮੌਕੇ ’ਤੇ ਹੀ ਮੌਤ ਹੋ ਗਈ ਜਦੋਂ ਕਿ 20 ਵਿਅਕਤੀ ਗੰਭੀਰ ਜ਼ਖਮੀ ਹਨ। ਜ਼ਖ਼ਮੀਆਂ ਨੂੰ ਸਥਾਨਕ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਵਿੱਚ ਇਲਾਜ ਲਈ ਦਾਖਲ ਕਰਵਾਇਆ ਗਿਆ ਹੈ।

ਮੌਕੇ ’ਤੇ ਪੁੱਜੇ ਫਰੀਦਕੋਟ ਦੇ ਵਿਧਾਇਕ ਗੁਰਦਿਤ ਸਿੰਘ ਸੇਖੋਂ ਨੇ ਕਿਹਾ ਕਿ ਦੋ ਮਰੀਜ਼ਾਂ ਦੀ ਹਾਲਤ ਜ਼ਿਆਦਾ ਗੰਭੀਰ ਹੋਣ ਕਾਰਨ ਉਨ੍ਹਾਂ ਨੂੰ ਪੀ.ਜੀ.ਆਈ. ਰੈਫਰ ਕੀਤਾ ਗਿਆ ਹੈ ਜਦੋਂਕਿ ਬਾਕੀਆਂ ਦਾ ਇੱਥੇ ਇਲਾਜ ਚੱਲ ਰਿਹਾ ਹੈ। ਪ੍ਰਸ਼ਾਸਨਿਕ ਅਧਿਕਾਰੀਆਂ ਨੇ ਮੌਕੇ ’ਤੇ ਪੁੱਜ ਕੇ ਦੀਪ ਬੱਸ ਨੂੰ ਸੇਮ ਨਾਲੇ ਵਿੱਚੋਂ ਬਾਹਰ ਕੱਢ ਲਿਆ ਹੈ।

ਇਸ ਹਾਦਸੇ ਵਿੱਚ ਇੱਕ ਔਰਤ ਸਣੇ ਪੰਜ ਵਿਅਕਤੀਆਂ ਦੀ ਮੌਤ ਹੋ ਗਈ ਅਤੇ 21 ਯਾਤਰੀ ਜ਼ਖ਼ਮੀ ਹੋ ਗਏ। ਮ੍ਰਿਤਕਾਂ ਵਿੱਚੋਂ ਤਿੰਨ ਜਣਿਆਂ ਦੀ ਪਛਾਣ ਸਿਮਰਨ ਕੌਰ (ਕੇਂਦਰੀ ਵਿਦਿਆਲਿਆ ਵਿੱਚ ਅਧਿਆਪਕਾ), ਬਲਰਾਜ ਸਿੰਘ ਸਾਬਕਾ ਸਰਪੰਚ ਪਿੰਡ ਚਿੱਬੜਾਂਵਾਲੀ ਅਤੇ ਆਤਮਾ ਸਿੰਘ ਪਿੰਡ ਚੱਕ ਸ਼ੇਰੇਵਾਲਾ ਵਜੋਂ ਹੋਈ ਹੈ। ਇੱਕ ਮ੍ਰਿਤਕ ਔਰਤ ਅਤੇ ਵਿਅਕਤੀ ਦੀ ਹਾਲੇ ਤੱਕ ਸ਼ਨਾਖਤ ਨਹੀਂ ਹੋਈ। ਜ਼ਿਲ੍ਹਾ ਪੁਲੀਸ ਵੱਲੋਂ ਜ਼ਖ਼ਮੀਆਂ ਦੀ ਜਾਰੀ ਕੀਤੀ ਲਿਸਟ ਮੁਤਾਬਿਕ ਕੁਲਵੰਤ ਸਿੰਘ, ਸੁਰਿੰਦਰ ਸਿੰਘ, ਕੰਵਰਪ੍ਰੀਤ ਸਿੰਘ, ਗੁਰਮੇਲ ਕੌਰ, ਸਰਵਿੰਦਰ ਸਿੰਘ, ਗੁਰਦੀਪ ਸਿੰਘ, ਜਗਸੀਰ ਸਿੰਘ, ਇਕਬਾਲ ਸਿੰਘ, ਸਤੀਸ਼ ਕੁਮਾਰ, ਗੋਪੀ ਰਾਮ, ਸੁਮਨ, ਬਨੀ, ਪੂਰਨ ਚੰਦ, ਰਮਨਦੀਪ ਸਿੰਘ, ਕੁਲਦੀਪ ਕੁਮਾਰ, ਹਰਜੋਤ ਸਿੰਘ, ਨਾਇਬ ਸਿੰਘ, ਮੋਹਿਤ, ਸੰਜੇ ਕੁਮਾਰ ਅਤੇ ਰਿਤਿਕਾ ਸ਼ਰਮਾ ਸ਼ਾਮਲ ਹਨ। ਜ਼ਖ਼ਮੀਆਂ ਦਾ ਇੱਥੋਂ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਤੇ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ ਜਦੋਂਕਿ ਦੋ ਗੰਭੀਰ ਜ਼ਖ਼ਮੀਆਂ ਨੂੰ ਪੀਜੀਆਈ ਚੰਡੀਗੜ੍ਹ ਰੈਫਰ ਕਰ ਦਿੱਤਾ ਗਿਆ ਹੈ।

ਸੂਚਨਾ ਅਨੁਸਾਰ ਨਿਊ ਦੀਪ ਟਰਾਂਸਪੋਰਟ ਕੰਪਨੀ ਦੀ ਬੱਸ ਅਬੋਹਰ ਤੋਂ ਫਰੀਦਕੋਟ ਆ ਰਹੀ ਸੀ। ਚਸ਼ਮਦੀਦਾਂ ਅਨੁਸਾਰ ਬੱਸ ਦੀ ਰਫ਼ਤਾਰ ਤੇਜ਼ ਸੀ ਅਤੇ ਸੇਮ ਨਾਲੇ ਉੱਪਰ ਟਰੱਕ ਨੂੰ ਓਵਰਟੇਕ ਕਰਨ ਲੱਗਿਆਂ ਬੱਸ ਸੇਮ ਨਾਲੇ ਵਿੱਚ ਡਿੱਗ ਗਈ। ਇਸ ਦੌਰਾਨ ਕਈ ਸਵਾਰੀਆਂ ਦੀਆਂ ਲੱਤਾਂ ਤੇ ਬਾਹਾਂ ਵੱਢੀਆਂ ਗਈਆਂ। ਜ਼ਿਲ੍ਹਾ ਪੁਲੀਸ ਮੁਖੀ ਪ੍ਰੱਗਿਆ ਜੈਨ ਨੇ ਮੌਕੇ ’ਤੇ ਪਹੁੰਚ ਕੇ ਫਰੀਦਕੋਟ-ਕੋਟਕਪੂਰਾ ਸੜਕ ਦੀ ਆਵਾਜਾਈ ਰੁਕਵਾਈ ਤੇ ਦੋ ਕਰੇਨਾਂ ਦੀ ਮਦਦ ਨਾਲ ਬੱਸ ਨੂੰ ਬਾਹਰ ਕਢਵਾਇਆ। ਜ਼ਿਲ੍ਹਾ ਪੁਲੀਸ ਮੁਖੀ ਨੇ ਕਿਹਾ ਕਿ ਡਰਾਈਵਰ ਖਿਲਾਫ਼ ਪਰਚਾ ਦਰਜ ਕਰਕੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਗਈ ਹੈ। ਸੂਚਨਾ ਅਨੁਸਾਰ ਹਾਦਸੇ ਤੋਂ ਬਾਅਦ ਡਰਾਈਵਰ ਅਤੇ ਕੰਡਕਟਰ ਮੌਕੇ ਤੋਂ ਫਰਾਰ ਹੋ ਗਏ। ਫਰੀਦਕੋਟ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਹਸਪਤਾਲ ਵਿੱਚ ਜ਼ਖ਼ਮੀਆਂ ਦਾ ਹਾਲ ਚਾਲ ਪੁੱਛਿਆ।

## ਅੰਮ੍ਰਿਤਸਰ 'ਚ ਵਾਪਰਿਆ ਹਾਦਸਾ, ਸਕੂਲ ਬੱਸ ਨੇ ਵਿਦਿਆਰਥੀ ਨੂੰ ਦਰੜਿਆ




ਅੰਮ੍ਰਿਤਸਰ ਦੇ ਗੁਮਟਾਲਾ ਵਿਖੇ ਅੱਜ ਵੱਡਾ ਹਾਦਸਾ ਵਾਪਰਿਆ ਹੈ। ਦਰਅਸਲ ਇਕ ਨਿੱਜੀ ਸਕੂਲ ਦੀ ਬੱਸ ਨੇ ਸਕੂਲ ਦੇ ਹੀ ਵਿਦਿਆਰਥੀ ਨੂੰ ਬੱਸ 'ਚੋਂ ਉਤਾਰਨ ਲੱਗਿਆਂ ਬੱਸ ਥੱਲੇ ਦੇ ਦਿਤਾ, ਜਿਸ 'ਚ ਵਿਦਿਆਰਥੀ ਗੰਭੀਰ ਜ਼ਖ਼ਮੀ ਹੋ ਗਿਆ ਅਤੇ ਉਸ ਨੂੰ ਇਲਾਜ ਲਈ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ। ਜਿਥੇ ਉਸ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਇਸ ਦੌਰਾਨ ਜ਼ਖ਼ਮੀ ਹੋਏ ਵਿਦਿਆਰਥੀ ਜੈਰਾਜ ਨੇ ਦਸਿਆ ਕਿ ਜਦੋਂ ਰੋਜ਼ ਦੀ ਤਰ੍ਹਾਂ ਸਕੂਲ ਬੱਸ 'ਚ ਆਪਣੇ ਘਰ ਆਇਆ ਤਾਂ ਅਜੇ ਬੱਸ ਤੋਂ ਉਤਰ ਹੀ ਰਿਹਾ ਸੀ ਕਿ ਡਰਾਈਵਰ ਨੇ ਬੱਸ ਚਲਾ ਦਿਤੀ, ਜਿਸ ਦੌਰਾਨ ਉਸ ਦੀਆਂ ਲੱਤਾਂ ਬੱਸ ਦੇ ਪਿਛਲੇ ਟਾਇਰਾਂ ਹੇਠ ਆ ਗਈਆਂ ਅਤੇ ਉਹ ਗੰਭੀਰ ਜ਼ਖ਼ਮੀ ਹੋ ਗਿਆ। ਇਸ ਦੇ ਨਾਲ ਹੀ ਜ਼ਖ਼ਮੀ ਬੱਚੇ ਨੇ ਦਸਿਆ ਕਿ ਬੱਸ ਡਰਾਈਵਰ ਹਰ ਵਾਰ ਬਦਲ ਜਾਂਦਾ ਹੈ ਅਤੇ ਹਰ ਵਾਰ ਬੱਸ ਡਰਾਈਵਰ ਜਲਦੀ 'ਚ ਹੁੰਦਾ ਹੈ ਜਿਸ ਨਾਲ ਇਹ ਹਾਦਸਾ ਹੋਇਆ ਹੈ। ਇਸ ਦੇ ਨਾਲ ਹੀ ਬੱਚੇ ਦੇ ਪਰਵਾਰਕ ਮੈਂਬਰਾਂ ਨੇ ਦਸਿਆ ਕਿ ਪਹਿਲਾਂ ਵੀ ਸਕੂਲ ਬੱਸ ਡਰਾਈਵਰ ਦੀ ਵੱਡੀਆਂ ਨਲਾਇਕੀਆਂ ਸਾਹਮਣੇ ਆਈਆਂ ਸਨ ਤੇ ਹੁਣ ਅੱਜ ਇਹ ਹਾਦਸਾ ਵਾਪਰਨ ਕਾਰਨ ਬੱਚਾ ਜ਼ਖ਼ਮੀ ਹਸਪਤਾਲ ਦਾਖ਼ਲ ਹੈ। ਇਸ ਤਰ੍ਹਾਂ ਸਾਡੇ ਬੱਚੇ ਦਾ ਆਉਣ ਵਾਲਾ ਭਵਿੱਖ ਵੀ ਖ਼ਰਾਬ ਹੋਇਆ ਹੈ। ਉਨ੍ਹਾਂ ਕਿਹਾ ਕਿ ਸਕੂਲ ਬੱਸ ਡਰਾਈਵਰ ਅਤੇ ਬੱਸ ਹੈਲਪਰ ਦਾ ਫ਼ਰਜ਼ ਬਣਦਾ ਸੀ ਕਿ ਬੱਚੇ ਨੂੰ ਉਸ ਦੇ ਘਰ ਤਕ ਛੱਡਿਆ ਜਾਵੇ ਪਰ ਇਹ ਜਲਦਬਾਜ਼ੀ ਵਿਚ ਬੱਚੇ ਨੂੰ ਦੂਰ ਉਤਾਰ ਕੇ ਚਲੇ ਜਾਂਦੇ ਸੀ। ਉਨ੍ਹਾਂ ਕਿਹਾ ਕਿ ਅਜਿਹੇ ਬੱਸ ਡਰਾਈਵਰ 'ਤੇ ਸਖ਼ਤ ਤੋਂ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਦੂਜੇ ਪਾਸੇ ਇਸ ਮਾਮਲੇ 'ਚ ਪੁਲਿਸ ਚੌਂਕੀ ਗੁਮਟਾਲਾ ਦੇ ਪੁਲਿਸ ਅਧਿਕਾਰੀ ਅਸ਼ਵਨੀ ਕੁਮਾਰ ਨੇ ਦਸਿਆ ਕਿ ਬੱਚੇ ਦੇ ਪਰਵਾਰਕ ਮੈਂਬਰਾਂ ਦਾ ਕਹਿਣਾ ਹੈ ਕਿ ਸਾਡੀ ਸਕੂਲ ਪ੍ਰਬੰਧਕਾਂ ਨਾਲ ਗੱਲ ਚੱਲ ਰਹੀ ਹੈ ਅਤੇ ਫਿਰ ਵੀ ਜੇ ਸਾਨੂੰ ਕੋਈ ਇਨਸਾਫ਼ ਨਾ ਮਿਲਿਆ ਤਾਂ ਅਸੀਂ ਸਖ਼ਤ ਕਾਰਵਾਈ ਕਰਾਂਗੇ।

## ਮੁੱਖ ਮੰਤਰੀ ਵੱਲੋਂ ਸਰਦੂਲਗੜ੍ਹ ਤੇ ਚੀਮਾ ਮੰਡੀ ਤਹਿਸੀਲਾਂ ਦੇ ਅਚਨਚੇਤ ਦੌਰੇ



ਮਾਨਸਾ/ ਸੰਗਰੂਰ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਅਚਾਨਕ ਸਰਦੂਲਗੜ੍ਹ ਤਹਿਸੀਲ ਅਤੇ ਸਬ-ਤਹਿਸੀਲ ਚੀਮਾ ਮੰਡੀ ਦੇ ਦੌਰੇ ਕਰਦਿਆਂ ਲੋਕਾਂ ਤੋਂ ਸਰਕਾਰ ਪ੍ਰਤੀ ਉਨ੍ਹਾਂ ਦਾ ਨਜ਼ਰੀਆ ਜਾਣਿਆ ਅਤੇ ਦਫ਼ਤਰਾਂ ਵਿੱਚ ਹੁੰਦੇ ਕੰਮਕਾਜ ਬਾਰੇ ਜਾਣਕਾਰੀ ਹਾਸਲ ਕੀਤੀ।

ਮੁੱਖ ਮੰਤਰੀ ਦਾ ਇਹ ਦੌਰਾ ਬੇਹੱਦ ਗੁਪਤ ਰੱਖਿਆ ਗਿਆ, ਜਿਸ ਬਾਰੇ ਮਾਨਸਾ ਜ਼ਿਲ੍ਹੇ ਦੇ ਉੱਚ ਅਧਿਕਾਰੀਆਂ ਨੂੰ ਵੀ ਪਤਾ ਨਹੀਂ ਲੱਗਣ ਦਿੱਤਾ। ਮੁੱਖ ਮੰਤਰੀ ਦੇ ਜਾਣ ਵਾਲੀਆਂ ਥਾਵਾਂ ਬਾਰੇ ਪੁਲੀਸ ਅਤੇ ਸਿਵਲ ਪ੍ਰਸ਼ਾਸਨ ਦੇ ਅਫ਼ਸਰਾਂ ਨੂੰ ਵੀ ਕੋਈ ਭੇਤ ਨਹੀਂ ਸੀ। ਮੁੱਖ ਮੰਤਰੀ ਦੇ ਛਾਪੇ ਦੌਰਾਨ ਬੁਢਲਾਡਾ ਤੋਂ ਵਿਧਾਇਕ ਪ੍ਰਿੰਸੀਪਲ ਬੁੱਧਰਾਮ ਹੀ ਮੌਜੂਦ ਸਨ, ਜਦੋਂ ਕਿ ਸਰਦੂਲਗੜ੍ਹ ਹਲਕੇ ਦੇ ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ ਹਾਜ਼ਰ ਨਹੀਂ ਸਨ।

ਮੁੱਖ ਮੰਤਰੀ ਨੇ ਲੋਕਾਂ ਨੂੰ ਖੁੱਲ੍ਹ ਕੇ ਮਿਲਦਿਆਂ ਉਨ੍ਹਾਂ ਦੇ ਹਾਵ-ਭਾਵ ਜਾਣਦਿਆਂ ਰੋਜ਼ਾਨਾ ਜੀਵਨ ਵਿੱਚ ਆ ਰਹੀਆਂ ਸਮੱਸਿਆਵਾਂ ਸਬੰਧੀ ਗੱਲਬਾਤ ਕੀਤੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੇ ਠੋਸ ਯਤਨਾਂ ਸਦਕਾ ਪੰਜਾਬ ਦੇ ਸਕੂਲਾਂ ਦੀਆਂ ਨਵੀਆਂ ਇਮਾਰਤਾਂ ਬਣ ਰਹੀਆਂ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਮਿਲ ਰਹੀਆਂ ਹਨ ਅਤੇ ਹਰ ਖੇਤਰ ਵਿੱਚ ਸਰਵਪੱਖੀ ਵਿਕਾਸ ਹੋ ਰਿਹਾ ਹੈ। ਲੋਕਾਂ ਨਾਲ ਗੱਲਬਾਤ ਕਰ ਕੇ ਉਨ੍ਹਾਂ ਦੀ ਸਰਕਾਰ ਬਾਰੇ ਪ੍ਰਤੀਕਿਰਿਆ ਲੈਣ ਆਏ ਮੁੱਖ ਮੰਤਰੀ ਨੇ ਕਿਹਾ ਕਿ ਜਲਦੀ ਹੀ ਸਰਦੂਲਗੜ੍ਹ ਤਹਿਸੀਲ ਵਿੱਚ ਰੈਗੂਲਰ ਤਹਿਸੀਲਦਾਰ ਦੀ ਨਿਯੁਕਤੀ ਕਰ ਦਿੱਤੀ ਜਾਵੇਗੀ।

ਉਨ੍ਹਾਂ ਦਫ਼ਤਰ ਦੇ ਕੰਮਕਾਜ ਵਿੱਚ ਤੇਜ਼ੀ ਲਿਆਉਣ ਲਈ ਕੰਪਲੈਕਸ ਵਿੱਚ ਹਾਈ ਸਪੀਡ ਇੰਟਰਨੈੱਟ ਲਗਾਉਣ ਦੇ ਵੀ ਆਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਸਰਕਾਰੀ ਵਿਭਾਗਾਂ ਦੀ ਕੁਸ਼ਲਤਾ ਅਤੇ ਕੰਮਕਾਜ ਨੂੰ ਹੋਰ ਵਧਾਉਣ ਲਈ ਇਨ੍ਹਾਂ ਚੀਜ਼ਾਂ ਦੀ ਲੋੜ ਹੈ।

ਜਾਣਕਾਰੀ ਅਨੁਸਾਰ ਕੁੱਝ ਲੋਕਾਂ ਨੇ ਮੁੱਖ ਮੰਤਰੀ ਨਾਲ ਤਹਿਸੀਲਾਂ ਅਤੇ ਹੋਰ ਦਫ਼ਤਰਾਂ ’ਚ ਹੁੰਦੀ ਖੱਜਲ-ਖੁਆਰੀ ਦੀ ਗੱਲ ਸਾਂਝੀ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਉਨ੍ਹਾਂ ਪੰਜਾਬੀਆਂ ਦੇ ਨਾਲ ਪੂਰੀ ਤਰ੍ਹਾਂ ਖੜ੍ਹੀ ਹੈ, ਜਿਨ੍ਹਾਂ ਨੂੰ ਹਾਲ ਹੀ ਵਿੱਚ ਅਮਰੀਕਾ ਤੋਂ ਡਿਪੋਰਟ ਕੀਤਾ ਗਿਆ ਹੈ। ਸਰਕਾਰ ਉਨ੍ਹਾਂ ਨੂੰ ਮੁੜ ਵਸੇਬੇ ਦੇ ਮੌਕੇ ਮੁਹੱਈਆ ਕਰਵਾਏਗੀ।

## 2.5 ਲੱਖ ਸੁਪਾਰੀ ਦੇ ਕੇ ਕਾਰੋਬਾਰੀ ਨੇ ਪਤਨੀ ਦਾ ਕਰਵਾਇਆ ਕਤਲ



WORLD PUNJABI NEWS NETWORK ਲੁਧਿਆਣਾ: ਸਨਅਤੀ ਸ਼ਹਿਰ ਦੇ ਡੇਹਲੋਂ ਰੋਡ 'ਤੇ ਕਾਰੋਬਾਰੀ ਅਨੋਖ ਮਿੱਤਲ ਦੀ ਪਤਨੀ ਮਾਨਵੀ ਮਿੱਤਲ ਉਰਫ਼ ਲਿਪਸੀ ਦਾ ਕਤਲ ਲੁਟੇਰਿਆਂ ਨੇ ਨਹੀਂ, ਬਲਕਿ ਉਸ ਦੇ ਪਤੀ ਅਨੋਖ ਮਿੱਤਲ ਨੇ ਨਾਜਾਇਜ਼ ਸਬੰਧਾਂ ਕਾਰਨ 2.5 ਰੁਪਏ ਦੀ ਸੁਪਾਰੀ ਦੇ ਕੇ ਕਰਵਾਇਆ ਸੀ। ਪੁਲੀਸ ਕਮਿਸ਼ਨਰ ਕੁਲਦੀਪ ਸਿੰਘ ਚਾਹਲ ਨੇ ਕਿਹਾ ਕਿ ਅਨੋਖ ਮਿੱਤਲ ਦਾ ਬੈਟਰੀ ਦਾ ਕਾਰੋਬਾਰ ਹੈ ਅਤੇ ਪ੍ਰਤੀਕਸ਼ਾ ਲਗਪਗ ਦੋ ਸਾਲ ਪਹਿਲਾਂ ਉਸ ਕੋਲ ਕੰਮ ਕਰਨ ਆਈ ਸੀ। ਦੁਕਾਨ 'ਤੇ ਕੰਮ ਕਰਦੇ ਸਮੇਂ ਦੋਵਾਂ ਵਿਚਕਾਰ ਨਾਜਾਇਜ਼ ਸਬੰਧ ਬਣ ਗਏ। ਇਸ ਬਾਰੇ ਅਨੋਖ ਦੀ ਪਤਨੀ ਲਿਪਸੀ ਨੂੰ ਪਤਾ ਲੱਗਣ 'ਤੇ ਕਈ ਵਾਰ ਦੋਵਾਂ ਵਿਚਕਾਰ ਲੜਾਈ ਵੀ ਹੋਈ। ਰੋਜ਼ਾਨਾ ਦੀ ਲੜਾਈ ਤੋਂ ਪ੍ਰੇਸ਼ਾਨ ਹੋ ਕੇ ਅਨੋਖ ਨੇ ਆਪਣੀ ਪਤਨੀ ਨੂੰ ਰਸਤੇ ਤੋਂ ਹਟਾਉਣ ਦੀ ਯੋਜਨਾ ਬਣਾਈ। ਮਗਰੋਂ ਗੋਪੀ ਨਾਲ ਢਾਈ ਲੱਖ ਰੁਪਏ ਵਿੱਚ ਸੌਦਾ ਤੈਅ ਹੋਇਆ ਅਤੇ ਅਨੋਖ ਵੱਲੋਂ ਮੁਲਜ਼ਮਾਂ ਨੂੰ 50,000 ਰੁਪਏ ਪਹਿਲਾਂ ਦਿੱਤੇ ਗਏ, ਜਦੋਂਕਿ ਬਾਕੀ 2 ਲੱਖ ਰੁਪਏ ਲਿਪਸੀ ਦੇ ਕਤਲ ਮਗਰੋਂ ਦਿੱਤੇ ਜਾਣੇ ਸਨ। ਵਾਰਦਾਤ ਨੂੰ ਅੰਜਾਮ ਦੇਣ ਲਈ ਮੁਲਜ਼ਮਾਂ ਨੇ ਅਜਿਹੀ ਥਾਂ ਦੀ ਭਾਲ ਕੀਤੀ, ਜਿਥੇ ਸਭ ਤੋਂ ਘੱਟ ਆਵਾਜਾਈ ਹੋਵੇ। ਯੋਜਨਾ ਅਨੁਸਾਰ ਅਨੋਖ ਆਪਣੀ ਪਤਨੀ ਨੂੰ ਖਾਣਾ ਖਵਾ ਕੇ ਉਸੇ ਰਸਤੇ 'ਤੇ ਲੈ ਕੇ ਆਇਆ। ਅਨੋਖ ਮਿੱਤਲ ਆਪਣੀ ਪਤਨੀ ਨੂੰ ਪੇਸ਼ਾਬ ਕਰਨ ਲਈ ਕਹਿ ਕੇ ਕਾਰ ਵਿੱਚੋਂ ਬਾਹਰ ਨਿਕਲ ਗਿਆ। ਪਹਿਲਾਂ ਮੁਲਜ਼ਮਾਂ ਨੇ ਜਾਣਬੁੱਝ ਕੇ ਅਨੋਖ 'ਤੇ ਹਮਲਾ ਕੀਤਾ ਤਾਂ ਜੋ ਉਸ ਦੀ ਪਤਨੀ ਬਾਹਰ ਆ ਸਕੇ। ਜਿਵੇਂ ਹੀ ਉਸ ਦੀ ਪਤਨੀ ਲਿਪਸੀ ਕਾਰ 'ਚੋਂ ਬਾਹਰ ਆਈ, ਮੁਲਜ਼ਮਾਂ ਨੇ ਉਸ 'ਤੇ ਹਮਲਾ ਕਰ ਦਿੱਤਾ। ਵਾਰਦਾਤ ਨੂੰ ਅੰਜਾਮ ਦੇ ਕੇ ਮੁਲਜ਼ਮ ਫ਼ਰਾਰ ਹੋ ਗਏ। ਪੁਲੀਸ ਨੂੰ ਅਨੋਖ ਮਿੱਤਲ ਨੇ ਇਹ ਮਾਮਲਾ ਲੁੱਟ ਦਾ ਹੀ ਦੱਸਿਆ ਪਰ ਬਿਆਨਾਂ ਦੇ ਬਦਲਣ ਕਾਰਨ ਪੁਲੀਸ ਨੂੰ ਪਹਿਲੀ ਵਾਰ ਵਿੱਚ ਹੀ ਅਨੋਖ ਮਿੱਤਲ 'ਤੇ ਸ਼ੱਕ ਹੋ ਗਿਆ। ਜਦੋਂ ਅਨੋਖ ਮਿੱਤਲ ਤੋਂ ਪੁਲੀਸ ਨੇ ਸਖ਼ਤੀ ਨਾਲ ਪੁੱਛਗਿੱਛ ਕੀਤੀ ਤਾਂ ਉਹ ਸਭ ਕੁੱਝ ਕਬੂਲ ਕਰ ਗਿਆ। ਪੁਲੀਸ ਨੇ ਇਸ ਮਾਮਲੇ ਵਿੱਚ ਮਾਨਵੀ ਦੇ ਪਤੀ ਅਨੋਖ ਮਿੱਤਲ, ਉਸ ਦੀ ਪ੍ਰੇਮਿਕਾ ਪ੍ਰਤੀਕਸ਼ਾ, ਨੰਦਪੁਰ ਵਾਸੀ ਅੰਮ੍ਰਿਤਪਾਲ ਸਿੰਘ ਉਰਫ਼ ਬੱਲੀ, ਗੁਰਦੀਪ ਸਿੰਘ ਉਰਫ਼ ਮਾਨ, ਸੋਨੂੰ ਸਿੰਘ ਉਰਫ਼ ਸੋਨੂੰ, ਸਾਗਰਦੀਪ ਸਿੰਘ ਉਰਫ਼ ਤੇਜੀ ਨੂੰ ਗ੍ਰਿਫ਼ਤਾਰ ਕੀਤਾ ਹੈ। ਇਸ ਯੋਜਨਾ ਦਾ ਮਾਸਟਰਮਾਈਂਡ ਢੰਡਾਰੀ ਕਲਾਂ ਦਾ ਰਹਿਣ ਵਾਲਾ ਗੁਰਪ੍ਰੀਤ ਸਿੰਘ ਉਰਫ਼ ਗੋਪੀ ਹਾਲੇ ਫ਼ਰਾਰ ਹੈ।

## ਡੈਲਟਾ ਏਅਰਲਾਈਨਜ਼ ਦਾ ਜਹਾਜ਼ ਹਾਦਸਾਗ੍ਰਸਤ, 17 ਜ਼ਖਮੀ

WORLD PUNJABI NEWS NETWORK ਟੋਰਾਂਟੋ ਪੀਅਰਸਨ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਉਤਰਨ ਦੀ ਕੋਸ਼ਿਸ਼ ਕਰਦੇ ਹੋਏ ਡੈਲਟਾ ਏਅਰਲਾਈਨਜ਼ ਦੇ ਜਹਾਜ਼ ਦੇ ਹਾਦਸਾਗ੍ਰਸਤ ਹੋ ਜਾਣ ਕਾਰਨ ਘੱਟੋ-ਘੱਟ 17 ਯਾਤਰੀ ਜ਼ਖਮੀ ਹੋ ਗਏ, ਜਿਸ ਉਪਰੰਤ ਜ਼ਖਮੀਆਂ ਨੂੰ ਹਸਪਤਾਲ ਲਿਜਾਇਆ ਗਿਆ। ਡੈਲਟਾ ਏਅਰ ਲਾਈਨਜ਼ ਨੇ ਇੱਕ ਬਿਆਨ ਵਿੱਚ ਕਿਹਾ, "ਸ਼ੁਰੂਆਤੀ ਰਿਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਹੈ ਅਤੇ ਜ਼ਖਮੀ ਹੋਏ 17 ਸਵਾਰੀਆਂ ਨੂੰ ਖੇਤਰ ਦੇ ਹਸਪਤਾਲਾਂ ਵਿੱਚ ਲਿਜਾਇਆ ਗਿਆ ਹੈ। ਜ਼ਖਮੀਆਂ ਵਿਚੋਂ ਇੱਕ ਬੱਚੇ ਸਮੇਤ 3 ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ।

ਅਮਰੀਕਾ ਦੇ ਸ਼ਹਿਰ ਮਿਨੀਆਪੋਲੀਸ (Minneapolis) ਤੋਂ ਆਏ ਜਹਾਜ਼ ਵਿੱਚ ਅਮਲੇ ਦੇ ਚਾਰ ਮੈਂਬਰ ਅਤੇ 76 ਯਾਤਰੀ ਸਵਾਰ ਸਨ। ਦੁਪਹਿਰ ਢਾਈ ਕੁ ਵਜੇ ਵਾਪਰੇ ਹਾਦਸੇ ਤੋਂ ਬਾਅਦ ਹਵਾਈ ਅੱਡਾ ਉਡਾਣਾਂ ਦੇ ਉੱਡਣ ਜਾਂ ਉਤਰਨ ਲਈ ਤਿੰਨ ਘੰਟੇ ਬੰਦ ਰੱਖਣਾ ਪਿਆ ਤਾਂ ਕਿ ਹਾਦਸੇ ਦੇ ਕਾਰਨਾਂ ਦੀ ਜਾਂਚ ਹੋ ਸਕੇ। ਇਸ ਦੌਰਾਨ 100 ਤੋਂ ਵੱਧ ਉਡਾਣਾਂ ਪ੍ਰਭਾਵਿਤ ਹੋਈਆਂ ਜਿਨ੍ਹਾਂ ਚੋਂ 48 ਵੱਡੇ ਜਹਾਜਾਂ ਨੂੰ ਮੌਂਟਰੀਅਲ ਅਤੇ ਓਟਵਾ ਹਵਾਈ ਅੱਡਿਆਂ ਵੱਲ ਭੇਜਿਆ ਗਿਆ ਤੇ ਛੋਟੇ ਜਹਾਜਾਂ ਨੂੰ ਲੰਡਨ, ਵਿੰਡਸਰ ਆਦਿ ਨੇੜਲੇ ਹਵਾਈ ਅੱਡਿਆਂ ਤੇ ਉਤਾਰਿਆ ਗਿਆ।

ਟਰਾਂਸਪੋਰਟ ਸੇਫਟੀ ਬੋਰਡ ਵਲੋਂ ਹਾਦਸੇ ਦੇ ਕਾਰਨਾਂ ਦੀ ਜਾਂਚ ਕੀਤੀ ਜਾਵੇਗੀ। ਜਹਾਜ਼ ਵਿਚ ਯਾਤਰਾ ਕਰਨ ਵਾਲਿਆਂ ਵਿਚ



22 ਕੈਨੇਡੀਅਨ ਨਾਗਰਿਕ ਤੇ ਬਾਕੀ ਹੋਰ ਦੇਸ਼ਾਂ ਤੋਂ ਸਨ। ਗ੍ਰੇਟਰ ਟਰਾਂਟੋ ਏਅਰਪੋਰਟ ਦੇ ਮੁੱਖ ਕਾਰਜਕਾਰੀ ਡੈਬੋਰਾ ਫਲਿੰਟ ਨੇ ਹਾਦਸੇ 'ਤੇ ਦੁੱਖ ਪ੍ਰਗਾਟਿਆ ਅਤੇ ਕਿਸੇ ਵੀ ਤਰ੍ਹਾਂ ਦੇ ਜਾਨੀ ਨੁਕਸਾਨ ਤੋਂ ਬਚਾਅ 'ਤੇ ਤਸੱਲੀ ਪ੍ਰਗਟਾਈ।

ਕੁਝ ਲੋਕਾਂ ਵਲੋਂ ਬਣਾਈ ਮੌਕੇ ਦੀ ਵੀਡੀਓ ਤੋਂ ਪਤਾ ਲੱਗਦਾ ਹੈ ਕਿ ਜਹਾਜ਼ ਉੱਤਰਦੇ ਸਮੇਂ ਰਨਵੇਅ ਤੋਂ ਤਿਲਕ ਕੇ ਟੇਢਾ ਹੁੰਦਿਆਂ ਪਲਟ ਗਿਆ ਸੀ। ਜਹਾਜ਼ ਦਾ ਪਿੱਛਲਾ ਹਿੱਸਾ ਜਿਆਦਾ ਨੁਕਸਾਨਿਆ ਗਿਆ ਹੈ। ਜ਼ਿਕਰਯੋਗ ਹੈ ਕਿ ਹਵਾਈ ਅੱਡੇ ਦਾ ਬਹੁਤਾ ਖੇਤਰ ਤਿੰਨ ਫੁੱਟ ਤੋਂ ਵੀ ਉੱਚੀ ਬਰਫ ਦੀ ਤਹਿ ਨਾਲ ਢੱਕਿਆ ਹੋਇਆ ਹੈ ਅਤੇ ਅਕਸਰ ਰਨਵੇਅ ਸਮੇਤ ਸੰਚਾਲਨ ਲਈ ਜਰੂਰੀ ਸਥਾਨਾਂ ਦੀ ਹੀ ਸਫਾਈ ਕੀਤੀ ਜਾਂਦੀ ਹੈ। ਇਸ ਹਾਦਸੇ ਦੇ ਪਿੱਛੇ ਬਰਫ ਦੇ ਢੇਰਾਂ ਨੂੰ ਵੀ ਕਥਿਤ ਤੌਰ 'ਤੇ ਕਾਰਨ ਮੰਨਿਆ ਜਾ ਰਿਹਾ ਹੈ।

## ਕੈਨੇਡਾ 'ਚ ਟਰਾਲੇ ਤੇ ਕਾਰ ਦੀ ਟੱਕਰ 'ਚ ਪੰਜਾਬੀ ਨੌਜਵਾਨ ਦੀ ਮੌਤ

WORLD PUNJABI NEWS NETWORK ਕੈਨੇਡਾ। ਸੁਨਹਿਰੀ ਭਵਿੱਖ ਲਈ ਕੈਨੇਡਾ ਗਏ ਪੰਜਾਬੀ ਨੌਜਵਾਨ ਦੀ ਸੜਕ ਹਾਦਸੇ 'ਚ ਦਰਦਨਾਕ ਮੌਤ ਹੋ ਜਾਣ ਦੀ ਖ਼ਬਰ ਸਾਹਮਣੇ ਆਈ ਹੈ। ਮ੍ਰਿਤਕ ਨੌਜਵਾਨ ਦੀਦਾਰਜੀਤ ਸਿੰਘ ਪੁੱਤਰ ਹੀਰਾ ਸਿੰਘ ਅੰਮ੍ਰਿਤਸਰ ਦੇ ਹਲਕਾ ਰਾਜਾਸਾਂਸੀ ਦੇ ਪਿੰਡ ਚਵਿੰਡਾ ਕਲਾਂ ਦਾ ਰਹਿਣ ਵਾਲਾ ਸੀ। ਉਹ 2 ਸਾਲ ਪਹਿਲਾਂ ਵਿਦੇਸ਼ ਗਿਆ ਸੀ। ਇਸ ਸੰਬੰਧੀ ਭਰੇ ਮਨ ਨਾਲ ਜਾਣਕਾਰੀ ਦਿੰਦਿਆਂ ਹੀਰਾ ਸਿੰਘ ਨੇ ਦੱਸਿਆ ਕਿ ਉਨ੍ਹਾਂ ਦਾ ਇਕਲੌਤਾ ਪੁੱਤਰ ਦੋ ਸਾਲ ਪਹਿਲਾਂ ਕੈਨੇਡਾ ਗਿਆ ਸੀ। ਪੜ੍ਹਾਈ ਖ਼ਤਮ ਹੋਣ ਤੋਂ ਬਾਅਦ ਉਸ ਨੂੰ ਵਰਕ ਪਰਮਿਟ ਮਿਲਿਆ ਸੀ। ਬੀਤੇ ਦਿਨੀਂ ਉਹ ਬਰਮਟਨ ਤੋਂ ਕਾਰ ਵਿਚ ਸਵਾਰ ਹੋ ਕੇ ਕੰਮ 'ਤੇ ਜਾ ਰਿਹਾ ਸੀ, ਤਾਂ ਸਾਹਮਣੇ ਤੋਂ ਆ ਰਹੇ ਟਰਾਲੇ ਨਾਲ ਕਾਰ ਦੀ ਟੱਕਰ ਹੋ ਗਈ ਅਤੇ ਦੀਦਾਰਜੀਤ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ।




ਪਰਿਵਾਰ ਨੇ ਉਸ ਦੀ ਮ੍ਰਿਤਕ ਦੇਹ ਵਾਪਸ ਪੰਜਾਬ ਲਿਆਉਣ ਲਈ ਸਰਕਾਰ ਤੇ ਹੋਰਨਾਂ ਸਮਾਜ ਸੇਵੀ ਸੰਸਥਾਵਾਂ ਕੋਲੋਂ ਸਹਿਯੋਗ ਦੀ ਮੰਗ ਕੀਤੀ।

## ਨਵੀਂ ਦਿੱਲੀ ਰੇਲਵੇ ਸਟੇਸ਼ਨ 'ਤੇ ਭਾਜੜ ਮਗਰੋਂ ਸੁਰੱਖਿਆ ਸਖ਼ਤ

WORLD PUNJABI NEWS NETWORK ਨਵੀਂ ਦਿੱਲੀ ਰੇਲਵੇ ਸਟੇਸ਼ਨ 'ਤੇ ਸ਼ਨਿਚਰਵਾਰ ਰਾਤ ਨੂੰ ਭਗਦੜ ਦੀ ਘਟਨਾ ਵਾਪਰਨ ਤੋਂ ਬਾਅਦ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਹਨ ਅਤੇ ਬਿਨਾ ਕਿਸੇ ਜਾਇਜ਼ ਕਾਰਨ ਤੋਂ ਕਿਸੇ ਵੀ ਵਿਅਕਤੀ ਦੇ ਫੁੱਟ ਓਵਰਬ੍ਰਿਜ 'ਤੇ ਘੁੰਮਣ 'ਤੇ ਰੋਕ ਲਗਾਈ ਗਈ ਹੈ। ਪੁਲੀਸ ਨੇ ਦੱਸਿਆ ਕਿ ਸ਼ਨਿਚਰਵਾਰ ਰਾਤ ਨੂੰ ਨਵੀਂ ਦਿੱਲੀ ਰੇਲਵੇ ਸਟੇਸ਼ਨ 'ਤੇ ਮੱਚੀ ਭਾਜੜ 'ਚ 18 ਲੋਕਾਂ ਦੀ ਮੌਤ ਹੋ ਗਈ ਸੀ। ਰੇਲਵੇ ਸੁਰੱਖਿਆ ਬਲ (ਆਰਪੀਐੱਫ) ਦੇ ਸੀਨੀਅਰ ਅਧਿਕਾਰੀ ਨੇ ਦੱਸਿਆ, ''ਅਸੀਂ ਕਈ ਲੋਕਾਂ ਨੂੰ ਬਿਨਾ ਕਿਸੇ ਕਾਰਨ ਤੋਂ ਫੁਟ ਓਵਰਬ੍ਰਿਜ 'ਤੇ ਖੜ੍ਹੇ ਦੇਖਿਆ ਹੈ, ਜਿਸ ਨਾਲ ਦੂਜੇ ਪਲੈਟਫਾਰਮ 'ਤੇ ਪਹੁੰਚਣ ਦੀ ਕੋਸ਼ਿਸ਼ ਕਰ ਰਹੇ ਮੁਸਾਫ਼ਰਾਂ ਨੂੰ ਦੇਰ ਹੁੰਦੀ ਹੈ। ਹੁਣ ਕਿਸੇ ਨੂੰ ਵੀ ਬਿਨਾ ਕਿਸੇ ਜਾਇਜ਼ ਕਾਰਨ ਤੋਂ ਫੁਟ ਓਵਰਬ੍ਰਿਜ 'ਤੇ ਖੜ੍ਹੇ ਹੋਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।'' ਅਧਿਕਾਰੀ ਨੇ ਕਿਹਾ ਕਿ ਪ੍ਰਯਾਗਰਾਜ ਵੱਲ ਜਾਣ ਵਾਲੀਆਂ ਰੇਲਗੱਡੀਆਂ 'ਤੇ ਨਜ਼ਰ ਰੱਖੀ ਜਾਵੇਗੀ ਅਤੇ ਭਗਦੜ ਵਰਗੀ ਸਥਿਤੀ ਤੋਂ ਬਚਣ ਲਈ ਟੀਮ ਕਿਸੇ ਵੀ ਪਲੈਟਫਾਰਮ 'ਤੇ ਲੋਕਾਂ ਦੀ ਗਿਣਤੀ 'ਤੇ ਵੀ ਨਜ਼ਰ ਰੱਖੇਗੀ।ਉਨ੍ਹਾਂ ਕਿਹਾ, ''ਪਲੈਟਫਾਰਮ ਨੰਬਰ 16 ਤੋਂ ਲੈ ਕੇ ਪਲੈਟਫਾਰਮ ਨੰਬਰ 13 ਤੱਕ, ਅਸੀਂ ਹਰੇਕ ਰੇਲਗੱਡੀ ਦੇ ਡੱਬਿਆਂ ਦੀ ਨਿਗਰਾਨੀ ਰੱਖਣ ਅਤੇ ਭਾਰੀ ਭੀੜ ਨੂੰ ਕੰਟਰੋਲ ਕਰਨ ਲਈ ਵਾਧੂ ਸੁਰੱਖਿਆ ਕਰਮੀ ਤਾਇਨਾਤ ਕੀਤੇ ਹਨ। ਇਸ ਤੋਂ ਇਲਾਵਾ ਐਮਰਜੈਂਸੀ ਰਿਸਪੌਂਸ ਬਲ ਦੀ ਤਿਆਰ ਰਹਿਣਗੇ।'' ਇਕ ਅਧਿਕਾਰੀ ਨੇ ਦੱਸਿਆ ਕਿ ਦਿੱਲੀ ਪੁਲੀਸ ਨੇ ਰੇਲਵੇ ਸੁਰੱਖਿਆ ਬਲ (ਆਰਪੀਐੱਫ) ਅਤੇ ਸਰਕਾਰੀ ਰੇਲਵੇ ਪੁਲੀਸ ਨਾਲ ਮਿਲ ਕੇ ਸਟੇਸ਼ਨ 'ਤੇ ਭੀੜ ਕੰਟਰੋਲ ਕਰਨ ਲਈ ਵਾਧੂ ਪੁਲੀਸ ਮੁਲਾਜ਼ਮ ਤਾਇਨਾਤ ਕੀਤੇ ਹਨ।

**ਭਗਦੜ ਰੋਕਣ ਲਈ ਫੌਰੀ ਉਪਾਵਾਂ ਦੀ ਮੰਗ ਸਬੰਧੀ ਪਟੀਸ਼ਨ ਸੁਪਰੀਮ ਕੋਰਟ 'ਚ ਦਾਇਰ**

ਨਵੀਂ ਦਿੱਲੀ ਰੇਲਵੇ ਸਟੇਸ਼ਨ 'ਤੇ ਭਗਦੜ ਦੀ ਘਟਨਾ ਤੋਂ ਦੋ ਦਿਨਾਂ ਬਾਅਦ ਅੱਜ ਸੁਪਰੀਮ ਕੋਰਟ ਵਿੱਚ ਇਕ ਜਨਹਿੱਤ ਪਟੀਸ਼ਨ ਦਾਇਰ ਕਰ ਕੇ ਭਵਿੱਖ ਵਿੱਚ ਅਜਿਹੀਆਂ ਤ੍ਰਾਸਦੀਆਂ ਰੋਕਣ ਲਈ ਫੌਰੀ ਕਾਰਵਾਈ ਕਰਨ ਸਬੰਧੀ ਨਿਰਦੇਸ਼ ਦੇਣ ਦੀ ਅਪੀਲ ਕੀਤੀ ਗਈ ਹੈ। ਵਕੀਲ ਵਿਸ਼ਾਲ ਤਿਵਾੜੀ ਵੱਲੋਂ ਦਾਇਰ ਪਟੀਸ਼ਨ ਵਿੱਚ ਕੇਂਦਰ ਤੇ ਹੋਰ



ਅਥਾਰਿਟੀਜ਼ ਨੂੰ 'ਪ੍ਰੋਗਰਾਮ ਅਤੇ ਵੱਖ-ਵੱਖ ਥਾਵਾਂ 'ਤੇ ਭੀੜ ਦੇ ਪ੍ਰਬੰਧਨ' ਸਬੰਧੀ ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਦੀ 2014 ਦੀ ਰਿਪੋਰਟ ਦੇ ਅਮਲ ਅਤੇ ਵਿਚਾਰ ਲਈ ਨਿਰਦੇਸ਼ ਦੇਣ ਦੀ ਅਪੀਲ ਕੀਤੀ ਗਈ ਹੈ।

**ਵੈਸ਼ਨਵ ਨੇ ਮੰਦਭਾਗੀ ਘਟਨਾਵਾਂ ਰੋਕਣ ਲਈ ਕੀਤੇ ਜਾ ਰਹੇ ਉਪਾਅ ਦੱਸੇ**

ਉੱਧਰ, ਰੇਲ ਮੰਤਰੀ ਅਸ਼ਿਵਨੀ ਵੈਸ਼ਨਵ ਨੇ ਅੱਜ ਕਿਹਾ ਕਿ ਰੇਲਵੇ ਮੰਦਭਾਗੀ ਘਟਨਾਵਾਂ ਰੋਕਣ ਲਈ ਜੋ ਉਪਾਅ ਕਰ ਰਿਹਾ ਹੈ, ਉਨ੍ਹਾਂ ਵਿੱਚ ਮੁਸਾਫ਼ਰਾਂ ਦੀ ਵਧੇਰੇ ਭੀੜ ਦਾ ਸਾਹਮਣਾ ਕਰਨ ਵਾਲੇ 60 ਸਟੇਸ਼ਨਾਂ 'ਤੇ 'ਰੋਕ ਖੇਤਰ' ਬਣਾਉਣਾ, ਇਕ ਵੱਖਰੀ ਭੀੜ ਪ੍ਰਬੰਧਨ ਨਿਯਮ ਸੂਚੀ ਤਿਆਰ ਕਰਨਾ ਅਤੇ ਲੋਕਾਂ ਨੂੰ ਪੌੜੀਆਂ 'ਤੇ ਨਾ ਬੈਠਣ ਲਈ ਜਾਗਰੂਕ ਕਰਨਾ ਸ਼ਾਮਲ ਹੈ।

**'ਮੋਦੀ ਜੀ ਨੇ ਬਿਨਾ ਟਿਕਟ ਰੇਲ ਯਾਤਰਾ ਦੀ ਇਜਾਜ਼ਤ ਦਿੱਤੀ ਹੈ'**

ਬਿਹਾਰ ਵਿੱਚ ਰੇਲਵੇ ਦਾ ਸੀਨੀਅਰ ਅਧਿਕਾਰੀ ਉਸ ਵੇਲੇ ਹੈਰਾਨ ਰਹਿ ਗਿਆ ਜਦੋਂ ਪਿੰਡਾਂ ਦੀਆਂ ਔਰਤਾਂ ਦੇ ਸਮੂਹ ਨੇ ਦਾਅਵਾ ਕੀਤਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਉਨ੍ਹਾਂ ਨੂੰ ਬਿਨਾ ਟਿਕਟ ਯਾਤਰਾ ਕਰਨ ਦੀ ਇਜਾਜ਼ਤ ਦਿੱਤੀ ਹੈ। ਉੱਤਰ ਪ੍ਰਦੇਸ਼ ਦੀ ਸਰਹੱਦ ਨਾਲ ਲੱਗਦੇ ਬਿਹਾਰ ਦੇ ਬਕਸਰ ਰੇਲਵੇ ਸਟੇਸ਼ਨ 'ਤੇ ਦਾਨਾਪੁਰ ਦੇ ਮੰਡਲ ਰੇਲ ਪ੍ਰਬੰਧਕ (ਡੀਆਰਐੱਮ) ਜਯੰਤ ਕੁਮਾਰ ਤੇ ਪ੍ਰਯਾਗਰਾਜ ਮਹਾਂਕੁੰਭ ਲਈ ਜਾ ਰਹੀ ਤੀਰਥ ਯਾਤਰੀਆਂ ਵਿਚਾਲੇ ਹੋਈ ਗੱਲਬਾਤ ਦਾ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਿਆ ਹੈ। ਡੀਆਰਐੱਮ ਐਤਵਾਰ ਨੂੰ ਭੀੜ ਦੇ ਮੱਦੇਨਜ਼ਰ ਸਟੇਸ਼ਨ ਦਾ ਨਿਰੀਖਣ ਕਰ ਰਹੇ ਸਨ।

## ਕਰੋੜਾਂ ਦੀ ਅਦਾਇਗੀ ਲਈ ਗੰਨਾ ਕਾਸ਼ਤਕਾਰਾਂ ਵੱਲੋਂ ਖੰਡ ਮਿੱਲ ਦਾ ਕੰਡਾ ਜਾਮ



WORLD PUNJABI NEWS NETWORK ਗੰਨਾ ਕਾਸ਼ਤਕਾਰਾਂ ਦੀ ਹੁਣ ਤੱਕ ਕਰੀਬ 36 ਦਿਨਾਂ ਦੀ ਮੁਕੇਰੀਆਂ ਖੰਡ ਮਿੱਲ ਵੱਲ ਖੜ੍ਹੀ ਕਰੀਬ 100 ਕਰੋੜ ਤੋਂ ਵੱਧ ਦੀ ਅਦਾਇਗੀ ਨੂੰ ਲੈ ਕੇ ਕਿਸਾਨ ਸੰਘਰਸ਼ ਕਮੇਟੀ ਵੱਲੋਂ ਮਿੱਲ ਦਾ ਤੁਲਾਈ ਕੰਡਾ ਜਾਮ ਕਰਕੇ ਧਰਨਾ ਦਿੱਤਾ ਗਿਆ। ਗੰਨਾ ਕਿਸਾਨ ਸੰਘਰਸ਼ ਕਮੇਟੀ ਦੇ ਆਗੂਆਂ ਨੇ ਦੱਸਿਆ ਕਿ ਗੰਨਾ ਕਿਸਾਨਾਂ ਦੀ ਪਿਛਲੇ ਕਰੀਬ 36 ਦਿਨਾਂ ਦੀ ਖੰਡ ਮਿੱਲ ਵੱਲ ਹੁਣ ਤੱਕ ਦੀ ਅਦਾਇਗੀ ਮਿੱਲ ਪ੍ਰਬੰਧਕਾਂ ਵੱਲੋਂ ਅਦਾ ਨਹੀਂ ਕੀਤੀ ਗਈ। ਕਾਸ਼ਤਕਾਰ ਆਪਣੇ ਖੁਦ ਦੇ ਖਰਚਿਆਂ ਸਣੇ ਪ੍ਰਵਾਸੀ ਮਜ਼ਦੂਰਾਂ ਦੇ ਖਰਚੇ ਦੇਣ ਤੋਂ ਤੰਗ ਆਏ ਪਏ ਹਨ। ਉਨ੍ਹਾਂ ਕਿਹਾ ਕਿ ਕਿਸਾਨ ਇਹ ਮਾਮਲਾ ਕਈ ਵਾਰ ਖੰਡ ਮਿੱਲ ਪ੍ਰਬੰਧਕਾਂ ਦੇ ਧਿਆਨ ਵਿੱਚ ਲਿਆ ਚੁੱਕੇ ਹਨ ਪਰ ਪ੍ਰਬੰਧਕ ਟਾਲ ਮਟੋਲ ਕਰਦੇ ਰਹੇ। ਇਸ ਤੋਂ ਖਫ਼ਾ ਹੋ ਕੇ ਉਨ੍ਹਾਂ ਨੂੰ ਧਰਨਾ ਦੇਣ ਲਈ ਮਜਬੂਰ ਹੋਣਾ ਪਿਆ।

**60 ਕਰੋੜ ਦੀ ਅਦਾਇਗੀ ਦਾ ਭਰੋਸਾ, ਧਰਨਾ ਸਮਾਪਤ**

ਦੇਰ ਸ਼ਾਮ ਛੇ ਵਜੇ ਖੰਡ ਮਿੱਲ ਪ੍ਰਬੰਧਕ ਸੰਜੇ ਸਿੰਘ ਅਤੇ ਕਿਸਾਨ ਸੰਘਰਸ਼ ਕਮੇਟੀ ਦੇ ਆਗੂਆਂ ਦਰਮਿਆਨ ਹੋਏ 7 ਮਾਰਚ ਤੱਕ 60 ਕਰੋੜ ਦੀ ਅਦਾਇਗੀ ਦੇ ਭਰੋਸੇ ਮਗਰੋਂ ਧਰਨਾ ਸਮਾਪਤ ਕਰ ਦਿੱਤਾ ਗਿਆ। ਕਿਸਾਨ ਆਗੂਆਂ ਨੇ ਦੱਸਿਆ ਕਿ ਖੰਡ ਮਿੱਲ ਪ੍ਰਬੰਧਕਾਂ ਨੇ ਭਰੋਸਾ ਦਿੱਤਾ ਹੈ ਕਿ 18 ਤੋਂ 25 ਫਰਵਰੀ ਤੱਕ ਖੰਡ ਮਿੱਲ ਕਿਸਾਨਾਂ ਦੇ ਖਾਤਿਆਂ ਵਿੱਚ 20 ਕਰੋੜ ਪਾਏਗੀ ਅਤੇ 26 ਫਰਵਰੀ ਤੋਂ 4 ਮਾਰਚ ਦਰਮਿਆਨ 20 ਕਰੋੜ ਹੋਰ ਅਦਾ ਕਰ ਦਿੱਤੇ ਜਾਣਗੇ। ਰਹਿੰਦੇ 20 ਕਰੋੜ 4 ਤੋਂ 7 ਮਾਰਚ ਤੱਕ ਅਦਾ ਕਰ ਦਿੱਤੇ ਜਾਣਗੇ ਅਤੇ ਭਲਕੇ ਦੋ ਦਿਨ ਦੀ ਇਕੱਠੀ ਅਦਾਇਗੀ ਕਰ ਦਿੱਤੀ ਜਾਵੇਗੀ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇ ਪ੍ਰਬੰਧਕਾਂ ਨੇ ਆਪਣਾ ਰਵੱਈਆ ਨਾ ਸੁਧਾਰਿਆ ਤਾਂ ਉਹ ਪੱਕਾ ਧਰਨਾ ਲਗਾਉਣ ਲਈ ਮਜਬੂਰ ਹੋਣਗੇ।

## ਬਟਾਲਾ: ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਸਕੂਲਾਂ ਦੇ ਦੌਰੇ

WORLD PUNJABI NEWS NETWORK ਬਟਾਲਾ : ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਬਟਾਲਾ ਅਤੇ ਨੇੜਲੇ ਕੋਈ ਅੱਧੀ ਦਰਜਨ ਸਕੂਲਾਂ ਦਾ ਅਚਨਚੇਤ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਸਕੂਲਾਂ ਵਿੱਚ ਪੜ੍ਹਾਈ ਦੇ ਮਿਆਰ, ਸਾਫ਼ ਸਫ਼ਾਈ ਅਤੇ ਹੋਰ ਪ੍ਰਬੰਧਕੀ ਕੰਮਾਂ ਨੂੰ ਦੇਖਿਆ। ਸ੍ਰੀ ਬੈਂਸ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਘਣੀਆਂ ਕੇ ਬਾਂਗਰ, ਸਰਕਾਰੀ (ਕੰਨਿਆ) ਸੀਨੀਅਰ ਸੈਕੰਡਰੀ ਸਕੂਲ ਆਫ ਐਮੀਨੈਂਸ ਧਰਮਪੁਰਾ ਕਲੋਨੀ ਬਟਾਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਿਲ੍ਹਾ ਟੇਕ ਸਿੰਘ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖਤੀਬ ਅਤੇ ਇੱਥੋਂ ਦੇ ਪ੍ਰਾਇਮਰੀ ਸਕੂਲ ਦਾ ਦੌਰਾ ਕਰਕੇ ਪੇਪਰਾਂ ਦੇ ਨੇੜੇ ਸਕੂਲਾਂ ਵਿੱਚ ਪੜ੍ਹਾਈ ਦੀ ਤਿਆਰੀ ਸਬੰਧੀ ਜਾਣਕਾਰੀ ਹਾਸਲ ਕੀਤੀ। ਇਸ ਦੌਰਾਨ ਉਨ੍ਹਾਂ ਸਕੂਲ ਮੁਖੀਆਂ ਨਾਲ ਰਸਮੀ ਗੱਲਬਾਤ ਕੀਤੀ। ਸਿੱਖਿਆ ਮੰਤਰੀ ਬੈਂਸ ਨੇ ਸਕੂਲ ਮੁਖੀਆਂ ਅਤੇ ਅਧਿਆਪਕਾਂ ਨੂੰ ਜ਼ੋਰ ਦੇ



ਕੇ ਕਿਹਾ ਕਿ ਉਹ ਵਿਦਿਆਰਥੀਆਂ ਨੂੰ ਸਮੇਂ ਦੇ ਹਾਣ ਦਾ ਬਣਾਉਣ ਲਈ ਵੱਧ ਤੋਂ ਵੱਧ ਆਪਣਾ ਧਿਆਨ ਪੜ੍ਹਾਈ ਕਰਵਾਉਣ 'ਤੇ ਕੇਂਦਰਤ ਕਰਨ ਤਾਂ ਜੋ ਇਹ ਵਿਦਿਆਰਥੀ ਆਪਣੇ ਮਾਪਿਆਂ, ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕਰ ਸਕਣ। ਉਨ੍ਹਾਂ ਵੱਖ-ਵੱਖ ਸਕੂਲਾਂ ਦੇ ਦੌਰੇ ਦੌਰਾਨ ਸਾਫ਼ ਸਫ਼ਾਈ 'ਤੇ ਸੰਤੁਸ਼ਟੀ ਪ੍ਰਗਟ ਕੀਤੀ।

# ਹਰਜਿੰਦਰ ਸਿੰਘ ਧਾਮੀ ਵੱਲੋਂ ਪ੍ਰਧਾਨਗੀ ਤੋਂ ਅਸਤੀਫ਼ਾ



WORLD PUNJABI NEWS NETWORK

ਅੰਮ੍ਰਿਤਸਰ : ਗਿਆਨੀ ਹਰਪ੍ਰੀਤ ਸਿੰਘ ਨੂੰ ਤਖ਼ਤ ਦਮਦਮਾ ਸਾਹਿਬ ਦੇ ਜਥੇਦਾਰ ਦੇ ਅਹੁਦੇ ਤੋਂ ਫ਼ਾਰਗ ਕਰਨ ਦੇ ਫ਼ੈਸਲੇ ਮਗਰੋਂ ਪੈਦਾ ਹੋਏ ਹਾਲਾਤ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੱਜ ਆਪਣੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਹੈ। ਉਹ ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਸਬੰਧੀ ਬਣਾਈ ਗਈ ਸੱਤ ਮੈਂਬਰੀ ਕਮੇਟੀ ਦੇ ਮੁਖੀ ਦੇ ਅਹੁਦੇ ਤੋਂ ਵੀ ਲਾਂਭੇ ਹੋ ਗਏ ਹਨ। ਇਸ ਨਾਲ ਪਿਛਲੇ ਸਾਲ ਦੋ ਦਸੰਬਰ ਤੋਂ ਬਾਅਦ ਬਦਲ ਰਹੇ ਹਾਲਾਤ ਦਰਮਿਆਨ ਪੰਥਕ ਸੰਕਟ ਹੋਰ ਵੀ ਡੂੰਘਾ ਹੋ ਗਿਆ ਹੈ। ਅਚਨਚੇਤੀ ਸੱਦੇ ਪੱਤਰਕਾਰ ਸੰਮੇਲਨ ਦੌਰਾਨ ਧਾਮੀ ਨੇ ਸ਼੍ਰੋਮਣੀ ਕਮੇਟੀ ਦੀ ਪ੍ਰਧਾਨਗੀ ਅਤੇ ਸੱਤ ਮੈਂਬਰੀ ਕਮੇਟੀ ਦੇ ਮੁਖੀ ਦੇ ਅਹੁਦੇ ਤੋਂ ਅਸਤੀਫ਼ਾ ਦੇਣ ਦਾ ਐਲਾਨ ਕੀਤਾ। ਭਾਵੇਂ ਉਨ੍ਹਾਂ ਪੱਤਰਕਾਰਾਂ ਦੇ ਸਵਾਲਾਂ ਦੇ ਜਵਾਬ ਦੇਣ ਤੋਂ ਨਾਂਹ ਕੀਤੀ ਸੀ ਪਰ ਫਿਰ ਵੀ ਅਸਤੀਫ਼ਾ ਦੇਣ ਦੇ ਕਾਰਨ ਸਪੱਸ਼ਟ ਕਰਦਿਆਂ ਧਾਮੀ ਨੇ ਕਿਹਾ ਕਿ ਗਿਆਨੀ ਹਰਪ੍ਰੀਤ ਸਿੰਘ ਨੂੰ ਫਾਰਗ ਕਰਨ ਦੇ ਫ਼ੈਸਲੇ ਤੋਂ ਬਾਅਦ ਅਕਾਲ ਤਖ਼ਤ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਕੀਤੀਆਂ ਗਈਆਂ ਟਿੱਪਣੀਆਂ ਕਾਰਨ ਉਹ ਨੈਤਿਕ ਆਧਾਰ ’ਤੇ ਆਪਣੇ ਅਹੁਦੇ ਤੋਂ ਅਸਤੀਫ਼ਾ ਦੇ ਰਹੇ ਹਨ। ਧਾਮੀ ਨੇ ਕਿਹਾ ਕਿ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਦੌਰਾਨ ਬਹੁਸੰਮਤੀ ਨਾਲ ਗਿਆਨੀ ਹਰਪ੍ਰੀਤ ਸਿੰਘ ਨੂੰ ਫਾਰਗ ਕਰਨ ਦਾ ਫ਼ੈਸਲਾ ਲਿਆ ਗਿਆ ਸੀ ਪਰ ਇਸ ਦੇ ਬਾਵਜੂਦ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਇਸ ਨੂੰ ਮੰਦਭਾਗਾ ਤੇ ਦੁਖਦਾਈ ਦੱਸਿਆ ਗਿਆ ਸੀ। ਉਨ੍ਹਾਂ ਅਕਾਲ ਤਖ਼ਤ ਦੇ ਜਥੇਦਾਰ ਨੂੰ ਪੱਤਰ ਦੇ ਕੇ ਆਪਣੇ ਫ਼ੈਸਲੇ ਤੋਂ ਜਾਣੂ ਕਰਵਾ ਦਿੱਤਾ ਹੈ। ਸ਼੍ਰੋਮਣੀ ਕਮੇਟੀ ਦੀ ਪ੍ਰਧਾਨਗੀ ਤੋਂ ਦਿੱਤਾ ਗਿਆ ਅਸਤੀਫ਼ਾ ਧਾਮੀ ਨੇ ਅੰਤ੍ਰਿੰਗ ਕਮੇਟੀ ਨੂੰ ਭੇਜਿਆ ਹੈ ਜਦੋਂ ਕਿ ਸੱਤ ਮੈਂਬਰੀ ਕਮੇਟੀ ਤੋਂ ਦਿੱਤਾ ਗਿਆ ਅਸਤੀਫ਼ਾ ਉਨ੍ਹਾਂ ਅਕਾਲ ਤਖ਼ਤ ਦੇ ਸਕੱਤਰੇਤ ਨੂੰ ਸੌਂਪਿਆ ਹੈ। ਅਸਤੀਫ਼ਾ ਦੇਣ ਦਾ ਐਲਾਨ ਕਰਨ ਮਗਰੋਂ ਐਡਵੋਕੇਟ ਧਾਮੀ ਨੇ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਬਾਅਦ ਵਿੱਚ ਅਕਾਲ ਤਖ਼ਤ ਦੇ ਸਕੱਤਰੇਤ ’ਚ ਪੱਤਰ ਸੌਂਪਿਆ। ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ’ਚ ਵਾਪਸ ਆਉਣ ਮਗਰੋਂ ਉਨ੍ਹਾਂ ਸਕੱਤਰ ਪ੍ਰਤਾਪ ਸਿੰਘ ਅਤੇ ਹੋਰ ਅਧਿਕਾਰੀਆਂ ਨਾਲ ਕੁਝ ਸਮਾਂ ਬੰਦ ਕਮਰਾ ਮੀਟਿੰਗ ਵੀ ਕੀਤੀ। ਜ਼ਿਕਰਯੋਗ ਹੈ ਕਿ ਪਿਛਲੇ ਸਾਲ ਦੋ ਦਸੰਬਰ ਨੂੰ ਅਕਾਲ ਤਖ਼ਤ ਤੋਂ ਸ਼੍ਰੋਮਣੀ ਅਕਾਲੀ ਦਲ ਆਗੂ ਸੁਖਬੀਰ ਸਿੰਘ ਬਾਦਲ ਅਤੇ ਹੋਰਾਂ ਖ਼ਿਲਾਫ਼ ਕੀਤੀ ਗਈ ਕਾਰਵਾਈ ਮਗਰੋਂ ਪੰਥਕ ਹਾਲਾਤ ਲਗਾਤਾਰ ਬਦਲ ਰਹੇ ਹਨ। ਇਸ ਦੌਰਾਨ ਹੀ ਸ਼੍ਰੋਮਣੀ ਅਕਾਲੀ ਦਲ ਅਤੇ ਤਖ਼ਤਾਂ ਦੇ ਜਥੇਦਾਰਾਂ ਵਿਚਾਲੇ ਪਾੜਾ ਵਧਿਆ ਹੈ। ਸ਼੍ਰੋਮਣੀ ਕਮੇਟੀ ਦੋਹਾਂ ਧਿਰਾਂ ਵਿਚਾਲੇ ਇੱਕ ਪੁਲ ਵਾਂਗ ਕੰਮ ਕਰ ਰਹੀ ਸੀ ਪਰ ਪੈਦਾ ਹੋਏ ਤਣਾਅ ਅਤੇ ਦਬਾਅ ਕਾਰਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪ੍ਰਧਾਨਗੀ ਦੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ।

### ਧਾਮੀ ਦਾ ਅਸਤੀਫ਼ਾ ਦੁਖਦਾਇਕ: ਗਿਆਨੀ ਹਰਪ੍ਰੀਤ ਸਿੰਘ

ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਦਿੱਤੇ ਗਏ ਅਸਤੀਫ਼ੇ ਨੂੰ ਦੁਖਦਾਈ ਕਰਾਰ ਦਿੱਤਾ ਹੈ। ਉਨ੍ਹਾਂ ਸੋਸ਼ਲ ਮੀਡੀਆ ’ਤੇ ਪਾਈ ਇੱਕ ਪੋਸਟ ਵਿੱਚ ਕਿਹਾ ਕਿ ਪੰਥਕ ਪਰੰਪਰਾਵਾਂ ਤੇ ਮਰਿਆਦਾ ਦੀ ਜਾਣਕਾਰੀ ਤੋਂ ਸੱਖਣੇ ਕੁਝ ਕੁ ਨੇਤਾਵਾਂ ਵੱਲੋਂ ਆਪਣੀਆਂ ਨਿੱਜੀ ਲਾਲਸਾਵਾਂ ਦੀ ਪੂਰਤੀ ਹਿੱਤ ਇੱਕ ਵਿਅਕਤੀ ਵਿਸ਼ੇਸ਼ ਦੀ ਰਾਜਨੀਤੀ ਨੂੰ ਜ਼ਿੰਦਾ ਰੱਖਣ ਲਈ ਪੰਥਕ ਸੰਸਥਾਵਾਂ ਨੂੰ ਪੇਤਲਾ ਕੀਤਾ ਜਾ ਰਿਹਾ ਹੈ। ਪੰਥਕ ਸੋਚ ਦੀ ਤਰਜਮਾਨੀ ਕਰਨ ਵਾਲਿਆਂ ਨੂੰ ਜ਼ਲੀਲ ਕਰਕੇ ਬਾਹਰ ਦਾ ਰਾਹ ਦਿਖਾਇਆ ਜਾ ਰਿਹਾ ਹੈ ਜਾਂ ਫਿਰ ਦਬਾਅ ਹੀ ਇਸ ਤਰ੍ਹਾਂ ਦਾ ਬਣਾਇਆ ਜਾਂਦਾ ਹੈ ਕਿ ਬੰਦਾ ਖ਼ੁਦ ਹੀ ਛੱਡ ਕੇ ਜਾਣ ਲਈ ਮਜਬੂਰ ਹੋ ਜਾਂਦਾ ਹੈ। ਉਨ੍ਹਾਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਆਪਣੀਆਂ ਗੁਰੂ ਪੰਥ ਦੀਆਂ ਸੰਸਥਾਵਾਂ ’ਤੇ ਮਿਹਰ ਭਰਿਆ ਹੱਥ ਰੱਖੇ।

### ਅਕਾਲ ਤਖ਼ਤ ਦੇ ਜਥੇਦਾਰ ਨੇ ਜਤਾਇਆ ਸੀ ਇਤਰਾਜ਼

ਸ਼੍ਰੋਮਣੀ ਕਮੇਟੀ ਵੱਲੋਂ ਗਿਆਨੀ ਹਰਪ੍ਰੀਤ ਸਿੰਘ ਨੂੰ ਜਥੇਦਾਰ ਦੇ ਅਹੁਦੇ ਤੋਂ ਫਾਰਗ ਕਰਨ ਦੇ ਫ਼ੈਸਲੇ ’ਤੇ ਅਕਾਲ ਤਖ਼ਤ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਇਤਰਾਜ਼ ਪ੍ਰਗਟਾਇਆ ਸੀ। ਉਹ ਉਸ ਵੇਲੇ ਇੰਗਲੈਂਡ ਦੌਰੇ ’ਤੇ ਸਨ ਅਤੇ ਉਨ੍ਹਾਂ ਆਪਣੀ ਸੋਸ਼ਲ ਮੀਡੀਆ ਪੋਸਟ ਵਿੱਚ ਇਸ ਸਬੰਧੀ ਆਪਣੀਆਂ ਭਾਵਨਾਵਾਂ ਦਰਜ ਕੀਤੀਆਂ ਸਨ। ਉਨ੍ਹਾਂ ਇਸ ਨੂੰ ਦੁਖਦਾਈ ਅਤੇ ਮੰਦਭਾਗਾ ਫ਼ੈਸਲਾ ਕਰਾਰ ਦਿੱਤਾ ਸੀ। ਜਥੇਦਾਰ ਗਿਆਨੀ ਰਘਬੀਰ ਸਿੰਘ ਪਹਿਲਾਂ ਹੀ ਗਿਆਨੀ ਹਰਪ੍ਰੀਤ ਸਿੰਘ ਖ਼ਿਲਾਫ਼ ਬਣਾਈ ਗਈ ਜਾਂਚ ਕਮੇਟੀ ’ਤੇ ਵੀ ਇਤਰਾਜ਼ ਪ੍ਰਗਟ ਕਰ ਚੁੱਕੇ ਸਨ। ਉਨ੍ਹਾਂ ਆਖਿਆ ਸੀ ਕਿ ਜਥੇਦਾਰਾਂ ਖ਼ਿਲਾਫ਼ ਜਾਂਚ ਕਰਨ ਦਾ ਅਧਿਕਾਰ ਸ਼੍ਰੋਮਣੀ ਕਮੇਟੀ ਕੋਲ ਨਹੀਂ ਹੈ ਅਤੇ ਸਿਰਫ਼ ਅਕਾਲ ਤਖ਼ਤ ਦੇ ਜਥੇਦਾਰ ਵੱਲੋਂ ਹੀ ਇਸ ਸਬੰਧੀ ਕੋਈ ਕਾਰਵਾਈ ਕੀਤੀ ਜਾ ਸਕਦੀ ਹੈ।

### ਅੰਤ੍ਰਿੰਗ ਕਮੇਟੀ ਦੀ ਮੀਟਿੰਗ ’ਚ ਅਸਤੀਫ਼ੇ ਬਾਰੇ ਹੋਵੇਗਾ ਵਿਚਾਰ

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਪ੍ਰਧਾਨਗੀ ਦੇ ਅਹੁਦੇ ਤੋਂ ਦਿੱਤੇ ਅਸਤੀਫ਼ੇ ਨੂੰ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਵਿੱਚ ਵਿਚਾਰਿਆ ਜਾਵੇਗਾ। ਇਸ ਮਗਰੋਂ ਅਸਤੀਫ਼ਾ ਪ੍ਰਵਾਨ ਜਾਂ ਅਪ੍ਰਵਾਨ ਕਰਨ ਦਾ ਫ਼ੈਸਲਾ ਲਿਆ ਜਾਵੇਗਾ। ਅੰਤ੍ਰਿੰਗ ਕਮੇਟੀ ਦੀ ਹੰਗਾਮੀ ਮੀਟਿੰਗ 72 ਘੰਟੇ ਦੇ ਨੋਟਿਸ ਤੇ ਸੱਦੀ ਜਾ ਸਕਦੀ ਹੈ। ਜੇ ਅੰਤ੍ਰਿੰਗ ਕਮੇਟੀ ਅਸਤੀਫ਼ਾ ਪ੍ਰਵਾਨ ਕਰਦੀ ਹੈ ਤਾਂ ਤੁਰੰਤ ਹੀ ਸਦਨ ਵਿੱਚੋਂ ਕਿਸੇ ਵਿਅਕਤੀ ਦੀ ਪ੍ਰਧਾਨ ਵਜੋਂ ਚੋਣ ਵਾਸਤੇ ਜਨਰਲ ਇਜਲਾਸ ਸੱਦਿਆ ਜਾਵੇਗਾ। ਨਵੇਂ ਪ੍ਰਧਾਨ ਦੇ ਚੁਣੇ ਜਾਣ ਤੱਕ ਸ਼੍ਰੋਮਣੀ ਕਮੇਟੀ ਦਾ ਸੀਨੀਅਰ ਮੀਤ ਪ੍ਰਧਾਨ ਕਾਰਜਕਾਰੀ ਪ੍ਰਧਾਨ ਵਜੋਂ ਵੀ ਜ਼ਿੰਮੇਵਾਰੀ ਨਿਭਾਏਗਾ। ਐਡਵੋਕੇਟ ਧਾਮੀ ਸ਼੍ਰੋਮਣੀ ਕਮੇਟੀ ਦੇ ਚੌਥੀ ਵਾਰ ਪ੍ਰਧਾਨ ਬਣੇ ਸਨ। ਉਹ ਲੰਬੇ ਸਮੇਂ ਤੋਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਹਨ।

### ਹਰਜਿੰਦਰ ਧਾਮੀ ਅਸਤੀਫ਼ਾ ਵਾਪਸ ਲੈਣ: ਪ੍ਰੇਮ ਸਿੰਘ ਚੰਦੂਮਾਜਰਾ

ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੇ ਆਗੂ ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਵਰਗੇ ਆਗੂਆਂ ਨੂੰ ਅਸਤੀਫ਼ਾ ਦੇਣ ਲਈ ਮਜਬੂਰ ਹੋਣਾ ਇਸ ਗੱਲ ਦਾ ਸੰਕੇਤ ਹੈ ਕਿ ਸਿਧਾਂਤਕ ਆਗੂਆਂ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਇਸ ਦੌਰਾਨ ਉਨ੍ਹਾਂ ਧਾਮੀ ਨੂੰ ਅਸਤੀਫ਼ਾ ਵਾਪਸ ਲੈ ਕੇ 18 ਫਰਵਰੀ ਦੀ ਮੀਟਿੰਗ ’ਚ ਭਰਤੀ ਮੁਹਿੰਮ ਸ਼ੁਰੂ ਕਰਨ ਦਾ ਐਲਾਨ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਅਜਿਹਾ ਨਾ ਹੋਇਆ ਤਾਂ ਸੱਤ ਮੈਂਬਰੀ ਭਰਤੀ ਕਮੇਟੀ ਵੀ ਖਾਰਜ ਹੋ ਜਾਵੇਗੀ ਜਦਕਿ ਲੋੜ ਹੈ ਕਿ ਖਾਲਸਾ ਪੰਥ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਅਕਾਲੀ ਦਲ ਦੀ ਮੁੜ ਸੁਰਜੀਤੀ ਲਈ ਪੰਥਕ ਸ਼ਕਤੀ ਇਕੱਠੀ ਕੀਤੀ ਜਾਵੇ।

### ਧਾਮੀ ਦੇ ਅਸਤੀਫ਼ੇ ਨੇ ਪੰਥਕ ਸੰਕਟ ਹੋਰ ਡੂੰਘਾ ਕੀਤਾ: ਗੁਰਪ੍ਰਤਾਪ ਸਿੰਘ ਵਡਾਲਾ

ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ (ਮੁਅੱਤਲ) ਦੇ ਆਗੂ ਗੁਰਪ੍ਰਤਾਪ ਸਿੰਘ ਵਡਾਲਾ, ਸੁਰਜੀਤ ਸਿੰਘ ਰੱਖੜਾ, ਸੁੱਚਾ ਸਿੰਘ ਛੋਟੇਪੁਰ, ਪਰਮਿੰਦਰ ਸਿੰਘ ਢੀਂਡਸਾ ਅਤੇ ਚਰਨਜੀਤ ਸਿੰਘ ਬਰਾੜ ਨੇ ਐੱਸਜੀਪੀਸੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੇ ਅਸਤੀਫ਼ੇ ਨੂੰ ਮੰਦਭਾਗਾ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਵੱਲੋਂ ਅਸਤੀਫ਼ੇ ਦੇਣ ਨਾਲ ਪੰਥਕ ਸੰਕਟ ਹੋਰ ਡੂੰਘਾ ਹੋਵੇਗਾ। ਉਨ੍ਹਾਂ ਸ੍ਰੀ ਧਾਮੀ ਨੂੰ ਅਪੀਲ ਕੀਤੀ ਕਿ ਉਹ ਸੰਗਤ ਦੀਆਂ ਭਾਵਨਾਵਾਂ ਦੀ ਰਾਖੀ ਕਰਦੇ ਹੋਏ ਅਸਤੀਫ਼ਾ ਵਾਪਸ ਲੈਣ ਅਤੇ ਪਿਛਲੇ ਦਿਨਾਂ ਵਿੱਚ ਹੋਏ ਪੰਥ ਵਿਰੋਧੀ ਫੈਸਲਿਆਂ ਨੂੰ ਰੱਦ ਕਰਦੇ ਹੋਏ ਮਜ਼ਬੂਤ ਅਗਵਾਈ ਵਾਲੀ ਭੂਮਿਕਾ ਨਿਭਾਉਣ। ਉਨ੍ਹਾਂ ਕਿਹਾ ਕਿ ਅਸਤੀਫ਼ਾ ਮਸਲਿਆਂ ਦਾ ਹੱਲ ਨਹੀਂ, ਇਸ ਕਰਕੇ ਪੰਥ ਦੇ ਵਡੇਰੇ ਹਿਤਾਂ ਦੀ ਤਰਜਮਾਨੀ ਕਰਦੇ ਹੋਏ ਨਾ ਸਿਰਫ ਧਾਮੀ ਆਪਣਾ ਅਸਤੀਫ਼ਾ ਵਾਪਸ ਲੈਣ ਸਗੋ ਸੱਤ ਮੈਂਬਰੀ ਭਰਤੀ ਕਮੇਟੀ ਦੀ ਅਗਵਾਈ ਕਰਦੇ ਹੋਏ ਸ਼੍ਰੋਮਣੀ ਅਕਾਲੀ ਦਲ ਨੂੰ ਤਕੜਾ ਕਰਨ ਵਿੱਚ ਆਪਣਾ ਰੋਲ ਅਦਾ ਕਰਨ।

# ਪਾਕਿ ਨਾਗਰਿਕ ਖ਼ਿਲਾਫ਼ U.A.P.A. ਤਹਿਤ F.I.R. ਦਰਜ

WORLD PUNJABI NEWS NETWORK

ਅਸਾਮ (ਗੁਹਾਟੀ) : ਕਾਂਗਰਸੀ ਸੰਸਦ ਮੈਂਬਰ ਗੌਰਵ ਗੋਗੋਈ ਦੀ ਬ੍ਰਿਟਿਸ਼ ਮੂਲ ਦੀ ਪਤਨੀ ਐਲਿਜ਼ਾਬੈੱਥ ਕੋਲਬਰਨ ਦੇ ਆਈ.ਐੱਸ.ਆਈ. ਨਾਲ ਕਥਿਤ ਸਬੰਧਾਂ ਦੇ ਮੁੱਦੇ ’ਤੇ ਪੈਦਾ ਹੋਏ ਵਿਵਾਦ ਦਰਮਿਆਨ ਅਸਾਮ ਪੁਲੀਸ ਨੇ ਅੱਜ ਪਾਕਿਸਾਨੀ ਨਾਗਰਿਕ ਅਲੀ ਤੌਕੀਰ ਸ਼ੇਖ਼ ਖ਼ਿਲਾਫ਼ ਬੀ.ਐੱਨ.ਐੱਸ. ਦੀਆਂ ਵੱਖ ਵੱਖ ਧਾਰਾਵਾਂ ਅਤੇ ਯੂ.ਏ.ਪੀ.ਏ. ਤਹਿਤ ਐੱਫ.ਆਈ.ਆਰ. ਦਰਜ ਕਰ ਲਈ ਹੈ। ਮੁੱਖ ਮੰਤਰੀ ਹਿਮੰਤਾ ਬਿਸਵਾ ਸਰਮਾ ਨੇ ਕਿਹਾ ਕਿ ਅਲੀ ਤੌਕੀਰ ਨੇ ਭਾਰਤ ਦੇ ਅੰਦਰੂਨੀ ਮਾਮਲਿਆਂ ਬਾਰੇ ਸੋਸ਼ਲ ਮੀਡੀਆ ’ਤੇ ਇਤਰਾਜ਼ਯੋਗ ਟਿੱਪਣੀਆਂ ਕੀਤੀਆਂ ਹਨ। ਸ਼ੇਖ਼ ਪਾਕਿਸਤਾਨ ਯੋਜਨਾ ਕਮਿਸ਼ਨ ਦਾ ਸਲਾਹਕਾਰ ਅਤੇ ਕੋਲਬਰਨ ਦਾ ਸਾਬਕਾ ਸਾਥੀ ਰਿਹਾ ਹੈ।

ਡੀ.ਜੀ.ਪੀ. ਹਰਮੀਤ ਸਿੰਘ ਨੇ ਕਿਹਾ ਕਿ ਕੈਬਨਿਟ ਤੋਂ ਨਿਰਦੇਸ਼ ਮਿਲਣ ਮਗਰੋਂ ਸੀ.ਆਈ.ਡੀ. ਨੂੰ ਅੱਜ ਸਵੇਰੇ ਅਲੀ ਤੌਕੀਰ ਸ਼ੇਖ਼ ਅਤੇ ਅਣਪਛਾਤਿਆਂ ਖ਼ਿਲਾਫ਼ ਕੇਸ ਦਰਜ ਕਰਨ ਲਈ ਕਿਹਾ ਗਿਆ। ਉਨ੍ਹਾਂ ਕਿਹਾ ਕਿ ਮਾਮਲੇ ਦੀ ਪਹਿਲਾਂ ਹੀ ਜਾਂਚ ਸ਼ੁਰੂ ਹੋ ਗਈ ਹੈ ਅਤੇ ਧਿਆਨ ’ਚ ਆਇਆ ਹੈ ਕਿ ਸ਼ੇਖ਼ ਦੀਆਂ ਗਤੀਵਿਧੀਆਂ ਕੌਮੀ ਸੁਰੱਖਿਆ ਲਈ ਖ਼ਤਰਾ ਹਨ। ਮੁੱਖ ਮੰਤਰੀ ਨੇ ਕਿਹਾ ਸੀ ਕਿ ਸੂਬਾ ਸਰਕਾਰ ਤਤਕਾਲੀ ਕਲਿਆਬੋਰ ਹਲਕੇ ’ਚ ਲੋਕ ਸਭਾ ਚੋਣਾਂ ਦੇ ਪ੍ਰਚਾਰ ’ਚ ਕੋਲਬਰਨ ਦੀ ਸ਼ਮੂਲੀਅਤ ਦੀ ਜਾਂਚ ਕਰਨ ਲਈ ਕੇਂਦਰ ਨੂੰ ਪੱਤਰ ਲਿਖੇਗੀ ਜਿਥੋਂ ਗੋਗੋਈ ਦੋ ਵਾਰ ਚੋਣ ਜਿੱਤੇ ਹਨ।

ਉਨ੍ਹਾਂ ਕਿਹਾ ਕਿ ਸ਼ੇਖ਼ ਦੇ ਸੋਸ਼ਲ ਮੀਡੀਆ ਪੋਸਟ ’ਚ ਭਾਰਤ ਦੇ ਅੰਦਰੂਨੀ ਅਤੇ ਸੰਸਦੀ ਮਾਮਲਿਆਂ ’ਤੇ ਵਿਸਥਾਰ ’ਚ ਟਿੱਪਣੀਆਂ ਸ਼ਾਮਲ ਹਨ ਜੋ ਭਾਰਤ ਦੇ ਹਿੱਤਾਂ ਨੂੰ ਨੁਕਸਾਨ ਪਹੁੰਚਾਉਣ ਦੇ ਇਰਾਦੇ ਬਾਰੇ ਗੰਭੀਰ ਚਿੰਤਾ ਪੈਦਾ ਕਰਦੇ ਹਨ। ਇਸ ਦੌਰਾਨ ਡੀ.ਜੀ.ਪੀ. ਨੇ ਮਾਮਲੇ ਦੀ ਜਾਂਚ ਲਈ ਵਿਸ਼ੇਸ਼ ਜਾਂਚ ਟੀਮ (SIT) ਕਾਇਮ ਕਰ ਦਿੱਤੀ ਹੈ। ਚਾਰ ਮੈਂਬਰੀ ਸਿਟ ਦੀ ਅਗਵਾਈ ਸੀਆਈਡੀ ਦੇ ਸਪੈਸ਼ਲ ਡੀਜੀਪੀ ਐੱਮਪੀ ਗੁਪਤਾ ਕਰਨਗੇ ਅਤੇ ਏ.ਆਈ.ਜੀ.ਪੀ. (ਪ੍ਰਸ਼ਾਸਨ) ਪ੍ਰਣਬਜਯੋਤੀ ਗੋਸਵਾਮੀ, ਐੱਸ.ਪੀ. ਸੀ.ਐੱਮ. ਦੇ ਵਿਸ਼ੇਸ਼ ਵਿਜੀਲੈਂਸ ਸੈੱਲ ਦੇ ਰੋਸੀ ਕਾਲਿਤਾ ਅਤੇ ਵਧੀਕ ਡੀ.ਸੀ.ਪੀ. ਗੁਹਾਟੀ (ਪੱਛਮ) ਮੈਤਰੇਯੀ ਡੇਕਾ ਇਸ ਦੇ ਮੈਂਬਰ ਹੋਣਗੇ।




### ਸਰਕਾਰ ਮਾਮਲੇ ਦੀ ਕਰਵਾ ਸਕਦੀ ਹੈ ਜਾਂਚ: ਗੋਗੋਈ

ਕਾਂਰਗਸ ਦੇ ਸੀਨੀਅਰ ਆਗੂ ਗੌਰਵ ਗੋਗੋਈ ਨੇ ਕਿਹਾ ਕਿ ਅਸਾਮ ਸਰਕਾਰ ਉਨ੍ਹਾਂ ਦੀ ਪਤਨੀ ਦੇ ਆਈਐੱਸਆਈ ਨਾਲ ਕਥਿਤ ਸਬੰਧਾਂ ਦੇ ਮੁੱਦੇ ਦੀ ਜਾਂਚ ਕਰਵਾ ਸਕਦੀ ਹੈ ਪਰ ਉਹ ਅਤੇ ਪਾਰਟੀ ਜਾਣਦੀ ਹੈ ਕਿ ਅਸਲ ਸੱਚਾਈ ਕੀ ਹੈ। ਇਥੇ ਪ੍ਰੈੱਸ ਕਾਨਫਰੰਸ ਦੌਰਾਨ ਗੋਗੋਈ ਨੇ ਕਿਹਾ ਕਿ ਉਨ੍ਹਾਂ ਭਾਜਪਾ ਖ਼ਿਲਾਫ਼ ਕਾਨੂੰਨੀ ਕਾਰਵਾਈ ਲਈ ਕਾਂਗਰਸ ਨਾਲ ਵਿਚਾਰ ਵਟਾਂਦਰਾ ਕੀਤਾ ਹੈ ਅਤੇ ਇਸ ਬਾਰੇ ਛੇਤੀ ਕਦਮ ਚੁੱਕੇ ਜਾਣਗੇ। ਲੋਕ ਸਭਾ ’ਚ ਕਾਂਗਰਸ ਦੇ ਉਪ ਨੇਤਾ ਗੋਗੋਈ ਨੇ ਕਿਹਾ ਕਿ ਮੁੱਖ ਮੰਤਰੀ ਲਗਾਤਾਰ ਆਪਣਾ ਬਿਆਨ ਬਦਲ ਰਹੇ ਹਨ। ਉਨ੍ਹਾਂ ਕਿਹਾ ਕਿ ਹੁਣ ਸਰਮਾ ਆਖ ਰਹੇ ਹਨ ਕਿ ਵਿਰੋਧੀ ਧਿਰ ਦੇ ਆਗੂ ਨੂੰ ਭਾਰਤ ਵਿਰੋਧੀ ਸਾਜ਼ਿਸ਼ ’ਚ ਫਸਾਇਆ ਜਾਂ ਬਲੈਕਮੇਲ ਕੀਤਾ ਗਿਆ ਹੋ ਸਕਦਾ ਹੈ। ਗੋਗੋਈ ਨੇ ਦਾਅਵਾ ਕੀਤਾ ਕਿ ਸਰਮਾ ਅਤੇ ਭਗਵਾ ਪਾਰਟੀ ਵੰਡਪਾਊ ਰਣਨੀਤੀ ਅਪਣਾ ਰਹੇ ਹਨ ਕਿਉਂਕਿ ਉਨ੍ਹਾਂ ਨੂੰ ਅਸਾਮ ’ਚ ਅਗਲੇ ਸਾਲ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਹਾਰਨ ਦਾ ਡਰ ਸਤਾ ਰਿਹਾ ਹੈ।

# ਤਹੱਵੁਰ ਰਾਣਾ 26/11 ਦੇ ਅਤਿਵਾਦੀ ਹਮਲੇ ਦੀ ਸਾਜ਼ਿਸ਼ ਦਾ ਸੀ ਹਿੱਸਾ

WORLD PUNJABI NEWS NETWORK

ਤਹੱਵੁਰ ਰਾਣਾ 2005 ਵਿੱਚ ਲਸ਼ਕਰ-ਏ-ਤਇਬਾ ਅਤੇ ਐੱਚ.ਯੂ.ਜੇ.ਆਈ. ਦੇ ਮੈਂਬਰ ਦੇ ਰੂਪ ਵਿੱਚ 26/11 ਮੁੰਬਈ ਅਤਿਵਾਦੀ ਹਮਲਿਆਂ ਦੀ ਸਾਜ਼ਿਸ਼ ਦਾ ਹਿੱਸਾ ਬਣ ਗਿਆ ਸੀ ਅਤੇ ਉਹ ਪਾਕਿਸਤਾਨ ਵਿਚਲੇ ਸਾਜ਼ਿਸ਼ਘਾੜਿਆਂ ਨਾਲ ਨੇੜਿਓਂ ਜੁੜਿਆ ਹੋਇਆ ਸੀ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਅਮਰੀਕਾ ਦੇ ਰਾਸ਼ਟਰਪਤੀ ਡੋਨਲਡ ਟਰੰਪ ਨੇ ਵੀਰਵਾਰ ਨੂੰ ਐਲਾਨ ਕੀਤਾ ਸੀ ਕਿ ਉਨ੍ਹਾਂ ਦੇ ਪ੍ਰਸ਼ਾਸਨ ਨੇ ਰਾਣਾ ਦੀ ਭਾਰਤ ਹਵਾਲਗੀ ਨੂੰ ਮਨਜ਼ੂਰੀ ਦੇ ਦਿੱਤੀ ਹੈ। ਪਾਕਿਸਤਾਨੀ ਮੂਲ ਦਾ ਕੈਨੇਡਿਆਈ ਨਾਗਰਿਕ 64 ਸਾਲਾ ਰਾਣਾ 2023 ਵਿੱਚ 14 ਸਾਲ ਦੀ ਸਜ਼ਾ ਪੂਰੀ ਕਰਨ ਤੋਂ ਬਾਅਦ ਲਾਸ ਏਂਜਲਸ ਦੇ ਇਕ ਦੇ ਇਕ ਮਹਾਨਗਰੀ ਹਿਰਾਸਤੀ ਕੇਂਦਰ ਵਿੱਚ ਹਿਰਾਸਤ ’ਚ ਹੈ। ਉਹ ਪਾਕਿਸਤਾਨੀ-ਅਮਰੀਕੀ ਅਤਿਵਾਦੀ ਅਤੇ ਮੁੱਖ ਸਾਜ਼ਿਸਘਾੜਿਆਂ ’ਚੋਂ ਇਕ ਡੇਵਿਡ ਕੋਲਮੈਨ ਹੈਡਲੀ ਦਾ ਨੇੜਲਾ ਸਹਿਯੋਗੀ ਰਿਹਾ ਹੈ। ਹਵਾਲਗੀ ਹੋਣ ਤੋਂ ਬਾਅਦ, ਰਾਣਾ ਇਸ ਮਾਮਲੇ ਵਿੱਚ ਭਾਰਤ ’ਚ ਮੁਕੱਦਮੇ ਦਾ ਸਾਹਮਣਾ ਕਰਨ ਵਾਲਾ ਤੀਜਾ ਅਤਿਵਾਦੀ ਹੋਵੇਗਾ।

# ਮੁਕਤਸਰ ਦਾ ਡੀ.ਸੀ. ਮੁਅੱਤਲ, ਵਿਜੀਲੈਂਸ ਦਾ ਮੁਖੀ ਵੀ ਬਦਲਿਆ

WORLD PUNJABI NEWS NETWORK

ਚੰਡੀਗੜ੍ਹ : ਮੁੱਖ ਮੰਤਰੀ ਭਗਵੰਤ ਮਾਨ ਨੇ ‘ਕੁਰੱਪਸ਼ਨ ਖ਼ਿਲਾਫ਼ ਮੁਹਿੰਮ’ ਦੇ ਦੂਸਰੇ ਗੇੜ ਦੀ ਕਾਰਵਾਈ ਵਿੱਢਦੇ ਹੋਏ ਸ੍ਰੀ ਮੁਕਤਸਰ ਸਾਹਿਬ ਦੇ ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਨੂੰ ਮੁਅੱਤਲ ਕਰ ਦਿੱਤਾ ਹੈ। ਉਸ ਖ਼ਿਲਾਫ਼ ਭ੍ਰਿਸ਼ਟਾਚਾਰ ਦੇ ਇਲਜ਼ਾਮ ਲੱਗੇ ਸਨ ਜਿਸ ਕਰਕੇ ਮੁੱਖ ਮੰਤਰੀ ਨੇ ਫ਼ੌਰੀ ਵਿਜੀਲੈਂਸ ਜਾਂਚ ਦੇ ਹੁਕਮ ਵੀ ਜਾਰੀ ਕਰ ਦਿੱਤੇ ਹਨ। ਮੁੱਢਲੀ ਜਾਂਚ ਦੇ ਅਧਾਰ ’ਤੇ ਸਰਕਾਰ ਨੇ ਇਸ ਡਿਪਟੀ ਕਮਿਸ਼ਨਰ ਨੂੰ ਅਹੁਦੇ ਤੋਂ ਹਟਾਇਆ ਹੈ। ਅਭਿਜੀਤ ਕਪਲਿਸ਼ ਨੂੰ ਨਵੇਂ ਡਿਪਟੀ ਕਮਿਸ਼ਨਰ ਵਜੋਂ ਤਾਇਨਾਤ ਕੀਤਾ ਹੈ ਜੋ 2015 ਬੈਚ ਦੇ ਅਧਿਕਾਰੀ ਹਨ। ਇਸ ਵੇਲੇ ਕਪਲਿਸ਼ ਖਣਨ ਵਿਭਾਗ ਦੇ ਡਾਇਰੈਕਟਰ ਸਨ।

ਇਸ ਦੌਰਾਨ ਮੁੱਖ ਮੰਤਰੀ ਨੇ ਨੌਕਰਸ਼ਾਹੀ ’ਚ ਵੱਡਾ ਫੇਰਬਦਲ ਕਰਦਿਆਂ ਵਿਜੀਲੈਂਸ ਬਿਊਰੋ ਦੇ ਮੁੱਖ ਡਾਇਰੈਕਟਰ ਵਰਿੰਦਰ ਕੁਮਾਰ ਦਾ ਵੀ ਤਬਾਦਲਾ ਕਰ ਦਿੱਤਾ ਹੈ ਅਤੇ ਜੀ.ਨਾਗੇਸ਼ਵਰ ਰਾਓ ਨੂੰ ਵਿਜੀਲੈਂਸ ਬਿਊਰੋ ਦਾ ਨਵਾਂ ਮੁਖੀ ਲਾਇਆ ਹੈ। ਮੁੱਖ ਮੰਤਰੀ ਨੇ ਅੱਜ ਸ੍ਰੀ ਮੁਕਤਸਰ ਸਾਹਿਬ ਦੇ ਨਵੇਂ ਡਿਪਟੀ ਕਮਿਸ਼ਨਰ ਅਭਿਜੀਤ ਕਪਲਿਸ਼ ਅਤੇ ਨਵੇਂ ਵਿਜੀਲੈਂਸ ਮੁਖੀ ਨਾਗੇਸ਼ਵਰ ਰਾਓ ਨੂੰ ਬੁਲਾ ਕੇ ਸਖ਼ਤ ਹਦਾਇਤਾਂ ਵੀ ਦਿੱਤੀਆਂ ਹਨ। ਦਿੱਲੀ ਵਿਖੇ ਅਰਵਿੰਦ ਕੇਜਰੀਵਾਲ ਵੱਲੋਂ ਬੁਲਾਈ ਵਿਧਾਇਕਾਂ ਦੀ ਮੀਟਿੰਗ ਮਗਰੋਂ ਮੁੱਖ ਮੰਤਰੀ ਨੇ ‘ਪੰਜਾਬ ਮਾਡਲ’ ਬਣਾਏ ਜਾਣ ਦੀ ਗੱਲ ਕੀਤੀ ਸੀ।

ਪੰਜਾਬ ਸਰਕਾਰ ਨੇ ਦੋ ਦਿਨ ਪਹਿਲਾਂ ਹੀ ਜ਼ਿਲ੍ਹਿਆਂ ਦੇ ਉੱਚ ਅਫ਼ਸਰਾਂ ਨੂੰ ਕੁਰੱਪਸ਼ਨ ਖ਼ਿਲਾਫ਼ ਹਦਾਇਤਾਂ ਦਿੱਤੀਆਂ ਸਨ ਅਤੇ ਨਿੱਜੀ ਜ਼ਿੰਮੇਵਾਰੀ ਤੈਅ ਕਰਨ ਦੀ ਗੱਲ ਵੀ ਆਖੀ ਗਈ ਸੀ। ਅਹਿਮ ਸੂਤਰ ਦੱਸਦੇ ਹਨ ਕਿ ਸ੍ਰੀ ਮੁਕਤਸਰ ਸਾਹਿਬ ਦੇ ਵਿਧਾਇਕ ਵੱਲੋਂ ਡਿਪਟੀ ਕਮਿਸ਼ਨਰ ਖ਼ਿਲਾਫ਼ ਸ਼ਿਕਾਇਤ ਦਿੱਤੀ ਗਈ ਸੀ ਜੋ ਪੈਸੇ ਲੈਣ ਜਾਂ ਮੰਗਣ ਸਬੰਧੀ ਸੀ। ਪੰਜਾਬ ਸਰਕਾਰ ਨੇ ਮੁੱਢਲੀ ਪੜਤਾਲ ਕਰਨ ਮਗਰੋਂ ਡਿਪਟੀ ਕਮਿਸ਼ਨਰ ਨੂੰ ਮੁਅੱਤਲ ਕੀਤਾ ਹੈ।

ਪਤਾ ਲੱਗਿਆ ਹੈ ਕਿ ਜ਼ਿਲ੍ਹਾ ਮੁਕਤਸਰ ਦੇ ਸਾਰੇ ਵਿਧਾਇਕ ਅਤੇ ਮੰਤਰੀ ਇਸ ਡਿਪਟੀ ਕਮਿਸ਼ਨਰ ਤੋਂ ਔਖੇ ਸਨ। ਹੋਈ ਸ਼ਿਕਾਇਤ ’ਚ ਡਿਪਟੀ ਕਮਿਸ਼ਨਰ ਖ਼ਿਲਾਫ਼ ਭ੍ਰਿਸ਼ਟਾਚਾਰ ਦੇ ਗੰਭੀਰ ਇਲਜ਼ਾਮ ਲਗਾਏ ਗਏ ਹਨ। ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਵਿਧਾਇਕ ਨੇ ਤਾਂ ਪਾਰਟੀ ਹਾਈਕਮਾਨ ਕੋਲ ਇਸ ਡੀਸੀ ਖ਼ਿਲਾਫ਼ ਕਈ ਵਾਰੀ ਪਹੁੰਚ ਵੀ ਕੀਤੀ ਸੀ।



ਵਿਧਾਇਕਾਂ ਦਾ ਗਿਲਾ ਸੀ ਕਿ ਉਨ੍ਹਾਂ ਦੀ ਸਿਫ਼ਾਰਸ਼ ਦੀ ਅਣਦੇਖੀ ਕੀਤੀ ਜਾਂਦੀ ਰਹੀ ਹੈ। ਇੱਕ ਵਿਧਾਇਕ ਦੀ ਸ਼ਿਕਾਇਤ ਪਰਸੋਨਲ ਵਿਭਾਗ ਕੋਲ ਗਈ ਹੋਈ ਸੀ ਜਿਸ ਬਾਰੇ ਮੁੱਖ ਮੰਤਰੀ ਨੇ ਰਿਪੋਰਟ ਲੈਂਦਿਆਂ ਮਾਮਲਾ ਆਪਣੇ ਹੱਥ ’ਚ ਲੈ ਲਿਆ। ਪਹਿਲਾਂ ਵੀ ਮੁੱਖ ਮੰਤਰੀ ਕੋਲ ਇਸ ਡਿਪਟੀ ਕਮਿਸ਼ਨਰ ਦੀਆਂ ਸ਼ਿਕਾਇਤਾਂ ਪੁੱਜੀਆਂ ਸਨ। ਪਤਾ ਲੱਗਿਆ ਹੈ ਕਿ ਮੁੱਖ ਮੰਤਰੀ ਦਫ਼ਤਰ ਵੱਲੋਂ ਹੁਣ ਸਿੱਧੇ ਤੌਰ ’ਤੇ ਅਜਿਹੇ ਅਫ਼ਸਰਾਂ ’ਤੇ ਨਜ਼ਰ ਰੱਖਣੀ ਸ਼ੁਰੂ ਕੀਤੀ ਗਈ ਹੈ ਜਿਨ੍ਹਾਂ ਖ਼ਿਲਾਫ਼ ਅੰਦਰੂਨੀ ਤੌਰ ’ਤੇ ਸ਼ਿਕਾਇਤਾਂ ਮਿਲ ਰਹੀਆਂ ਹਨ। ਇਸੇ ਦੌਰਾਨ ਵਰਿੰਦਰ ਕੁਮਾਰ ਨੂੰ ਵਿਜੀਲੈਂਸ ਬਿਊਰੋ ਦੇ ਮੁਖੀ ਦੇ ਅਹੁਦੇ ਤੋਂ ਹਟਾਇਆ ਗਿਆ ਹੈ ਅਤੇ ਫ਼ਿਲਹਾਲ ਉਨ੍ਹਾਂ ਨੂੰ ਨਵੀਂ ਨਿਯੁਕਤੀ ਨਹੀਂ ਦਿੱਤੀ ਗਈ ਹੈ। ਸੂਤਰ ਆਖਦੇ ਹਨ ਕਿ ਮੁੱਖ ਮੰਤਰੀ ਦਫ਼ਤਰ ਸਾਬਕਾ ਕਾਂਗਰਸੀ ਵਜ਼ੀਰਾਂ ਦੇ ਅਦਾਲਤਾਂ ’ਚ ਕੇਸ ਫ਼ੇਲ੍ਹ ਹੋ ਜਾਣ ਅਤੇ ਵਿਜੀਲੈਂਸ ’ਚ ਹੇਠਲੇ ਪੱਧਰ ’ਤੇ ਚੱਲ ਰਹੀ ਕੁਰੱਪਸ਼ਨ ਤੋਂ ਖ਼ਫ਼ਾ ਸਨ।

ਸੂਤਰ ਦੱਸਦੇ ਹਨ ਕਿ ਕੱਲ੍ਹ ਹੀ ਵਰਿੰਦਰ ਕੁਮਾਰ ਨੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੁਲਾਕਾਤ ਵੀ ਕੀਤੀ ਸੀ। ਸੂਤਰ ਦੱਸਦੇ ਹਨ ਕਿ ਵਿਜੀਲੈਂਸ ਦੇ ਕਈ ਹੇਠਲੇ ਅਧਿਕਾਰੀ ਕਾਰੋਬਾਰੀ ਲੋਕਾਂ ਨੂੰ ਤਲਬ ਕਰ ਰਹੇ ਸਨ ਅਤੇ ਨਵੇਂ ਨਿਵੇਸ਼ ਵਿਚ ਅੜਿੱਕਾ ਬਣ ਰਹੇ ਸਨ। ਮੁੱਖ ਮੰਤਰੀ ਦਫ਼ਤਰ ਇਸ ਗੱਲੋਂ ਵੀ ਤਲਖ਼ ਸੀ ਕਿ ਵਿਜੀਲੈਂਸ ਦੀ ਮੁਹਿੰਮ ਸਿਰਫ਼ ਹੇਠਲੇ ਮੁਲਾਜ਼ਮਾਂ ਦੀ ਫੜੋ ਫੜਾਈ ਤੱਕ ਹੀ ਸੀਮਿਤ ਰਹਿ ਗਈ ਹੈ। ਪੰਜਾਬ ਸਰਕਾਰ ਨੇ 1995 ਬੈਚ ਦੇ ਆਈ.ਪੀ.ਐੱਸ. ਅਧਿਕਾਰੀ ਜੀ. ਨਾਗੇਸ਼ਵਰ ਰਾਓ ਨੂੰ ਵਿਜੀਲੈਂਸ ਬਿਊਰੋ ਦਾ ਨਵਾਂ ਮੁਖੀ ਲਾਇਆ ਹੈ।

# ਪਰਵਾਸੀਆਂ ਦੀ ਅਮਰੀਕਾ ਤੋਂ ਵਾਪਸੀ ਅੱਖਾਂ ਖੋਲ੍ਹਣ ਵਾਲੀ ਗ਼ੈਰਕਾਨੂੰਨੀ ਢੰਗ ਨਾਲ ਵਿਦੇਸ਼ ਨਾ ਜਾਓ: ਮੁੱਖ ਮੰਤਰੀ ਭਗਵੰਤ ਮਾਨ



WORLD PUNJABI NEWS NETWORK ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੂਬੇ ਦੇ ਨੌਜਵਾਨਾਂ ਨੂੰ ਗ਼ੈਰਕਾਨੂੰਨੀ ਢੰਗ ਨਾਲ ਅਮਰੀਕਾ ਗਏ ਪਰਵਾਸੀਆਂ ਦੀ ਵਾਪਸੀ ਤੋਂ ਸਬਕ ਸਿੱਖਣ ਅਤੇ ਗਲਤ ਤਰੀਕਿਆਂ ਨਾਲ ਵਿਦੇਸ਼ ਜਾਣ ਦੀ ਸੋਚ ਤਿਆਗ ਕੇ ਆਪਣੇ ਸੂਬੇ ਨੂੰ ਦੇਸ਼ ਵਿੱਚ ਮੋਹਰੀ ਬਣਾਉਣ ਲਈ ਸਖ਼ਤ ਮਿਹਨਤ ਕਰਨ ਦੀ ਅਪੀਲ ਕੀਤੀ। ਉਹ ਇਥੋਂ ਦੇ ਨੇੜਲੇ ਪਿੰਡ ਘੁੰਗਰਾਲੀ ਰਾਜਪੂਤਾਂ ਵਿੱਚ ਟੂਰਨਾਮੈਂਟ ਦੌਰਾਨ ਇਕੱਠ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਨੇ ਇਸ ਪਵਿੱਤਰ ਧਰਤੀ ’ਤੇ ਜਨਮ ਲੈਣਾ ਸਾਡੇ ਲਈ ਮਾਣ ਵਾਲੀ ਗੱਲ ਹੈ ਕਿਉਂਕਿ ਇਥੋਂ ਦੀ ਧਰਤੀ ਦੁਨੀਆ ਦੀ ਸਭ ਤੋਂ ਉਪਜਾਊ ਧਰਤੀ ਹੈ। ਉਨ੍ਹਾਂ ਅਫ਼ਸੋਸ ਪ੍ਰਗਟਾਇਆ ਕਿ ਸੂਬੇ ਵਿੱਚ ਪਿਛਲੀਆਂ ਸਰਕਾਰਾਂ ਦੀ ਨਾਕਾਮੀ ਕਾਰਨ ਨੌਜਵਾਨ ਬਿਹਤਰ ਭਵਿੱਖ ਦੀ ਭਾਲ ਵਿੱਚ ਹੋਰ ਮੁਲਕਾਂ ਵੱਲ ਪਰਵਾਸ ਕਰਨ ਲਈ ਮਜਬੂਰ ਸਨ। ਮਾਨ ਨੇ ਕਿਹਾ, “ਅਮਰੀਕਾ ਤੋਂ ਸਮੂਹਿਕ ਵਾਪਸੀ ਸਾਡੇ ਸਾਰਿਆਂ ਲਈ ਅੱਖਾਂ ਖੋਲ੍ਹਣ ਵਾਲੀ ਹੈ ਅਤੇ ਹੁਣ ਸਾਨੂੰ ਗ਼ੈਰ-ਕਾਨੂੰਨੀ ਢੰਗ ਨਾਲ ਵਿਦੇਸ਼ ਨਹੀਂ ਜਾਣਾ ਚਾਹੀਦਾ, ਸਗੋਂ ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਲਈ ਸਖ਼ਤ ਮਿਹਨਤ ਕਰਨੀ ਚਾਹੀਦੀ ਹੈ। ਸੂਬਾ ਸਰਕਾਰ ਨੇ ਪਹਿਲਾਂ ਹੀ ਪੰਜਾਬ ਦੇ ਨੌਜਵਾਨਾਂ ਨੂੰ ਯੋਗਤਾ ਦੇ ਆਧਾਰ ’ਤੇ 50 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਹਨ ਅਤੇ ਇਹ ਰੁਝਾਨ ਆਉਣ ਵਾਲੇ ਦਿਨਾਂ ਵਿੱਚ ਵੀ ਜਾਰੀ ਰਹੇਗਾ ਕਿਉਂਕਿ ਸੂਬੇ ਦੇ ਨੌਜਵਾਨਾਂ ਲਈ ਵੱਡੀ ਗਿਣਤੀ ਵਿੱਚ ਭਰਤੀ ਦੀ ਤਿਆਰੀ ਹੈ। ਇਸ ਕਾਰਨ ਪੰਜਾਬ ਵਿੱਚ ਪਰਵਾਸ ਨੂੰ ਮੋੜਾ ਪਿਆ ਹੈ ਕਿਉਂਕਿ ਨੌਜਵਾਨ ਸੂਬੇ ਵਿੱਚ ਸਰਕਾਰੀ ਨੌਕਰੀਆਂ ਲੈਣ ਲਈ ਵਿਦੇਸ਼ਾਂ ਤੋਂ ਪਰਤ ਰਹੇ ਹਨ।ਮੁੱਖ ਮੰਤਰੀ ਨੇ ਕਿਹਾ ਕਿ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨਾ ਸੂਬਾ ਸਰਕਾਰ ਦੀ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਸਭ ਤੋਂ ਮਹੱਤਵਪੂਰਨ ਜ਼ਰੀਆ ਹੋ ਸਕਦਾ ਹੈ। ਸੂਬਾ ਸਰਕਾਰ ਵੱਲੋਂ ਹਰ ਸਾਲ ‘ਖੇਡਾਂ ਵਤਨ ਪੰਜਾਬ ਦੀਆਂ’ ਕਰਵਾਈਆਂ ਜਾਂਦੀਆਂ ਹਨ, ਜੋ ਖਿਡਾਰੀਆਂ ਨੂੰ ਆਪਣੇ ਹੁਨਰ ਦਿਖਾਉਣ ਲਈ ਮੰਚ ਪ੍ਰਦਾਨ ਕਰਦੀਆਂ ਹੈ। ਇਸ ਮੌਕੇ ਮੁੱਖ ਮੰਤਰੀ ਨੇ ਪਿੰਡ ਦੇ ਵਿਕਾਸ ਨੂੰ ਹੁਲਾਰਾ ਦੇਣ ਲਈ ਆਮ ਆਦਮੀ ਕਲੀਨਿਕ, ਸੋਲਰ ਲਾਈਟਾਂ ਲਗਾਉਣ, ਕਮਿਊਨਿਟੀ ਹਾਲ ਦੀ ਉਸਾਰੀ, ਵਾਟਰ ਟਰੀਟਮੈਂਟ ਪਲਾਂਟ ਅਤੇ ਹੋਰ ਕਈ ਵਿਕਾਸ ਕਾਰਜਾਂ ਲਈ ਇਕ ਕਰੋੜ ਰੁਪਏ ਤੋਂ ਵੱਧ ਦੀਆਂ ਗ੍ਰਾਂਟਾਂ ਦਾ ਐਲਾਨ ਕੀਤਾ। ਇਸ ਮੌਕੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਕੈਥਲ ਵਿੱਚ ਸਤਲੁਜ ਯਮੁਨਾ ਲਿੰਕ ਨਹਿਰ ’ਚ ਡਿੱਗੀ ਸਕੂਲ ਦੀ ਬੱਸ

WORLD PUNJABI NEWS NETWORK ਕੈਥਲ ਜ਼ਿਲ੍ਹੇ ਦੇ ਨੌਚ ਪਿੰਡ ਵਿੱਚ ਅੱਜ ਸਵੇਰੇ ਸਕੂਲੀ ਬੱਚਿਆਂ ਨੂੰ ਲਿਜਾ ਰਹੀ ਬੱਸ ਸਤਲੁਜ ਯਮੁਨਾ ਲਿੰਕ ਨਹਿਰ ਵਿੱਚ ਡਿੱਗ ਗਈ, ਜਿਸ ਕਾਰਨ ਬੱਸ ਵਿੱਚ ਸਵਾਰ ਅੱਠ ਬੱਚੇ ਗੰਭੀਰ ਜ਼ਖ਼ਮੀ ਹੋ ਗਏ। ਹਾਦਸੇ ਦੌਰਾਨ ਬੱਸ ਚਾਲਕ ਅਤੇ ਮਹਿਲਾ ਕੰਡਕਟਰ ਵੀ ਗੰਭੀਰ ਜ਼ਖ਼ਮੀ ਹੋ ਗਏ ਹਨ। ਹਾਦਸੇ ਦੀ ਖ਼ਬਰ ਮਿਲਦਿਆਂ ਹੀ ਕਿਊਡਕ ਚੌਕੀ ਪੁਲੀਸ ਅਤੇ ਡਾਇਲ 112 ਦੀ ਟੀਮ ਮੌਕੇ ’ਤੇ ਪਹੁੰਚੀ। ਜਾਣਕਾਰੀ ਅਨੁਸਾਰ ਇਹ ਹਾਦਸਾ ਅੱਜ ਸਵੇਰੇ ਅੱਠ ਵਜੇ ਵਾਪਰਿਆ। ਬੱਸ ਪਿਹੋਵਾ ਦੀ ਗੁਰੂ ਨਾਨਕ ਅਕੈਡਮੀ ਦੀ ਬੱਸ ਸਕੂਲੀ ਬੱਚਿਆਂ ਨੂੰ ਲੈ ਕੇ ਪਿੰਡ ਦੇ ਡੇਰਿਆਂ (ਢਾਣੀਆਂ) ਤੋਂ ਲਿਆ ਰਹੀ ਸੀ। ਸਤੁਲਜ ਯਮੁਨਾ ਲਿੰਕ ਨਹਿਰ ਦੀ ਪਟੜੀ ਤੋਂ ਲੰਘਦੇ ਸਮੇਂ ਬੱਸ ’ਚ ਕੋਈ ਤਕਨੀਕੀ ਨੁਕਸ ਪੈ ਗਿਆ ਸੀ, ਜਿਸ ਕਾਰਨ ਬੱਸ ਦਾ ਸੰਤੁਲਨ ਵਿਗੜ ਗਿਆ ਅਤੇ ਉਹ ਸਿੱਧੀ ਨਹਿਰ ਵਿੱਚ ਡਿੱਗ ਗਈ। ਸਥਾਨਕ ਲੋਕਾਂ ਦੀ ਮਦਦ ਨਾਲ ਸਾਰੇ ਬੱਚਿਆਂ ਅਤੇ ਬੱਸ ਸਟਾਫ ਨੂੰ



ਬਾਹਰ ਕੱਢਿਆ ਗਿਆ ਅਤੇ ਜ਼ਖ਼ਮੀਆਂ ਨੂੰ ਇਲਾਜ ਲਈ ਹਸਪਤਾਲ ਭੇਜਿਆ ਗਿਆ ਹੈ। ਬੱਸ ਵਿੱਚ ਕੁੱਲ ਅੱਠ ਬੱਚੇ ਸਵਾਰ ਸੀ ਅਤੇ ਸਾਰੇ ਹੀ ਗੰਭੀਰ ਜ਼ਖਮੀ ਹੋ ਗਏ ਹਨ। ਬੱਸ ਚਾਲਕ ਅਤੇ ਮਹਿਲਾ ਕੰਡਕਟਰ ਦੀ ਹਾਲਤ ਵੀ ਨਾਜ਼ੁਕ ਦੱਸੀ ਜਾ ਰਹੀ ਹੈ। ਸਾਰੇ ਜ਼ਖ਼ਮੀਆਂ ਨੂੰ ਨੇੜਲੇ ਹਸਪਤਾਲ ਭਰਤੀ ਕਰਵਾਇਆ ਗਿਆ ਹੈ। ਫਿਲਹਾਲ ਪੁਲੀਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

# ਮਸਕ ਦੇ ਵਿਭਾਗ ਵੱਲੋਂ ਭਾਰਤ ਸਣੇ ਕਈ ਮੁਲਕਾਂ ਦੀ ਗ੍ਰਾਂਟ ’ਚ ਕਟੌਤੀ

WORLD PUNJABI NEWS NETWORK ਨਿਊਯਾਰਕ। ਐਲਨ ਮਸਕ ਦੀ ਅਗਵਾਈ ਹੇਠਲੇ ਅਮਰੀਕਾ ਦੇ ਸਰਕਾਰੀ ਸਮਰੱਥਾ ਵਿਭਾਗ ਨੇ ਭਾਰਤੀ ਚੋਣਾਂ ’ਚ ਵੋਟਰਾਂ ਦੀ ਸ਼ਮੂਲੀਅਤ ਵਧਾਉਣ ਲਈ ਦਿੱਤੇ ਜਾਣ ਵਾਲੇ 2.1 ਕਰੋੜ ਡਾਲਰ ਦੇ ਫੰਡ ਸਮੇਤ ਖ਼ਰਚ ’ਚ ਕਈ ਕਟੌਤੀਆਂ ਦਾ ਐਲਾਨ ਕੀਤਾ ਹੈ। ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਪਿਛਲੇ ਮਹੀਨੇ ਮਸਕ ਨੂੰ ਨਵੇਂ ਸਰਕਾਰੀ ਸਮਰੱਥਾ ਵਿਭਾਗ ਦਾ ਮੁਖੀ ਚੁਣਿਆ ਸੀ। ਵਿਭਾਗ ਨੇ ਕਿਹਾ, “ਅਮਰੀਕੀ ਟੈਕਸਦਾਤਿਆਂ ਦੇ ਡਾਲਰ ਕਈ ਮੁਲਕਾਂ ’ਤੇ ਖ਼ਰਚ ਕੀਤੇ ਜਾਣ ਵਾਲੇ ਸਨ ਜਿਨ੍ਹਾਂ ’ਚੋਂ ਸਾਰਿਆਂ ਨੂੰ ਰੱਦ ਕਰ ਦਿੱਤਾ ਗਿਆ ਹੈ।” ਸੂਚੀ ’ਚ ਚੋਣਾਂ ਅਤੇ ਸਿਆਸੀ ਅਮਲ ਦੀ ਮਜ਼ਬੂਤੀ ਲਈ ਗਰੁੱਪ ਨੂੰ 48.6 ਕਰੋੜ ਡਾਲਰ ਦੀ ਗ੍ਰਾਂਟ ਵੀ ਸ਼ਾਮਲ ਹੈ ਜਿਸ ’ਚ ਮੋਲਦੋਵਾ ਦੀਆਂ ਚੋਣਾਂ ਲਈ 2.2 ਕਰੋੜ ਡਾਲਰ ਅਤੇ ਭਾਰਤ ’ਚ ਵੋਟਰਾਂ ਦੀ ਸ਼ਮੂਲੀਅਤ ਵਧਾਉਣ ਲਈ 2.1 ਕਰੋੜ ਡਾਲਰ ਸ਼ਾਮਲ ਹਨ। ਇਹ ਘਟਨਾਕ੍ਰਮ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਮਰੀਕਾ ਯਾਤਰਾ ਦੇ ਕੁਝ ਦਿਨਾਂ ਬਾਅਦ ਵਾਪਰਿਆ ਹੈ। ਆਪਣੀ ਪੋਸਟ ’ਚ ਵਿਭਾਗ ਨੇ ਬੰਗਲਾਦੇਸ਼ ’ਚ ਸਿਆਸੀ ਮਾਹੌਲ ਦੀ ਮਜ਼ਬੂਤੀ ਲਈ 2.9 ਕਰੋੜ ਡਾਲਰ ਦੀ ਵੰਡ, ਨੇਪਾਲ ’ਚ ਵਿੱਤੀ ਸੰਘਵਾਦ ਲਈ 2 ਕਰੋੜ ਡਾਲਰ ਅਤੇ ਉਥੇ ਜੈਵਿਕ ਵਿਭਿੰਨਤਾ ਸਾਂਭ-ਸੰਭਾਲ ਲਈ 1.9 ਕਰੋੜ



ਡਾਲਰ ਦੀ ਵੰਡ ਨੂੰ ਵੀ ਰੱਦ ਕਰ ਦਿੱਤਾ ਹੈ। ਉਨ੍ਹਾਂ ਮੌਜ਼ੰਬੀਕ ’ਚ ਵਾਲੰਟਰੀ ਮੈਡੀਕਲ ਪੁਰਸ਼ ਖ਼ਤਨਾ ਲਈ ਇਕ ਕਰੋੜ ਡਾਲਰ ਦੀ ਗ੍ਰਾਂਟ ’ਚ ਕਟੌਤੀ, ਕੰਬੋਡੀਆ ’ਚ ਨਿਰਪੱਖ ਆਵਾਜ਼ਾਂ ਦੀ ਮਜ਼ਬੂਤੀ ਲਈ 23 ਲੱਖ ਡਾਲਰ, ਪਰਾਗ ਸਿਵਲ ਸੁਸਾਇਟੀ ਸੈਂਟਰ ਨੂੰ 3.20 ਕਰੋੜ ਡਾਲਰ, ਲਿੰਗ ਬਰਾਬਰੀ ਤੇ ਮਹਿਲਾ ਸ਼ਕਤੀਕਰਨ ਕੇਂਦਰ ਲਈ 4 ਕਰੋੜ ਡਾਲਰ ਅਤੇ ਸਰਬੀਆ ’ਚ ਜਨਤਕ ਖ਼ਰੀਦ ’ਚ ਸੁਧਾਰ ਲਈ 1.4 ਕਰੋੜ ਡਾਲਰ ਦੇ ਨਾਲ ਨਾਲ ਖ਼ਰਚ ’ਚ ਕਟੌਤੀ ਦਾ ਐਲਾਨ ਕੀਤਾ ਹੈ। ਇਸ ’ਚ ਏਸ਼ੀਆ ’ਚ ਸਿੱਖਣ ਦੇ ਨਤੀਜਿਆਂ ’ਚ ਸੁਧਾਰ ਲਈ 4.7 ਕਰੋੜ ਡਾਲਰ ਦੀ ਰਕਮ ਵੀ ਸ਼ਾਮਲ ਹੈ।

# ਮੋਦੀ ਨੂੰ ਕੱਪੜੇ ਦੀ ਸਾਲਾਨਾ ਬਰਾਮਦ 9 ਲੱਖ ਕਰੋੜ ਰੁਪਏ ਹੋਣ ਦੀ ਉਮੀਦ



WORLD PUNJABI NEWS NETWORK ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਹੈ ਕਿ ਉਹ ਸਾਲ 2030 ਤੋਂ ਪਹਿਲਾਂ ਕੱਪੜਾ ਸੈਕਟਰ ’ਚ ਸਾਲਾਨਾ ਬਰਾਮਦ 9 ਲੱਖ ਕਰੋੜ ਰੁਪਏ ਦਾ ਟੀਚਾ ਹਾਸਲ ਕਰਨ ਪ੍ਰਤੀ ਆਸਵੰਦ ਹਨ। ਭਾਰਤ ਟੈਕਸਟਾਈਲ 2025 ਨੂੰ ਸੰਬੋਧਨ ਕਰਦਿਆਂ ਮੋਦੀ ਨੇ ਕਿਹਾ, “ਮੌਜੂਦਾ ਸਮੇਂ ’ਚ ਅਸੀਂ ਟੈਕਸਟਾਈਲਜ਼ ਅਤੇ ਐਪਰਲ ਦੇ ਮਾਮਲੇ ’ਚ ਦੁਨੀਆ ’ਚ 6ਵੇਂ ਸਭ ਤੋਂ ਵੱਡੇ ਬਰਾਮਦਕਾਰ ਹਾਂ। ਮੁਲਕ ਕਰੀਬ 3 ਲੱਖ ਕਰੋੜ ਰੁਪਏ ਦਾ ਕੱਪੜਾ ਬਰਾਮਦ ਕਰਦਾ ਹੈ। ਅਸੀਂ ਤਿੰਨ ਗੁਣਾ ਟੀਚਾ ਹਾਸਲ ਕਰਨ ਵੱਲ ਅੱਗੇ ਵਧ ਰਹੇ ਹਾਂ। ਜਿਸ ਢੰਗ ਨਾਲ ਕੰਮ ਚੱਲ ਰਿਹਾ ਹੈ, ਅਸੀਂ ਇਹ ਟੀਚਾ 2030 ਤੋਂ ਪਹਿਲਾਂ ਹੀ ਹਾਸਲ ਕਰ ਲਵਾਂਗੇ।” ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਟੈਕਸਟਾਈਲ ਵੱਡਾ ਆਲਮੀ ਸਮਾਗਮ ਬਣਦਾ ਜਾ ਰਿਹਾ ਹੈ ਜਿਸ ’ਚ 120 ਤੋਂ ਵੱਧ ਮੁਲਕ ਹਿੱਸਾ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਮੁਲਕ ਉੱਚ ਦਰਜੇ ਦਾ ਕਾਰਬਨ ਫਾਈਬਰ ਬਣਾਉਣ ਦੀ ਦਿਸ਼ਾ ਵੱਲ ਅਗਾਂਹ ਵਧ ਰਿਹਾ ਹੈ। ਉਨ੍ਹਾਂ ਬੈਂਕਿੰਗ ਸੈਕਟਰ ਨੂੰ ਅਪੀਲ ਕੀਤੀ ਕਿ ਉਹ ਟੈਕਸਟਾਈਲ ਸੈਕਟਰ ਨੂੰ ਸਹਾਇਤਾ ਪ੍ਰਦਾਨ ਕਰੇ ਕਿਉਂਕਿ ਇਕ ਇਕਾਈ ’ਚ 75 ਕਰੋੜ ਰੁਪਏ ਨਿਵੇਸ਼ ਦੀ ਲੋੜ ਹੁੰਦੀ ਹੈ ਅਤੇ ਉਹ 2 ਹਜ਼ਾਰ ਵਿਅਕਤੀਆਂ ਨੂੰ ਰੁਜ਼ਗਾਰ ਦਿੰਦੀ ਹੈ। ਪ੍ਰਧਾਨ ਮੰਤਰੀ ਨੇ ਟੈਕਸਟਾਈਲ ਸੈਕਟਰ ਲਈ ਆਪਣੀ ‘5ਐੱਫ ਪਹੁੰਚ’ ਦੀ ਰੂਪ-ਰੇਖਾ ਦਾ ਜ਼ਿਕਰ ਕੀਤਾ ਜਿਸ ਵਿੱਚ ‘ਫਾਰਮ ਤੋਂ ਫਾਈਬਰ, ਫੈਕਟਰੀ ਨੂੰ ਫਾਈਬਰ, ਫੈਕਟਰੀ ਤੋਂ ਫੈਸ਼ਨ, ਫੈਸ਼ਨ ਤੋਂ ਫੋਰੇਨ’ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਇਹ ਪਹੁੰਚ ਕਿਸਾਨਾਂ, ਬੁਣਕਰਾਂ, ਡਿਜ਼ਾਈਨਰਾਂ ਅਤੇ ਵਪਾਰੀਆਂ ਲਈ ਨਵੇਂ ਮੌਕੇ ਪੈਦਾ ਕਰ ਰਹੀ ਹੈ।

# ਅਮਰੀਕਾ ਤੋਂ 112 ਲੋਕਾਂ ਨੂੰ ਲੈ ਕੇ ਆਇਆ ਤੀਜਾ ਫ਼ੌਜੀ ਜਹਾਜ਼

WORLD PUNJABI NEWS NETWORK ਅੰਮ੍ਰਿਤਸਰ। ਅਮਰੀਕਾ ਸਰਕਾਰ ਵਲੋਂ ਗ਼ੈਰ ਕਾਨੂੰਨੀ ਤਰੀਕੇ ਨਾਲ ਪ੍ਰਵਾਸ ਕਰ ਕੇ ਗਏ ਭਾਰਤੀਆਂ ਨੂੰ ਉਥੋਂ ਕੱਢੇ ਜਾਣ ਦਾ ਸਿਲਸਿਲਾ ਜਾਰੀ ਹੈ। ਅੱਜ ਦੇਰ ਰਾਤ ਅਮਰੀਕਾ ਤੋਂ ਡਿਪੋਰਟ ਕੀਤੇ 112 ਹੋਰ ਭਾਰਤੀਆਂ ਨੂੰ ਲੈ ਕੇ ਅਮਰੀਕੀ ਫ਼ੌਜ ਦਾ ਜਹਾਜ਼ ਪਹੁੰਚਿਆ। ਜ਼ਿਕਰਯੋਗ ਹੈ ਕਿ ਭਾਰੀ ਵਿਰੋਧ ਤੇ ਭਾਰਤ ਵਿਚ ਰੋਸ ਦੇ ਬਾਵਜੂਦ ਅਮਰੀਕਾ ਵਲੋਂ ਭਾਰਤੀਆਂ ਨੂੰ ਹੱਥਕੜੀਆਂ ਅਤੇ ਬੇੜੀਆਂ ਲਾ ਕੇ ਹੀ ਭੇਜਿਆ ਜਾ ਰਿਹਾ ਹੈ ਅਤੇ ਹੁਣ ਤਾਂ ਗੱਲ ਇਸ ਤੋਂ ਵੀ ਅੱਗੇ ਜਾ ਚੁੱਕੀ ਹੈ ਕਿ ਸਿੱਖ ਨੌਜਵਾਨਾਂ ਨੂੰ ਦਸਤਾਰਾਂ ਲੁਹਾ ਕੇ ਨੰਗੇ ਸਿਰ ਲਿਆਂਦਾ ਜਾ ਰਿਹਾ ਹੈ। ਅੱਜ ਆਏ ਤੀਜੇ ਜਹਾਜ਼ ਵਿਚ ਸ਼ਾਮਲ 112 ਭਾਰਤੀਆਂ ਵਿਚ ਸੱਭ ਤੋਂ ਵੱਧ 44 ਹਰਿਆਣਾ ਦੇ ਹਨ। ਇਸ ਤੋਂ ਬਾਅਦ ਗੁਜਰਾਤ ਦੇ 33 ਅਤੇ ਪੰਜਾਬ ਦੇ 31 ਵਿਅਕਤੀ ਸ਼ਾਮਲ ਹਨ। ਉਤਰ ਪ੍ਰਦੇਸ਼ ਨਾਲ ਸਬੰਧਤ 2 ਅਤੇ ਹਿਮਾਚਲ ਪ੍ਰਦੇਸ਼ ਤੇ ਉਤਰਾਖੰਡ ਦਾ ਇਕ ਇਕ ਵਿਅਕਤੀ ਹੈ। ਇਨ੍ਹਾਂ 23 ਔਰਤਾਂ ਹਨ ਜਿਨ੍ਹਾਂ ਵਿਚੋਂ ਪੰਜਾਬ ਦੀਆਂ 2 ਔਰਤਾਂ ਹਨ। ਇਸ ਵਿਚ 4 ਛੋਟੇ ਬੱਚੇ ਵੀ ਦਸੇ ਜਾਂਦੇ ਹਨ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਦੋ ਜਹਾਜ਼ ਅਮਰੀਕਾ ਤੋਂ ਭਾਰਤ ਆ ਚੁੱਕੇ ਹਨ।



### ਤੀਜੀ ਫਲਾਈਟ ‘ਚ ਪੰਜਾਬ ਦੇ ਆਏ 31 ਨੌਜਵਾਨ

ਪੰਜਾਬ ਦੀ ਧਰਤੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡੇ ਉਪਰ ਉਤਰਨ ਵਾਲੀਆਂ ਇਨ੍ਹਾਂ ਫ਼ਲਾਈਟਾਂ ਵਿਚੋਂ ਪਹਿਲੇ ਜਹਾਜ਼ ਵਿਚ 104 ਵਿਅਕਤੀ ਆਏ ਸਨ। ਦੂਜੇ ਜਹਾਜ਼ ਵਿਚ ਬੀਤੀ ਰਾਤ 116 ਭਾਰਤੀ ਆਏ ਸਨ। ਪਹਿਲੇ ਜਹਾਜ਼ ਵਿਚ ਪੰਜਾਬ ਦੇ 30 ਅਤੇ ਦੂਜੇ ਜਹਾਜ਼ ਵਿਚ 65 ਪੰਜਾਬੀ ਸਨ। ਇਸ ਤਰ੍ਹਾਂ ਹੁਣ ਤਕ 332 ਕੁਲ ਭਾਰਤੀ ਡਿਪੋਰਟ ਹੋ ਕੇ ਆਏ ਹਨ। ਇਨ੍ਹਾਂ ਵਿਚ ਪੰਜਾਬ ਦੇ 126 ਵਿਅਕਤੀ ਹਨ।

# ਪੰਜਾਬ ਪੁਲਿਸ ਨੇ ਗੁਰਪ੍ਰੀਤ ਸੇਖੋਂ ਗੈਂਗ ਦੇ ਚਾਰ ਗੁਰਗਿਆਂ ਨੂੰ ਕੀਤਾ ਗ੍ਰਿਫ਼ਤਾਰ

WORLD PUNJABI NEWS NETWORK ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ, ਪੰਜਾਬ ਪੁਲਿਸ ਦੀ ਐਂਟੀ ਗੈਂਗਸਟਰ ਟਾਸਕ ਫੋਰਸ (ਏ.ਜੀ.ਟੀ.ਐਫ.) ਨੇ ਓਵਰਸੀਰ ਸਿੰਘ ਉਰਫ਼ ਸਤਿੰਦਰ ਸਿੰਘ ਉਰਫ਼ ਸੱਤੀ ਦੇ ਸਨਸਨੀਖੇਜ਼ ਕਤਲ ਕਾਂਡ ਵਿੱਚ ਸ਼ਾਮਲ ਗੁਰਪ੍ਰੀਤ ਸੇਖੋਂ ਗੈਂਗ ਦੇ ਚਾਰ ਗੁਰਗਿਆਂ ਨੂੰ ਇੱਕ 32 ਬੋਰ ਪਿਸਤੌਲ ਅਤੇ ਛੇ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਗੁਰਪ੍ਰੀਤ ਸਿੰਘ ਉਰਫ਼ ਗੋਪੀ ਵਾਸੀ ਪਿੰਡ ਸੇਲਬਰਾਹ, ਬਠਿੰਡਾ; ਲਵਜੀਤ ਸ਼ਰਮਾ ਉਰਫ਼ ਲਵੀ ਵਾਸੀ ਪਿੰਡ ਭਾਈ ਰੂਪਾ, ਬਠਿੰਡਾ; ਵਿਨੋਦ ਕੁਮਾਰ ਉਰਫ਼ ਹੁਨਰ ਸ਼ਰਮਾ ਵਾਸੀ ਪਿੰਡ ਭਾਈ ਰੂਪਾ, ਬਠਿੰਡਾ ਅਤੇ ਗਗਨਦੀਪ ਸਿੰਘ ਵਾਸੀ ਭਗਤਾ ਭਾਈਕਾ, ਬਠਿੰਡਾ ਵਜੋਂ ਹੋਈ ਹੈ। ਹਥਿਆਰ ਦੀ ਬਰਾਮਦੀ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਨ੍ਹਾਂ ਦੀ ਚਿੱਟੀ ਹੁੰਡਈ ਵਰਨਾ ਕਾਰ, ਜਿਸ ਦਾ ਰਜਿਸਟ੍ਰੇਸ਼ਨ ਨੰਬਰ ਪੀਬੀ 03 ਬੀਐਚ 7724 ਹੈ, ਨੂੰ ਵੀ ਜ਼ਬਤ ਕਰ ਲਿਆ ਹੈ। ਜਾਣਕਾਰੀ ਅਨੁਸਾਰ, ਓਵਰਸੀਅਰ ਸਿੰਘ ਵਾਸੀ ਭਾਈ ਰੂਪਾ, ਬਠਿੰਡਾ, ਜੋ ਕਿ ਇੱਕ ਬਦਨਾਮ ਅਪਰਾਧੀ ਸੀ, ਦਾ ਇਸ ਸਾਲ 5 ਫਰਵਰੀ ਨੂੰ ਉਸਦੇ ਜੱਦੀ ਪਿੰਡ ਵਿਖੇ ਨਿੱਜੀ ਦੁਸ਼ਮਣੀ ਕਾਰਨ ਉਸਦੇ ਗੁਆਂਢੀ ਨੇ ਆਪਣੇ ਸਾਥੀਆਂ ਨਾਲ ਮਿਲ ਕੇ ਗੋਲੀ ਮਾਰ ਕੇ ਕਤਲ ਕਰ ਦਿੱਤਾ ਸੀ। ਓਵਰਸੀਅਰ ਨੂੰ ਸਿਵਲ ਹਸਪਤਾਲ ਬਠਿੰਡਾ ਲਿਜਾਇਆ ਗਿਆ ਜਿੱਥੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਕਰ ਦਿੱਤਾ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਅਪਰਾਧਿਕ ਪਿਛੋਕੜ ਵਾਲੇ ਹਨ ਅਤੇ ਉਨ੍ਹਾਂ ਵਿਰੁੱਧ ਕਤਲ, ਇਰਾਦਾ ਕਤਲ ਅਤੇ ਅਸਲਾ ਐਕਟ ਆਦਿ ਸਮੇਤ ਕਈ ਅਪਰਾਧਿਕ ਮਾਮਲੇ ਦਰਜ ਹਨ। ਡੀਜੀਪੀ ਨੇ ਕਿਹਾ ਕਿ ਇਸ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਇਸ ਵਿੱਚ ਸ਼ਾਮਲ ਹੋਰ ਵਿਅਕਤੀਆਂ ਦੀ ਪਛਾਣ ਕਰਨ ਵਾਸਤੇ ਜਾਂਚ ਜਾਰੀ ਹੈ। ਐਡੀਸ਼ਨਲ ਡਾਇਰੈਕਟਰ ਜਨਰਲ ਆਫ਼ ਪੁਲਿਸ (ਏ.ਡੀ.ਜੀ.ਪੀ.) ਏ.ਜੀ.ਟੀ.ਐਫ. ਪ੍ਰਮੋਦ ਬਾਨ ਨੇ ਕਿਹਾ ਕਿ ਓਵਰਸੀਅਰ ਸਿੰਘ ਦੇ ਕਤਲ ਤੋਂ ਬਾਅਦ, ਏਜੀਟੀਐਫ ਪੰਜਾਬ ਨੇ ਇਸ ਕਤਲ ਵਿੱਚ ਸ਼ਾਮਲ ਮੁਲਜ਼ਮਾਂ ਦਾ ਪਤਾ ਲਗਾਉਣ ਅਤੇ ਉਨ੍ਹਾਂ ਨੂੰ ਫੜਨ ਲਈ ਇੱਕ ਆਪਰੇਸ਼ਨ ਚਲਾਇਆ। ਉਨ੍ਹਾਂ ਦੱਸਿਆ ਕਿ ਪੁਲਿਸ ਟੀਮਾਂ ਨੇ ਮੁਲਜ਼ਮ ਗੁਰਪ੍ਰੀਤ ਸਿੰਘ ਉਰਫ਼ ਗੋਪੀ ਅਤੇ ਵਿਨੋਦ ਕੁਮਾਰ ਨੂੰ ਬਰਨਾਲਾ ਦੇ ਧਨੌਲਾ ਤੋਂ ਗ੍ਰਿਫ਼ਤਾਰ ਕੀਤਾ ਹੈ, ਜਦੋਂ ਕਿ ਮੁਲਜ਼ਮ ਗਗਨਦੀਪ ਸਿੰਘ ਅਤੇ ਲਵਜੀਤ ਸਿੰਘ ਉਰਫ਼ ਲਵੀ ਨੂੰ ਬਠਿੰਡਾ ਦੇ ਟੀ.ਪੀ.ਟੀ. ਕਾਲਜ, ਰਾਮਪੁਰਾ ਫੂਲ ਤੋਂ ਗ੍ਰਿਫ਼ਤਾਰ ਕੀਤਾ ਹੈ। ਇਸ ਸਬੰਧੀ ਐਫਆਈਆਰ ਨੰਬਰ 11 ਮਿਤੀ 05.02.25 ਨੂੰ ਥਾਣਾ ਫੂਲ, ਬਠਿੰਡਾ ਵਿਖੇ ਭਾਰਤੀ ਨਿਆਂ ਸੰਹਿਤਾ (ਬੀ.ਐਨ.ਐਸ.) ਦੀ ਧਾਰਾ 125 ਅਤੇ 351(2) ਅਤੇ ਅਸਲਾ ਐਕਟ ਦੀ ਧਾਰਾ 25 ਅਤੇ 27 ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

## ਯੂਪੀ 'ਚ ਐਕਸਪ੍ਰੈਸਵੇਅ 'ਤੇ ਟੈਂਪੋ ਟਰੈਵਲਰ ਤੇ ਬੱਸ 'ਚ ਟੱਕਰ, 4 ਲੋਕਾਂ ਦੀ ਮੌਤ

WORLD PUNJABI NEWS NETWORK ਉੱਤਰ ਪ੍ਰਦੇਸ਼ ਦੇ ਬਾਰਾਬੰਕੀ ਜ਼ਿਲ੍ਹੇ ਵਿੱਚ ਪੂਰਵਾਂਚਲ ਐਕਸਪ੍ਰੈਸਵੇਅ 'ਤੇ ਐਤਵਾਰ ਸਵੇਰੇ ਮਹਾਰਾਸ਼ਟਰ ਤੋਂ ਆ ਰਹੀ ਇੱਕ ਤੇਜ਼ ਰਫ਼ਤਾਰ ਮਿੰਨੀ ਬੱਸ (ਟੈਂਪੋ ਟਰੈਵਲਰ) ਨੇ ਸੜਕ ਦੇ ਕਿਨਾਰੇ ਖੜ੍ਹੀ ਇੱਕ ਬੱਸ ਨੂੰ ਪਿੱਛੇ ਤੋਂ ਟੱਕਰ ਮਾਰ ਦਿੱਤੀ। ਇਸ ਹਾਦਸੇ ਵਿੱਚ ਚਾਰ ਲੋਕਾਂ ਦੀ ਮੌਤ ਹੋ ਗਈ। ਜਾਣਕਾਰੀ ਅਨੁਸਾਰ ਤਿੰਨ ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ ਅਤੇ ਇੱਕ ਵਿਅਕਤੀ ਦੀ ਹਸਪਤਾਲ ਵਿੱਚ ਇਲਾਜ ਦੌਰਾਨ ਮੌਤ ਹੋ ਗਈ। ਇਸ ਦੇ ਨਾਲ ਹੀ ਇਸ ਹਾਦਸੇ ਵਿੱਚ 19 ਯਾਤਰੀ ਜ਼ਖ਼ਮੀ ਹੋ ਗਏ ਹਨ। ਸਾਰੇ ਜ਼ਖ਼ਮੀਆਂ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ ਹੈ। ਲੋਨੀਕਤਰਾ ਥਾਣਾ ਖੇਤਰ ਦੇ ਅਧੀਨ ਆਉਂਦੇ ਪਿੰਡ ਗੰਗਾਪੁਰ ਨੇੜੇ, ਛੱਤੀਸਗੜ੍ਹ ਤੋਂ ਅਯੁੱਧਿਆ ਜਾ ਰਹੀ ਇੱਕ ਬੱਸ ਖਰਾਬੀ ਕਾਰਨ ਸੜਕ ਦੇ ਕਿਨਾਰੇ ਖੜ੍ਹੀ ਸੀ। ਇਸ ਦੌਰਾਨ, ਮਹਾਰਾਸ਼ਟਰ ਤੋਂ ਆ ਰਹੀ ਇੱਕ ਤੇਜ਼ ਰਫ਼ਤਾਰ ਮਿੰਨੀ ਬੱਸ ਨੇ ਬੱਸ ਨੂੰ ਪਿੱਛੇ ਤੋਂ ਟੱਕਰ ਮਾਰ ਦਿੱਤੀ। ਹਾਦਸੇ ਤੋਂ ਬਾਅਦ ਐਕਸਪ੍ਰੈਸਵੇਅ 'ਤੇ ਹਫੜਾ-ਦਫੜੀ ਮਚ ਗਈ। ਮੌਕੇ 'ਤੇ ਮੌਜੂਦ ਰਾਹਗੀਰਾਂ ਤੋਂ ਸੂਚਨਾ ਮਿਲਣ 'ਤੇ ਲੋਨੀਕਤਰਾ ਪੁਲਿਸ ਤੁਰੰਤ ਮੌਕੇ 'ਤੇ ਪਹੁੰਚ ਗਈ। ਇਸ ਤੋਂ ਬਾਅਦ ਸਥਾਨਕ ਲੋਕਾਂ ਅਤੇ ਪੁਲਿਸ ਨੇ ਜ਼ਖ਼ਮੀਆਂ ਨੂੰ ਬੱਸ ਵਿੱਚੋਂ ਬਾਹਰ ਕੱਢਿਆ। ਇਸ ਦੇ ਨਾਲ ਹੀ ਹਾਦਸੇ ਦੀ ਸੂਚਨਾ ਮਿਲਣ 'ਤੇ ਪੁਲਿਸ ਸੁਪਰਡੈਂਟ (ਐਸਪੀ) ਦਿਨੇਸ਼ ਕੁਮਾਰ ਸਿੰਘ ਵੀ ਮੌਕੇ 'ਤੇ ਪਹੁੰਚੇ ਅਤੇ ਰਾਹਤ ਅਤੇ ਬਚਾਅ ਕਾਰਜ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ। ਹਾਦਸੇ ਤੋਂ ਬਾਅਦ, ਪੁਲਿਸ ਨੇ ਸਾਰੇ ਜ਼ਖ਼ਮੀਆਂ ਨੂੰ ਲਖਨਊ ਦੇ ਨੇੜਲੇ ਗੋਸਾਈਗੰਜ ਕਮਿਊਨਿਟੀ ਹੈਲਥ ਸੈਂਟਰ (ਸੀਐਚਸੀ) ਵਿੱਚ ਦਾਖਲ ਕਰਵਾਇਆ, ਜਦੋਂ ਕਿ ਉਨ੍ਹਾਂ ਵਿੱਚੋਂ ਕੁਝ ਦੀ ਹਾਲਤ ਗੰਭੀਰ ਹੋਣ ਕਾਰਨ ਉਨ੍ਹਾਂ ਨੂੰ ਲਖਨਊ ਟਰਾਮਾ ਸੈਂਟਰ ਰੈਫਰ ਕਰ ਦਿੱਤਾ ਗਿਆ। ਇਸ ਹਾਦਸੇ ਵਿੱਚ ਮਹਾਰਾਸ਼ਟਰ ਦੇ ਨਾਂਦੇੜ ਜ਼ਿਲ੍ਹੇ ਦੀ ਦੀਪਕ, ਸੁਨੀਲ ਅਤੇ ਔਰਤ ਅਨਸੂਇਆ ਸਮੇਤ



ਚਾਰ ਲੋਕਾਂ ਦੀ ਮੌਤ ਹੋ ਗਈ। ਦੱਸਿਆ ਜਾ ਰਿਹਾ ਹੈ ਕਿ ਹਾਦਸਾ ਇੰਨਾ ਭਿਆਨਕ ਸੀ ਕਿ ਲਾਸ਼ਾਂ ਨੂੰ ਕੱਢਣ ਵਿੱਚ ਕਈ ਘੰਟੇ ਲੱਗ ਗਏ। ਜਾਣਕਾਰੀ ਅਨੁਸਾਰ ਮਿੰਨੀ ਬੱਸ ਵਿੱਚ 23 ਲੋਕ ਸਵਾਰ ਸਨ, ਜੋ ਮਹਾਂਕੁੰਭ ਵਿੱਚ ਇਸ਼ਨਾਨ ਕਰਨ ਤੋਂ ਬਾਅਦ ਅਯੁੱਧਿਆ ਜਾ ਰਹੇ ਸਨ। ਹਾਦਸੇ ਤੋਂ ਬਾਅਦ ਬਹੁਤ ਸਾਰੇ ਯਾਤਰੀ ਸਦਮੇ ਵਿੱਚ ਹਨ ਅਤੇ ਉਨ੍ਹਾਂ ਦੇ ਰਿਸ਼ਤੇਦਾਰ ਹਸਪਤਾਲ ਵਿੱਚ ਉਨ੍ਹਾਂ ਦੀ ਸੁਰੱਖਿਆ ਲਈ ਪ੍ਰਾਰਥਨਾ ਕਰ ਰਹੇ ਹਨ। ਪ੍ਰਸ਼ਾਸਨ ਨੇ ਮ੍ਰਿਤਕਾਂ ਦੇ ਪਰਿਵਾਰਾਂ ਨੂੰ ਮੁਆਵਜ਼ਾ ਦੇਣ ਦਾ ਭਰੋਸਾ ਦਿੱਤਾ ਹੈ। ਪੁਲਿਸ ਸੁਪਰਡੈਂਟ ਦਿਨੇਸ਼ ਕੁਮਾਰ ਸਿੰਘ ਨੇ ਦੱਸਿਆ ਕਿ ਪੂਰਵਾਂਚਲ ਐਕਸਪ੍ਰੈਸਵੇਅ 'ਤੇ ਇੱਕ ਦੁਖਦਾਈ ਹਾਦਸਾ ਵਾਪਰਿਆ ਹੈ। ਛੱਤੀਸਗੜ੍ਹ ਤੋਂ ਇੱਕ ਬੱਸ ਅਯੁੱਧਿਆ ਜਾ ਰਹੀ ਸੀ, ਜੋ ਕਿ ਖਰਾਬ ਹੋ ਗਈ ਸੀ ਅਤੇ ਸੜਕ ਕਿਨਾਰੇ ਖੜ੍ਹੀ ਸੀ ਅਤੇ ਮੁਰੰਮਤ ਕੀਤੀ ਜਾ ਰਹੀ ਸੀ। ਇਸ ਦੌਰਾਨ, ਮਹਾਰਾਸ਼ਟਰ ਤੋਂ ਅਯੁੱਧਿਆ ਜਾ ਰਹੀ ਇੱਕ ਮਿੰਨੀ ਬੱਸ ਨੇ ਇਸਨੂੰ ਪਿੱਛੇ ਤੋਂ ਟੱਕਰ ਮਾਰ ਦਿੱਤੀ। ਇਸ ਹਾਦਸੇ ਵਿੱਚ ਮਿੰਨੀ ਬੱਸ ਵਿੱਚ ਸਵਾਰ ਤਿੰਨ ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਇੱਕ ਯਾਤਰੀ ਨੇ ਹਸਪਤਾਲ ਵਿੱਚ ਦਮ ਤੋੜ ਦਿੱਤਾ। ਮਿੰਨੀ ਬੱਸ ਨੂੰ ਸੜਕ ਤੋਂ ਹਟਾ ਦਿੱਤਾ ਗਿਆ ਅਤੇ ਯਾਤਰੀਆਂ ਨੂੰ ਹੋਰ ਵਾਹਨਾਂ ਵਿੱਚ ਉਨ੍ਹਾਂ ਦੀ ਮੰਜ਼ਿਲ 'ਤੇ ਭੇਜ ਦਿੱਤਾ ਗਿਆ।

## ਬਘਰੌਲ 'ਚ ਡਾ. ਅੰਬੇਦਕਰ ਦਾ ਬੁੱਤ ਲਾਉਣ ਤੋਂ ਰੋਕਣ 'ਤੇ ਵਿਵਾਦ

WORLD PUNJABI NEWS NETWORK ਦਿੜ੍ਹਬਾ ਹਲਕੇ ਅਧੀਨ ਪੈਂਦੇ ਪਿੰਡ ਬਘਰੌਲ ਵਿੱਚ ਭਾਰਤ ਰਤਨ ਡਾ. ਭੀਮ ਰਾਓ ਅੰਬੇਦਕਰ ਦਾ ਬੁੱਤ ਲਗਾਉਣ ਦੇ ਮਾਮਲੇ ਨੂੰ ਲੈ ਕੇ ਵਿਵਾਦ ਪੈਦਾ ਹੋ ਗਿਆ ਹੈ। ਬੁੱਤ ਨੂੰ ਲੈ ਕੇ ਦੋ ਧੜਿਆਂ ਵਿਚਾਲੇ ਇੱਟਾਂ ਰੋੜੇ ਚੱਲੇ ਅਤੇ ਪਿੰਡ ਪੁਲਿਸ ਦੀ ਛਾਉਣੀ ਵਿੱਚ ਤਬਦੀਲ ਹੋ ਗਿਆ। ਇਕ ਧਿਰ ਨੇ ਇਲਜ਼ਾਮ ਲਗਾਇਆ ਹੈ ਕਿ ਸਾਡੇ ਮੁਹੱਲੇ ਵਿੱਚ ਬਿਨ੍ਹਾਂ ਵਜ੍ਹਾਂ ਬੁੱਤ ਲਗਾਇਆ ਜਾ ਰਿਹਾ ਹੈ ਅਤੇ ਦੂਜੀ ਧਿਰ ਨੂੰ ਕਿਹਾ ਸੀ ਕਿ ਜੇਕਰ ਬੁੱਤ ਲਗਾਉਣਾ ਹੈ ਤਾਂ ਅਸੀਂ ਜਿਥੇ ਜਗ੍ਹਾਂ ਦੇਵਾਂਗੇ ਉਥੇ ਲਗਾ ਦਿਓ। ਉਨ੍ਹਾਂ ਦਾ ਕਹਿਣਾ ਹੈ ਕਿ ਸਟੇਅ ਹੋਣ ਦੇ ਬਾਵਜੂਦ ਵੀ ਬੁੱਤ ਗੈਰ ਕਾਨੂੰਨੀ ਢੰਗ ਨਾਲ ਲਗਾਇਆ ਜਾ ਰਿਹਾ ਹੈ। ਦੋਵੇਂ ਧਿਰਾਂ ਵਿਚਾਲੇ ਬੁੱਤ ਨੂੰ ਲੈ ਕੇ ਬਹਿਸ ਇੰਨੀ ਕੁ ਵਧ ਗਈ ਕਿ ਝੜਪ ਹੋ ਗਈ। ਸੂਚਨਾ



ਮਿਲਦੇ ਸਾਰ ਹੀ ਪੁਲਿਸ ਮੌਕੇ ਉੱਤੇ ਪਹੁੰਚ ਗਈ। ਉਧਰ ਪੁਲਿਸ ਅਧਿਕਾਰੀ ਡੀਐਸਪੀ ਪ੍ਰਿਥਵੀ ਸਿੰਘ ਚਾਹਲ ਨੇ ਕਿਹਾ ਹੈ ਕਿ ਦੋਵੇਂ ਧਿਰਾਂ ਨੂੰ ਕੰਟਰੋਲ ਵਿੱਚ ਕੀਤਾ ਗਿਆ ਹੈ ਅਤੇ ਜਾਂਚ ਕੀਤੀ ਜਾ ਰਹੀ ਹੈ। ਪੁਲਿਸ ਦਾ ਕਹਿਣਾ ਹੈ ਕਿ ਬੁੱਤ ਦੀ ਸੁਰੱਖਿਆ ਲਈ ਪੁਲਿਸ ਤਾਇਨਾਤ ਕੀਤੀ ਗਈ ਹੈ।

## ਲੁਧਿਆਣੇ ਮਹਿਲਾ ਕਤਲ ਮਾਮਲੇ 'ਚ ਪੁਲਿਸ ਨੇ ਪਤੀ ਨੂੰ ਕੀਤਾ ਰਾਊਂਡਅਪ

WORLD PUNJABI NEWS NETWORK ਲੁਧਿਆਣਾ ਦੇ ਡੇਹਲੋਂ ਬਾਈਪਾਸ ਉੱਤੇ ਹੋਈ ਲੁਟ ਦੌਰਾਨ ਮਹਿਲਾ ਦੇ ਕਤਲ ਮਾਮਲੇ ਵਿੱਚ ਨਵਾਂ ਮੋੜ ਸਾਹਮਣੇ ਆਇਆ। ਪੁਲਿਸ ਨੇ ਮਹਿਲਾ ਦੇ ਪਤੀ ਨੂੰ ਰਾਊਂਡ ਅਪ ਕੀਤਾ ਹੈ। ਦੱਸ ਦੇਈਏ ਕਿ ਬੀਤੀ ਰਾਤ ਡੇਹਲੋਂ ਬਾਈਪਾਸ ਤੇ ਲੁਟੇਰਿਆਂ ਵੱਲੋਂ ਇੱਕ ਪਰਿਵਾਰ ਤੇ ਹਮਲਾ ਕਰ ਦਿੱਤਾ ਜਿਸ ਵਿੱਚ ਆਪ ਆਗੂ ਅਨੋਖ ਮਿੱਤਲ ਜ਼ਖ਼ਮੀ ਹੋ ਗਿਆ ਅਤੇ ਉਸ ਦੀ ਪਤਨੀ ਮਾਨਵੀ (32 ਸਾਲ) ਦਾ ਲੁਟੇਰਿਆਂ ਨੇ ਬੇਰਹਿਮੀ ਨਾਲ ਕਤਲ ਕਰਨ ਦੀ ਗੱਲ ਕਹੀ ਸੀ। ਲੁਧਿਆਣਾ ਵਾਸੀ ਅਨੋਖ ਮਿੱਤਲ ਨੇ ਦੱਸਿਆ ਕਿ ਉਹ ਅਤੇ ਉਸ ਦੀ ਪਤਨੀ ਮਾਨਵੀ ਪੋਹੀੜ ਸਥਿਤ ਇੱਕ ਰੈਸਟੋਰੈਂਟ ਤੋਂ ਡਿਨਰ ਕਰਕੇ ਰਾਤ 12 ਕੁ ਵਜੇ ਦੇ ਕਰੀਬ ਵਾਪਸ ਲੁਧਿਆਣਾ ਨੂੰ ਜਾ ਰਹੇ ਸਨ ਜਦੋਂ ਉਹ ਡੇਹਲੋਂ ਬਾਈਪਾਸ ਤੋਂ ਸਾਹਨੇਵਾਲ ਰੋਡ ਅਤੇ ਮਲੇਰਕੋਟਲਾ ਰੋਡ ਦੇ ਵਿਚਕਾਰ ਸਨ ਤਾਂ ਉਸ ਨੇ ਪਿਸ਼ਾਬ ਕਰਨ ਲਈ ਆਪਣੀ ਗੱਡੀ ਰੋਕ ਲਈ ਅਤੇ ਉਹ ਪਿਸ਼ਾਬ ਕਰਨ ਲੱਗ ਗਿਆ ਜਦਕਿ ਉਸ ਦੀ ਪਤਨੀ ਗੱਡੀ ਵਿੱਚ ਹੀ ਬੈਠੀ ਸੀ ਇੰਨੀ ਦੇਰ ਚ 4-5 ਲੁਟੇਰਿਆਂ ਨੇ ਉਹਨਾਂ ਤੇ ਹਮਲਾ ਕਰ ਦਿੱਤਾ ਅਚਾਨਕ ਹਮਲਾ ਹੋਣ ਕਾਰਨ ਉਸ ਦੀ ਲੱਤ ਤੇ ਸੱਟ ਵੱਜਣ ਕਾਰਨ ਉਹ ਬੇਹੋਸ਼ ਹੋ ਗਿਆ ਜਿਸ ਤੋਂ ਬਾਅਦ ਲੁਟੇਰਿਆਂ ਨੇ ਉਸ ਦਾ ਕੜਾ, ਗਲੇ ਦੀ ਚੈਨ ਅਤੇ ਨਕਦੀ ਕੱਢਣ ਉਪਰੰਤ ਉਸ ਦੀ ਪਤਨੀ ਤੇ ਹਮਲਾ ਕਰ ਦਿੱਤਾ ਉਹਨਾਂ ਉਸ ਨੂੰ ਗੱਡੀ ਚੋਂ ਖਿੱਚ ਕੇ ਬਾਹਰ ਕੱਢ ਲਿਆ ਅਤੇ ਉਸ ਨੇ ਭੱਜਣ ਦੀ ਬਹੁਤ ਕੋਸ਼ਿਸ਼ ਕੀਤੀ ਪਰ ਲੁਟੇਰਿਆ ਨੇ ਤੇਜ ਹਥਿਆਰਾਂ ਨਾਲ ਉਸ ਦਾ ਬੇਰਿਹਮੀ ਨਾਲ ਕਤਲ ਕਰ ਦਿੱਤਾ ਜਾਂਦੇ ਹੋਏ ਲੁਟੇਰੇ ਉਹਨਾਂ ਦੀ ਕਾਰ ਵੀ ਲੈ ਕੇ ਫਰਾਰ ਹੋ ਗਏ।ਘਟਨਾ ਸਥਾਨ ਦੇਖਣ ਤੋਂ ਪਤਾ ਚੱਲ ਰਿਹਾ ਸੀ ਕਿ ਮਾਨਵੀ ਵੱਲੋਂ ਕਾਤਲਾਂ ਤੋਂ ਬਚਣ ਲਈ ਬਹੁਤ ਜੱਦੋ ਜਹਿਦ ਕੀਤੀ ਗਈ ਘਟਨਾਂ ਸਥਾਨ ਤੇ ਉਸ ਦੇ ਸਿਰ ਦੇ ਵਾਲਾਂ ਦਾ ਇੱਕ ਗੁੱਛਾ ਵੀ ਪਿਆ ਸੀ ਜਿਸ ਤੋਂ ਪਤਾ ਚੱਲ ਰਿਹਾ ਸੀ ਕਿ ਕਾਤਲਾਂ ਨਾਲ ਕਾਫੀ ਜੱਦੋਜਹਿਦ ਵੀ ਕੀਤੀ ਗਈ ਅਤੇ ਹਮਲਾ ਹੋਣ ਵਾਲੀ ਜਗ੍ਹਾ ਤੋਂ ਕਰੀਬ 50 ਮੀਟਰ ਦੂਰ ਤੋਂ ਉਸ ਨੂੰ ਚੁੱਕਿਆ ਗਿਆ ਜਦਕਿ ਉਸ 50 ਮੀਟਰ ਦੇ ਏਰੀਏ ਵਿੱਚ ਖੂਨ ਹੀ ਖੂਨ ਸੀ।



ਅਨੋਖ ਮਿੱਤਲ ਜੋ ਕਿ ਇੱਕ ਬਿਜਨਸਮੈਨ ਸਮੇਤ ਇੱਕ ਰਾਜਨੀਤਕ ਆਗੂ ਵੀ ਹੈ ਜੋ ਕਿ ਇਸ ਤੋਂ ਪਹਿਲਾਂ ਕਾਂਗਰਸ ਪਾਰਟੀ ਚ ਭਾਰਤ ਭੂਸ਼ਨ ਦਾ ਕਰੀਬੀ ਰਹਿਣ ਤੋਂ ਬਾਅਦ ਸਿਮਰਜੀਤ ਬੈਂਸ ਦਾ ਵੀ ਕਰੀਬੀ ਰਿਹਾ ਹੈ ਜਦਕਿ ਹੁਣ ਉਹ ਆਮ ਆਦਮੀ ਪਾਰਟੀ ਦਾ ਆਗੂ ਹੈ। ਅਨੋਖ ਮਿੱਤਲ ਅਨੁਸਾਰ ਉਹ ਅਕਸਰ ਹੀ ਲੁਧਿਆਣਾ ਤੋਂ ਪੋਹੀੜ ਸਥਿਤ ਰੈਸਟੋਰੈਂਟ ਚ ਪਰਿਵਾਰ ਸਮੇਤ ਖਾਣਾ ਖਾਣ ਜਾਇਆ ਕਰਦਾ ਸੀ ਜਦਕਿ ਕੁਝ ਦਿਨ ਪਹਿਲਾਂ ਹੀ ਉਸ ਵੱਲੋਂ ਆਪਣੀ ਪਤਨੀ ਦਾ ਜਨਮ ਦਿਨ ਵੀ ਉਥੇ ਹੀ ਮਨਾਇਆ ਗਿਆ ਸੀ ਪਰ ਅੱਜ ਉਹ ਅਤੇ ਉਸ ਦੀ ਪਤਨੀ ਹੀ ਸਨ ਜਦਕਿ ਉਹ ਬੱਚਿਆਂ ਨੂੰ ਘਰ ਹੀ ਛੱਡ ਕੇ ਆਏ ਸਨ।

ਇੰਨੀ ਰਾਤ ਸਮੇਂ ਉਹਨਾਂ ਡੇਹਲੋਂ ਦੇ ਮੇਨ ਰਸਤੇ ਤੋਂ ਲੰਘਣ ਦੀ ਬਜਾਏ ਸੁੰਨਸਾਨ ਪਿਆ ਬਾਈਪਾਸ ਵਾਲਾ ਰਸਤਾ ਕਿਉਂ ਚੁਣਿਆ ਜੋ ਕਿ ਇਸ ਘਟਨਾਂ ਦਾ ਕਾਰਨ ਬਣਿਆ। ਡੇਹਲੋਂ ਦੇ ਥਾਣਾ ਮੁਖੀ ਸੁਖਜਿੰਦਰ ਸਿੰਘ ਨੇ ਦੱਸਿਆ ਕਿ ਅਨੋਖ ਮਿੱਤਲ ਦੇ ਬਿਆਨਾਂ ਦੇ ਆਧਾਰ ਤੇ ਮਾਮਲਾ ਦਰਜ ਕਰਕੇ ਇਸ ਘਟਨਾਂ ਦੀ ਹਰ ਪਹਿਲੂ ਤੋਂ ਜਾਂਚ ਕੀਤੀ ਜਾ ਰਹੀ ਹੈ ਜਦਕਿ ਹਮਲਾਵਰਾਂ ਨੂੰ ਜਲਦ ਹੀ ਕਾਬੂ ਕਰ ਲਿਆ ਜਾਵੇਗਾ।ਏ.ਸੀ.ਪੀ ਹਰਜਿੰਦਰ ਸਿੰਘ ਗਿੱਲ ਨੇ ਕਿਹਾ ਕਿ ਘਟਨਾਂ ਸਥਾਨ ਨੇੜੇ ਦੇ ਢਾਬੇ ਤੋਂ ਮਿਲੀ ਸੂਚਨਾਂ ਤੋਂ ਤੁਰੰਤ ਪੀ.ਸੀ.ਆਰ ਪਾਰਟੀ ਮੌਕੇ ਤੇ ਪਹੁੰਚੀ ਜਿਸ ਨੇ ਮਾਨਵੀ ਨੂੰ ਹਸਪਤਾਲ ਪਹੁੰਚਾਇਆ ਜਦਕਿ ਹਸਪਤਾਲ ਦੇ ਡਾਕਟਰਾਂ ਵੱਲੋਂ ਮਾਨਵੀ ਨੂੰ ਮ੍ਰਿਤਕ ਐਲਾਨ ਦਿੱਤਾ।

## ਫ਼ਿਰੋਜ਼ਪੁਰ ਵਿਖੇ ਡਰੱਗ ਨੂੰ ਲੈ ਕੇ ਬੀ.ਐਸ.ਐਫ. ਦੀ ਵੱਡੀ ਕਾਰਵਾਈ

WORLD PUNJABI NEWS NETWORK ਫ਼ਿਰੋਜ਼ਪੁਰ ਦੇ ਇੱਕ ਪਿੰਡ ਦੋਨਾ ਰਹਿਮਤਵਾਲਾ ਵਿਖੇ B.S.F. ਨੇ ਵੱਡੀ ਕਾਰਵਾਈ ਕੀਤੀ ਹੈ। ਪਾਕਿਸਤਾਨ ਵੱਲੋਂ ਆ ਰਹੇ ਡਰੋਨਾਂ ਨੂੰ ਰੋਕਣ ਲਈ B.S.F. ਪੂਰੀ ਤਰ੍ਹਾਂ ਮੁਸਤੈਦ ਹੈ। ਨਸ਼ੇ ਦੀ ਤਸਕਰੀ ਦੀ ਸੂਚਨਾ ਮਿਲਦੇ ਸਾਰ ਹੀ B.S.F. ਸ਼ੱਕੀ ਖੇਤਰ ਵਿੱਚ ਗਸ਼ਤ ਸ਼ੁਰੂ ਕਰ ਦਿੱਤੀ। B.S.F. ਦੇ ਜਵਾਨਾਂ ਨੇ ਨਸ਼ੀਲੇ ਪਦਾਰਥਾਂ ਦੀਆਂ ਖੇਪਾਂ ਨੂੰ ਸੁੱਟਣ ਲਈ ਪਾਕਿ ਤੋਂ ਭਾਰਤ ਵਾਲੇ ਪਾਸੇ ਆਉਣ ਵਾਲੇ ਡਰੋਨ ਦੇ ਸ਼ੱਕੀ ਡ੍ਰੌਪਿੰਗ ਜ਼ੋਨ 'ਤੇ ਇੱਕ ਵਿਸ਼ੇਸ਼ ਹਮਲਾ ਕੀਤਾ ਸੀ। ਇਸ ਤੋਂ ਬਾਅਦ, ਹਮਲਾਵਰ ਧਿਰ ਨੇ ਜ਼ਿਲ੍ਹਾ ਫਿਰੋਜ਼ਪੁਰ ਦੇ ਪਿੰਡ ਦੋਨਾ ਰਹਿਮਤ ਵਾਲਾ ਦੇ ਨਾਲ ਲੱਗਦੇ B.S.F. ਖੇਤ ਵਿੱਚੋਂ 2 ਪੈਕੇਟ ਹੈਰੋਇਨ ਦੇ ਜਿੰਨਾ ਦਾ ਵਜ਼ਨ 1KG ਹੈ।



ਪੈਕਟਾਂ ਨੂੰ ਇੱਕ ਨਾਈਲੋਨ ਲੂਪ ਦੇ ਨਾਲ ਪੀਲੀ ਚਿਪਕਣ ਵਾਲੀ ਟੇਪ ਨਾਲ ਲਪੇਟਿਆ ਗਿਆ ਸੀ ਪੈਕਟਾਂ ਨਾਲ ਛੋਟੀ ਟਾਰਚ ਵੀ ਜੁੜੀ ਹੋਈ ਸੀ

## ਉਮਰ ਅਬਦੁੱਲਾ ਧਾਰਾ 370 ਅਤੇ 35A ਰੱਦ ਕਰਨ ਦੇ ਸਮਰਥਨ ਤੋਂ ਬਚਣ: ਮਹਿਬੂਬਾ

WORLD PUNJABI NEWS NETWORK ਸ੍ਰੀਨਗਰ। ਪੀਪਲਜ਼ ਡੈਮੋਕ੍ਰੇਟਿਕ ਪਾਰਟੀ (ਪੀ.ਡੀ.ਪੀ.) ਦੀ ਪ੍ਰਧਾਨ ਮਹਿਬੂਬਾ ਮੁਫ਼ਤੀ ਨੇ ਅੱਜ ਮੁੱਖ ਮੰਤਰੀ ਉਮਰ ਅਬਦੁੱਲਾ ਨੂੰ ਸਲਾਹ ਦਿੱਤੀ ਕਿ ਉਹ ਜੰਮੂ ਕਸ਼ਮੀਰ ਵਿਧਾਨ ਸਭਾ ਤੇ ਕੰਮ-ਕਾਜ ਦੇ ਨਿਯਮ ਬਣਾਉਂਦੇ ਸਮੇਂ ਧਾਰਾ 370 ਅਤੇ 35ਏ ਨੂੰ ਖ਼ਤਮ ਕਰਨ ਦੇ ਕੇਂਦਰ ਸਰਕਾਰ ਦੇ ਫ਼ੈਸਲੇ ਦਾ ਸਮਰਥਨ ਕਰਨ ਤੋਂ ਬਚਣ। ਸਾਬਕਾ ਮੁੱਖ ਮੰਤਰੀ ਨੇ ਸੁਚੇਤ ਕਰਦਿਆਂ ਕਿਹਾ ਕਿ ਅਜਿਹਾ ਕਦਮ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਧਾਰਾ 370 ਅਤੇ 35ਏ ਨੂੰ ਰੱਦ ਕਰਨ ਲਈ ਚੁੱਕੇ ਗਏ 'ਗ਼ੈਰ-ਕਾਨੂੰਨੀ ਅਤੇ ਗ਼ੈਰ-ਸੰਵਿਧਾਨਕ' ਕਦਮਾਂ ਨੂੰ ਜਾਇਜ਼ ਠਹਿਰਾਵੇਗਾ। ਪੀ.ਡੀ.ਪੀ. ਪ੍ਰਧਾਨ ਨੇ ਦਾਅਵਾ ਕੀਤਾ ਕਿ ਸੁਪਰੀਮ ਕੋਰਟ ਦੇ ਕੇਂਦਰ ਦੇ ਪੱਖ ਵਿੱਚ ਫ਼ੈਸਲੇ ਦੇ ਬਾਵਜੂਦ ਕਈ ਕਾਨੂੰਨੀ ਮਾਹਿਰਾਂ ਦਾ ਮੰਨਣਾ ਹੈ ਕਿ ਸੰਸਦ ਸਣੇ ਕਿਸੇ ਵੀ ਅਥਾਰਿਟੀ ਵੱਲੋਂ ਧਾਰਾ 370 ਨੂੰ ਰੱਦ ਨਹੀਂ ਕੀਤਾ ਜਾ



ਸਕਦਾ ਹੈ। ਉਨ੍ਹਾਂ ਕਿਹਾ, ''ਹਾਲਾਂਕਿ, ਭਾਜਪਾ ਇਨ੍ਹਾਂ ਅਧਿਕਾਰਾਂ ਨੂੰ ਬਹਾਲ ਨਹੀਂ ਕਰ ਸਕਦੀ ਹੈ ਪਰ ਸੰਭਾਵਨਾ ਹੈ ਕਿ ਭਾਰਤ ਨੂੰ ਇੱਕ ਦੇਸ਼ ਵਜੋਂ ਜਲਦੀ ਜਾਂ ਬਾਅਦ ਵਿੱਚ ਅਜਿਹਾ ਕਰਨਾ ਪਵੇਗਾ।

## ਕਾਂਸ਼ੀ ਰਾਮ ਦਾ ਪੈਰੋਕਾਰ ਹੋਵੇਗਾ ਬਸਪਾ ਦਾ ਉੱਤਰਾਧਿਕਾਰੀ: ਮਾਇਆਵਤੀ

WORLD PUNJABI NEWS NETWORK ਲਖਨਊ। ਬਹੁਜਨ ਸਮਾਜ ਪਾਰਟੀ (ਬਸਪਾ) ਦੀ ਕੌਮੀ ਪ੍ਰਧਾਨ ਅਤੇ ਉੱਤਰ ਪ੍ਰਦੇਸ਼ ਦੀ ਸਾਬਕਾ ਮੁੱਖ ਮੰਤਰੀ ਮਾਇਆਵਤੀ ਨੇ ਅੱਜ ਇੱਥੇ ਕਿਹਾ ਕਿ ਕਾਂਸ਼ੀ ਰਾਮ ਦੇ ਨਕਸ਼ੇ ਕਦਮਾਂ 'ਤੇ ਚੱਲਣ ਵਾਲਾ ਵਿਅਕਤੀ ਹੀ ਪਾਰਟੀ ਦਾ ਉੱਤਰਾਧਿਕਾਰੀ ਹੋਵੇਗਾ। ਉਨ੍ਹਾਂ ਦਾਅਵਾ ਕੀਤਾ ਕਿ ਉਨ੍ਹਾਂ ਦੇ ਜਿਉਂਦੇ-ਜੀਅ ਕੋਈ ਵੀ ਵਿਅਕਤੀ ਬਸਪਾ ਅਤੇ ਇਸ ਅੰਦੋਲਨ ਦਾ ਉੱਤਰਾਧਿਕਾਰੀ ਉਦੋਂ ਹੀ ਬਣ ਸਕਦਾ ਹੈ, ਜੇਕਰ ਉਹ ਕਾਂਸ਼ੀ ਰਾਮ ਦੀ ਵਿਚਾਰਧਾਰਾ ਨੂੰ ਅਪਣਾਉਂਦਿਆਂ ਹਰ ਦੁੱਖ-ਸੁੱਖ ਵਿੱਚ ਪਾਰਟੀ ਦੀ ਬਿਹਤਰੀ ਲਈ ਲਗਾਤਾਰ ਜੀਅ-ਜਾਨ ਲਾ ਕੇ ਕੰਮ ਕਰਦਾ ਰਹੇ। ਮਾਇਆਵਤੀ ਦਾ ਇਹ ਬਿਆਨ ਅਜਿਹੇ ਸਮੇਂ ਆਇਆ ਹੈ, ਜਦੋਂ ਹਾਲ ਹੀ ਵਿੱਚ 12 ਫਰਵਰੀ ਨੂੰ ਉਨ੍ਹਾਂ ਆਪਣੇ ਭਤੀਜੇ ਅਤੇ ਉੱਤਰਾਧਿਕਾਰੀ ਆਕਾਸ਼ ਆਨੰਦ ਦੇ ਸਹੁਰੇ ਤੇ ਸਾਬਕਾ ਸੰਸਦ ਮੈਂਬਰ ਡਾ. ਅਸ਼ੋਕ ਸਿਧਾਰਥ ਨੂੰ ਧੜੇਬੰਦੀ ਦੇ ਦੋਸ਼ ਅਤੇ ਬਸਪਾ ਵਿਰੋਧੀ ਗਤੀਵਿਧੀਆਂ ਕਾਰਨ ਪਾਰਟੀ ਵਿੱਚੋਂ ਕੱਢ ਦਿੱਤਾ ਸੀ। ਆਕਾਸ਼ ਆਨੰਦ (30) ਬਸਪਾ ਦੇ ਕੌਮੀ ਕੋਆਰਡੀਨੇਟਰ ਅਤੇ ਮਾਇਆਵਤੀ ਦੇ ਸਿਆਸੀ ਉੱਤਰਾਧਿਕਾਰੀ ਹਨ। ਆਨੰਦ ਨੂੰ ਪਿਛਲੇ ਸਾਲ ਮਾਇਆਵਤੀ ਨੇ ਅਹੁਦੇ ਤੋਂ ਹਟਾ ਦਿੱਤਾ ਸੀ ਪਰ ਬਾਅਦ ਵਿੱਚ ਮੁੜ ਬਹਾਲ ਕਰਕੇ ਉਸ ਨੂੰ ਆਪਣਾ ਸਿਆਸੀ ਉੱਤਰਾਧਿਕਾਰੀ ਨਿਯੁਕਤ ਕਰ ਦਿੱਤਾ ਸੀ। ਮਾਇਆਵਤੀ ਨੇ 'ਐਕਸ' ਉੱਤੇ ਅੱਜ ਇੱਕ ਪੋਸਟ ਵਿੱਚ ਕਿਹਾ ਕਿ ਕਾਂਸ਼ੀ ਰਾਮ ਜੀ ਵੱਲੋਂ ਡਾ. ਭੀਮ ਰਾਓ ਅੰਬੇਡਕਰ ਦੇ ਸਿਧਾਂਤਾਂ 'ਤੇ ਚੱਲਦਿਆਂ ਦੇਸ਼ ਨੂੰ ਸਮਰੱਥ ਬਣਾਉਣ ਅਤੇ ਬਹੁਜਨ ਭਾਈਚਾਰੇ ਨੂੰ ਉੱਚਾ ਚੁੱਕਣ ਲਈ ਸਥਾਪਤ ਕੀਤੀ ਗਈ ਬਸਪਾ ਸਵੈ-ਹਿੱਤ ਅਤੇ ਨਿੱਜੀ ਸਬੰਧਾਂ ਨਾਲੋਂ ਅੰਦੋਲਨ ਨੂੰ ਤਰਜੀਹ ਦਿੰਦੀ ਹੈ। ਉਨ੍ਹਾਂ ਕਿਹਾ, "ਇਸੇ ਸੰਦਰਭ ਵਿੱਚ ਕਾਂਸ਼ੀ ਰਾਮ ਜੀ ਦੀ ਸ਼ਾਗਿਰਦ ਅਤੇ ਉੱਤਰਾਧਿਕਾਰੀ ਹੋਣ ਦੇ ਨਾਤੇ, ਉਨ੍ਹਾਂ ਦੇ ਨਕਸ਼ੇ-ਕਦਮਾਂ 'ਤੇ ਚੱਲਦਿਆਂ ਮੈਂ ਵੀ ਆਪਣੇ ਆਖ਼ਰੀ ਸਾਹ ਤੱਕ ਹਰ ਕੁਰਬਾਨੀ ਦੇ ਕੇ ਸੰਘਰਸ਼ ਜਾਰੀ ਰੱਖਾਂਗੀ ਤਾਂ ਕਿ ਬਹੁਜਨ ਸਮਾਜ ਦੇ ਲੋਕ ਰਾਜਨੀਤਕ ਗੁਲਾਮੀ ਅਤੇ ਸਮਾਜਿਕ ਬੇਵੱਸੀ ਦੀ ਜ਼ਿੰਦਗੀ ਤੋਂ ਮੁਕਤ ਹੋ ਕੇ ਆਪਣੇ ਪੈਰਾਂ 'ਤੇ ਖੜ੍ਹੇ ਹੋ ਸਕਣ।"

## ਬੰਗਾਲ ਦੀ ਖਾੜੀ 'ਚ ਭਿਆਨਕ ਤੂਫਾਨ, ਪੰਜਾਬ 'ਚ ਭਾਰੀ ਮੀਂਹ ਦੀ ਚਿਤਾਵਨੀ

WORLD PUNJABI NEWS NETWORK ਦੇਸ਼ ਭਰ ਵਿਚ ਲਗਾਤਾਰ ਬਦਲਦੇ ਮੌਸਮ ਦੇ ਵਿਚਕਾਰ ਮੌਸਮ ਵਿਭਾਗ ਨੇ ਉੱਤਰ ਪੂਰਬ ਲਈ ਮੀਂਹ ਦੀ ਚਿਤਾਵਨੀ ਜਾਰੀ ਕੀਤੀ ਹੈ। ਇਸ ਅਨੁਸਾਰ ਬੰਗਾਲ ਦੀ ਖਾੜੀ ਉੱਤੇ ਉੱਤਰ ਪੂਰਬ ਵਿੱਚ ਇੱਕ ਚੱਕਰਵਾਤੀ ਸਰਕੂਲੇਸ਼ਨ ਬਣ ਰਿਹਾ ਹੈ। ਇਸ ਕਾਰਨ ਆਸਾਮ ਅਤੇ ਆਸਪਾਸ ਦੇ ਗੁਆਂਢੀ ਰਾਜਾਂ ਵਿੱਚ ਮੀਂਹ ਪੈਣ ਦੀ ਸੰਭਾਵਨਾ ਹੈ। ਉੱਤਰ ਪੂਰਬੀ ਰਾਜਾਂ ਵਿੱਚ ਅਗਲੇ 7 ਦਿਨਾਂ ਤੱਕ ਮੀਂਹ ਦੀ ਭਵਿੱਖਬਾਣੀ ਜਾਰੀ ਕੀਤੀ ਗਈ ਹੈ।

ਮੌਸਮ ਵਿਭਾਗ ਨੇ ਕਿਹਾ ਕਿ ਸਮੁੰਦਰੀ ਤਲ ਤੋਂ 1.5 ਕਿਲੋਮੀਟਰ ਦੀ ਉਚਾਈ 'ਤੇ ਨਾਗਾਲੈਂਡ ਅਤੇ ਆਲੇ-ਦੁਆਲੇ ਦੇ ਖੇਤਰਾਂ 'ਚ ਚੱਕਰਵਾਤ ਬਣ ਰਿਹਾ ਹੈ, ਜਿਸ ਕਾਰਨ 16-21 ਫਰਵਰੀ ਤੱਕ ਉੱਤਰ-ਪੂਰਬੀ ਭਾਰਤ 'ਚ ਭਾਰੀ ਤੋਂ ਬਹੁਤ ਜ਼ਿਆਦਾ ਬਾਰਿਸ਼ ਅਤੇ ਬਰਫਬਾਰੀ ਦੀ ਸੰਭਾਵਨਾ ਹੈ। 17 ਤੋਂ 19 ਫਰਵਰੀ ਤੱਕ ਉੱਤਰ ਪੂਰਬ ਦੇ ਕਈ ਰਾਜਾਂ ਵਿਚ ਤੂਫਾਨ ਦੀ ਸੰਭਾਵਨਾ ਵੀ ਪ੍ਰਗਟਾਈ ਗਈ ਹੈ। ਆਸਾਮ ਅਤੇ ਮੇਘਾਲਿਆ ਵਿਚ 19 ਫਰਵਰੀ ਨੂੰ ਭਾਰੀ ਮੀਂਹ ਪੈਣ ਦੀ ਸੰਭਾਵਨਾ ਹੈ।

ਅਗਲੇ 7 ਦਿਨਾਂ ਤੱਕ ਅਰੁਣਾਚਲ ਪ੍ਰਦੇਸ਼, ਅਸਾਮ, ਮੇਘਾਲਿਆ, ਨਾਗਾਲੈਂਡ, ਮਨੀਪੁਰ, ਮਿਜ਼ੋਰਮ, ਤ੍ਰਿਪੁਰਾ, ਉਪ-ਹਿਮਾਲਿਅਨ ਪੱਛਮੀ ਬੰਗਾਲ ਅਤੇ ਸਿੱਕਮ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਅਰੁਣਾਚਲ ਪ੍ਰਦੇਸ਼ 'ਚ ਸ਼ਨੀਵਾਰ ਨੂੰ ਬਰਫਬਾਰੀ ਅਤੇ ਬਾਰਿਸ਼ ਹੋਈ, ਜਦਕਿ ਬਾਕੀ ਹਿੱਸਿਆਂ 'ਚ ਭਾਰੀ ਬਾਰਿਸ਼ ਦਰਜ ਕੀਤੀ ਗਈ।

### ਉੱਤਰੀ ਭਾਰਤ ਵਿੱਚ ਭਾਰੀ ਮੀਂਹ ਪੈਣ ਦੀ ਸੰਭਾਵਨਾ

ਮੌਸਮ ਵਿਭਾਗ ਨੇ ਕਿਹਾ ਕਿ ਪਹਾੜਾਂ ਉੱਤੇ ਇਕ ਨਵੀਂ ਪੱਛਮੀ ਗੜਬੜੀ ਪੈਦਾ ਹੋ ਰਹੀ ਹੈ। ਇਸ ਦੇ ਪ੍ਰਭਾਵ ਕਾਰਨ 19-20 ਫਰਵਰੀ ਨੂੰ ਉੱਤਰਾਖੰਡ ਵਿੱਚ ਵੀ ਹਲਕੀ ਬਾਰਿਸ਼ ਅਤੇ



ਬਰਫਬਾਰੀ ਹੋਣ ਦੀ ਸੰਭਾਵਨਾ ਹੈ। ਰਾਜਸਥਾਨ ਵਿੱਚ 17 ਤੋਂ 19 ਫਰਵਰੀ ਤੱਕ ਅਤੇ ਪੰਜਾਬ, ਹਰਿਆਣਾ ਅਤੇ ਪੱਛਮੀ ਉੱਤਰ ਪ੍ਰਦੇਸ਼ ਵਿੱਚ 19 ਤੋਂ 20 ਫਰਵਰੀ ਤੱਕ ਭਾਰੀ ਮੀਂਹ ਪੈਣ ਦੀ ਸੰਭਾਵਨਾ ਹੈ। ਸ਼ਨੀਵਾਰ ਨੂੰ ਪੰਜਾਬ ਦੇ ਕੁਝ ਹਿੱਸਿਆਂ 'ਚ ਮੀਂਹ ਪਿਆ।

### ਕਿਹੋ ਜਿਹਾ ਰਹੇਗਾ ਦਿੱਲੀ ਦਾ ਮੌਸਮ?

ਦੱਸ ਦਈਏ ਕਿ ਉੱਤਰੀ ਭਾਰਤ ਦੇ ਮੈਦਾਨੀ ਇਲਾਕਿਆਂ ਵਿਚ ਪਾਰਾ ਲਗਾਤਾਰ ਵਧ ਰਿਹਾ ਹੈ। ਦਿੱਲੀ-ਐੱਨ.ਸੀ.ਆਰ., ਉੱਤਰ ਪ੍ਰਦੇਸ਼ ਅਤੇ ਬਿਹਾਰ ਸਮੇਤ ਕਈ ਸੂਬਿਆਂ 'ਚ ਠੰਢ ਦਾ ਅਸਰ ਘਟ ਹੋ ਰਿਹਾ ਹੈ। ਦਿਨ ਵੇਲੇ ਤੇਜ਼ ਧੁੱਪ ਕਾਰਨ ਲੋਕਾਂ ਨੇ ਗਰਮੀ ਮਹਿਸੂਸ ਕਰਨੀ ਸ਼ੁਰੂ ਕਰ ਦਿੱਤੀ ਹੈ, ਹਾਲਾਂਕਿ ਪਹਾੜੀ ਰਾਜਾਂ ਵਿੱਚ ਹਲਕੀ ਬਾਰਿਸ਼ ਅਤੇ ਬਰਫਬਾਰੀ ਅਜੇ ਵੀ ਜਾਰੀ ਹੈ।

ਦੂਜੇ ਪਾਸੇ ਉੱਤਰ-ਪੂਰਬੀ ਰਾਜਾਂ ਦੇ ਕਈ ਇਲਾਕਿਆਂ ਵਿਚ ਬੱਦਲਵਾਈ ਹੋਣ ਕਾਰਨ ਮੀਂਹ ਦੀ ਸੰਭਾਵਨਾ ਵਧ ਗਈ ਹੈ। ਮੌਸਮ ਵਿਭਾਗ ਨੇ ਕਿਹਾ ਕਿ ਉੱਤਰ ਪ੍ਰਦੇਸ਼ ਦੇ ਪੱਛਮੀ ਅਤੇ ਪੂਰਬੀ ਹਿੱਸਿਆਂ ਵਿੱਚ ਮੌਸਮ ਖੁਸ਼ਕ ਰਹੇਗਾ, ਸਵੇਰ ਅਤੇ ਰਾਤ ਨੂੰ ਹਲਕੀ ਧੁੰਦ ਪੈਣ ਦੀ ਸੰਭਾਵਨਾ ਹੈ।